ਬੁੱਧਵਾਰ, 9 ਅਪ੍ਰੈਲ, 2025
27 ਚੇਤ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 73
ਅੰਕ/NO. : 308

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 9 APRIL, 2025 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਰਾਜਪਾਲ ਸਿਆਸੀ ਪਾਰਟੀ ਦੀ ਮਰਜ਼ੀ ਨਾਲ ਨਾ ਚੱਲਣ : ਸੁਪਰੀਮ ਕੋਰਟ

## ਬਿੱਲਾਂ ਬਾਰੇ ਫੈਸਲਾ ਲੈਣ ਲਈ ਮਿਆਦ ਤੈਅ, ਤਾਮਿਲਨਾਡੂ ਦੇ ਰਾਜਪਾਲ ਦੀ ਖਿਚਾਈ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਸੂਬੇ ਦੀ ਵਿਧਾਨ ਸਭਾ ਵੱਲੋਂ ਪਾਸ ਕੀਤੇ ਬਿੱਲਾਂ 'ਤੇ ਕਾਰਵਾਈ ਕਰਨ ਲਈ ਰਾਜਪਾਲ ਵਾਸਤੇ ਮਿਆਦ ਤੈਅ ਕਰ ਦਿੱਤੀ। ਇਸ ਦੇ ਨਾਲ ਹੀ ਉਸ ਨੇ ਤਾਮਿਲਨਾਡੂ ਦੇ ਰਾਜਪਾਲ ਆਰ ਐੱਨ ਰਵੀ ਵੱਲੋਂ ਸੂਬਾਈ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ ਬਿੱਲਾਂ ਨੂੰ ਰੋਕ ਕੇ ਰੱਖਣ ਅਤੇ ਫਿਰ ਲੰਬੇ ਸਮੇਂ ਬਾਅਦ ਉਨ੍ਹਾਂ ਨੂੰ ਸੰਵਿਧਾਨਕ ਵਿਵਸਥਾਵਾਂ ਦੇ ਖਿਲਾਫ ਕਰਾਰ ਦੇ ਕੇ ਵਿਧਾਨ ਸਭਾ ਨੂੰ ਵਾਪਸ ਭੇਜ ਦੇਣ ਲਈ ਰਾਜਪਾਲ ਦੀ ਖਿਚਾਈ ਵੀ ਕੀਤੀ। ਸੁਪਰੀਮ ਕੋਰਟ ਦੇ ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਆਰ ਮਹਾਦੇਵਨ ਦੀ ਬੈਂਚ ਨੇ ਆਪਣੇ ਫੈਸਲੇ ਵਿਚ ਕਿਹਾ, "ਰਾਜਪਾਲ ਦੀ 10 ਬਿੱਲਾਂ ਨੂੰ ਰਾਸ਼ਟਰਪਤੀ ਵਾਸਤੇ ਰਾਖਵਾਂ ਰੱਖਣ ਦੀ ਕਾਰਵਾਈ ਗੈਰਕਾਨੂੰਨੀ ਅਤੇ ਆਪਹੁਦਰੀ ਹੈ ਅਤੇ ਇਸ ਕਾਰਵਾਈ ਨੂੰ ਰੱਦ ਕੀਤਾ ਜਾਂਦਾ ਹੈ। 10 ਬਿੱਲਾਂ ਨੂੰ ਰਾਜਪਾਲ ਕੋਲ ਦੁਬਾਰਾ ਭੇਜੇ ਜਾਣ ਦੀ ਤਰੀਕ ਤੋਂ ਮਨਜ਼ੂਰ ਕਰਾਰ ਦਿੱਤੇ ਗਏ ਮੰਨਿਆ ਜਾਵੇਗਾ।"

ਆਪਣੀ ਕਿਸਮ ਦੇ ਇਨ੍ਹਾਂ ਪਹਿਲੇ ਹੁਕਮਾਂ ਵਿੱਚ ਸੁਪਰੀਮ ਕੋਰਟ ਨੇ ਰਾਜਪਾਲ ਲਈ ਵਿਧਾਨ ਸਭਾ ਵੱਲੋਂ ਪਾਸ ਕੀਤੇ ਬਿੱਲਾਂ 'ਤੇ ਕਾਰਵਾਈ ਕਰਨ ਵਾਸਤੇ ਇਕ ਮਿਆਦ ਤੈਅ ਕਰ ਦਿੱਤੀ ਹੈ।

ਸੁਪਰੀਮ ਕੋਰਟ ਨੇ ਕਿਹਾ ਕਿ ਸੰਵਿਧਾਨ ਦੀ ਧਾਰਾ 200 ਦੇ ਤਹਿਤ ਰਾਜਪਾਲ ਵੱਲੋਂ ਕਾਰਜਾਂ ਨੂੰ ਚਲਾਉਣ ਲਈ ਸਪੱਸ਼ਟ ਤੌਰ 'ਤੇ ਕੋਈ ਸਮਾਂ ਸੀਮਾ ਤੈਅ ਨਹੀਂ ਹੈ। ਬੈਂਚ ਨੇ ਕਿਹਾ, "ਕੋਈ ਤੈਅਸ਼ੁਦਾ ਮਿਆਦ ਨਾ ਹੋਣ ਦੇ ਬਾਵਜੂਦ, ਧਾਰਾ 200 ਨੂੰ ਉਸ ਤਰੀਕੇ ਨਾਲ ਵੀ ਪੜ੍ਹਿਆ/ਸਮਝਿਆ ਨਹੀਂ ਜਾ ਸਕਦਾ ਹੈ, ਜੋ ਤਰੀਕਾ ਰਾਜਪਾਲ ਨੂੰ ਉਸ ਅੱਗੇ ਮਨਜ਼ੂਰੀ


ਰਾਜਪਾਲ ਆਰ ਐੱਨ ਰਵੀ

ਲਈ ਪੇਸ਼ ਕੀਤੇ ਜਾਂਦੇ ਬਿੱਲਾਂ 'ਤੇ ਕੋਈ ਵੀ ਕਾਰਵਾਈ ਨਾ ਕਰਨ ਦੀ ਇਜਾਜ਼ਤ ਦਿੰਦਾ ਹੋਵੇ ਅਤੇ ਇਸ ਤਰ੍ਹਾਂ ਹੋਣ ਵਾਲੀ ਦੇਰੀ ਨਾਲ ਲਾਜ਼ਮੀ ਤੌਰ 'ਤੇ ਰਾਜ ਵਿੱਚ ਕਾਨੂੰਨ ਬਣਾਉਣ ਵਾਲੀ ਮਸ਼ੀਨਰੀ ਵਿੱਚ ਰੁਕਾਵਟ ਪੈਦਾ ਹੁੰਦੀ ਹੈ।"

ਸਮਾਂ-ਸੀਮਾ ਤੈਅ ਕਰਦੇ ਹੋਏ ਬੈਂਚ ਨੇ ਕਿਹਾ ਕਿ ਕਿਸੇ ਬਿੱਲ 'ਤੇ ਮਨਜ਼ੂਰੀ ਨੂੰ ਰੋਕਣ ਅਤੇ ਮੰਤਰੀ ਮੰਡਲ ਦੀ ਸਹਾਇਤਾ ਤੇ ਸਲਾਹ ਨਾਲ ਰਾਸ਼ਟਰਪਤੀ ਲਈ ਰਾਖਵਾਂ ਰੱਖਣ ਦੀ ਸਥਿਤੀ 'ਚ ਵੱਧ ਤੋਂ ਵੱਧ ਮਿਆਦ ਇਕ ਮਹੀਨੇ ਦੀ ਹੋਵੇਗੀ। ਜੇ ਰਾਜਪਾਲ ਨੇ ਮੰਤਰੀ ਮੰਡਲ ਦੀ ਸਹਾਇਤਾ ਤੇ ਸਲਾਹ ਤੋਂ ਬਿਨਾਂ ਮਨਜ਼ੂਰੀ ਨੂੰ ਰੋਕਣ ਦਾ ਫੈਸਲਾ ਕੀਤਾ ਹੈ, ਤਾਂ ਬਿੱਲਾਂ ਨੂੰ ਤਿੰਨ ਮਹੀਨਿਆਂ ਦੇ ਅੰਦਰ ਵਿਧਾਨ ਸਭਾ ਵਿੱਚ ਵਾਪਸ ਕਰ ਦਿੱਤਾ ਜਾਣਾ ਚਾਹੀਦਾ ਹੈ।

ਸੁਪਰੀਮ ਕੋਰਟ ਨੇ ਕਿਹਾ ਕਿ ਰਾਜ ਵਿਧਾਨ ਸਭਾ ਵੱਲੋਂ ਮੁੜ ਵਿਚਾਰ ਕਰਨ ਤੋਂ ਬਾਅਦ ਕਿਸੇ ਬਿੱਲ ਨੂੰ ਰਾਜਪਾਲ ਕੋਲ ਪੇਸ਼ ਕਰਨ ਦੀ ਸਥਿਤੀ ਵਿੱਚ ਬਿੱਲਾਂ ਨੂੰ ਇੱਕ ਮਹੀਨੇ ਦੇ ਅੰਦਰ ਰਾਜਪਾਲ ਵੱਲੋਂ ਮਨਜ਼ੂਰੀ ਦਿੱਤੀ ਜਾਣੀ ਚਾਹੀਦੀ ਹੈ। ਬੈਂਚ ਨੇ ਤਾਕੀਦ ਕੀਤੀ ਕਿ ਸਮਾਂ-ਸੀਮਾ ਦੀ ਪਾਲਣਾ ਕਰਨ ਵਿੱਚ ਕੋਈ ਵੀ ਅਸਫਲਤਾ ਰਾਜਪਾਲ ਦੀ ਕਾਰਵਾਈ ਨੂੰ ਅਦਾਲਤੀ ਨਿਰਖ-ਪਰਖ ਦੇ ਅਧੀਨ ਕਰ ਦੇਵੇਗੀ।

ਸੁਪਰੀਮ ਕੋਰਟ ਨੇ ਕਿਹਾ—ਰਾਜਪਾਲ ਨੂੰ ਇੱਕ ਦੋਸਤ, ਦਾਰਸ਼ਨਿਕ ਤੇ ਰਾਹ-ਦਸੇਰੇ ਵਾਂਗ ਹੋਣਾ ਚਾਹੀਦਾ ਹੈ। ਤੁਸੀਂ ਸੰਵਿਧਾਨ ਦੀ ਸਹੁੰ ਚੁੱਕਦੇ ਹੋ। ਤੁਹਾਨੂੰ ਕਿਸੇ ਸਿਆਸੀ ਪਾਰਟੀ ਮੁਤਾਬਕ ਨਹੀਂ ਚੱਲਣਾ ਚਾਹੀਦਾ। ਤੁਹਾਨੂੰ ਉਤਪ੍ਰੇਰਕ ਬਣਨਾ ਚਾਹੀਦਾ ਹੈ, ਅੜਿੱਕਾ ਨਹੀਂ। ਰਾਜਪਾਲ ਨੂੰ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਕੋਈ ਅੜਿੱਕਾ ਨਾ ਪਵੇ।

ਐੱਮ ਕੇ ਸਟਾਲਿਨ ਦੀ ਅਗਵਾਈ ਵਾਲੀ ਤਾਮਿਲਨਾਡੂ ਸਰਕਾਰ ਨੇ ਆਪਣੀ ਪਟੀਸ਼ਨ ਵਿੱਚ ਕਿਹਾ ਸੀ ਕਿ ਰਾਜਪਾਲ ਆਰ ਐੱਨ ਰਵੀ ਨੇ ਜ਼ਰੂਰੀ ਬਿੱਲ ਰੋਕ ਰੱਖੇ ਹਨ। ਸਾਬਕਾ ਆਈ ਪੀ ਐੱਸ ਅਧਿਕਾਰੀ ਰਵੀ ਸੀ ਬੀ ਆਈ ਵਿੱਚ ਕੰਮ ਕਰ ਚੁੱਕੇ ਹਨ ਤੇ 2021 ਵਿੱਚ ਤਾਮਿਲਨਾਡੂ ਦੇ ਰਾਜਪਾਲ ਬਣਾਏ ਗਏ ਸਨ।

ਸਟਾਲਿਨ ਨੇ ਕਿਹਾ ਹੈ ਕਿ ਸੁਪਰੀਮ ਕੋਰਟ ਦੇ ਫੈਸਲੇ ਨਾਲ ਸਿਰਫ ਤਾਮਿਲਨਾਡੂ ਹੀ ਨਹੀਂ, ਸਗੋਂ ਸਾਰੇ ਦੇਸ਼ ਦੀਆਂ ਰਾਜ ਸਰਕਾਰਾਂ ਦੀ ਜਿੱਤ ਹੋਈ ਹੈ। ਹੁਣ ਰੋਕੇ ਬਿੱਲ ਰਾਜਪਾਲ ਦੀ ਮਨਜ਼ੂਰੀ ਮੰਨੇ ਜਾਣਗੇ।

ਤਾਮਿਲਨਾਡੂ ਤੋਂ ਇਲਾਵਾ ਰਾਜਪਾਲਾਂ ਤੋਂ ਦੁਖੀ ਪੰਜਾਬ, ਕੇਰਲਾ ਤੇ ਤਿਲੰਗਾਨਾ ਨੇ ਵੀ ਇਸ ਮੁੱਦੇ 'ਤੇ ਸੁਪਰੀਮ ਕੋਰਟ ਵਿੱਚ ਪਟੀਸ਼ਨਾਂ ਪਾਈਆਂ ਹੋਈਆਂ ਹਨ।

## ਸੀ ਪੀ ਆਈ ਵੱਲੋਂ ਫੈਸਲੇ ਦਾ ਸਵਾਗਤ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਪਾਰਟੀ ਸੁਪਰੀਮ ਕੋਰਟ ਦੇ ਉਸ ਫੈਸਲੇ ਦਾ ਸਵਾਗਤ ਕਰਦੀ ਹੈ, ਜਿਸ ਵਿੱਚ ਤਾਮਿਲਨਾਡੂ ਦੇ ਰਾਜਪਾਲ ਆਰ ਐੱਨ ਰਵੀ ਵੱਲੋਂ ਰਾਜ ਵਿਧਾਨ ਸਭਾ ਦੁਆਰਾ ਪਾਸ ਕੀਤੇ ਗਏ 10 ਬਿੱਲਾਂ ਨੂੰ ਰਾਸ਼ਟਰਪਤੀ ਨੂੰ ਭੇਜਣ ਦੀ ਥਾਂ ਦੱਬ ਲਿਆ ਗਿਆ ਸੀ। ਅਦਾਲਤ ਨੇ ਸਹੀ ਕਿਹਾ ਕਿ ਰਾਜਪਾਲ ਬਿੱਲਾਂ 'ਤੇ ਸਹਿਮਤੀ ਨੂੰ ਅਣਮਿੱਥੇ ਸਮੇਂ ਲਈ ਰੋਕ ਨਹੀਂ ਸਕਦੇ ਜਾਂ ਕਾਰਵਾਈ ਵਿੱਚ ਦੇਰੀ ਨਹੀਂ ਕਰ ਸਕਦੇ।

ਇਹ ਫੈਸਲਾ ਰਾਜਪਾਲ ਦੇ ਅਹੁਦੇ ਦੀ ਦੁਰਵਰਤੋਂ ਕਰਕੇ ਸੰਘਵਾਦ ਨੂੰ ਖਤਮ ਕਰਨ ਦੇ ਆਰ ਐੱਸ ਐੱਸ-ਭਾਜਪਾ ਦੇ ਵਿਆਪਕ ਮਨਸੂਬੇ ਲਈ ਇੱਕ ਸਖ਼ਤ ਝਿੜਕ ਹੈ। ਇਹ ਤਰੀਕਾ ਕੇਰਲਾ ਵਰਗੇ ਰਾਜਾਂ ਵਿੱਚ ਵੀ ਦੇਖਿਆ ਜਾਂਦਾ ਹੈ। ਇਹ ਫੈਸਲਾ ਚੁਣੀਆਂ ਹੋਈਆਂ ਰਾਜ ਸਰਕਾਰਾਂ ਦੀ ਸਰਵਉੱਚਤਾ ਅਤੇ ਸੰਘਵਾਦ ਦੇ ਬੁਨਿਆਦੀ ਸਿਧਾਂਤ ਦੀ ਪੁਸ਼ਟੀ ਕਰਦਾ ਹੈ, ਬਸਤੀਵਾਦੀ ਮਾਨਸਿਕਤਾ ਨੂੰ ਰੱਦ ਕਰਦਾ ਹੈ, ਜਿਸ 'ਚ ਰਾਜਪਾਲਾਂ ਨੂੰ ਕੇਂਦਰ ਸਰਕਾਰ ਸਿਆਸੀ ਏਜੰਟਾਂ ਵਜੋਂ ਵਰਤਦੀ ਹੈ। ਸੀ ਪੀ ਆਈ ਲਗਾਤਾਰ ਰਾਜਪਾਲ ਦੇ ਅਹੁਦੇ ਨੂੰ ਖਤਮ ਕਰਨ ਲਈ ਲੜ ਰਹੀ ਹੈ, ਕਿਉਂਕਿ ਇਹ ਇੱਕ ਬਸਤੀਵਾਦੀ ਰਹਿੰਦ ਖੂੰਹਦ ਇੱਕ ਗੈਰ-ਲੋਕਤੰਤਰੀ ਅਧਿਕਾਰ ਹੈ। ਸੁਪਰੀਮ ਕੋਰਟ ਦੇ ਫੈਸਲੇ ਨੇ ਸੀ ਪੀ ਆਈ ਦੀ ਰਾਜਪਾਲ ਦੇ ਅਹੁਦੇ ਦੀ ਸਥਿਤੀ ਨੂੰ ਲੋਕਤੰਤਰੀ ਤੌਰ 'ਤੇ ਚੁਣੀਆਂ ਗਈਆਂ ਰਾਜ ਸਰਕਾਰਾਂ ਦੇ ਕੰਮਕਾਜ 'ਤੇ ਬੋਝ ਹੋਣ ਦੀ ਪੁਸ਼ਟੀ ਕੀਤੀ ਹੈ।

# ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲੇ 'ਚ ਦੋ ਫੜੇ



**ਜਲੰਧਰ (ਸ਼ੈਲੀ ਐਲਬਰਟ)**

ਪੰਜਾਬ ਪੁਲਸ ਨੇ ਭਾਜਪਾ ਨੇਤਾ ਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਸੋਮਵਾਰ ਰਾਤ ਗ੍ਰਨੇਡ ਹਮਲੇ ਦੇ ਸੰਬੰਧ ਵਿਚ ਦੋ ਮੁਲਜ਼ਮਾਂ ਨੂੰ 12 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਸਪੈਸ਼ਲ ਡੀ ਜੀ ਪੀ (ਕਾਨੂੰਨ ਅਤੇ ਵਿਵਸਥਾ) ਅਰਪਿਤ ਸ਼ੁਕਲਾ ਨੇ ਮੰਗਲਵਾਰ ਦੱਸਿਆ ਕਿ ਸ਼ੁਰੂਆਤੀ ਜਾਂਚ ਵਿੱਚ ਪਾਕਿਸਤਾਨ ਦੀ ਆਈ ਐੱਸ ਆਈ ਦੁਆਰਾ ਪੰਜਾਬ ਵਿੱਚ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਲਈ ਰਚੀ ਗਈ ਇੱਕ ਵੱਡੀ ਸਾਜ਼ਿਸ਼ ਦਾ ਖੁਲਾਸਾ ਹੋਇਆ ਹੈ। ਇਹ ਸਾਜ਼ਿਸ਼ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਪਾਕਿਸਤਾਨ ਸਥਿਤ ਆਈ ਐੱਸ ਆਈ-ਪ੍ਰਯੋਜਿਤ ਗੈਂਗਸਟਰ ਸ਼ਹਿਜ਼ਾਦ ਭੱਟੀ ਦੇ ਨਜ਼ਦੀਕੀ ਸਾਥੀ ਜ਼ੀਸ਼ਾਨ ਅਖਤਰ ਦੁਆਰਾ ਰਚੀ ਗਈ ਸੀ। ਉਨ੍ਹਾ ਮੁਲਜ਼ਮਾਂ ਦੇ ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਦੇ ਮਾਸਟਰਮਾਈਂਡ ਹਰਵਿੰਦਰ ਸਿੰਘ ਉਰਫ਼ ਰਿੰਦਾ ਅਤੇ ਗੈਂਗਸਟਰ ਹੈਪੀ ਪਾਸੀਆਂ ਨਾਲ ਸੰਭਾਵਤ ਸਬੰਧਾਂ ਨੂੰ ਰੱਦ ਨਹੀਂ ਕੀਤਾ।

ਸ਼ੁਕਲਾ ਨੇ ਆਈ ਜੀ ਪੀ ਹੈੱਡਕੁਆਰਟਰ ਡਾ: ਸੁਖਚੈਨ ਸਿੰਘ ਗਿੱਲ ਦੇ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੁਲਸ ਟੀਮਾਂ ਨੇ ਅਪਰਾਧ ਨੂੰ ਅੰਜਾਮ ਦੇਣ ਲਈ ਮੁਲਜ਼ਮਾਂ ਦੁਆਰਾ ਵਰਤਿਆ ਗਿਆ ਇੱਕ ਈ-ਰਿਕਸ਼ਾ ਵੀ ਬਰਾਮਦ ਕੀਤਾ ਹੈ।(ਫੜੇ ਜਾਣ ਵਾਲੇ ਜਲੰਧਰ ਦੇ ਸੁਭਾਨਾ ਰੋਡ ਗੜ੍ਹਾ ਦਾ ਰਵਿੰਦਰ ਕੁਮਾਰ ਅਤੇ ਭਾਰਗੋ ਕੈਂਪ ਦਾ ਸਤੀਸ਼ ਉਰਫ ਕਾਕਾ ਉਰਫ ਲੱਖਾ ਦੱਸੇ ਜਾਂਦੇ ਹਨ)।

ਸੋਮਵਾਰ-ਮੰਗਲਵਾਰ ਦੀ ਵਿਚਕਾਰਲੀ ਰਾਤ ਨੂੰ ਸੈਂਟਰਲ ਟਾਊਨ ਜਲੰਧਰ ਵਿੱਚ ਸਥਿਤ ਸੀਨੀਅਰ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੇ ਘਰ 'ਤੇ ਧਮਾਕਾ ਹੋਇਆ। ਜਲੰਧਰ ਕਮਿਸ਼ਨਰੇਟ ਦੀਆਂ ਪੁਲਸ ਟੀਮਾਂ ਤੁਰੰਤ ਮੌਕੇ ਤੇ ਪਹੁੰਚੀਆਂ ਅਤੇ ਫੋਰੈਂਸਿਕ ਟੀਮ ਨੇ ਘਟਨਾ ਸਥਾਨ ਤੋਂ ਨਮੂਨੇ ਅਤੇ ਸੰਬੰਧਤ ਸਬੂਤ ਇਕੱਠੇ ਕੀਤੇ।

ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਨੇ ਕਿਹਾ ਕਿ ਪੂਰੇ ਅੱਤਵਾਦੀ ਨੈੱਟਵਰਕ ਦਾ ਪਤਾ ਲਗਾਉਣ ਅਤੇ ਸਾਰੇ ਸਾਜ਼ਿਸ਼ਕਾਰਾਂ ਵਿਰੁੱਧ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਖੁਫੀਆ ਏਜੰਸੀਆਂ ਨਾਲ ਤਾਲਮੇਲ ਕਰਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾ ਕਿਹਾ ਕਿ ਭਾਰਤੀ ਨਿਆਏ ਸੰਹਿਤਾ ਦੀਆਂ ਧਾਰਾਵਾਂ 109, 324 (3) ਅਤੇ 61(2) ਅਤੇ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਅਤੇ 5 ਤਹਿਤ ਜਲੰਧਰ ਦੇ ਪੁਲਸ ਸਟੇਸ਼ਨ ਡਵੀਜ਼ਨ ਨੰਬਰ 3 ਵਿਖੇ ਐੱਫ ਆਈ ਆਰ ਦਰਜ ਕੀਤੀ ਗਈ ਹੈ।

ਮਨੋਰੰਜਨ ਕਾਲੀਆ ਦੇ ਘਰ ਪਹੁੰਚੇ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੇ ਕਿਹਾ ਕਿ ਇਹ ਨਸ਼ਾ ਤਸਕਰਾਂ ਦਾ ਕੰਮ ਨਹੀਂ ਹੋ ਸਕਦਾ। ਕਿਸੇ ਲਈ ਵੀ ਬੈਗ ਵਿੱਚ ਗ੍ਰਨੇਡ ਰੱਖਣਾ ਅਤੇ ਇਸ ਨੂੰ ਕਿਤੇ ਵੀ ਸੁੱਟਣਾ ਸੰਭਵ ਨਹੀਂ ਹੈ। ਬਿੱਟੂ ਨੇ ਸੰਕੇਤ ਦਿੱਤਾ ਕਿ ਇਹ ਪੰਜਾਬ ਵਿੱਚ ਦੋ ਪੁਲਸ ਲਾਬੀਆਂ ਦਰਮਿਆਨ ਗੁੱਟਬਾਜ਼ੀ ਕਾਰਨ ਵੀ ਹੋ ਸਕਦਾ ਹੈ। ਉਨ੍ਹਾ ਕਿਹਾ, "ਜਦੋਂ ਕਿ ਇੱਕ ਲਾਬੀ ਆਮ ਆਦਮੀ ਪਾਰਟੀ ਦੀ ਦਿੱਲੀ ਟੀਮ ਦੇ ਇਸ਼ਾਰੇ 'ਤੇ ਕੰਮ ਕਰ ਰਹੀ ਹੈ, ਦੂਜੀ ਟੀਮ ਪੰਜਾਬ ਟੀਮ ਲਈ ਕੰਮ ਕਰ ਰਹੀ ਹੈ। ਦੋਵੇਂ ਪੁਲਸ ਟੀਮਾਂ ਇਕ-ਦੂਜੇ ਨੂੰ ਨੀਵਾਂ ਦਿਖਾਉਣ ਲਈ ਕੰਮ ਕਰ ਰਹੀਆਂ ਹਨ। ਹਾਲ ਹੀ ਵਿੱਚ ਇੱਕ ਆਈ ਪੀ ਐੱਸ ਅਧਿਕਾਰੀ ਦਾ ਕਥਿਤ ਆਡੀਓ ਲੀਕ ਹੋਣ ਦੀ ਘਟਨਾ ਵੀ ਵਾਪਰੀ ਹੈ, ਜਿਸ ਦੀ ਜਾਂਚ ਕਰਨ ਦੀ ਲੋੜ ਹੈ।"

ਭਾਜਪਾ ਆਗੂ ਸੁਨੀਲ ਜਾਖੜ ਨੇ ਕਿਹਾ ਨੇ ਸਰਕਾਰ ਦਿੱਲੀ ਦੇ ਲੋਕਾਂ ਵੱਲੋਂ ਚਲਾਈ ਜਾ ਰਹੀ ਹੈ, ਜਦੋਂ ਕਿ ਮੁੱਖ ਮੰਤਰੀ ਤੇ ਡੀ ਜੀ ਪੀ ਕਠਪੁਤਲੀਆਂ ਬਣ ਗਏ ਹਨ।

ਉਨ੍ਹਾ ਪ੍ਰੈੱਸ ਕਾਨਫਰੰਸ ਕਰਦਿਆਂ ਕਿਹਾ ਕਿ ਹੁਣ ਤੱਕ 14 ਥਾਣਿਆਂ ਵਿੱਚ ਧਮਾਕੇ ਹੋ ਚੁੱਕੇ ਹਨ, ਇੰਟੈਲੀਜੈਂਸ ਵਿੰਗ ਦੇ ਦਫਤਰ 'ਤੇ ਰਾਕੇਟ ਨਾਲ ਹਮਲਾ ਕੀਤਾ ਗਿਆ ਹੈ, ਪਰ ਪੁਲਸ ਕਮਿਸ਼ਨਰ ਨੇ ਕਿਹਾ ਕਿ ਧਮਾਕੇ ਵਰਗਾ ਕੁਝ ਹੋਇਆ ਹੈ, ਇਸ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਪੁਲਸ ਕਿੰਨੀ ਗੰਭੀਰ ਹੈ।

## ਜਹਾਜ਼ 'ਚ ਛੇੜਛਾੜ ਦਾ ਦੋਸ਼

**ਨਿਊਯਾਰਕ** : 36 ਸਾਲਾ ਭਾਰਤੀ ਮੂਲ ਦੇ ਵਿਅਕਤੀ 'ਤੇ ਅਮਰੀਕਾ ਵਿੱਚ ਇਕ ਘਰੇਲੂ ਉਡਾਣ 'ਚ ਸਵਾਰ ਯਾਤਰੀ ਨਾਲ ਜਿਨਸੀ ਸੰਪਰਕ ਦਾ ਦੋਸ਼ ਲਗਾਇਆ ਗਿਆ ਹੈ। ਮੋਂਟਾਨਾ ਦੇ ਸੰਘੀ ਵਕੀਲ ਕੁਰਟ ਅਲਮੇ ਨੇ 3 ਅਪ੍ਰੈਲ ਨੂੰ ਕਿਹਾ ਕਿ ਨਿਊ ਜਰਸੀ ਦੇ ਲੇਕ ਹਿਆਵਾਥਾ ਦੇ ਰਹਿਣ ਵਾਲੇ ਭਾਵੇਸ਼ ਕੁਮਾਰ ਦਹਿਆਭਾਈ ਸ਼ੁਕਲਾ 'ਤੇ ਮੋਂਟਾਨਾ ਤੋਂ ਟੈਕਸਸ ਜਾ ਰਹੀ ਉਡਾਣ ਵਿੱਚ ਇਤਰਾਜ਼ਯੋਗ ਜਿਨਸੀ ਸੰਪਰਕ ਬਣਾਉਣ ਦਾ ਦੋਸ਼ ਹੈ। ਜੇ ਦੋਸ਼ੀ ਠਹਿਰਾਇਆ ਜਾਂਦਾ ਹੈ ਤਾਂ ਸ਼ੁਕਲਾ ਨੂੰ ਦੋ ਸਾਲ ਦੀ ਕੈਦ, 250,000 ਅਮਰੀਕੀ ਡਾਲਰ ਦਾ ਜੁਰਮਾਨਾ ਅਤੇ ਘੱਟੋ-ਘੱਟ ਪੰਜ ਸਾਲ ਨਿਗਰਾਨੀ ਅਧੀਨ ਰਿਹਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

## ਕਿਸਾਨ ਆਗੂ, ਪੁੱਤਰ ਤੇ ਭਰਾ ਦੀ ਹੱਤਿਆ

**ਫਤਿਹਪੁਰ (ਯੂ ਪੀ)** : ਮੰਗਲਵਾਰ ਅਖਰੀ ਪਿੰਡ ਵਿੱਚ ਝਗੜੇ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਰਪੰਚ ਰਾਮਦੁਲਾਰੀ ਦੇ ਬੇਟੇ ਪੱਪੂ ਸਿੰਘ (50), ਉਸ ਦੇ ਪੁੱਤਰ ਅਭੈ ਸਿੰਘ (22) ਅਤੇ ਛੋਟੇ ਭਰਾ ਰਿੰਕੂ ਸਿੰਘ (45) ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ। ਇਹ ਤਿੰਨੋਂ ਬਾਈਕ 'ਤੇ ਜਾ ਰਹੇ ਸਨ ਤੇ ਪਿੰਡ ਦੇ ਸਾਬਕਾ ਸਰਪੰਚ ਸੁਰੇਸ਼ ਕੁਮਾਰ ਉਰਫ ਮੁੰਨੂ ਦੇ ਦੱਸੇ ਜਾ ਰਹੇ ਟਰੈਕਟਰ ਵੱਲੋਂ ਰਾਹ ਨਾ ਦੇਣ 'ਤੇ ਝਗੜਾ ਹੋ ਗਿਆ। ਸੁਰੇਸ਼ ਕੁਮਾਰ ਅਤੇ ਉਸ ਦੇ ਪੁੱਤਰਾਂ, ਜਿਨ੍ਹਾਂ ਨਾਲ ਪੀੜਤਾਂ ਦੀ ਪੁਰਾਣੀ ਰਾਜਨੀਤਕ ਦੁਸ਼ਮਣੀ ਸੀ, ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

## ਜੈਪੁਰ ਧਮਾਕਿਆਂ ਦੇ ਕੇਸ 'ਚ ਚਾਰ ਜਣਿਆਂ ਨੂੰ ਉਮਰ ਕੈਦ

**ਜੈਪੁਰ** : ਵਿਸ਼ੇਸ਼ ਅਦਾਲਤ ਨੇ ਮੰਗਲਵਾਰ 2008 ਦੇ ਜੈਪੁਰ ਲੜੀਵਾਰ ਬੰਬ ਧਮਾਕਿਆਂ ਦੇ ਮਾਮਲੇ ਵਿੱਚ ਚਾਰ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਚਾਰ ਦੋਸ਼ੀਆਂ ਸਰਵਰ ਆਜ਼ਮੀ, ਸ਼ਾਹਬਾਜ਼, ਸੈਫੁਰ ਰਹਿਮਾਨ ਅਤੇ ਮੁਹੰਮਦ ਸੈਫ ਨੂੰ ਅਦਾਲਤ ਨੇ 4 ਅਪ੍ਰੈਲ ਨੂੰ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਅਤੇ ਵਿਸਫੋਟਕ ਪਦਾਰਥ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ੀ ਠਹਿਰਾਇਆ ਸੀ। ਇਹ ਮਾਮਲਾ 13 ਮਈ 2008 ਨੂੰ ਚਾਂਦਪੋਲ ਵਿੱਚ ਲਗਾਏ ਗਏ ਇਕ ਬੰਬ ਦੀ ਬਰਾਮਦਗੀ ਨਾਲ ਸੰਬੰਧਤ ਹੈ। 13 ਮਈ 2008 ਨੂੰ ਜੈਪੁਰ ਵਿਚ ਅੱਠ ਬੰਬ ਫਟੇ ਸਨ ਅਤੇ ਚਾਂਦਪੋਲ ਬਾਜ਼ਾਰ ਦੇ ਨੇੜੇ ਇੱਕ ਹੋਰ ਬੰਬ ਮਿਲਿਆ, ਜਿਸ ਨੂੰ ਨਕਾਰਾ ਕਰ ਦਿੱਤਾ ਗਿਆ ਸੀ। ਇਨ੍ਹਾਂ ਧਮਾਕਿਆਂ ਵਿਚ 71 ਲੋਕਾਂ ਦੀ ਮੌਤ ਹੋ ਗਈ ਅਤੇ 180 ਜ਼ਖਮੀ ਹੋਏ ਸਨ।

## ਜਾਲ੍ਹੀ ਡਾਕਟਰ ਭਾਜਪਾ ਸੈੱਲ ਦਾ ਅਹੁਦੇਦਾਰ ਰਿਹਾ !

**ਜਬਲਪੁਰ** : ਪੁਲਸ ਨੇ ਇੱਕ ਕਥਿਤ ਜਾਲ੍ਹੀ ਡਾਕਟਰ, ਜੋ ਕਿ ਭਾਜਪਾ ਜਬਲਪੁਰ ਮੈਡੀਕਲ ਸੈੱਲ ਦੇ ਸਹਿ-ਕਨਵੀਨਰ ਵਜੋਂ ਵੀ ਸੇਵਾ ਨਿਭਾਅ ਚੁੱਕਾ ਹੈ, ਬਾਰੇ ਸ਼ਿਕਾਇਤ ਤੋਂ ਬਾਅਦ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਉਸ ਨੇ ਇੱਥੇ ਇਕ ਸਰਕਾਰੀ ਹਸਪਤਾਲ 'ਚ ਜਾਲ੍ਹੀ ਡਿਗਰੀ 'ਤੇ ਕੰਮ ਕੀਤਾ ਸੀ। ਸ਼ੁਭਮ ਅਵਸਥੀ ਦੇ ਵਿਰੁੱਧ ਪੁਲਸ ਨੇ ਐੱਫ ਆਈ ਆਰ 5 ਅਪ੍ਰੈਲ ਨੂੰ ਅਦਾਲਤ ਦੇ ਹੁਕਮਾਂ ਤੋਂ ਬਾਅਦ ਦਰਜ ਕੀਤੀ।

ਸਿਵਲ ਲਾਈਨਜ਼ ਪੁਲਸ ਸਟੇਸ਼ਨ ਦੇ ਇੰਸਪੈਕਟਰ ਨਹਿਰੂ ਸਿੰਘ ਖੰਡਾਤੇ ਨੇ ਦੱਸਿਆ ਕਿ ਸ਼ੁਭਮ ਅਵਸਥੀ 'ਤੇ ਜਾਲ੍ਹੀ ਆਯੂਸ਼ ਡਿਗਰੀ ਦੀ ਵਰਤੋਂ ਕਰਨ ਅਤੇ ਸਰਕਾਰੀ ਸੇਠ ਗੋਵਿੰਦ ਦਾਸ ਜ਼ਿਲ੍ਹਾ ਹਸਪਤਾਲ ਜਬਲਪੁਰ (ਪਹਿਲਾਂ ਵਿਕਟੋਰੀਆ ਹਸਪਤਾਲ ਵਜੋਂ ਜਾਣਿਆ ਜਾਂਦਾ ਸੀ) ਵਿੱਚ ਕੰਮ ਕਰਨ ਦਾ ਦੋਸ਼ ਹੈ। ਭਾਜਪਾ ਦੇ ਜਬਲਪੁਰ ਸ਼ਹਿਰ ਦੇ ਮੁਖੀ ਰਤਨੇਸ਼ ਸੋਨਕਰ ਨੇ ਕਿਹਾ ਕਿ ਮਾਮਲੇ ਦੀ ਅਧਿਕਾਰਤ ਪੁਸ਼ਟੀ ਮਿਲਣ ਤੋਂ ਬਾਅਦ ਪਾਰਟੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਵਸਥੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ, "ਮੈਂ ਨਿੱਜੀ ਤੌਰ 'ਤੇ ਮਾਮਲੇ ਦੇ ਪ੍ਰਮਾਣਿਕ ਵੇਰਵੇ ਮੰਗੇ ਹਨ। ਭਾਜਪਾ ਅਜਿਹੀਆਂ ਚੀਜ਼ਾਂ ਨੂੰ ਬਰਦਾਸ਼ਤ ਨਹੀਂ ਕਰਦੀ, 1001 ਪ੍ਰਤੀਸ਼ਤ ਕਾਰਵਾਈ ਕੀਤੀ ਜਾਵੇਗੀ।"

# ਅਮਰੀਕਾ ਅੱਗੇ ਗੋਡੇ ਨਹੀਂ ਟੇਕਣੇ : ਚੀਨ

**ਬੀਜਿੰਗ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਟੈਰਿਫ ਵਧਾਉਣ ਨਾਲ ਸ਼ੇਅਰ ਬਾਜ਼ਾਰਾਂ ਵਿੱਚ ਗਿਰਾਵਟ, ਡੂੰਘੇ ਹੁੰਦੇ ਸਫਾਰਤੀ ਪਾੜੇ ਤੇ ਸੰਸਾਰ ਅਰਥਚਾਰੇ ਨੂੰ ਖਤਰੇ ਦਰਮਿਆਨ ਚੀਨ ਨੇ ਮੰਗਲਵਾਰ ਸਾਫ ਕੀਤਾ ਕਿ ਉਹ ਅਮਰੀਕਾ ਅੱਗੇ ਗੋਡੇ ਨਹੀਂ ਟੇਕੇਗਾ। ਟਰੰਪ ਵੱਲੋਂ ਬੁੱਧਵਾਰ ਤੋਂ ਚੀਨੀ ਮਾਲ 'ਤੇ ਟੈਰਿਫ 100 ਫੀਸਦੀ ਤੋਂ ਵੀ ਵਧਾਉਣ ਦੇ ਐਲਾਨ ਨੂੰ ਚੀਨ ਨੇ ਬਲੈਕਮੇਲਿੰਗ ਕਰਾਰ ਦਿੱਤਾ ਹੈ। ਚੀਨ ਦੇ ਵਣਜ ਮੰਤਰਾਲੇ ਨੇ ਕਿਹਾ ਹੈ ਕਿ ਅਮਰੀਕਾ ਗਲਤੀ ਕਰ ਰਿਹਾ ਹੈ ਅਤੇ ਜੇ ਅਮਰੀਕਾ ਦਾ ਇਹੀ ਰਵੱਈਆ ਰਿਹਾ ਤਾਂ ਚੀਨ ਅੰਤ ਤੱਕ ਲੜੇਗਾ। ਚੀਨ ਨੇ ਪਹਿਲਾਂ ਮਾਮਲਾ ਗੱਲਬਾਤ ਨਾਲ ਹੱਲ ਕਰਨ ਦਾ ਸੱਦਾ ਦਿੱਤਾ ਸੀ, ਪਰ ਉਸ ਦੇ ਤਾਜ਼ਾ ਸਟੈਂਡ ਨੇ ਸੰਸਾਰ ਦੇ ਦੋਹਾਂ ਵੱਡੇ ਅਰਥਚਾਰਿਆਂ ਵਿਚਾਲੇ ਆਰਥਕ ਟਕਰਾਅ ਦਾ ਇਸ਼ਾਰਾ ਕੀਤਾ ਹੈ। ਇਸੇ ਦੌਰਾਨ ਯੂਰਪੀ ਯੂਨੀਅਨ ਕਮਿਸ਼ਨ ਦੀ ਪ੍ਰਧਾਨ ਉਰਸੁਲਾ ਵੋਨ ਡੇਰ ਲੇਯੇਨ ਨੇ ਚੀਨੀ ਪ੍ਰਧਾਨ ਮੰਤਰੀ ਲੀ ਕਿਆਂਗ ਨਾਲ ਫੋਨ 'ਤੇ ਬਦਲਦੇ ਹਾਲਾਤ 'ਤੇ ਚਰਚਾ ਕੀਤੀ ਅਤੇ ਵਾਜਬ ਵਪਾਰ ਸਿਸਟਮ ਦਾ ਸੱਦਾ ਦਿੱਤਾ। ਉਸ ਨੇ ਅਮਰੀਕਾ ਵੱਲ ਸਸਤਾ ਚੀਨੀ ਮਾਲ ਨਾ ਜਾਣ ਤੋਂ ਬਾਅਦ ਯੂਰਪ ਵੱਲ ਆਉਣ ਦੇ ਸੰਬੰਧ ਵਿੱਚ ਸਾਂਝੀ ਵਿਧੀ ਬਣਾਉਣ ਦਾ ਸੁਝਾਅ ਦਿੱਤਾ।

## ਸ਼ੇਅਰ ਬਾਜ਼ਾਰ ਬੁੜ੍ਹਕਿਆ

**ਮੁੰਬਈ** : 10 ਮਹੀਨਿਆਂ ਵਿੱਚ ਸਭ ਤੋਂ ਵੱਡੀ ਗਿਰਾਵਟ ਦਾ ਸਾਹਮਣਾ ਕਰਨ ਤੋਂ ਇੱਕ ਦਿਨ ਬਾਅਦ ਮੰਗਲਵਾਰ ਸ਼ੇਅਰ ਬਾਜ਼ਾਰ ਵਿੱਚ ਇਕਦਮ ਤੇਜ਼ੀ ਦਰਜ ਕੀਤੀ ਗਈ। 30 ਸ਼ੇਅਰਾਂ ਵਾਲਾ ਸੈਂਸੈਕਸ 1,089.18 ਅੰਕ ਜਾਂ 1.49 ਪ੍ਰਤੀਸ਼ਤ ਵਧ ਕੇ 74,227.08 'ਤੇ ਬੰਦ ਹੋਇਆ। ਦਿਨ ਦੌਰਾਨ ਇਹ 1,721.49 ਅੰਕ ਜਾਂ 2.35 ਪ੍ਰਤੀਸ਼ਤ ਵਧ ਕੇ 74,859.39 'ਤੇ ਪਹੁੰਚ ਗਿਆ ਸੀ। ਨਿਫਟੀ 374.25 ਅੰਕ ਜਾਂ 1.69 ਪ੍ਰਤੀਸ਼ਤ ਵਧ ਕੇ 22,535.85 'ਤੇ ਪਹੁੰਚ ਗਿਆ। ਟਾਈਟਨ, ਬਜਾਜ ਫਾਈਨੈਂਸ, ਸਟੇਟ ਬੈਂਕ ਆਫ ਇੰਡੀਆ, ਲਾਰਸਨ ਐਂਡ ਟੂਬਰੋ, ਐਕਸਿਸ ਬੈਂਕ, ਬਜਾਜ ਫਿਨਸਰਵ, ਏਸ਼ੀਅਨ ਪੇਂਟਸ ਅਤੇ ਜ਼ੋਮੈਟੋ ਸਭ ਤੋਂ ਵੱਧ ਲਾਭ ਪ੍ਰਾਪਤ ਕਰਨ ਵਾਲੇ ਸਨ।

## ਅਕਾਲੀ ਦਲ ਦੇ ਪ੍ਰਧਾਨ ਦੀ ਚੋਣ 12 ਨੂੰ

**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਦੇ ਨਵੇਂ ਪ੍ਰਧਾਨ ਦੀ 12 ਅਪ੍ਰੈਲ ਨੂੰ ਅੰਮ੍ਰਿਤਸਰ 'ਚ ਚੋਣ ਹੋਵੇਗੀ। 11 ਵਜੇ ਤੇਜਾ ਸਿੰਘ ਸਮੁੰਦਰੀ ਹਾਲ 'ਚ ਸ਼੍ਰੋਮਣੀ ਅਕਾਲੀ ਦਲ ਦਾ ਜਨਰਲ ਅਜਲਾਸ ਹੋਵੇਗਾ ਅਤੇ ਵਿਸਾਖੀ ਤੋਂ ਪਹਿਲਾਂ ਨਵਾਂ ਪ੍ਰਧਾਨ ਮਿਲ ਜਾਵੇਗਾ। ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ 'ਚ ਮੰਗਲਾਵਰ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਤੋਂ ਬਾਅਦ ਸੀਨੀਅਰ ਅਕਾਲੀ ਆਗੂ ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਵਰਕਰਾਂ ਦੀ ਮੇਹਨਤ ਸਦਕਾ ਹੀ ਪਾਰਟੀ ਦੀ ਭਰਤੀ ਮੁਕੰਮਲ ਹੋਈ ਹੈ। ਮੈਂਬਰਸ਼ਿਪ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਚੀਮਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਵੀ ਪਾਰਟੀ ਲਈ ਬਹੁਤ ਮਿਹਨਤ ਕੀਤੀ ਹੈ, ਪਰ ਇਸ ਸਮੇਂ ਬਲਵਿੰਦਰ ਸਿੰਘ ਭੂੰਦੜ ਨੇ ਜੋ ਰੋਲ ਅਦਾ ਕੀਤਾ, ਉਸ ਲਈ ਮਤਾ ਪਾ ਕੇ ਉਨ੍ਹਾ ਦਾ ਵੀ ਧੰਨਵਾਦ ਕੀਤਾ ਗਿਆ। 5 ਸਾਲ ਪਹਿਲਾਂ ਇਸ ਵਰਕਿੰਗ ਕਮੇਟੀ ਦੀ ਚੋਣ ਹੋਈ ਸੀ, ਮੰਗਲਵਾਰ ਉਸ ਦੀ ਆਖਰੀ ਮੀਟਿੰਗ ਸੀ।

## ਹਾਦਸੇ 'ਚ ਪਰਵਾਰ ਦੇ ਤਿੰਨ ਮੈਂਬਰਾਂ ਦੀ ਮੌਤ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**

ਮੰਗਲਵਾਰ ਸਵੇਰੇ ਵਾਪਰੇ ਇਕ ਦਰਦਨਾਕ ਹਾਦਸੇ ਵਿੱਚ ਇਕ ਪਰਵਾਰ ਦੇ ਤਿੰਨ ਮੈਂਬਰਾਂ ਦੀ ਜਾਨ ਚਲੀ ਗਈ, ਜਦੋਂ ਕਿ ਇਕ ਨੌਜਵਾਨ ਜ਼ਖਮੀ ਹੋ ਗਿਆ। ਰਾਮਾ ਮੰਡੀ ਦਾ ਇਕ ਪਰਵਾਰ ਪਟਿਆਲਾ ਆ ਰਿਹਾ ਸੀ। ਸਵਿਫਟ ਡਿਜ਼ਾਇਰ ਕਾਰ ਵਿੱਚ ਸਵਾਰ ਹੋਇਆ ਪਰਵਾਰ ਰਾਮਨਗਰ ਸਿਬੀਆ ਦੇ ਨੇੜੇ ਪਹੁੰਚਿਆ ਤਾਂ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਖੜ੍ਹੇ ਖੰਭੇ ਨਾਲ ਟਕਰਾ ਗਈ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਹਾਦਸੇ ਵਿੱਚ ਕ੍ਰਿਸ਼ਨ ਲਾਲ (65) ਜਤਿੰਦਰ ਸਿੰਘ (66) ਤੇ ਰਵੀ ਕੁਮਾਰ (42) ਵਾਸੀ ਰਾਮਾ ਮੰਡੀ ਦੀ ਮੌਕੇ ਉਤੇ ਹੀ ਮੌਤ ਹੋ ਗਈ। 24 ਸਾਲਾ ਕਰਨ ਕੁਮਾਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਉਸ ਨੂੰ ਸਿਵਲ ਹਸਪਤਾਲ ਸੰਗਰੂਰ ਤੋਂ ਮੁਢਲਾ ਇਲਾਜ ਕਰਨ ਤੋਂ ਬਾਅਦ ਪਟਿਆਲਾ ਭੇਜ ਦਿੱਤਾ ਗਿਆ।

# ਮੁਫਤ ਸਫਰ ਦੇ 600 ਕਰੋੜ ਪੀ ਆਰ ਟੀ ਸੀ ਨੂੰ ਤੁਰੰਤ ਦਿੱਤੇ ਜਾਣ : ਧਾਲੀਵਾਲ

**ਪਟਿਆਲਾ** : ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਮੰਗਲਵਾਰ ਇੱਥੇ ਗੇਟ ਰੈਲੀ ਕੀਤੀ ਗਈ, ਜਿਸ ਵਿੱਚ 200 ਤੋਂ ਵੱਧ ਸੇਵਾ-ਮੁਕਤ ਕਰਮਚਾਰੀਆਂ ਨੇ ਭਾਗ ਲਿਆ। ਇਸ ਮੌਕੇ ਯੂਨੀਅਨ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ, ਪ੍ਰਧਾਨ ਉਤਮ ਸਿੰਘ ਬਾਗੜੀ, ਜਨਰਲ ਸਕੱਤਰ ਮੁਹੰਮਦ ਖਲੀਲ, ਡਿਪਟੀ ਜਨਰਲ ਸਕੱਤਰ ਰਮੇਸ਼ ਕੁਮਾਰ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਗੋਲਡੀ ਆਦਿ ਨੇ ਪੀ ਆਰ ਟੀ ਸੀ ਦੇ ਸਮੁੱਚੇ ਵਿੱਤੀ ਹਾਲਾਤ, ਪੈਨਸ਼ਨ ਦਾ ਭੁਗਤਾਨ ਹਰ ਵਾਰ ਸਮੇਂ ਸਿਰ ਨਾ ਕਰਨਾ ਜਾਂ ਕਿਸ਼ਤਾਂ ਵਿੱਚ ਭੁਗਤਾਨ ਕਰਨਾ, ਸੇਵਾ-ਮੁਕਤ ਵਰਕਰਾਂ ਦੇ ਬਕਾਏ ਅਦਾ ਨਾ ਕੀਤੇ ਜਾਣਾ, ਐੱਲ ਟੀ ਸੀ ਦਾ ਮੁੱਦਾ ਹੱਲ ਨਾ ਕਰਨਾ, ਪੇ-ਕਮਿਸ਼ਨ ਦੇ ਅਤੇ ਹੋਰ ਕਈ ਤਰ੍ਹਾਂ ਦੇ ਬਕਾਏ ਅਦਾ ਨਾ ਕਰਨਾ, ਪੰਜਾਬ ਸਰਕਾਰ ਵੱਲੋਂ ਮੁਫਤ




ਸਫਰ ਸਹੂਲਤਾਂ ਦੇ 600 ਕਰੋੜ ਰੁਪਏ ਨਾ ਦਿੱਤੇ ਜਾਣਾ, ਨਵੀਆਂ ਬੱਸਾਂ ਪ੍ਰਾਈਵੇਟ ਬੱਸ ਮਾਫੀਆ ਦੇ ਦਬਾਅ ਥੱਲੇ ਨਾ ਪਾਉਣਾ, ਸਿਆਸੀ ਚੇਅਰਮੈਨ, ਵਾਈਸ ਚੇਅਰਮੈਨ ਅਤੇ ਬੋਰਡ ਮੈਂਬਰਾਂ ਵੱਲੋਂ ਅਦਾਰੇ ਦੀ ਬਿਹਤਰੀ ਲਈ ਕੋਈ ਕਦਮ ਨਾ ਚੁੱਕਣਾ ਆਦਿ ਵਰਗੇ ਗੰਭੀਰ ਮੁੱਦਿਆਂ 'ਤੇ ਖੁੱਲ੍ਹ ਕੇ ਆਪਣੇ ਵਿਚਾਰ ਰੱਖੇ ਅਤੇ ਪੰਜਾਬ ਸਰਕਾਰ ਅਤੇ ਪੀ ਆਰ ਟੀ ਸੀ ਦੇ ਪ੍ਰਬੰਧਕਾਂ ਵੱਲੋਂ ਵਰਕਰਾਂ ਪ੍ਰਤੀ ਅਪਣਾਈ ਜਾ ਰਹੀ ਨਜ਼ਰਅੰਦਾਜ਼ ਕਰਨ ਵਾਲੀ ਪਹੁੰਚ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਪੀ ਆਰ ਟੀ ਸੀ ਵਿੱਚ ਇੱਕ ਵੀ ਬੱਸ ਨਵੀਂ ਨਾ ਪਾ ਸਕਣਾ ਪੂਰੇ ਪੀ ਆਰ ਟੀ ਸੀ ਪ੍ਰਬੰਧ ਨੂੰ ਕੰਟਰੋਲ ਕਰਨ ਵਾਲੇ ਸਿਆਸੀ ਚੇਅਰਮੈਨ ਦੀ ਨੁਕਸਾਨਦੇਹ ਨਾਕਾਮੀ ਦੱਸਿਆ ਅਤੇ ਸਰਕਾਰ 'ਤੇ ਦੋਸ਼ ਲਾਇਆ ਕਿ ਅਜਿਹਾ ਪ੍ਰਾਈਵੇਟ ਬੱਸ ਮਾਫੀਏ ਦੇ ਦਬਾਅ ਹੇਠ

• ਬਾਕੀ ਸਫਾ 2 'ਤੇ

## ਦੋ ਗੈਂਗਸਟਰ ਗ੍ਰਿਫ਼ਤਾਰ

**ਚੰਡੀਗੜ੍ਹ** : ਐਂਟੀ ਗੈਂਗਸਟਰ ਟਾਸਕ ਫੋਰਸ ਪੰਜਾਬ ਨੇ ਲਾਰੈਂਸ ਬਿਸ਼ਨੋਈ-ਰੋਹਿਤ ਗੋਦਾਰਾ ਗਰੋਹ ਦੇ ਜਸ਼ਨ ਸੰਧੂ ਤੇ ਗੁਰਸੇਵਕ ਸਿੰਘ ਨੂੰ ਮੁਹਾਲੀ ਤੋਂ ਗ੍ਰਿਫ਼ਤਾਰ ਕੀਤਾ ਹੈ। ਜਸ਼ਨ ਸੰਧੂ, ਜੋ ਗੰਗਾਨਗਰ ਰਾਜਸਥਾਨ ਵਿੱਚ 2023 ਦੇ ਇੱਕ ਕਤਲ ਕੇਸ ਲਈ ਲੋੜੀਂਦਾ ਸੀ, ਜੌਰਜੀਆ, ਅਜ਼ਰਬਾਇਜਾਨ ਤੇ ਦੁਬਈ 'ਚ ਲਗਾਤਾਰ ਆਪਣਾ ਟਿਕਾਣਾ ਬਦਲ ਰਿਹਾ ਸੀ। ਦੁਬਈ ਤੋਂ ਨੇਪਾਲ ਪੁੱਜਣ ਮਗਰੋਂ ਉਹ ਕਾਨੂੰਨ ਏਜੰਸੀਆਂ ਤੋਂ ਬਚਣ ਲਈ ਸੜਕ ਰਸਤੇ ਭਾਰਤ ਵਿੱਚ ਦਾਖਲ ਹੋਇਆ। ਮੁੱਢਲੀ ਜਾਂਚ ਮੁਤਾਬਕ ਜਸ਼ਨ ਦੀ ਗਰੋਹ ਨੂੰ ਹਥਿਆਰ ਤੇ ਹੋਰ ਸਾਜ਼ੋਸਾਮਾਨ ਮੁਹੱਈਆ ਕਰਵਾਉਣ 'ਚ ਅਹਿਮ ਭੂਮਿਕਾ ਸੀ। ਪੁੱਛ-ਪੜਤਾਲ ਦੌਰਾਨ ਵਿਦੇਸ਼ੀ ਹਵਾਲਾ ਅਪਰੇਟਰਾਂ, ਟਰੈਵਲ ਏਜੰਟਾਂ ਅਤੇ ਵਿਦੇਸ਼ ਵਿੱਚ ਲੁਕੇ ਭਗੌੜੇ ਗੈਂਗਸਟਰਾਂ ਦੇ ਟਿਕਾਣਿਆਂ ਬਾਰੇ ਜਾਣਕਾਰੀ ਮਿਲੀ ਹੈ। ਇਨ੍ਹਾਂ ਦੇ ਕਬਜ਼ੇ 'ਚੋਂ .32 ਕੈਲੀਬਰ ਪਿਸਟਲ ਦੇ ਨਾਲ ਸੱਤ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ।

## ਅੱਜ-ਨਾਮਾ

ਸੁਪਰੀਮ ਕੋਰਟ ਨੇ ਦਿੱਤਾ ਹੈ ਹੁਕਮ ਵੱਡਾ,
ਖਿੱਚੀ ਗਵਰਨਰਾਂ ਦੀ ਵਾਹਵਾ ਡੋਰ ਮੀਆਂ।
ਰਾਜਾਂ ਅੰਦਰ ਉਹ ਐਵੇਂ ਨਾ ਪਾਉਣ ਰੋਕਾਂ,
ਰਸਤਾ ਰੋਕਣ ਦਾ ਲਾਉਣ ਨਾ ਜ਼ੋਰ ਮੀਆਂ।
ਪਾਸ ਕੀਤੇ ਵੀ ਬਿੱਲ ਕਈ ਰਹਿਣ ਅਟਕੇ,
ਰਹਿੰਦਾ ਪਿਆ ਈ ਥਾਂਉਂ-ਥਾਂ ਸ਼ੋਰ ਮੀਆਂ।
ਮਿਥੇ ਸਮੇਂ ਵਿੱਚ ਕਾਰਜ ਇਹ ਕਰੋ ਸਾਰਾ,
ਹਾਲਤ ਬਣੇ ਨਹੀਂ ਏਹੋ ਜਿਹੀ ਹੋਰ ਮੀਆਂ।
ਤਾਮਿਲ ਨਾਡੂ ਤੋਂ ਆਈ ਸ਼ਿਕਾਇਤ ਹੈਸੀ,
ਜਿੱਥੇ ਰਹਿੰਦੀ ਸੀ ਲੱਗੀ ਪਈ ਰੋਕ ਮੀਆਂ।
ਰਾਜ ਭਾਰਤ ਵਿੱਚ ਏਦਾਂ ਦੇ ਬਹੁਤ ਮੀਆਂ,
ਜਿੱਥੋਂ ਦੇ ਆਏ ਪਏ ਤੰਗ ਨੇ ਲੋਕ ਮੀਆਂ।

-ਤੀਸ ਮਾਰ ਖਾਂ

# ਲੰਗਰ ਸਾਦਾ ਵਰਤਾਇਆ ਜਾਵੇ : ਸਿੰਘ ਸਾਹਿਬਾਨ

## ਪੰਥ ਪ੍ਰਸਿੱਧ ਪ੍ਰਚਾਰਕ ਚਾਰ ਮਹੀਨੇ ਪੰਜਾਬ ਦੇ ਪਿੰਡਾਂ 'ਚ ਲਾਉਣ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਹੋਈ, ਜਿਸ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਿਆ ਵਿੱਚੋਂ ਗਿਆਨੀ ਮੰਗਲ ਸਿੰਘ ਹਾਜ਼ਰ ਹਨ।ਇਕੱਤਰਤਾ ਵਿੱਚ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਸੰਬੰਧੀ, ਪੰਥਕ, ਧਾਰਮਿਕ ਤੇ ਸਮਾਜਿਕ ਮਾਮਲਿਆਂ 'ਤੇ ਵਿਚਾਰਾਂ ਹੋਈਆਂ ਅਤੇ ਅੱਠ ਮਤੇ ਵੀ ਪਾਸ ਕੀਤੇ ਗਏ।



ਪਹਿਲੇ ਮਤੇ ਰਾਹੀਂ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਗੁਰਪੁਰਵਾਸੀ ਗਿਆਨੀ ਮਲਕੀਤ ਸਿੰਘ ਜੀ (ਖੰਡੂਰ), ਸਾਬਕਾ ਪੰਜ ਪਿਆਰੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗੁਰਬਾਣੀ ਸੰਥਿਆ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾ ਦੇ ਪਰਵਾਰ (ਸਿੰਘਣੀ) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਨਮਾਨਤ ਕੀਤਾ ਜਾਵੇਗਾ।

ਦੂਸਰੇ ਮਤੇ ਮੁਤਾਬਕ ਗੁਰਦੁਆਰਾ ਫ਼ਤਿਹਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਵੱਲੋਂ ਦਸਮੇਸ਼ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸਫਰ-ਏ-ਸ਼ਹਾਦਤ ਰਾਹੀਂ ਪ੍ਰਚਾਰ ਕਰਦਿਆਂ ਕੀਤੀਆਂ ਸੇਵਾਵਾਂ ਦੇ ਮੱਦੇਨਜ਼ਰ ਉਨ੍ਹਾ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਨਮਾਨ ਕੀਤਾ ਜਾਵੇਗਾ।

ਤੀਸਰੇ ਮਤੇ ਰਾਹੀ ਫੈਸਲਾ ਕੀਤਾ ਗਿਆ ਕਿ ਹਰ ਗੁਰਸਿੱਖ ਜਿਥੇ ਨਿਤਨੇਮ ਕਰਦਾ ਹੈ, ਉਥੇ ਹੀ ਪ੍ਰੇਰਣਾ ਦਿੱਤੀ ਜਾਂਦੀ ਹੈ ਕਿ ਆਪਣੇ ਘਰ ਅੰਦਰ ਸੌਣ ਤੋਂ ਅੱਧਾ ਘੰਟਾ ਪਹਿਲਾਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਬੰਧਤ ਸਾਖੀਆਂ ਸੁਣਾਉਣ ਦੀ ਰਵਾਇਤ ਮੁੜ ਸੁਰਜੀਤ ਕਰੇ, ਤਾਂ ਕਿ ਬੱਚਿਆਂ ਨੂੰ ਸਿੱਖ ਕਦਰਾਂ-ਕੀਮਤਾਂ ਦਾ ਵੱਧ ਤੋਂ ਵੱਧ ਗਿਆਨ ਹੋ ਸਕੇ ਤੇ ਸਿੱਖੀ ਨਾਲ ਪਿਆਰ ਵਧ ਸਕੇ।ਚੌਥੇ ਮਤੇ ਵਿੱਚ ਸਿੱਖ ਜਗਤ ਨੂੰ ਪ੍ਰੇਰਣਾ ਕੀਤੀ ਗਈ ਕਿ ਹਰ ਸਿੱਖ ਅੰਤਮ ਅਰਦਾਸ ਸਮੇਂ ਸਾਦੇ ਲੰਗਰ ਤਿਆਰ ਕਰਕੇ ਗੁਰੂ ਕੇ ਲੰਗਰ ਦੀ ਮੂਲ ਭਾਵਨਾ ਤੇ ਰਵਾਇਤਾਂ ਅਨੁਸਾਰ ਪਹਿਰਾ ਦੇਵੇ।

ਪੰਜਵੇ ਮਤੇ ਰਾਹੀ ਫੈਸਲਾ ਕੀਤਾ ਗਿਆ ਕਿ ਤਖ਼ਤ ਸ੍ਰੀ ਹਰਿਮੰਦਰ ਸਾਹਿਬ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਇਕਬਾਲ ਸਿੰਘ ਜਦੋਂ ਤੱਕ ਸ੍ਰੀ ਅਕਾਲ

• ਬਾਕੀ ਸਫਾ 2 'ਤੇ

# ਐੱਲ ਪੀ ਜੀ ਸਿਲੰਡਰ 'ਤੇ 250 ਰੁਪਏ ਦੀ ਸਬਸਿਡੀ ਬਹਾਲ ਕੀਤੀ ਜਾਵੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਕਿਹਾ ਹੈ ਕਿ ਪਾਰਟੀ ਮੋਦੀ ਸਰਕਾਰ ਦੇ ਐੱਲ ਪੀ ਜੀ ਦੀ ਕੀਮਤ 50 ਰੁਪਏ ਪ੍ਰਤੀ ਸਿਲੰਡਰ ਵਧਾਉਣ ਦੇ ਫੈਸਲੇ ਦੀ ਨਿੰਦਾ ਕਰਦੀ ਹੈ। ਇਸ ਵਾਧੇ ਨਾਲ 500 ਰੁਪਏ ਤੋਂ ਵਧਾ ਕੇ 550 ਰੁਪਏ ਉੱਜਵਲਾ ਯੋਜਨਾ ਦੇ ਲਾਭਪਾਤਰੀਆਂ 'ਤੇ ਅਤੇ ਆਮ ਖਪਤਕਾਰਾਂ 'ਤੇ 803 ਰੁਪਏ ਤੋਂ ਵਧਾ ਕੇ 853 ਰੁਪਏ ਬੋਝ ਪਾ ਦਿੱਤਾ ਗਿਆ ਹੈ। ਅਜਿਹੇ ਸਮੇਂ ਜਦੋਂ ਲੱਖਾਂ ਲੋਕ ਪਹਿਲਾਂ ਹੀ ਵਧਦੀ ਖੁਰਾਕ ਮਹਿੰਗਾਈ, ਉੱਚ ਬਾਲਣ ਦੀਆਂ ਕੀਮਤਾਂ ਅਤੇ ਘਟਦੀ ਆਮਦਨ ਨਾਲ ਜੂਝ ਰਹੇ ਹਨ, ਮੋਦੀ ਸਰਕਾਰ ਦਾ ਮਿਹਨਤਕਸ਼ ਲੋਕਾਂ ਦੀ ਰੋਜ਼ੀ-ਰੋਟੀ 'ਤੇ ਇੱਕ ਹੋਰ ਹਮਲਾ ਹੈ।

ਜਦੋਂ ਤੋਂ ਭਾਜਪਾ ਸੱਤਾ ਵਿੱਚ ਆਈ ਹੈ, ਐੱਲ ਪੀ ਜੀ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋਇਆ ਹੈ, ਇੱਥੋਂ ਤੱਕ ਕਿ ਉਨ੍ਹਾਂ ਸਮਿਆਂ ਦੌਰਾਨ ਵੀ ਜਦੋਂ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਇਤਿਹਾਸਕ ਤੌਰ 'ਤੇ ਘਟ ਰਹੀਆਂ ਹਨ, ਲੋਕਾਂ ਤੱਕ ਲਾਭ ਪਹੁੰਚਾਉਣ ਦੀ ਬਜਾਏ ਮੋਦੀ ਸ਼ਾਸਨ ਨੇ ਇਸ ਨੂੰ ਤੇਲ ਕੰਪਨੀਆਂ ਅਤੇ ਨਿੱਜੀ ਕਾਰਪੋਰੇਟਾਂ ਨੂੰ ਲਾਭ ਪਹੁੰਚਾਉਣ ਲਈ ਵਰਤਿਆ ਹੈ। ਐੱਲ ਪੀ ਜੀ ਸਬਸਿਡੀ ਪ੍ਰਣਾਲੀ ਦੇ ਪੂਰੀ ਤਰ੍ਹਾਂ ਖਾਤਮੇ ਨੇ ਗਰੀਬ ਅਤੇ ਮੱਧ ਵਰਗ ਨੂੰ ਬਾਜ਼ਾਰ ਦੀ ਅਸਥਿਰਤਾ ਅਤੇ ਰਾਜ ਦੀ ਉਦਾਸੀਨਤਾ ਦਾ ਸ਼ਿਕਾਰ ਬਣਾ ਦਿੱਤਾ ਹੈ।

ਇਸ ਤੋਂ ਇਲਾਵਾ ਸਰਕਾਰ ਨੇ ਇੱਕ ਵਾਰ ਫਿਰ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਵਧਾ ਦਿੱਤੀ ਹੈ, ਭਾਵੇਂ ਕਿ ਅਰਥਵਿਵਸਥਾ ਉਥਲ-ਪੁਥਲ ਦਾ ਸਾਹਮਣਾ ਕਰ ਰਹੀ ਹੈ। ਹਾਲ ਹੀ ਵਿੱਚ ਸਟਾਕ ਮਾਰਕੀਟ ਵਿੱਚ ਆਈ ਗਿਰਾਵਟ, ਜੋ ਕਿ ਵਿਸ਼ਵਵਿਆਪੀ ਮੰਦੀ ਦੇ ਡਰ ਅਤੇ ਟਰੰਪ

• ਬਾਕੀ ਸਫਾ 2 'ਤੇ

# ਗਰੇਵਾਲ ਪਰਵਾਰ ਵੱਲੋਂ ਗੁਰਦੁਆਰਾ ਸਾਹਿਬ ਜੰਡਸਰ ਲਈ ਦੋ ਕਨਾਲ ਜ਼ਮੀਨ ਦਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰਦੁਆਰਾ ਜੰਡਸਰ ਸਾਹਿਬ ਸਹੌਰ ਵਿਖੇ ਸਵ: ਨੰਬਰਦਾਰ ਸ਼ੇਰ ਸਿੰਘ ਗਰੇਵਾਲ, ਸ਼ਹੀਦ ਜੀਤ ਸਿੰਘ ਤੇ ਸਵ: ਗੁਰਨਾਮ ਸਿੰਘ ਗਰੇਵਾਲ ਵਾਸੀ ਖਿਆਲੀ ਨੇ ਪਿਛਲੇ ਸਮੇਂ ਗੁਰੂ ਘਰ ਲਈ ਦਾਨ ਵਜੋਂ ਦਿੱਤੀ ਦੋ ਕਨਾਲ ਜ਼ਮੀਨ ਨੂੰ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਜਗਤਾਰ ਸਿੰਘ, ਜਸਵੀਰ ਸਿੰਘ ਤੇ ਅਮਰਜੀਤ ਸਿੰਘ ਵਾਸੀ ਖਿਆਲੀ ਨੇ ਆਪਣੇ ਪੁਰਖਿਆਂ ਵੱਲੋਂ ਦਾਨ ਕੀਤੀ ਜ਼ਮੀਨ ਨੂੰ ਗ੍ਰਾਮ ਪੰਚਾਇਤ ਸਹੌਰ, ਭਾਕਿਯੂ ਡਕੌਂਦਾ ਧਨੇਰ, ਭਾਕਿਯੂ ਸਿੱਧੂਪੁਰ, ਭਾਕਿਯੂ ਕਾਦੀਆਂ ਤੇ ਲੋਕਲ ਗੁਰਦੁਆਰਾ ਕਮੇਟੀ ਦੀ ਹਾਜ਼ਰੀ 'ਚ ਗੁਰੂ ਘਰ ਵਿਖੇ ਅਰਦਾਸ ਕਰਵਾ ਕੇ ਗੁਰਦੁਆਰਾ ਸਾਹਿਬ ਜੰਡਸਰ, ਪਿੰਡ ਸਹੌਰ ਨੂੰ ਦਾਨ ਵਜੋਂ ਸੁਪਰਦ ਕਰ ਦਿੱਤੀ ਹੈ।ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਕਪੂਰ ਸਿੰਘ, ਭਿੰਦਰ ਸਿੰਘ ਸਹੌਰ, ਸਰਪੰਚ ਲਖਵੀਰ ਸਿੰਘ ਨੇ ਗਰੇਵਾਲ ਪਰਵਾਰ ਵੱਲੋਂ ਆਪਣੇ ਪੁਰਖਿਆਂ ਦੀ ਦਾਨ ਕੀਤੀ ਜ਼ਮੀਨ ਗੁਰੂ ਘਰ ਦੇ ਸਪੁਰਦ ਕਰਨ ਦੀ ਸ਼ਲਾਘਾ ਕੀਤੀ । ਇਸ ਮੌਕੇ, ਗੁਰਦੁਆਰਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਤੇ ਕਿਸਾਨ ਜਥੇਬੰਦੀਆਂ ਵੱਲੋਂ ਦਾਨੀ ਸੱਜਣ ਜਗਤਾਰ ਸਿੰਘ, ਜਸਵੀਰ ਸਿੰਘ ਅਤੇ ਅਮਰਜੀਤ ਸਿੰਘ ਗਰੇਵਾਲ ਨੂੰ ਦਸਤਾਰਾਂ ਭੇਟ ਕਰਕੇ ਸਨਮਾਨਤ ਕੀਤਾ ਗਿਆ।

# ਸੁਖਜੀਤ ਸਿੰਘ ਲਾਈਨਮੈਨ ਨੂੰ ਸੇਵਾ-ਮੁਕਤੀ 'ਤੇ ਕੀਤਾ ਸਨਮਾਨਤ



**ਤਰਨ ਤਾਰਨ** : ਪੀ ਐਸ ਪੀ ਸੀ ਐਲ ਦੀ ਸਬ ਡਵੀਜ਼ਨ ਨੌਸ਼ਹਿਰਾ ਪਨੂੰਆਂ ਵਿਖੇ ਬਤੌਰ ਲਾਈਨਮੈਨ ਸੇਵਾਵਾਂ ਨਿਭਾ ਕੇ 31 ਮਾਰਚ ਨੂੰ ਸੇਵਾ ਮੁਕਤ ਹੋਏ ਸੁਖਜੀਤ ਸਿੰਘ ਅਤੇ ਉਨ੍ਹਾਂ ਦੀ ਪਤਨੀ ਨੂੰ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਅਤੇ ਮਹਿਕਮੇ ਦੇ ਕਰਮਚਾਰੀਆਂ ਸਮੇਤ ਅਧਿਕਾਰੀਆਂ ਤੋਂ ਇਲਾਵਾ ਪਿੰਡ ਰੱਖ ਸੇਰੋਂ ਦੀ ਪੰਚਾਇਤ ਨੇ ਉਨ੍ਹਾਂ ਦੇ ਜੱਦੀ ਪਿੰਡ ਡੂਗਰੀ ਵਿਖੇ ਪਰਵਾਰ ਵੱਲੋਂ ਖੁਸ਼ੀ ਵਜੋਂ ਕਰਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਰੱਖੇ ਸਮਾਗਮ ਵਿੱਚ ਯਾਦਗਾਰੀ ਤੋਹਫੇ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਫੈਡਰੇਸ਼ਨ ਏਟਕ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸੁਖਜੀਤ ਸਿੰਘ ਵੱਲੋਂ ਮਹਿਕਮੇ ਅਤੇ ਜਥੇਬੰਦੀ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸਮੁੱਚੇ ਪਰਵਾਰ ਨੂੰ ਵਧਾਈ ਦਿੱਤੀ।ਗੰਡੀਵਿੰਡ ਨੇ ਵਿਭਾਗ ਵਿੱਚੋਂ ਕਰਮਚਾਰੀਆਂ ਦੀ ਵੱਡੇ ਪੱਧਰ 'ਤੇ ਹੋ ਰਹੀ ਸੇਵਾ ਮੁਕਤੀ ਕਾਰਨ ਖਾਲੀ ਹੋ ਰਹੀਆਂ ਹਜ਼ਾਰਾਂ ਅਸਾਮੀਆਂ 'ਤੇ ਰੈਗੂਲਰ ਭਰਤੀ ਕਰਨ ਦੀ ਜ਼ੋਰਦਾਰ ਮੰਗ ਕਰਦੇ ਹੋਏ 2002 ਤੋਂ 2010 ਤੱਕ ਦੇ ਸਮੇਂ ਦੌਰਾਨ ਮ੍ਰਿਤਕ ਕਰਮਚਾਰੀਆਂ ਦੇ ਵਾਰਿਸ ਨੌਜਵਾਨਾਂ ਨੂੰ ਨੌਕਰੀ ਦੇਣ ਦੇ ਬਦਲੇ ਕਰਮਚਾਰੀ ਦੀ ਮੌਤ ਸਮੇਂ ਕੀਤੀ ਅਦਾਇਗੀ 'ਤੇ 12 ਪ੍ਰਤੀਸ਼ਤ ਵਿਆਜ ਲਗਾ ਕੇ 60 ਤੋਂ 70 ਲੱਖ ਰੁਪਏ ਦੀਆਂ ਰਕਮਾਂ ਜਮ੍ਹਾਂ ਕਰਵਾਉਣ ਦੇ ਦਬਾਅ ਪਾਉਣ ਲਈ ਕੀਤੇ ਜਾ ਰਹੇ ਪੱਤਰ ਵਿਹਾਰ ਤੇ ਰੋਕ ਲਗਾ ਵਿਆਜ ਖਤਮ ਕਰਨ ਦੀ ਪਾਵਰ ਮੈਨੇਜਮੈਂਟ ਕੋਲੋਂ ਮੰਗ ਕੀਤੀ। ਇਸ ਮੌਕੇ ਫੈਡਰੇਸ਼ਨ ਏਟਕ ਦੇ ਸਰਕਲ ਸਕੱਤਰ ਪੂਰਨ ਦਾਸ, ਜੋਨ ਆਗੂ ਅਤੇ ਉਪ ਮੰਡਲ ਅਫਸਰ ਖਡੂਰ ਸਾਹਿਬ ਇੰਜੀ. ਕੁਲਵਿੰਦਰ ਸਿੰਘ ਬਾਗੜੀਆਂ, ਉਪ ਮੰਡਲ ਅਫਸਰ ਨੌਸ਼ਹਿਰਾ ਪਨੂੰਆਂ ਇੰਜੀ. ਹਰਪ੍ਰੀਤ ਸਿੰਘ , ਤਰਕਸ਼ੀਲ ਇਕਾਈ ਤਰਨ ਤਾਰਨ ਦੇ ਜਥੇਬੰਦਕ ਮੁਖੀ ਮਾਸਟਰ ਤਸਵੀਰ ਸਿੰਘ, ਏਟਕ ਦੇ ਡਵੀਜ਼ਨ ਸਕੱਤਰ ਲਖਵਿੰਦਰ ਸਿੰਘ ਬਹਿਲਾ, ਸਬ ਡਵੀਜ਼ਨ ਆਗੂ ਤਰਜੀਤ ਸਿੰਘ ਨਾਗੋਕੇ, ਮੇਜਰ ਸਿੰਘ ਪਨੂੰ, ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਡਵੀਜ਼ਨ ਆਗੂ ਹਰਪਾਲ ਸਿੰਘ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਡਵੀਜ਼ਨ ਪ੍ਰਧਾਨ ਬਲਦੇਵ ਸਿੰਘ ਸਰਪੰਚ, ਸਕੱਤਰ ਜਸਬੀਰ ਸਿੰਘ ਸੇਰੋਂ, ਸਰਕਲ ਮੀਤ ਸਕੱਤਰ ਰਕੇਸ਼ ਕੁਮਾਰ ਮਲਹੋਤਰਾ, ਟੀ ਐਸ ਯੂ ਦੇ ਸਰਕਲ ਆਗੂ ਜਗਜੀਤ ਸਿੰਘ, ਜੇ ਈ ਪ੍ਰਗਟ ਸਿੰਘ, ਆਰ ਏ ਰਣਧੀਰ ਸਿੰਘ, ਜਗਮੋਹਨ ਸਿੰਘ ਨੇ ਕਿਹਾ ਕਿ ਸੁਖਜੀਤ ਸਿੰਘ ਨੇ ਆਪਣੀ ਸਾਰੀ ਸਰਵਿਸ ਦੌਰਾਨ ਮਹਿਕਮੇ ਦੇ ਕੰਮ ਨੂੰ ਨੇਕਨੀਤੀ ਅਤੇ ਪੂਰੀ ਲਗਨ ਨਾਲ ਕਰਕੇ ਚੰਗੀ ਮਿਸਾਲ ਕਾਇਮ ਕੀਤੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਬਰ, ਸੇਵਾ ਮੁਕਤ ਕਰਮਚਾਰੀ, ਪਰਵਾਰਕ ਮੈਂਬਰ ਅਤੇ ਰਿਸ਼ਤੇਦਾਰ ਹਾਜ਼ਰ ਸਨ। ਅਖੀਰ ਵਿੱਚ ਸੁਖਜੀਤ ਸਿੰਘ ਨੇ ਸਮਾਗਮ ਵਿੱਚ ਹਾਜ਼ਰ ਹੋਏ ਸਮੁੱਚੇ ਮਹਿਮਾਨਾਂ ਸਮੇਤ ਮਹਿਕਮੇ ਦੇ ਕਰਮਚਾਰੀਆਂ/ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਆਪਣੇ ਪਰਵਾਰ ਦੀ ਤਰਫ਼ੋਂ ਜਥੇਬੰਦੀਆਂ ਦੇ ਆਗੂਆਂ ਅਤੇ ਅਧਿਕਾਰੀਆਂ ਨੂੰ ਸਿਰੋਪਾਉ ਪਾ ਕੇ ਸਨਮਾਨਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਤਰੀਕੇ ਨਾਲ ਟੀ ਐਸ ਯੂ ਆਗੂ ਗੁਰਨਿਸ਼ਾਨ ਸਿੰਘ ਨੇ ਨਿਭਾਈ। ਇਸ ਖੁਸ਼ੀ ਮੌਕੇ ਸੁਖਜੀਤ ਸਿੰਘ ਨੇ ਨਵਾਂ ਜ਼ਮਾਨਾ ਨੂੰ 1100 ਰੁਪਏ ਦੀ ਸਹਾਇਤਾ ਭੇਜੀ।

# ਸਕੂਲਾਂ ਦੇ ਸੁਧਾਰ ਲਈ ਲੈ ਜਾ ਰਹੇ ਇਤਿਹਾਸਕ ਫੈਸਲੇ : ਮਾਈਸਰਖਾਨਾ

## ਬੁਰਜ ਸੇਮਾ, ਖੋਖਰ ਤੇ ਗਿੱਲ ਕਲਾਂ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਤਲਵੰਡੀ ਸਾਬੋ (ਜਗਦੀਪ ਗਿੱਲ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੁਚੱਜੀ ਅਗਵਾਈ ਵਿੱਚ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਸ. ਸੁਖਬੀਰ ਸਿੰਘ ਮਾਈਸਰਖਾਨਾ ਨੇ ਤਲਵੰਡੀ ਸਾਬੋ ਦੇ ਲਾਗਲੇ ਪਿੰਡ ਬੁਰਜ ਸੇਮਾਂ ਦੇ ਸਰਕਾਰੀ ਹਾਈ ਸਕੂਲ ਵਿਖੇ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਸੁਖਬੀਰ ਸਿੰਘ ਮਾਈਸਰਖਾਨਾ ਨੇ ਸੂਬਾ ਸਰਕਾਰ ਦੀ ਪਿਛਲੇ ਤਿੰਨ ਸਾਲਾਂ ਦੀ ਕਾਰਗੁਜ਼ਾਰੀ ਨੂੰ ਬੁਲੰਦੀਆਂ ਛੂਹਣ ਵਾਲਾ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨਾਂ ਲੜਕੇ ਤੇ ਲੜਕੀਆਂ ਨੂੰ ਸਵੈ-ਰੋਜ਼ਗਾਰ ਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਇਸ ਤੋਂ ਇਲਾਵਾ ਸੂਬਾ ਸਰਕਾਰ ਭ੍ਰਿਸ਼ਟਾਚਾਰ ਤੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਨੂੰ ਵਚਨਬੱਧ ਤੇ ਯਤਨਸ਼ੀਲ ਹੈ, ਜਿਸ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੌਕੇ ਵਿਧਾਇਕ ਸ੍. ਸੁਖਬੀਰ ਸਿੰਘ ਮਾਈਸਰਖਾਨਾ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖ਼ਤ ਤੋਂ ਸਖ਼ਤ ਮਿਹਨਤ ਕਰਕੇ ਆਪਣੇ ਮਿੱਥੇ ਟੀਚੇ ਨੂੰ ਸਰ ਕਰਨ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ।ਇਸ ਉਪਰੰਤ ਸ੍. ਸੁਖਬੀਰ ਸਿੰਘ ਮਾਈਸਰਖਾਨਾਂ ਨੇ ਬੁਰਜ ਸੇਮਾ, ਖੋਖਰ ਤੇ ਗਿੱਲ ਕਲਾਂ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਆਦਿ ਹਾਜ਼ਰ ਸਨ।

# ਚੇਅਰਮੈਨ ਮਾਣੂਕੇ ਨੇ ਪੋਤੇ ਦੇ ਜਨਮ ਦਿਨ ਦੀ ਖ਼ੁਸ਼ੀ 'ਚ ਲਾਏ ਪੌਦੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਾਤਾਵਰਣ ਦੀ ਸ਼ੁੱਧਤਾ ਦਾ ਲੰਮੇ ਸਮੇਂ ਤੋਂ ਹੋਕਾ ਦਿੰਦੇ ਆ ਰਹੇ ਪੰਚਾਇਤ ਸੰਮਤੀ ਬਲਾਕ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਮਾਣੂੰਕੇ ਨੇ ਆਪਣੇ ਪੋਤਰੇ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਫਲਦਾਰ, ਛਾਂਦਾਰ ਤੇ ਫੁੱਲਦਾਰ ਪੌਦੇ ਲਾਏ।ਪੋਤਰੇ ਹਰਿਸਿਮਰਨ ਕੈਨੇਡਾ ਦੇ ਦਾਦੇ ਨੇ ਕਿਹਾ ਕਿ ਉਨ੍ਹਾਂ ਦਾ ਪੋਤਾ ਅਕਸਰ ਹੀ ਕੈਨੇਡਾ ਦੇ ਸ਼ੁੱਧ ਵਾਤਾਵਰਨ ਦਾ ਭਾਰਤ ਦੇ ਵਾਤਾਵਰਣ ਦੇ ਮੁਕਾਬਲਤਨ ਜ਼ਿਕਰ ਕਰਦਿਆਂ ਚਿੰਤਾ ਜ਼ਾਹਿਰ ਕਰਦਾ ਹੀ ਰਹਿੰਦਾ ਹੈ।ਇਸੇ ਕਰਕੇ ਉਸ ਦੇ ਜਨਮ ਮੌਕੇ ਉਨ੍ਹਾਂ ਨੇ ਪੌਦੇ ਲਾ ਕੇ ਪੋਤੇ ਦੀ ਭਾਰਤ ਦੇ ਵਾਤਾਵਰਣ ਵਾਲੀ ਚਿੰਤਾ ਨੂੰ ਦੂਰ ਕਰਨ ਦਾ ਤੁੱਛ ਜਿਹਾ ਉਪਰਾਲਾ ਕੀਤਾ ਹੈ।ਅਮਰਜੀਤ ਸਿੰਘ ਨੇ ਆਖਿਆ ਕਿ ਉਨ੍ਹਾਂ ਦਾ ਸੰਕਲਪ ਹੈ ਕਿ ਉਹ ਸਾਰੇ ਦੇ ਸਾਰੇ ਪੌਦਿਆਂ ਦੀ ਉੱਚਿਤ ਸੰਭਾਲ ਲਈ ਗਊਸ਼ਾਲਾ ਵਿੱਚ ਨਿਰੰਤਰ ਗੇੜਾ ਮਾਰਦੇ ਰਹਿਣਗੇ।ਉਨ੍ਹਾਂ ਆਖਿਆ ਕਿ ਪੌਦਿਆਂ ਦੀ ਸੇਵਾ 'ਚ ਨਿਰੰਤਰ ਜੁਟੇ ਆ ਰਹੇ ਮਾਲੀ ਤੇ ਹੋਰਨਾਂ ਲੋਕਾਂ ਨੂੰ ਵੀ ਉਨ੍ਹਾਂ ਨੇ ਹੱਥ ਬੰਨ੍ਹਵੀਂ ਅਪੀਲ ਕੀਤੀ ਹੈ ਕਿ ਉਹ ਦਰੱਖਤਾਂ ਤੇ ਪੌਦਿਆਂ ਦੀ ਸੰਭਾਲ ਵਾਲੀ ਜ਼ਿੰਮੇਵਾਰੀ ਨੂੰ ਸਮਰਪਤ ਹੋ ਕੇ ਨਿਭਾਉਣ ਅਤੇ ਵਾਤਾਵਰਣ ਨੂੰ ਬਚਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ।

# ਸੰਤ ਰਾਮ ਸਿੰਗਲਾ ਦੀ 20ਵੀਂ ਬਰਸੀ ਸ਼ਰਧਾ ਤੇ ਭਾਵਪੂਰਤ ਢੰਗ ਨਾਲ ਮਨਾਈ



**ਸੰਗਰੂਰ (ਪ੍ਰਵੀਨ ਸਿੰਘ)**

ਸਾਬਕਾ ਮੈਂਬਰ ਪਾਰਲੀਮੈਂਟ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸਵ: ਸੰਤ ਰਾਮ ਸਿੰਗਲਾ ਜਿਹੜੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਦੇ ਮਰਹੂਮ ਪਿਤਾ ਸਨ, ਉਨ੍ਹਾਂ ਦੀ ਵੀਹਵੀਂ ਬਰਸੀ ਤੇ ਸ਼ਰਧਾਂਜਲੀ ਸਮਾਗਮ ਸਿੰਗਲਾ ਨਿਵਾਸ ਹਰੀਪੁਰਾ ਰੋਡ ਸੰਗਰੂਰ ਵਿਖੇ ਹੋਇਆ, ਜਿਸ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਰਾਜਸੀ ਆਗੂਆਂ ਵੱਲੋਂ ਹਾਜ਼ਰੀ ਲਗਵਾਈ ਗਈ, ਉੱਥੇ ਜ਼ਿਲ੍ਹਾ ਸੰਗਰੂਰ ਦੇ ਵੀ ਵੱਡੀ ਗਿਣਤੀ ਕਾਂਗਰਸੀ ਆਗੂ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਏ।

ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੈਂਬਰ ਪਾਰਲੀਮੈਂਟ ਡਾ: ਧਰਮਵੀਰ ਗਾਂਧੀ ਨੇ ਕਿਹਾ ਕਿ ਸਵ: ਸੰਤ ਰਾਮ ਸਿੰਗਲਾ ਨੇ ਆਪਣੇ ਰਾਜਸੀ ਜੀਵਨ ਵਿੱਚ ਲੋਕ ਸੇਵਾ ਦੇ ਵੱਡੇ ਕੰਮ ਕੀਤੇ ਹਨ, ਜਿਸ ਕਾਰਨ ਲੋਕ ਉਨ੍ਹਾਂ ਨੂੰ ਅੱਜ ਵੀ ਯਾਦ ਕਰ ਰਹੇ ਹਨ।ਉਨ੍ਹਾਂ ਨੇ ਹਮੇਸ਼ਾ ਦਿਆਨਤਦਾਰੀ, ਇਮਾਨਦਾਰੀ ਨਾਲ ਲੋਕ ਸੇਵਾ ਕੀਤੀ ਤੇ ਉਸੇ ਰਸਤੇ 'ਤੇ ਉਨ੍ਹਾਂ ਦੇ ਸਪੁੱਤਰ ਸ੍ਰੀ ਵਿਜੈ ਇੰਦਰ ਸਿੰਗਲਾ ਚੱਲ ਰਹੇ ਹਨ, ਜਿਨਾਂ ਨੇ ਵਿਕਾਸ ਦੇ ਏਨੇ ਕੰਮ ਕਰਵਾਏ ਹਨ ਕਿ ਉਨ੍ਹਾਂ ਦਾ ਨੇੜੇ ਤੇੜੇ ਕੋਈ ਸਾਨੀ ਨਹੀਂ।ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਵਿੱਚ ਕਾਂਗਰਸ ਦੇ ਸੀਨੀਅਰ ਆਗੂ ਤੇ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸਾਬਕਾ ਕੈਬਨਿਟ ਮੰਤਰੀ ਬਲਵੀਰ ਸਿੰਘ ਸਿੱਧੂ, ਮਹਿਲਾ ਕਾਂਗਰਸ ਦੇ ਸੂਬਾ ਪ੍ਰਧਾਨ ਮੈਡਮ ਗੁਰਸ਼ਰਨ ਕੌਰ ਰੰਧਾਵਾ, ਧੂਰੀ ਤੋਂ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ, ਭਾਜਪਾ ਆਗੂ ਅਮਨਦੀਪ ਸਿੰਘ ਪੂਨੀਆ, ਸੰਗਰੂਰ ਦੇ ਸਾਬਕਾ ਵਿਧਾਇਕ ਸੁਰਿੰਦਰਪਾਲ ਸਿਬੀਆ, ਸੁਨਾਮ ਤੋਂ ਜਸਵਿੰਦਰ ਸਿੰਘ ਧੀਮਾਨ, ਦਿੜ੍ਹਬਾ ਤੋਂ ਜਗਦੇਵ ਗਾਗਾ, ਕੁਲਵੰਤ ਰਾਏ ਸਿੰਗਲਾ ਬਰੇਟਾ, ਲਵ ਕੁਮਾਰ ਗੋਲਡੀ ਸਾਬਕਾ ਵਿਧਾਇਕ ਗੜ੍ਹਸ਼ੰਕਰ, ਕੁਲਜੀਤ ਬੇਦੀ ਡਿਪਟੀ ਮੇਅਰ, ਸ਼ੁਭਮ ਸ਼ਰਮਾ ਧੂਰੀ, ਸੰਗਰੂਰ ਦੇ ਬਲਾਕ ਪ੍ਰਧਾਨ ਰੌਕੀ ਬਾਂਸਲ, ਬਿੰਦਰ ਬਾਂਸਲ, ਦੁਰਲੱਭ ਸਿੱਧੂ ਲਹਿਰਾ, ਸਨਮੀਕ ਹੈਨਰੀ ਲਹਿਰਾ, ਬੀਬੀ ਸੁਰਿੰਦਰ ਕੌਰ ਬਾਲੀਆਂ ਭਦੌੜ, ਹਰਦੀਪ ਸਿੰਘ ਦੌਲਤਪੁਰ, ਰਾਜਨ ਗਰਗ ਜ਼ਿਲ੍ਹਾ ਕਾਂਗਰਸ ਕਮੇਟੀ ਬਠਿੰਡਾ, ਅਰਸ਼ਦੀਪ ਸਿੰਘ ਗਾਗੋਵਾਲ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ, ਬਿੱਟੂ ਸ਼ਰਮਾ ਸਾਬਕਾ ਮੇਅਰ ਪਟਿਆਲਾ, ਭਾਜਪਾ ਆਗੂ ਦਾਮਨ ਥਿੰਦ ਬਾਜਵਾ, ਨਿਸ਼ਾਨ ਟੋਨੀ ਸੁਨਾਮ, ਗਗਨਦੀਪ ਬੌਲੀ ਮੁਕਤਸਰ, ਭਿੰਦਾ ਬਰਾੜ ਉੱਪ-ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਪਰਮਿੰਦਰ ਡਿੰਪਲ ਬਾਘਾ ਪੁਰਾਣਾ, ਮਨੀ ਵੜੈਚ ਸੁਨਾਮ, ਗੀਤਾ ਸ਼ਰਮਾ ਸੁਨਾਮ, ਅਸ਼ਵਨੀ ਗੁਪਤਾ ਸਮਾਣਾ, ਜਗਮੋਹਨ ਸਿੰਘ ਕੰਗ ਖਰੜ, ਅਸ਼ਵਨੀ ਸ਼ਰਮਾ ਜ਼ਿਲ੍ਹਾ ਕਾਂਗਰਸ ਕਮੇਟੀ ਰੋਪੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਪਾਰਟੀਆਂ ਦੇ ਆਗੂ ਸ਼ਾਮਲ ਹੋਏ।

ਸ਼ਰਧਾਂਜਲੀ ਸਮਾਰੋਹ 'ਚ ਸ਼ਾਮਲ ਹੋਣ ਵਾਲਿਆਂ ਦਾ ਧੰਨਵਾਦ ਕਰਦਿਆਂ ਸ੍ਰੀ ਵਿਜੈ ਇੰਦਰ ਸਿੰਗਲਾ ਨੇ ਕਿਹਾ ਕਿ ਮੇਰੇ ਪਿਤਾ ਜੀ ਸ੍ਰੀ ਸੰਤ ਰਾਮ ਸਿੰਗਲਾ ਨੇ ਹਮੇਸ਼ਾ ਹੀ ਲੋਕ ਸੇਵਾ ਦੇ ਕੰਮ ਕਰਨ ਦੀ ਪ੍ਰੇਰਨਾ ਦਿੱਤੀ ਤੇ ਮੈਂ ਆਪਣੀ ਸਾਰੀ ਉਨ੍ਹਾਂ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਲੋਕ ਸੇਵਾ ਦੇ ਕੰਮ ਇਸੇ ਤਰ੍ਹਾਂ ਜਾਰੀ ਰੱਖਾਂਗਾ।

# ਕਣਕ ਖਰੀਦ ਪ੍ਰਬੰਧਾਂ ਨੂੰ ਲੈ ਕੇ ਆੜ੍ਹਤੀ ਐਸੋਸੀਏਸ਼ਨ ਦੀ ਮੀਟਿੰਗ

## ਸਰਕਾਰ ਵੱਲੋਂ ਕਣਕ ਦੀ ਖਰੀਦ ਤੇ ਢੋਆ-ਢੁਆਈ ਦੇ ਪੁਖਤਾ ਪ੍ਰਬੰਧ : ਪ੍ਰਧਾਨ ਕੁੰਦਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇੱਥੇ ਸਥਾਨਕ ਅਨਾਜ ਮੰਡੀ ਵਿੱਚ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੰਡੀ ਦੇ ਆੜ੍ਹਤੀਆਂ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਸਰਪ੍ਰਸਤ ਗੁਰਨਾਮ ਸਿੰਘ ਨਾਗਰਾ, ਹੁਸਨ ਲਾਲ ਮੜਕਨ, ਰਾਜੀਵ ਕੌਸ਼ਲ, ਸੰਜੀਵ ਮਲਹੋਤਰਾ, ਹਰਿੰਦਰਮੋਹਣ ਸਿੰਘ ਕਾਲੜਾ, ਪ੍ਰਿੰਸ ਮਿੱਠੇਵਾਲ, ਹਰਕੇਸ਼ ਨਹਿਰਾ, ਸੰਤੋਖ ਸਿੰਘ ਬਾਜਵਾ, ਹਰਵਿੰਦਰ ਸਿੰਘ ਸ਼ੇਰੀਆਂ, ਸੰਨੀ ਸੂਦ, ਪੁਨੀਤ ਜੈਨ, ਬਲਵਿੰਦਰ ਸਿੰਘ ਮਾਨ, ਚੰਦਰ ਸੇਖ਼ਰ ਖੋਸਲਾ, ਚੇਤਨ ਚੌਰਾਇਆ, ਸ਼ਸ਼ੀ ਭਾਟੀਆ, ਅਮਿਤ ਭਾਟੀਆ, ਲਾਲੀ ਜ਼ੈਲਦਾਰ, ਹੈਪੀ ਬਾਂਸਲ, ਜੈਦੀਪ ਕਾਹਲੋਂ, ਕੁਲਵਿੰਦਰ ਸਿੰਘ ਮਾਨ, ਮਨੋਜ ਬਾਂਸਲ ਸਮੇਤ ਕਣਕ ਖਰੀਦ ਕਰਨ ਵਾਲੇ ਏਜੰਸੀਆਂ ਦੇ ਨੁਮਾਇੰਦਿਆਂ ਨੇ ਵੀ ਭਾਗ ਲਿਆ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਕੁੰਦਰਾ ਨੇ ਕਿਹਾ ਕਿ ਕੁਝ ਹੀ ਦਿਨਾਂ ਅੰਦਰ ਮਾਛੀਵਾੜਾ ਮੰਡੀ ਵਿੱਚ ਕਣਕ ਦੀ ਆਮਦ ਸ਼ੁਰੂ ਹੋ ਜਾਵੇਗੀ ਤੇ ਜੋ ਸਰਕਾਰੀ ਅਧਿਕਾਰੀਆਂ ਨਾਲ ਮੀਟਿੰਗ ਹੋਈ ਉਸ ਵਿੱਚ ਖਰੀਦ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰਨ ਦਾ ਦਾਅਵਾ ਕੀਤਾ ਗਿਆ ਹੈ। ਪ੍ਰਧਾਨ ਨੇ ਕਿਹਾ ਕਿ ਕਣਕ ਖਰੀਦ ਸਬੰਧੀ, ਜੋ ਬਾਰਦਾਨੇ ਦੀ ਲੋੜ ਹੈ, ਉਹ ਏਜੰਸੀਆਂ ਕੋਲ ਪੁੱਜ ਚੁੱਕਾ ਹੈ ਤੇ ਸਰਕਾਰ ਵੱਲੋਂ 24 ਘੰਟਿਆਂ ਵਿੱਚ ਕਿਸਾਨਾਂ ਨੂੰ ਫਸਲ ਦੀ ਅਦਾਇਗੀ ਕਰਨ ਦੇ ਪ੍ਰਬੰਧ ਵੀ ਮੁਕੰਮਲ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਖਰੀਦ ਦੇ ਨਾਲ ਨਾਲ ਲਿਫਟਿੰਗ ਦੇ ਕੰਮ ਵਿੱਚ ਵੀ ਕੋਈ ਸਮੱਸਿਆ ਨਾ ਆਉਣ ਦਾ ਭਰੋਸਾ ਦਿਵਾਇਆ ਹੈ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਕਿਸਾਨ ਜਲਦਬਾਜ਼ੀ ਨਾ ਕਰਨ ਤੇ ਸੁੱਕੀ ਫਸਲ ਹੀ ਮੰਡੀ ਵਿੱਚ ਵੇਚਣ ਲਈ ਲਿਆਉਣ ਤਾਂ ਜੋ ਕੋਈ ਪ੍ਰੇਸ਼ਾਨੀ ਨਾ ਆਵੇ।

# ਵਧੀਆ ਲੇਖਣੀ ਲਈ ਚੰਗਾ ਸਾਹਿਤ ਪੜ੍ਹਨਾ ਜ਼ਰੂਰੀ : ਮੂਲ ਚੰਦ ਸ਼ਰਮਾ



**ਧੂਰੀ (ਸੁਖਦੇਵ ਧੂਰੀ)**-ਪੰਜਾਬੀ ਸਾਹਿਤ ਸਭਾ ਦੀ ਮਹੀਨਾਵਾਰ ਸਾਹਿਤਕ ਇਕੱਤਰਤਾ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤਕ ਭਵਨ ਵਿਖੇ ਹੋਈ।ਸਭ ਤੋਂ ਪਹਿਲਾਂ ਉਨ੍ਹਾਂ ਨੇ ਹਾਜ਼ਰੀਨ ਦਾ ਸੁਆਗਤ ਕਰਨ ਉਪਰੰਤ ਕਿਹਾ ਕਿ ਮਿਆਰੀ ਸਾਹਿਤ ਦੀ ਸਿਰਜਣਾ ਕਰਨ ਲਈ ਚੰਗਾ ਸਾਹਿਤ ਪੜ੍ਹਨਾ ਬੇਹੱਦ ਜ਼ਰੂਰੀ ਹੈ, ਪਾਠਕਾਂ ਦੇ ਨਾਲ਼-ਨਾਲ਼ ਲੇਖਕਾਂ ਵਿੱਚ ਵੀ ਇਹ ਰੁਝਾਨ ਦਿਨੋ-ਦਿਨ ਘਟਦਾ ਜਾ ਰਿਹਾ ਹੈ।ਕਲਮਕਾਰਾਂ ਦੇ ਘਰਾਂ ਵਿੱਚ ਨਿਰਪੱਖ ਸੋਚ ਵਾਲ਼ੇ ਅਖ਼ਬਾਰ, ਰਸਾਲੇ ਤੇ ਸਾਹਿਤਕ ਪੁਸਤਕਾਂ ਦੀ ਨਿੱਜੀ ਲਾਇਬ੍ਰੇਰੀ ਲਾਜ਼ਮੀ ਹੋਣੀ ਚਾਹੀਦੀ ਹੈ।ਹਰ ਵਾਰੀ ਦੀ ਤਰ੍ਹਾਂ ਬੀਤੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਜਾਣ ਵਾਲ਼ੇ ਸਾਹਿਤਕਾਰਾਂ, ਕਲਾਕਾਰਾਂ ਤੇ ਹੋਰ ਮੁੱਖ ਹਸਤੀਆਂ ਨੂੰ ਸ਼ਰਧਾਂਜਲੀ ਵੀ ਭੇਟ ਕੀਤੀ ਗਈ, ਜਿਸ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ, ਕਹਾਣੀਕਾਰ ਤੇ ਸੰਪਾਦਕ ਪ੍ਰੇਮ ਪ੍ਰਕਾਸ਼ ਸਿੰਘ ਤੇ ਗਾਇਕ ਹੰਸ ਰਾਜ ਹੰਸ ਦੀ ਜੀਵਨ ਸਾਥਣ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ । ਦੂਜੇ ਦੌਰ ਵਿੱਚ ਅਪ੍ਰੈਲ ਮਹੀਨੇ 'ਚ ਜਨਮ ਮਿਤੀ ਵਾਲ਼ੇ ਮੈਂਬਰਾਂ ਵਜੋਂ ਗੁਰਜੰਟ ਸਿੰਘ ਮੀਮਸਾ, ਕਰਨਜੀਤ ਸਿੰਘ ਸੋਹੀ, ਮਨਪ੍ਰੀਤ ਕੌਰ ਢੀਂਡਸਾ (ਚੌਂਦਾ) ਤੇ ਜਗਦੀਸ਼ ਸਿੰਘ ਖੀਪਲ਼ ਦਾ ਜਨਮ ਦਿਨ ਮਨਾ ਕੇ ਮੁਬਾਰਕਬਾਦ ਦੇਣ ਤੇ ਤੰਦਰੁਸਤੀ ਭਰੀ ਲੰਮੀ ਉਮਰ ਦੀ ਕਾਮਨਾ ਕਰਨ ਉਪਰੰਤ ਨਵੇਂ ਬਣੇਂ ਮੈਂਬਰਾਂ ਕਰਮ ਸਿੰਘ ਲੁਬਾਣਾ, ਗੁਰਜੰਟ ਸਿੰਘ ਸਹੋਤਾ ਤੇ ਗੁਰਤੇਜ ਸਿੰਘ ਧੂਰਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਪ੍ਰਿੰਸੀਪਲ ਡਾ. ਕਮਲਜੀਤ ਸਿੰਘ ਟਿੱਬਾ, ਅਮਰ ਗਰਗ ਕਲਮਦਾਨ, ਡਾ. ਧਰਮ ਚੰਦ ਵਾਤਿਸ਼ ਤੇ ਧਾਰਮਿਕ ਸੈਲਾਨੀ ਗੁਰਤੇਜ ਸਿੰਘ ਧੂਰਾ ਨੇ ਸ਼ਹੀਦ ਭਗਤ ਸਿੰਘ ਦੀ ਸੋਚ, ਰਾਮ ਨੌਮੀ, ਵਿਸਾਖੀ, ਖਾਲਸਾ ਸਾਜਨਾ ਦਿਵਸ ਬਾਰੇ ਵਿਸਥਾਰ ਸਹਿਤ ਆਪੋ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਅਜੋਕੇ ਲੇਖਕਾਂ ਨੂੰ ਵੀ ਆਪਣੇ ਇਤਿਹਾਸ ਤੋਂ ਸੇਧ ਪ੍ਰਾਪਤ ਕਰ ਕੇ ਚੰਗੇ ਸਮਾਜ ਦੀ ਸਿਰਜਣਾ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ।

# ਸਿੱਖਿਆ ਕਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ : ਬੁੱਧ ਰਾਮ

## ਬੀਰੋਕੇ ਕਲਾਂ ਤੇ ਭਾਦੜਾ ਦੇ ਸਕੂਲਾਂ 'ਚ ਆਧੁਨਿਕ ਕਲਾਸ ਰੂਮ, ਸਾਇੰਸ ਲੈਬ ਦਾ ਉਦਘਾਟਨ



**ਬੁਢਲਾਡਾ (ਅਸ਼ੋਕ ਲਾਕੜਾ)**-ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਸਿੱਖਿਆ ਪੱਧਰ ਨੂੰ ਉੱਚਾ ਚੁੱਕਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍. ਬੁੱਧ ਰਾਮ ਨੇ ਹਲਕੇ ਦੇ ਪਿੰਡ ਬੀਰੋਕੇ ਕਲਾਂ ਤੇ ਭਾਦੜਾ ਵਿਖੇ ਸਰਕਾਰੀ ਸਕੂਲਾਂ 'ਚ ਮੁਕੰਮਲ ਕੀਤੇ ਵੱਖ ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਕੀਤਾ।ਵਿਧਾਇਕ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਨੂੰ ਪ੍ਰਫੁੱਲਿਤ ਕਰਨ ਲਈ ਸਰਕਾਰ ਵੱਲੋਂ ਜਾਰੀ ਗਰਾਂਟਾਂ ਦਾ ਸਦਉਪਯੋਗ ਕੀਤਾ ਜਾ ਰਿਹਾ ਹੈ, ਜਿਸ ਤਹਿਤ ਵਿਦਿਆਰਥੀਆਂ ਨੂੰ ਸਕੂਲਾਂ ਅੰਦਰ ਆਧੁਨਿਕ ਸਹੂਲਤਾਂ ਮਿਲ ਰਹੀਆਂ ਹਨ।ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਪਿਛਲੇ 3 ਸਾਲਾਂ ਤੋਂ ਸਿੱਖਿਆ ਕ੍ਰਾਂਤੀ ਲਈ ਕੀਤੇ ਗਏ ਉਪਰਾਲਿਆਂ ਸਦਕਾ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ। ਉਨ੍ਹਾ ਕਿਹਾ ਕਿ ਸਰਕਾਰੀ ਸਕੂਲਾਂ ਅੰਦਰ ਦਿੱਤੀਆਂ ਗਈਆਂ ਆਧੁਨਿਕ ਸਹੂਲਤਾਂ ਨੂੰ ਲੋਕਾਂ ਦੇ ਰੂਬਰੂ ਕਰਨਾ ਅੱਜ ਦੇ ਸਮਾਗਮ ਦਾ ਮੁੱਖ ਮੰਤਵ ਹੈ ਤਾਂ ਜੋ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪੇ ਉਨ੍ਹਾਂ ਦੇ ਬੱਚਿਆਂ ਨੂੰ ਮਿਲ ਰਹੀਆਂ ਸਹੂਲਤਾਂ ਦੇ ਸਨਮੁੱਖ ਹੋ ਸਕਣ।

ਵਿਧਾਇਕ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਬੀਰੋਕੇ ਕਲਾਂ ਵਿਖੇ 5 ਲੱਖ ਦੀ ਲਾਗਤ ਨਾਲ ਚਾਰਦੀਵਾਰੀ, 3 ਲੱਖ ਦੀ ਲਾਗਤ ਨਾਲ ਕਮਰੇ ਦੀ ਉਸਾਰੀ ਕਰਵਾਈ ਗਈ।ਇਸੇ ਤਰ੍ਹਾਂ ਸਰਕਾਰੀ ਸੈਕੰਡਰੀ ਸਮਾਰਟ ਸਕੂਲ ਬੀਰੋਕੇ ਕਲਾਂ ਵਿਖੇ 7.51 ਲੱਖ ਦੀ ਲਾਗਤ ਨਾਲ ਕਲਾਸ ਰੂਮ, 2.25 ਲੱਖ ਦੀ ਲਾਗਤ ਨਾਲ ਕਮਰੇ ਦੀ ਰਿਪੇਅਰ, 2 ਲੱਖ ਦੀ ਲਾਗਤ ਨਾਲ ਪੈਰਾਮਿਲਟਰੀ ਗਰਾਊਂਡ ਤੇ 4 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਦੀ ਉਸਾਰੀ ਕੀਤੀ ਗਈ ਹੈ।ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭਾਦੜਾ ਵਿਖੇ 19 ਲੱਖ 14 ਹਜ਼ਾਰ ਰੁਪਏ ਦੀ ਲਾਗਤ ਨਾਲ ਕਾਮਰਸ ਬਲਾਕ ਰੂਮ, 11 ਲੱਖ ਦੀ ਲਾਗਤ ਨਾਲ ਸਾਇੰਸ ਲੈਬ, 1 ਲੱਖ 13 ਹਜ਼ਾਰ ਰੁਪਏ ਨਾਲ ਕੁੜੀਆਂ ਲਈ ਬਾਥਰੂਮ, 1 ਲੱਖ 40 ਹਜ਼ਾਰ ਰੁਪਏ ਦੀ ਲਾਗਤ ਨਾਲ ਬਾਥਰੂਮਾਂ ਦੀ ਰਿਪੇਅਰ ਤੇ 6 ਲੱਖ ਰੁਪਏ ਨਾਲ ਸਕੂਲ ਦੀ ਮੇਜਰ ਰਿਪੇਅਰ ਦਾ ਕੰਮ ਕਰਵਾਇਆ ਗਿਆ ਹੈ।

ਇਸ ਮੌਕੇ ਬਲਾਕ ਸਿੱਖਿਆ ਕੋਆਡਰੀਨੇਟਰ ਸੁਭਾਸ਼ ਨਾਗਪਾਲ, ਚੇਅਰਮੈਨ ਮਾਰਕਿਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ, ਚੇਅਰਮੈਨ ਕੋਆਪ੍ਰੇਟਿਵ ਸੋਸਾਇਟੀ, ਸੋਹਣਾ ਸਿੰਘ ਕਲੀਪੁਰ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਨਵਨੀਤ ਕੱਕੜ, ਨੈਸ਼ਨਲ ਅਵਾਰਡੀ ਅਮਰਜੀਤ ਸਿੰਘ, ਪ੍ਰਿੰਸੀਪਲ ਗੁਰਮੀਤ ਸਿੰਘ ਸਿੱਧੂ, ਪ੍ਰਿੰਸੀਪਲ ਲਖਵੀਰ ਸਿੰਘ, ਪ੍ਰਿੰਸੀਪਲ ਜ਼ਫਰ ਅਲੀ, ਹੈੱਡ ਟੀਚਰ ਕਸ਼ਮੀਰ ਸਿੰਘ, ਹੈੱਡ ਮਾਸਟਰ ਮਨਦੀਪ ਸਿੰਘ, ਸਰਪੰਚ ਬੀਰੋਕੇ ਕਲਾਂ ਗੁਰਮੀਤ ਸਿੰਘ ਗੀਤੂ, ਸਰਪੰਚ ਭਾਦੜਾ ਜਸਵਿੰਦਰ ਕੌਰ, ਮੀਡੀਆ ਕੋਆਰਡੀਨੇਟਰ ਸਿੱਖਿਆ ਵਿਭਾਗ ਹਲਕਾ ਬੁਢਲਾਡਾ ਪਿਆਰਾ ਸਿੰਘ ਗੁਰਨੇ ਹਾਜ਼ਰ ਸਨ।

# ਭਾਖੜਾ ਨਹਿਰ 'ਚੋਂ ਮਿਲੀ ਕਾਰ ਤੇ ਮਨੁੱਖੀ ਪਿੰਜਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਚਨਾਰਥਲ ਕਲਾਂ ਨੇੜਿਓਂ ਲੰਘਦੀ ਭਾਖੜਾ ਨਹਿਰ 'ਚੋਂ ਗੋਤਾਖੋਰਾਂ ਦੀ ਟੀਮ ਨੂੰ ਇੱਕ ਹਾਂਡਾ ਸਿਟੀ ਕਾਰ ਤੇ ਇੱਕ ਮਨੁੱਖੀ ਪਿੰਜਰ ਮਿਲਿਆ ਹੈ।ਭੋਲੇ ਸ਼ੰਕਰ ਡਾਈਵਰਜ਼ ਕਲੱਬ ਦੇ ਪ੍ਰਧਾਨ ਸ਼ੰਕਰ ਭਾਰਦਵਾਜ ਨੇ ਦੱਸਿਆ ਕਿ ਨਹਿਰ 'ਚ ਅਚਾਨਕ ਡਿੱਗੇ ਦੋ ਵਿਅਕਤੀਆਂ ਦੀ ਭਾਲ ਵਿੱਚ ਉਨ੍ਹਾਂ ਦੇ ਗੋਤਾਖੋਰਾਂ ਦੀ ਟੀਮ ਚਨਾਰਥਲ ਨੇੜੇ ਭਾਖੜਾ ਨਹਿਰ 'ਚ ਉੱਤਰੀ ਸੀ, ਜਿਸ ਦੌਰਾਨ ਗੋਤਾਖੋਰਾਂ ਨੂੰ ਨਹਿਰ ਦੇ ਬਿਲਕੁਲ ਹੇਠਾਂ ਇੱਕ ਹਾਂਡਾ ਸਿਟੀ ਕਾਰ ਦਿਖਾਈ ਦਿੱਤੀ, ਜਿਸ 'ਤੇ ਪੁਲਸ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਗਿਆ ਤੇ ਜਦੋਂ ਮਸ਼ੀਨਰੀ ਦੀ ਮੱਦਦ ਨਾਲ ਨਹਿਰ 'ਚੋਂ ਉਕਤ ਕਾਰ ਨੂੰ ਬਾਹਰ ਕੱਢਿਆ ਗਿਆ ਤਾਂ ਕਾਰ ਵਿੱਚੋਂ ਇੱਕ ਮਨੁੱਖੀ ਪਿੰਜਰ ਵੀ ਬਰਾਮਦ ਹੋਇਆ, ਜਿਸ ਨੂੰ ਕਬਜ਼ੇ 'ਚ ਲੈ ਕੇ ਮੂਲੇਪੁਰ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਸੂਤਰਾਂ ਮੁਤਾਬਕ ਉਕਤ 2021 ਮਾਡਲ ਹਾਂਡਾ ਸਿਟੀ ਕਾਰ ਪਿੰਡ ਚਨਾਰਥਲ ਦੇ ਹੀ ਕਿਸੇ ਵਿਅਕਤੀ ਦੀ ਹੈ, ਜੋ ਕਾਫੀ ਸਮੇਂ ਤੋਂ ਲਾਪਤਾ ਦੱਸਿਆ ਜਾ ਰਿਹਾ ਹੈ।ਸੂਤਰਾਂ ਅਨੁਸਾਰ ਉਕਤ ਵਿਅਕਤੀ ਦਾ ਪਰਵਾਰ ਵਿਦੇਸ਼ 'ਚ ਰਹਿੰਦਾ ਹੈ ਤੇ ਉਸ ਦੀ ਪਤਨੀ ਵੱਲੋਂ ਤਲਾਕ ਲੈ ਕੇ ਬੱਚਿਆਂ ਸਮੇਤ ਘਰੋਂ ਚਲੇ ਜਾਣ ਤੋਂ ਬਾਅਦ ਉਹ ਘਰ ਵਿੱਚ ਇਕੱਲਾ ਹੀ ਰਹਿੰਦਾ ਸੀ, ਜਿਸ ਦਾ ਹੁਣ ਤੱਕ ਕੋਈ ਸੁਰਾਗ ਨਹੀਂ ਸੀ ਲੱਗ ਰਿਹਾ।ਮਾਮਲੇ ਸਬੰਧੀ ਪੁੱਛੇ ਜਾਣ 'ਤੇ ਐਸ.ਪੀ.(ਡੀ) ਰਕੇਸ਼ ਯਾਦਵ ਨੇ ਦੱਸਿਆ ਕਿ ਕਾਰ ਦੇ ਮਾਲਕ ਬਾਰੇ ਤਾਂ ਕੁਝ ਜਾਣਕਾਰੀ ਮਿਲੀ ਹੈ, ਪਰ ਕਾਰ 'ਚੋਂ ਮਿਲਿਆ ਪਿੰਜਰ ਕਾਰ ਦੇ ਮਾਲਕ ਦਾ ਹੈ ਜਾਂ ਕਿਸੇ ਹੋਰ ਦਾ ਇਸ ਦੀ ਹਾਲੇ ਪੁਸ਼ਟੀ ਨਹੀਂ ਹੋ ਸਕੀ।ਉਨ੍ਹਾਂ ਦੱਸਿਆ ਕਿ ਇਸਦੀ ਜਾਂਚ ਚੱਲ ਰਹੀ ਹੈ ਕਿ ਉਕਤ ਮਾਮਲਾ ਖੁਦਕਸ਼ੀ ਦਾ ਹੈ ਜਾਂ ਹਾਦਸੇ ਦਾ।

# ਪ੍ਰਵਾਸੀ ਭਾਰਤੀ ਪਰਵਾਰ ਵੱਲੋਂ ਹਸਪਤਾਲ ਨੂੰ ਆਟੋਕਲੇਵ ਤੇ ਸਮਾਨ ਭੇਟ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਮਿਊਨਿਟੀ ਹੈੱਲਥ ਸੈਂਟਰ ਵਿਖੇ ਮਹਿਲ ਖ਼ੁਰਦ ਨਾਲ ਸਬੰਧਤ ਸਮਾਜ ਸੇਵੀ ਪਰਵਾਰ ਹਰਦੀਪ ਕੌਰ ਹਰੀ ਪਤਨੀ ਮਨਜੋਧ ਸਿੰਘ ਹਰੀ ਵੱਲੋਂ ਅਪ੍ਰੇਸ਼ਨ ਦੌਰਾਨ ਲੋੜੀਂਦਾ ਸਮਾਨ ਸਟ੍ਰਲਾਈਜ਼ ਕਰਨ ਵਾਸੇ ਆਟੋਕਲੇਵ ਤੇ ਆਟੋਕਲੇਵ ਡਰੰਮ ਦਾਨ ਕੀਤੇ ਗਏ।ਇਹ ਸਮਾਨ ਪਰਵਾਰ ਵੱਲੋਂ ਪ੍ਰੀਤ ਕਲੀਨਿਕ ਮਹਿਲ ਕਲਾਂ ਦੇ ਮਾਲਕ ਡਾ. ਨਰਿੰਦਰ ਸਿੰਘ ਨੇ ਭੇਟ ਕੀਤਾ।ਐਸ.ਐਮ.ਓ. ਮਹਿਲ ਕਲਾਂ ਡਾ. ਗੁਰਤੇਜਿੰਦਰ ਕੌਰ ਨੇ ਦਾਨੀ ਪਰਵਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਹੋਰਨਾਂ ਨੂੰ ਵੀ ਇਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।ਡਾ. ਅਮਰਜੀਤ ਸਿੰਘ ਕੁੱਕੂ, ਬਲਦੇਵ ਸਿੰਘ ਧਨੇਰ, ਗੁਰਮੀਤ ਸਿੰਘ ਸਟੈਂਡਰਡ ਲੈਬ, ਬੇਅੰਤ ਸਿੰਘ ਮਿੱਠੂ ਨੇ ਦੱਸਿਆ ਕਿ ਇਸ ਦਾਨੀ ਪਰਵਾਰ ਵਲੋਂ ਇਸ ਤੋਂ ਪਹਿਲਾਂ ਇਕ ਈ.ਸੀ.ਜ਼ੀ. ਮਸ਼ੀਨ ਵੀ ਇਸ ਹਸਪਤਾਲ ਨੂੰ ਭੇਟ ਕੀਤੀ ਗਈ ਸੀ, ਜਿਸ ਦਾ ਲਾਭ ਵੱਡੀ ਗਿਣਤੀ 'ਚ ਲੋਕਾਂ ਨੂੰ ਮਿਲ ਰਿਹਾ ਹੈ। ਇਸ ਸਮੇਂ ਮੈਡੀਕਲ ਅਫ਼ਸਰ ਲਵਦੀਪ ਪਵਾਰ, ਡਾ. ਨਵਨੀਤ ਕੁਮਾਰ ਬਾਂਸਲ, ਡਾ. ਅੰਮ੍ਰਿਤਪਾਲ ਸਿੰਘ, ਫ਼ਾਰਮੇਸੀ ਅਫ਼ਸਰ ਜਸਵਿੰਦਰ ਸਿੰਘ ਸਿੱਧੂ, ਜਸਵਿੰਦਰ ਕੌਰ ਤੇ ਸਿੰਪਲ ਸਿੰਘ ਆਦਿ ਹਾਜ਼ਰ ਸਨ।

# ਸੇਵਾ ਮੁਕਤ ਬਿਜਲੀ ਕਾਮਿਆਂ ਵੱਲੋਂ ਮੰਗਾਂ ਦੇ ਹੱਲ ਲਈ ਸੰਘਰਸ਼ ਵਿੱਢਣ ਦਾ ਫੈਸਲਾ

**ਦੋਰਾਹਾ (ਹਰਮਿੰਦਰ ਸੇਠ)**-ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਤੇ ਟ੍ਰਾਂਸਕੋ ਡਵੀਜ਼ਨ ਦੋਰਾਹਾ ਦੇ ਸਕੱਤਰ ਤਰਸੇਮ ਲਾਲ ਤੇ ਪ੍ਰੈੱਸ ਸੱਕਤਰ ਕ੍ਰਿਸ਼ਨ ਕੁਮਾਰ 'ਵਿਨਾਇਕ' ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਡਵੀਜ਼ਨ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਜਨਰਲ ਬਾਡੀ ਦੀ ਮੀਟਿੰਗ ਹਿੰਦੂ ਧਰਮਸ਼ਾਲਾ ਵਿੱਚ ਹੋਈ।ਇਸ ਮੀਟਿੰਗ ਵਿੱਚ ਡਵੀਜ਼ਨ ਦੋਰਾਹਾ ਅਧੀਨ ਪੈਂਦੀਆਂ, ਸਬ ਡਵੀਜ਼ਨਾਂ ਸਿਟੀ ਦੋਰਾਹਾ, ਰਾਮਪੁਰ, ਪਾਇਲ, ਧਮੋਟ, ਘੁਡਾਣੀ ਕਲਾਂ, ਗਰਿੱਡ ਸਬ ਸਟੇਸ਼ਨ ਤੇ ਡਵੀਜ਼ਨ ਦਫਤਰ ਵਿੱਚੋਂ ਸੇਵਾ ਮੁਕਤ ਹੋ ਚੁੱਕੇ ਕਾਮਿਆਂ ਤੇ ਫੈਮਿਲੀ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਮੀਟਿੰਗ ਵਿੱਚ ਲਾਈਫ ਸਰਟੀਫਿਕੇਟ ਭਰਨ ਉਪਰੰਤ ਸਰਕਾਰਾਂ ਤੇ ਮੈਨੇਜਮੈਂਟ ਦੀਆਂ ਕਿਸਾਨ-ਮਜ਼ਦੂਰ-ਮੁਲਾਜ਼ਮ ਵਿਦਿਆਰਥੀ ਬੇ-ਰੁਜ਼ਗਾਰ ਨੌਜਵਾਨ ਤੇ ਆਮ ਮਿਹਨਤੀ ਲੋਕਾਂ ਵਿਰੋਧੀ ਨੀਤੀਆਂ ਬਾਰੇ ਅਤੇ ਆਉਣ ਵਾਲੇ ਸਮੇਂ ਵਿੱਚ ਜੋ ਸੰਘਰਸ਼ 'ਤੇ ਪਬੰਦੀਆਂ ਲਾਉਣ ਦੇ ਫੈਸਲੇ ਕੀਤੇ ਜਾ ਰਹੇ ਅਤੇ ਲਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਹੱਲ ਕਿਉਂ ਨਹੀਂ ਕੀਤਾ ਜਾ ਰਿਹਾ, ਭਰਵੀਂ ਬਹਿਸ ਵਟਾਂਦਰਾ ਕਰਕੇ ਅਗਲੇ ਸੰਘਰਸ਼ ਦੀ ਤਿਆਰੀ ਕਰਨ ਲਈ ਫੈਸਲੇ ਕੀਤੇ ਗਏ।ਮੀਟਿੰਗ ਵਿੱਚ ਖੰਨਾ ਸਰਕਲ ਦੇ ਪ੍ਰਧਾਨ ਹਰਬੰਸ ਸਿੰਘ ਦੋਬੁਰਜੀ, ਦੋਰਾਹਾ ਡਵੀਜ਼ਨ ਦੇ ਆਗੂ ਹਰਚਰਨ ਸਿੰਘ ਗਰੇਵਾਲ, ਰਾਮ ਕਿਸ਼ਨ, ਰਕੇਸ਼ ਕੁਮਾਰ, ਭਗਵੰਤ ਸਿੰਘ, ਜਗਦੇਵ ਸਿੰਘ, ਅਵਤਾਰ ਸਿੰਘ, ਰਾਮ ਸਰੂਪ, ਸਾਗਾ ਰਾਮ, ਸਿਕੰਦਰ ਸਿੰਘ ਤੇ ਨਛੱਤਰ ਸਿੰਘ ਨੇ ਆਪਣੇ ਆਪਣੇ ਵਿਚਾਰ ਰੱਖਦੇ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਮੰਗਾਂ ਨੂੰ ਹੱਲ ਨਾ ਕਰਨ ਵਿਰੁੱਧ ਪੰਜਾਬ ਦੇ ਸਾਂਝੇ ਪੈਨਸ਼ਨਰ ਤੇ ਮੁਲਾਜ਼ਮ ਫਰੰਟ ਦੇ ਸੱਦੇ 'ਤੇ 24 ਮਾਰਚ 2025 ਨੂੰ ਮੁਹਾਲੀ ਵਿਖੇ ਵਿਸ਼ਾਲ ਧਰਨਾ ਦਿੱਤਾ ਗਿਆ ਸੀ, ਪ੍ਰੰਤੂ ਅੱਜ ਤੱਕ ਲਮੇਂ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਹੱਲ ਨਹੀਂ ਕੀਤਾ ਗਿਆ। ਆਗੂਆਂ ਨੇ ਮਹਿਕਮੇ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਦੀਆਂ ਨੀਤੀਆਂ ਅਤੇ ਹੜਤਾਲਾ ਸੰਘਰਸ਼ਾ ਤੇ ਪਬੰਦੀਆ ਲਾਊਣ ਲਈ ਕੀਤੇ ਜਾ ਰਹੇ ਫੈਸਲਿਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਰੱਦ ਕਰਨ ਦੀ ਮੰਗ ਕੀਤੀ।ਇਸ ਦੇ ਨਾਲ ਹੀ ਆਗੂਆਂ ਨੇ ਪਿੰਡ ਚੌਂਕੇ ਵਿੱਚ ਸੰਘਰਸ਼ ਕਰਦੇ ਅਧਿਆਪਕਾਂ ਤੇ ਉਨ੍ਹਾਂ ਦੀ ਹਮਾਇਤ ਵਿੱਚ ਆਏ ਕਿਸਾਨਾਂ, ਮਜ਼ਦੂਰਾਂ ਤੇ ਪੰਜਾਬ ਸਰਕਾਰ ਨੇ ਪੁਲਸ ਰਾਹੀਂ ਲਾਠੀਚਾਰਜ ਕਰਕੇ ਜੇਲ੍ਹਾਂ ਵਿੱਚ ਡੱਕਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਬਿਨਾਂ ਸ਼ਰਤ ਰਿਹਾਅ ਕਰਕੇ ਮੰਗਾਂ ਮਸਲਿਆਂ ਨੂੰ ਹੱਲ ਕੀਤਾ ਜਾਵੇ। ਆਗੂਆਂ ਨੇ ਚੇਤਾਵਨੀ ਦਿਤੀ ਕਿ ਜੇਕਰ ਸੇਵਾ ਮੁਕਤ ਬਿਜਲੀ ਕਾਮਿਆਂ ਦੇ ਮੰਗਾਂ ਮਸਲਿਆਂ ਨੂੰ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਸੂਬਾ ਕਮੇਟੀ ਵੱਲੋਂ ਜੋ ਵੀ ਸੰਘਰਸ਼ ਦਾ ਸੱਦਾ ਦਿੱਤਾ ਜਾਵੇਗਾ, ਦੋਰਾਹਾ ਡਵੀਜ਼ਨ ਦੇ ਕਾਮੇ ਵੱਡੀ ਤਿਆਰੀ ਕਰਕੇ ਸੰਘਰਸ਼ ਪ੍ਰੋਗਾਮ ਨੂੰ ਲਾਗੂ ਕਰਨਗੇ।

# ਰਸੋਈਏ ਬਣ ਕੇ ਨਕਦੀ ਸੋਨਾ ਲੁੱਟਣ ਵਾਲੇ ਨਿਪਾਲੀ ਗਰੋਹ ਦੇ ਮੈਂਬਰਾਂ ਨੂੰ 10-10 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਘਰਾਂ 'ਚ ਇਕੱਲੇ ਰਹਿੰਦੇ ਬਜ਼ੁਰਗਾਂ ਦੇ ਖਾਣੇ 'ਚ ਬੇਹੋਸ਼ੀ ਦੀ ਦਵਾਈਆਂ ਮਿਲਾ ਕੇ ਸੋਨਾ ਤੇ ਨਕਦੀ ਆਦਿ ਸਮਾਨ ਲੁੱਟ ਲੈ ਜਾਣ ਵਾਲੇ ਇੱਕ ਗਰੋਹ ਦੇ ਚਾਰ ਮੈਂਬਰਾਂ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ 10/10 ਸਾਲ ਕੈਦ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।

ਜਾਣਕਾਰੀ ਅਨੁਸਾਰ 1/3/22 ਨੂੰ ਸੀ.ਆਈ.ਏ. ਸਟਾਫ ਸਰਹਿੰਦ ਦੀ ਇੱਕ ਟੀਮ ਨੂੰ ਮੁਖਬਰੀ ਮਿਲੀ ਸੀ ਕਿ ਨਿਪਾਲੀ ਮੂਲ ਦੇ ਕੁਝ ਵਿਅਕਤੀਆਂ ਨੇ ਇੱਕ ਗਰੋਹ ਬਣਾਇਆ ਹੋਇਆ ਹੈ, ਜਿਸ ਦੇ ਮੈਂਬਰ ਉਨ੍ਹਾਂ ਕੋਠੀਆਂ 'ਚ ਰਸੋਈਏ ਵਜੋਂ ਨੌਕਰੀ ਕਰ ਲੈਂਦੇ ਹਨ, ਜਿਨ੍ਹਾਂ 'ਚ ਜਾਂ ਤਾਂ ਬਜ਼ੁਰਗ ਜੋੜੇ ਰਹਿੰਦੇ ਹਨ ਜਾਂ ਪਰਵਾਰ ਦੇ ਮੈਂਬਰ ਘੱਟ ਹੁੰਦੇ ਹਨ, ਜਿੱਥੇ ਉਹ ਮੌਕਾ ਦੇਖ ਕੇ ਘਰ ਦੇ ਮਾਲਕਾਂ ਦੇ ਖਾਣੇ 'ਚ ਨਸ਼ੇ ਵਾਲੀਆਂ ਦਵਾਈਆਂ ਮਿਲਾ ਕੇ ਉਨ੍ਹਾਂ ਨੂੰ ਬੇਹੋਸ਼ ਕਰ ਦਿੰਦੇ ਹਨ ਤੇ ਆਪਣੇ ਗਿਰੋਹ ਦੇ ਮੈਂਬਰਾਂ ਦੀ ਮੱਦਦ ਨਾਲ ਉੱਥੋਂ ਸੋਨਾ, ਨਕਦੀ ਤੇ ਹੋਰ ਕੀਮਤੀ ਸਮਾਨ ਲੈ ਕੇ ਫਰਾਰ ਹੋ ਜਾਂਦੇ ਹਨ।ਉਕਤ ਗਰੋਹ ਦੇ ਮੈਂਬਰ ਇਸ ਸਮੇਂ ਚਤਰਪੁਰਾ ਦੀ ਇੱਕ ਸੁੰਨਸਾਨ ਜਗ੍ਹਾ 'ਤੇ ਬੈਠੇ ਡਾਕੇ ਦੀ ਯੋਜਨਾ ਬਣਾ ਰਹੇ ਹਨ।ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਮੁੱਕਦਮਾ ਦਰਜ ਕਰਾਉਂਦੇ ਹੋਏ ਸੀ.ਆਈ.ਏ. ਦੀ ਟੀਮ ਵੱਲੋਂ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਗਈ, ਜਿੱਥੇ ਮੌਜੂਦ ਚੱਕਰ ਸੌਂਦ, ਥੈਪੂ ਸਿੰਘ, ਹੀਰਾ ਸਿੰਘ, ਅਰਜਨ ਬਹਾਦੁਰ ਤੇ ਸ਼ੰਕਰ ਬਹਾਦੁਰ ਵਾਸੀਆਨ ਨਿਪਾਲ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਦੇ ਕਬਜ਼ੇ 'ਚੋਂ ਵੱਖ-ਵੱਖ ਮਾਰੂ ਹਥਿਆਰ, 960 ਕੈਪਸੂਲ ਪਾਈਵਾਨ ਸਪਾਸ ਅਤੇ 90 ਲੋਰਾਜ਼ੇਪਾਮ ਗੋਲੀਆਂ ਬਰਾਮਦ ਹੋਈਆਂ।ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਚਕਰ ਸੌਂਦ, ਥੇਪੂ ਸਿੰਘ, ਹੀਰਾ ਸਿੰਘ ਅਤੇ ਸ਼ੰਕਰ ਬਹਾਦੁਰ ਨੂੰ ਮਾਮਲੇ 'ਚ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 10-10 ਸਾਲ ਕੈਦ ਬਾਮੁਸ਼ੱਕਤ ਤੇ 1-1 ਲੱਖ ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ।ਅਦਾਲਤ ਨੇ ਇਸੇ ਮਾਮਲੇ 'ਚ ਚਕਰ ਸੌਂਦ, ਥੇਪੂ ਸਿੰਘ ਤੇ ਹੀਰਾ ਸਿੰਘ ਨੂੰ ਅ/ਧ 25/54/59 ਅਸਲਾ ਐਕਟ ਤਹਿਤ ਵੀ ਦੋਸ਼ੀ ਮੰਨਦੇ ਹੋਏ 2-2 ਸਾਲ ਕੈਦ ਬਾਮੁਸ਼ੱਕਤ ਦੀ ਸਜ਼ਾ ਸੁਣਾਈ ਹੈ, ਜਦੋਂ ਕਿ ਇਸ ਮਾਮਲੇ 'ਚ ਭਗੌੜੇ ਕਰਾਰ ਦਿੱਤੇ ਜਾ ਚੁੱਕੇ ਖੜਕ ਸਿੰਘ ਤੇ ਅਰਜੁਨ ਬਹਾਦਰ ਸਬੰਧੀ ਫ਼ੈਸਲਾ ਉਨ੍ਹਾਂ ਦੀ ਗ੍ਰਿਫ਼ਤਾਰੀ ਉਪਰੰਤ ਸੁਣਵਾਇਆ ਜਾਵੇਗਾ।

# ਕੁਠਾਲਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



**ਸ਼ੇਰਪੁਰ (ਰਵੀ ਟਿੱਬਾ)**-ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਦੇ ਹੁਕਮਾਂ ਤੇ ਸਿਵਲ ਸਰਜਨ ਮਲੇਰਕੋਟਲਾ ਡਾ. ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਸਿਹਤ ਅਫਸਰ ਡਾ. ਪੁਨੀਤ ਸਿੱਧੂ ਤੇ ਸੀਨੀਅਰ ਮੈਡੀਕਲ ਅਫਸਰ ਇ. ਪੀ.ਐੱਚ.ਸੀ. ਫਤਿਹਗੜ੍ਹ ਪੰਜਗਰਾਈਆਂ ਡਾ. ਗੁਰਪ੍ਰਕਾਸ਼ ਸਿੰਘ ਭਿੰਡਰ ਦੀ ਯੋਗ ਅਗਵਾਈ ਹੇਠ ਆਰ ਐੱਚ/ਪੀ.ਐੱਚ.ਸੀ. ਕੁਠਾਲਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਬਲਾਕ ਐਜੂਕੇਟਰ ਜਗਸੀਰ ਸਿੰਘ ਟਿੱਬਾ ਨੇ ਵਿਸ਼ਵ ਸਿਹਤ ਦਿਵਸ ਦੇ ਇਤਿਹਾਸ ਤੇ ਉਦੇਸ਼ ਬਾਰੇ ਗੱਲ ਕਰਦੇ ਹੋਏ ਲੋਕਾਂ ਨੂੰ ਦੱਸਿਆ ਕਿ ਪੂਰੀ ਦੁਨੀਆ ਵਿੱਚ ਇਹ ਦਿਨ ਹਰ ਸਾਲ 7 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ।ਇਸ ਦਿਨ ਨੂੰ ਮਨਾਉਣ ਦਾ ਮਕਸਦ ਦੁਨੀਆ ਭਰ ਵਿੱਚ ਲੋਕਾਂ ਨੂੰ ਸਿਹਤ ਬਾਰੇ ਜਾਗਰੂਕ ਕਰਨਾ ਹੈ ਤੇ ਸਿਹਤ ਸੰਬੰਧੀ ਮੁੱਦਿਆਂ ਉੱਤੇ ਧਿਆਨ ਕੇਂਦਰਤ ਕਰਨਾ ਹੈ।ਇਸ ਦੇ ਤਹਿਤ ਪੋਲੀਓ, ਖੂਨ ਦੀ ਕਮੀ, ਨੇਤਰਹੀਣਤਾ, ਟੀ ਬੀ ਮਲੇਰੀਆ ਆਦਿ ਬਿਮਾਰੀਆਂ ਦੇ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ।ਇਸ ਮੌਕੇ ਡਾ. ਮੁਹੰਮਦ ਕਾਜਿਮ ਐੱਮ ਓ, ਡਾ. ਕਮਲਦੀਪ ਸਿੰਘ ਐੱਮ ਓ, ਹੈਲਥ ਇੰਸਪੈਕਟਰ ਗੁਲਜ਼ਾਰ ਖਾਨ, ਹੈਲਥ ਇੰਸਪੈਕਟਰ ਹਰਭਜਨ ਸਿੰਘ, ਜੀਸ਼ਾਨ ਮੁਹੰਮਦ ਫਾਰਮੇਸੀ ਅਫਸਰ, ਨਿਰਭੈ ਸਿੰਘ ਮਪਹਵ (ਮ), ਫੈਜ਼ਲ ਖਾਨ ਫਾਰਮੇਸੀ ਅਫਸਰ, ਜਸਵਿੰਦਰ ਕੌਰ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ...ਸ.ਫ਼ਾ 1 ਦੇ ਬਾਕੀ

## ਮੁਫਤ ਸਫਰ ਦੇ 600...

ਕੀਤਾ ਜਾ ਰਿਹਾ ਹੈ। ਮੁਫ਼ਤ ਸਫਰ ਦੀ ਭੱਲ ਅਤੇ ਵਾਹ-ਵਾਹ ਸਰਕਾਰ ਵਰਕਰਾਂ ਦੀਆਂ ਅਦਾਇਗੀਆਂ ਦੀ ਕੀਮਤ 'ਤੇ ਖੱਟ ਰਹੀ ਹੈ, ਭਾਵ ਕਿ ਔਰਤਾਂ ਦੇ ਮੁਫ਼ਤ ਸਫਰ ਦਾ ਖਮਿਆਜ਼ਾ ਪੀ ਆਰ ਟੀ ਸੀ ਦੇ ਕਰਮਚਾਰੀ ਭੁਗਤ ਰਹੇ ਹਨ।

ਆਗੂਆਂ ਮੰਗ ਕੀਤੀ ਕਿ ਪੈਨਸ਼ਨ ਹਰ ਮਹੀਨੇ ਸਮੇਂ ਸਿਰ ਮਿਲਣੀ ਯਕੀਨੀ ਬਣਾਈ ਜਾਵੇ, ਸਰਕਾਰ ਮੁਫ਼ਤ ਸਫਰ ਦੇ ਬਦਲੇ 600 ਕਰੋੜ ਰੁਪਏ ਪੀ ਆਰ ਟੀ ਸੀ ਨੂੰ ਤੁਰੰਤ ਦੇਵੇ। ਨਵੀਂਆਂ 500 ਬੱਸਾਂ ਬਿਨਾਂ ਦੇਰੀ ਤੋਂ ਪਾਈਆਂ ਜਾਣ, ਵਰਕਰਾਂ ਦੇ ਸਾਰੇ ਬਕਾਏ ਅਦਾ ਕੀਤੇ ਜਾਣ ਅਤੇ ਐੱਲ ਟੀ ਸੀ ਲਾਗੂ ਕੀਤੀ ਜਾਵੇ। ਇਨ੍ਹਾਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਬੱਸ ਸਟੈਂਡਾਂ 'ਤੇ ਸਰਕਾਰ ਵਿਰੁੱਧ ਪ੍ਰਚਾਰ ਮੁਹਿੰਮ ਵਿੱਢੀ ਜਾਵੇਗੀ।

## ਐੱਲ ਪੀ ਜੀ ਸਿਲੰਡਰ...

ਪ੍ਰਸ਼ਾਸਨ ਦੇ ਟੈਰਿਫ ਖਤਰਿਆਂ ਕਾਰਨ ਹੋਇਆ ਹੈ, ਭਾਰਤ ਦੀ ਆਰਥਿਕਤਾ ਨੂੰ ਬਾਹਰੀ ਝਟਕਿਆਂ ਤੋਂ ਬਚਾਉਣ ਵਿੱਚ ਸਰਕਾਰ ਦੀ ਅਸਫਲਤਾ ਨੂੰ ਦਰਸਾਉਂਦਾ ਹੈ।

ਸੀ ਪੀ ਆਈ ਮੰਗ ਕਰਦੀ ਹੈ ਕਿ ਆਮ ਖਪਤਕਾਰਾਂ ਲਈ ਪ੍ਰਤੀ ਐੱਲ ਪੀ ਜੀ ਸਿਲੰਡਰ 250 ਰੁਪਏ ਦੀ ਖਪਤਕਾਰ ਅਧਾਰਤ ਸਬਸਿਡੀ ਤੁਰੰਤ ਬਹਾਲ ਕੀਤੀ ਜਾਵੇ। ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਅਤੇ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਵਿੱਚ ਸ਼ਾਮਲ ਲੋਕਾਂ ਲਈ ਪ੍ਰਤੀ ਸਾਲ ਘੱਟੋ-ਘੱਟ ਛੇ ਸਿਲੰਡਰ ਬਿਨਾਂ ਭੁਗਤਾਨ ਦੇ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ। ਸਾਫ ਖਾਣਾ ਪਕਾਉਣ ਵਾਲੇ ਬਾਲਣ ਤੱਕ ਪਹੁੰਚ ਕਿਸੇ ਦਾ ਕੋਈ ਅਹਿਸਾਨ ਨਹੀਂ, ਇਹ ਇੱਕ ਬੁਨਿਆਦੀ ਜ਼ਰੂਰਤ ਅਤੇ ਅਧਿਕਾਰ ਹੈ। ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਆਰਥਿਕ ਨੀਤੀਆਂ ਅਸਮਾਨਤਾ ਨੂੰ ਡੂੰਘਾ ਕਰ ਰਹੀਆਂ ਹਨ, ਜਨਤਕ ਸੰਕਟ ਨੂੰ ਵਧਾ ਰਹੀਆਂ ਹਨ ਅਤੇ ਲੱਖਾਂ ਲੋਕਾਂ ਨੂੰ ਮੁਸ਼ਕਲਾਂ ਵਿੱਚ ਧੱਕ ਰਹੀਆਂ ਹਨ। ਸੀ ਪੀ ਆਈ ਸਾਰੀਆਂ ਪ੍ਰਗਤੀਸ਼ੀਲ ਅਤੇ ਲੋਕਤੰਤਰੀ ਤਾਕਤਾਂ ਨੂੰ ਆਮ ਲੋਕਾਂ 'ਤੇ ਇਸ ਹਮਲੇ ਦਾ ਵਿਰੋਧ ਕਰਨ ਲਈ ਇੱਕਜੁੱਟ ਹੋਣ ਦਾ ਸੱਦਾ ਦਿੰਦੀ ਹੈ।

## ਲੰਗਰ ਸਾਦਾ ਵਰਤਾਇਆ...

ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਪੱਖ ਨਹੀਂ ਰੱਖਦੇ ਤੇ ਲੱਗੇ ਇਲਜ਼ਾਮਾਂ ਤੋਂ ਸੁਰਖਰੂ ਨਹੀਂ ਹੋ ਜਾਂਦੇ, ਉਦੋਂ ਤੱਕ ਉਹ ਪੰਥਕ ਸਰਗਰਮੀਆਂ ਅਤੇ ਸਮਾਗਮਾਂ ਵਿਚ ਸ਼ਮੂਲੀਅਤ ਤੋਂ ਗੁਰੇਜ਼ ਕਰਨ। ਇਨ੍ਹਾਂ ਦੀਆਂ ਪੰਥਕ ਸੇਵਾਵਾਂ 'ਤੇ ਰੋਕ ਲਗਾਈ ਜਾਂਦੀ ਹੈ।ਛੇਵੇਂ ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਵਿਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਦੀ ਅਤਿ ਲੋੜ ਹੈ, ਤਾਂ ਜੋ ਹਰ ਸਿੱਖ ਗੁਰੂ ਸਾਹਿਬ ਦੇ ਫਲਸਫੇ ਤੋਂ ਜਾਣੂ ਹੋ ਸਕੇ। ਇਸ ਲਈ ਵਿਸ਼ਵ ਭਰ ਦੀਆਂ ਸਿੱਖ ਸੰਸਥਾਵਾਂ ਦੇ ਪੰਥ ਪ੍ਰਸਿੱਧ ਪ੍ਰਚਾਰਕ, ਰਾਗੀ, ਢਾਡੀ ਤੇ ਕਵੀਸ਼ਰ ਸਾਹਿਬਾਨ ਆਪਣੇ ਦੇਸ਼-ਵਿਦੇਸ਼ ਦੇ ਦੌਰਿਆਂ ਤੋਂ ਇਲਾਵਾ ਪੰਜਾਬ ਮੁੜਣ ਅਤੇ ਅਗਲੇ ਚਾਰ ਮਹੀਨੇ ਪੰਜਾਬ ਦੇ ਦਸ ਪਿੰਡ ਚੁਣ ਕੇ ਉਨ੍ਹਾਂ ਵਿਚ ਸਮਰਪਿਤ ਹੋ ਕੇ ਪ੍ਰਚਾਰ ਕਰਨ ।ਸੱਤਵੇਂ ਮਤੇ 'ਚ ਕਿਹਾ ਗਿਆ ਕਿ ਗੁਰਦੁਆਰਾ ਸਾਹਿਬਾਨ ਵਿਚ ਸੇਵਾ ਨਿਭਾਉਣ ਵਾਲੇ ਗ੍ਰੰਥੀ ਸਿੰਘ, ਕੀਰਤਨੀਏ ਸਿੰਘ ਅਤੇ ਸੇਵਾਦਾਰਾਂ ਦੇ ਪਰਵਾਰਾਂ ਦਾ ਚੰਗਾ ਪਾਲਣ-ਪੋਸ਼ਣ ਅਤੇ ਬੱਚਿਆਂ ਦੀ ਪੜ੍ਹਾਈ ਵੱਲ ਨਗਰ ਦੀਆਂ ਸੰਗਤਾਂ, ਗੁਰਦੁਆਰਾ ਕਮੇਟੀਆਂ ਚੰਗੀ ਤਰ੍ਹਾਂ ਧਿਆਨ ਦੇਣ।ਅੱਠਵੇਂ ਮਤੇ 'ਚ ਕਿਹਾ ਗਿਆ ਕਿ 13 ਅਪ੍ਰੈਲ ਨੂੰ ਖਾਲਸੇ ਦੇ ਸਾਜਨਾ ਦਿਹਾੜੇ 'ਤੇ ਸਮੁੱਚੀ ਦੁਨੀਆ ਵਿਚ ਵਿਸ਼ੇਸ਼ ਗੁਰਮਤਿ ਸਮਾਗਮ ਅਤੇ ਵੱਡੇ ਪੱਧਰ 'ਤੇ ਅੰਮ੍ਰਿਤ ਸੰਚਾਰ ਦੇ ਪ੍ਰਬੰਧ ਕੀਤੇ ਜਾਣ। ਅਕਾਲੀ ਦਲ 'ਚ ਦੋ ਵੱਖ-ਵੱਖ ਹੋ ਰਹੀਆਂ ਭਰਤੀਆਂ ਬਾਰੇ ਭਾਈ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਹ ਹੋਰ ਕੁਝ ਨਹੀਂ ਕਹਿਣਾ ਚਾਹੁੰਦੇ, ਪਰ ਪੰਥਕ ਏਕਤਾ ਦੀ ਗੱਲ ਕਰਦੇ ਹਨ। ਉਹਨਾ ਕਿਹਾ ਕਿ ਅੱਜ ਏਕਤਾ ਸਮੇਂ ਦੀ ਲੋੜ ਹੈ।


## ਉੱਤਰ ਰੇਲਵੇ

### ਖੁਲੀ ਟੈਂਡਰ ਸੂਚਨਾ

ਵ.ਮੰਡਲ ਵਿਦੁਤ ਇੰਜੀਨੀਅਰ/ਟੀ.ਆਰ.ਡੀ., ਉ.ਰੇ. ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਆਖਰੀ ਮਿਤੀ 30.04.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਅਪਣੀ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 30.04.2025 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ ।

| ਲ. ਨੰ | ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (Rs.) |
|---|---|---|---|---|---|---|
| 1 | 703 ਟੀ.ਆਰ.ਡੀ-ਫ਼ਿਰੋਜ਼ਪੁਰ-2025-26 | ਫ਼ਿਰੋਜ਼ਪੁਰ ਮੰਡਲ ਦੇ ਦੂਸਰੇ ਚਰਣ ਵਿਚ ਪ੍ਰਦੂਸ਼ਿਤ ਖੇਤਰ ਵਿਚ ਪੁਰਾਣੇ ਏ.ਸੀ.ਸੀ., ਸੰਪਰਕ ਅਤੇ ਕੈਟੇਨਰੀ ਤਾਰਾਂ ਦੀ ਜਗ੍ਹਾਂ ਉਤੇ ਨਵੇ ਸੰਪਰਕ ਅਤੇ ਕੈਟੇਨਰੀ ਤਾਰਾਂ ਦਾ ਪ੍ਰਾਵਧਾਨ । | 72,28,452.99 | ਸਿਫ਼ਰ | 30.04.2025 15.00 ਵਜੇ ਤਕ | 1,44,600/- |
| | | ਕੰਮ ਦੀ ਸਮਾਨ ਪ੍ਰਕ੍ਰਿਤੀ: "50 ਹਰਟਜ, ਸਿੰਗਲ ਫੇਜ 25 ਕੇਵੀ ਏਸੀ ਓਐਚਈ ਦਾ ਡਿਜਾਇਨ, ਆਪੂਰਤੀ, ਨਿਰਮਾਣ ਪਰੀਖਸ਼ਣ ਅਤੇ ਕਮੀਸ਼ਨਿੰਗ" ਸੰਦਰਭ: Pr.CEE/NR ਦੇ ਪੱਤਰ ਨੰਬਰ 181-ਇਲੇਕਟ/ਟੀਡੀਆਰ/189/ਭਾਗ II, ਮਿਤੀ 29.07.2021 ਦਾ ਓਐਚਈ ਕੰਮ ਦਾ ਲੜੀ ਨੰਬਰ 1.1) | | | | |
| 2 | 704 ਟੀ.ਆਰ.ਡੀ-ਫ਼ਿਰੋਜ਼ਪੁਰ-2025-26 | ਫ਼ਿਰੋਜ਼ਪੁਰ ਮੰਡਲ ਦੇ ਮੁਕਤਸਰ (MKS) ਅਤੇ ਕੋਟਕਪੁਰਾ (KKP) ਸਟੇਸ਼ਨਾਂ ਉਤੇ ਸੰਸ਼ੋਧਨ ਦੇ ਸਬੰਧ ਵਿਚ ਟੀਆਰਡੀ ਕੰਮ | 21,99,974.63 | ਸਿਫ਼ਰ | 30.04.2025 15.00 ਵਜੇ ਤਕ | 44,000/- |

| ਕੰਮ ਦਾ ਸਮਾਂ | 12 ਮਹੀਨੇ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 30.04.2025 15:00 ਵਜੇ ਦੇ ਬਾਦ | ਵੇਬਸਾਈਟ | www.ireps.gov.in |
|---|---|---|---|---|---|

ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਯਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ । ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ । ਨੰ: 703 ਅਤੇ 704 ਟੀ.ਆਰ.ਡੀ.ਫ਼ਿਰੋਜ਼ਪੁਰ-2025-26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1065/25



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਨਰੇਗਾ ਮਜ਼ਦੂਰ ਯੂਨੀਅਨ ਵੱਲੋਂ ਡੀ ਸੀ ਦਫਤਰ ਸਾਹਮਣੇ ਜ਼ੋਰਦਾਰ ਰੋਸ ਪ੍ਰਦਰਸ਼ਨ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਨਰੇਗਾ ਰੁਜ਼ਗਾਰ ਮਜ਼ਦੂਰ ਯੂਨੀਅਨ ਨੇ ਡੀ.ਸੀ. ਅੰਮ੍ਰਿਤਸਰ ਦਫਤਰ ਦੇ ਸਾਹਮਣੇ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ। ਇਸ ਮੌਕੇ ਠਾਠਾਂ ਮਾਰਦੇ ਇਕੱਠ ਨੂੰ ਜ਼ਿਲ੍ਹਾ ਅੰਮ੍ਰਿਤਸਰ ਨਰੇਗਾ ਦੇ ਸੰਚਾਲਕ ਕਾ: ਬਲਕਾਰ ਸਿੰਘ ਦੁਧਾਲਾ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਬੀਤੇ ਤਿੰਨ ਚਾਰ ਮਹੀਨੇ ਤੋਂ ਕੀਤੇ ਗਏ ਕੰਮ ਦੇ ਪੈਸੇ ਨਹੀਂ ਦਿੱਤੇ ਜਾ ਰਹੇ। ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਇਸ ਦਾ ਜ਼ੋਰਦਾਰ ਵਿਰੋਧ ਕਰਦੀ ਹੈ। ਉਹਨਾਂ ਕਿਹਾ ਕਿ ਜੇਕਰ ਸਰਕਾਰ ਦਾ ਅਜਿਹੇ ਵਤੀਰਾ ਰਿਹਾ ਤਾਂ ਨਰੇਗਾ ਮਜ਼ਦੂਰ ਡੀ.ਸੀ.ਦਫ਼ਤਰਾਂ ਅਤੇ ਐਮ.ਐਲ.ਏ. ਦੇ ਘਰਾਂ ਅੱਗੇ ਲਗਾਤਾਰ ਧਰਨੇ ਲਗਾਉਣ ਵਾਸਤੇ ਮਜਬੂਰ ਹੋਣਗੇ। ਉਹਨਾਂ ਅੱਗੇ ਕਿਆ ਕਿ ਸਾਡੇ ਜ਼ਿਲ੍ਹੇ ਦਾ ਕੋਈ ਐਸਾ ਪਿੰਡ ਨਹੀਂ ਜਿਥੇ ਨਰੇਗਾ ਕਾਮਿਆਂ ਨੂੰ ਕੰਮ ਕਰਨ ਵਾਲਾ ਸਮਾਨ ਕਹੀਆਂ ਬਾਲਟੀਆਂ ਅਤੇ ਖੁਰਪੇ ਵਗੈਰਾ ਦਿੱਤੇ ਗਏ ਹੋਣ ਅਤੇ ਨਾ ਹੀ ਨਰੇਗਾ ਕਾਮਿਆਂ ਨੂੰ ਇੱਕ ਸਾਲ ਵਿੱਚ 100 ਦਿਨ ਦਾ ਕੰਮ ਦਿੱਤਾ ਜਾਂਦਾ ਹੈ। ਦੁਧਾਲਾ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਚਾਹੀਦਾ ਹੈ ਕਿ ਉਹ ਬਿਨਾਂ ਅਰਜ਼ੀ ਦਿੱਤਿਆਂ ਕੰਮ ਨਾ ਲੈਣ ਤਾਂ ਜੋ ਮਜ਼ਦੂਰਾਂ ਦੀ ਲੁੱਟ ਰੁਕ ਸਕੇ।ਇਸ ਮੌਕੇ ਸਾਥੀ ਜੋਗਿੰਦਰ ਸਿੰਘ ਗੋਪਾਲਪੁਰ ਨੇ ਕਿਹਾ ਕਿ ਪਿੰਡਾਂ ਵਿੱਚ ਨਰੇਗਾ ਮਜ਼ਦੂਰਾਂ ਦੀ ਜ਼ਿੰਦਗੀ ਸੌਖੀ ਕਰਨ ਵਾਸਤੇ ਦੋ ਸੌ ਦਿਨ ਕੰਮ ਦੇਣਾ ਯਕੀਨੀ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਨਰੇਗਾ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੀ ਸਹਾਇਕ ਸਕੱਤਰ ਕੁਲਵਿੰਦਰ ਕੌਰ ਖੁਸ਼ੀਪੁਰ ਨੇ ਨਰੇਗਾ ਮਜ਼ਦੂਰਾਂ ਨੂੰ ਲਾਮਬੰਦ ਹੋਣ ਦਾ ਸੁਨੇਹਾ ਦਿੱਤਾ। ਜ਼ਿਲ੍ਹਾ ਪ੍ਰਧਾਨ ਨਰੇਗਾ ਲਖਵਿੰਦਰ ਸਿੰਘ ਨੇ ਮਜ਼ਦੂਰਾਂ ਕਿਰਤੀਆਂ ਦੇ ਗੀਤਾਂ ਨਾਲ ਸੁਨੇਹਾ ਦਿੱਤਾ ਕਿ ਹੱਕਾਂ ਦੀ ਰਾਖੀ ਵਾਸਤੇ ਸਾਨੂੰ ਮਜ਼ਦੂਰਾਂ ਨੂੰ ਇੱਕ ਹੋਣਾ ਬਹੁਤ ਜ਼ਰੂਰੀ ਹੈ।ਨਰੇਗਾ ਜ਼ਿਲ੍ਹਾ ਸਕੱਤਰ ਰਣਜੀਤ ਸਿੰਘ ਜੇਠੂਵਾਲ ਨੇ ਮਜ਼ਦੂਰ ਸਾਥੀਆਂ ਨੂੰ ਸਾਰੇ ਗਿਲੇ ਸ਼ਿਕਵੇ ਦੂਰ ਕਰਕੇ ਹੱਕਾਂ ਦੀ ਅਵਾਜ਼ ਬੁਲੰਦ ਕਰਨ ਦੀ ਬੇਨਤੀ



ਕੀਤੀ। ਇਸ ਮੌਕੇ ਰਾਜਾਸਾਂਸੀ ਤੋਂ ਨਿਰਮਲ ਸਿੰਘ, ਬਲਾਕ ਮੈਣੀਆਂ ਬ੍ਰਾਹਮਣਾ ਤੋਂ ਹਰਜੀਤ ਸਿੰਘ, ਪਿੰਡ ਲੇਲੀਆਂ ਤੇ ਚੋਗਾਵਾਂ ਤੋਂ ਕਸ਼ਮੀਰ ਸਿੰਘ, ਘਰਿੰਡਾ ਤੋਂ ਜਸਪਾਲ ਸਿੰਘ, ਚੱਕ ਤੋਂ ਗੁਰਦੀਪ ਸਿੰਘ ਗੁਰੂਵਾਲੀ, ਸਕੱਤਰ ਸਿੰਘ ਚੱਕ, ਜਗਜੀਤ ਸਿੰਘ ਬਾਬੋਵਾਲ, ਜਗਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨਰੇਗਾ ਮਜ਼ਦੂਰ ਹਾਜ਼ਰ ਸਨ। ਪ੍ਰਕਾਸ਼ ਸਿੰਘ ਕੈਰੋਨੰਗਲ ਨੇ ਧੰਨਵਾਦ ਕੀਤਾ।ਪ੍ਰੋਗਰਾਮ ਦੇ ਅਖੀਰ ਵਿੱਚ ਸੁਪਰਡੈਂਟ -2 ਹਰਪਾਲ ਸਿੰਘ ਨੇ ਨਰੇਗਾ ਮਜ਼ਦੂਰਾਂ ਕੋਲੋਂ ਮੰਗ ਪੱਤਰ ਪ੍ਰਾਪਤ ਕਰਕੇ ਮੰਗਾਂ ਮਨਜ਼ੂਰ ਕਰਨ ਦਾ ਯਕੀਨ ਦਿਵਾਇਆ।

# ਜੌੜਾਮਾਜਰਾ ਵੱਲੋਂ ਅਧਿਆਪਕਾਂ ਤੇ ਬੱਚਿਆਂ ਪ੍ਰਤੀ ਵਰਤੀ ਗੈਰ-ਜ਼ਿੰਮੇਵਾਰਾਨਾ ਸ਼ਬਦਾਵਲੀ ਦੀ ਸਖਤ ਨਿੰਦਾ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )**

ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ (ਰਜਿ) ਦੇ ਸੂਬਾ ਪ੍ਰਧਾਨ ਹਰਜਿੰਦਰਪਾਲ ਸਿੰਘ ਪੰਨੂ ਤੇ ਸੂਬਾ ਪ੍ਰੈਸ ਸਕੱਤਰ ਦਲਜੀਤ ਸਿੰਘ ਲਹੌਰੀਆ ਨੇ ਦੱਸਿਆ ਕਿ ਅਧਿਆਪਕਾਂ ਦੀ ਇਮਾਨਦਾਰੀ ਅਤੇ ਮਿਹਨਤਾਂ ਨਾਲ ਬਣਾਏ ਸਕੂਲਾਂ ਦੇ ਉਦਘਾਟਨ ਦੌਰਾਨ ਰਾਜਨੀਤਿਕ ਆਗੂ ਜ਼ਾਬਤੇ 'ਚ ਰਹਿ ਕੇ ਅਧਿਆਪਕ ਵਰਗ ਦਾ ਮਾਣ ਸਤਿਕਾਰ ਬਹਾਲ ਰੱਖਣ ਨਹੀਂ ਤਾਂ ਅਧਿਆਪਕ ਜਥੇਬੰਦੀਆਂ ਸੰਘਰਸ਼ ਲਈ ਮਜਬੂਰ ਹੋਣਗੀਆਂ।ਅੱਜ ਪੰਜਾਬ ਸਰਕਾਰ ਵੱਲੋਂ ਪਹਿਲੇ ਦਿਨ ਸਰਕਾਰੀ ਸਕੂਲਾਂ ਦੇ ਉਦਘਾਟਨ ਸਮਾਰੋਹ ਦੌਰਾਨ ਸਮਾਣਾ ਸਕੂਲ 'ਚ ਪਹੁੰਚੇ ਵਿਧਾਇਕ ਜੌੜਾਮਾਜਰਾ ਵੱਲੋਂ ਸਕੂਲ ਵਿਖੇ ਅਧਿਆਪਕਾਂ ਤੇ ਬੱਚਿਆਂ ਨੂੰ ਅਨੁਸ਼ਾਸਨ ਸਿਖਾਉਣ ਅਤੇ ਵਰਤੀ ਭੱਦੀ ਸ਼ਬਦਾਵਲੀ ਦੀ ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ (ਰਜਿ) ਵੱਲੋਂ ਸਖਤ ਨਿੰਦਾ ਕਰਦਿਆਂ ਸੂਬਾਈ ਆਗੂ ਹਰਜਿੰਦਰ ਪਾਲ ਸਿੰਘ ਪੰਨੂੰ, ਹਰਜਿੰਦਰ ਹਾਂਡਾ, ਸਤਵੀਰ ਸਿੰਘ ਰੌਣੀ, ਹਰਕ੍ਰਿਸ਼ਨ ਸਿੰਘ ਮੋਹਾਲੀ, ਗੁਰਿੰਦਰ ਸਿੰਘ ਘੁੱਕੇਵਾਲੀ, ਸਰਬਜੀਤ ਸਿੰਘ ਖਡੂਰ ਸਾਹਿਬ, ਸੋਹਣ ਸਿੰਘ ਮੋਗਾ, ਦਲਜੀਤ ਸਿੰਘ ਲਹੌਰੀਆ, ਅਮ੍ਰਿਤਪਾਲ ਸਿੰਘ ਸੇਖੋਂ, ਨਿਰਭੈ ਸਿੰਘ ਮਾਲੋਵਾਲ, ਅਸ਼ੋਕ ਸਰਾਰੀ, ਤਰਸੇਮ ਲਾਲ ਜਲੰਧਰ, ਜਗਨੰਦਨ ਸਿੰਘ ਫਾਜ਼ਿਲਕਾ, ਅਵਤਾਰ ਸਿੰਘ ਮਾਨ, ਹਰਜੀਤ ਸਿੰਘ ਸਿੱਧੂ ਤੇ ਹੋਰ ਸੂਬਾਈ ਆਗੂਆਂ ਨੇ ਸਖਤ ਨਿੰਦਾ ਕਰਦਿਆਂ ਕਿਹਾ ਕਿ ਅਧਿਆਪਕਾਂ ਦੀ ਇਮਾਨਦਾਰੀ ਅਤੇ ਮਿਹਨਤਾਂ ਨਾਲ ਬਣੇ ਸਕੂਲਾਂ ਦੇ ਉਦਘਾਟਨ ਦੌਰਾਨ ਰਾਜਨੀਤਿਕ ਆਗੂ ਜ਼ਾਬਤੇ ਚ ਰਹਿਕੇ ਅਧਿਆਪਕ ਵਰਗ ਤੇ ਸਕੂਲੀ ਬੱਚਿਆਂ ਦਾ ਸਤਿਕਾਰ ਬਹਾਲ ਰੱਖਣ ਨਹੀ ਤਾਂ ਅਧਿਆਪਕ ਜਥੇਬੰਦੀਆ ਸੰਘਰਸ਼ ਲਈ ਮਜਬੂਰ ਹੋਣਗੀਆਂ। ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ (ਰਜਿ: ) ਵੱਲੋਂ ਸਖ਼ਤ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਨਵੇਂ ਦਾਖਿਲਆਂ ਦੇ ਸਮੇ ਕਰੋੜਾਂ ਰੁਪਏ ਖਰਚ ਕਰਕੇ ਅਧਿਆਪਕਾਂ ਨੂੰ ਬੇਮੌਸਮੀ ਉਦਘਾਟਨਾਂ 'ਚ ਉਲਝਾਇਆ ਜਾ ਰਿਹਾ ਹੈ। ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਸੂਬਾਈ ਆਗੂਆਂ ਨੇ ਕਿਹਾ ਕਿ ਜੇਕਰ ਇਸ ਮੌਕੇ ਪੰਜਾਬ ਭਰ ਦੇ ਸਕੂਲ ਵਧੀਆ ਬਣ ਰਹੇ ਹਨ ਤਾਂ ਇਸ ਵਿੱਚ ਅਧਿਆਪਕਾਂ ਦੀ ਮਿਹਨਤ ਤੇ ਲਗਨ ਨੇ ਵੀ ਬਹੁਤ ਵੱਡਾ ਯੋਗਦਾਨ ਪਾਇਆ ਹੈ। ਜੇਕਰ ਪੰਜਾਬ ਸਰਕਾਰ ਦਾਖਲਾ ਵਧਾਉਣ ਲਈ ਸੁਝਾਅ ਲੈਣਾ ਚਾਹੇ ਤਾਂ ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ (ਰਜਿ) ਕੋਲ ਰੋਡ ਮੈਪ ਹੈ। ਇਸ ਮੌਕੇ ਹਰਜਿੰਦਰ ਪਾਲ ਸਿੰਘ ਪੰਨੂੰ, ਨਰੇਸ਼ ਪਨਿਆੜ ਬੀ ਕੇ ਮਹਿਮੀ ਲਖਵਿੰਦਰ ਸਿੰਘ ਸੇਖੋਂ ਹਰਜਿੰਦਰ ਹਾਂਡਾ, ਸਤਵੀਰ ਸਿੰਘ ਰੌਣੀ, ਹਰਕ੍ਰਿਸ਼ਨ ਸਿੰਘ ਮੋਹਾਲੀ, ਨੀਰਜ ਅਗਰਵਾਲ, ਗੁਰਿੰਦਰ ਸਿੰਘ ਘੁੱਕੇਵਾਲੀ, ਸਰਬਜੀਤ ਸਿੰਘ ਖਡੂਰ ਸਾਹਿਬ, ਸੋਹਣ ਸਿੰਘ ਮੋਗਾ, ਦਲਜੀਤ ਸਿੰਘ ਲਹੌਰੀਆ, ਅਮ੍ਰਿਤਪਾਲ ਸਿੰਘ ਸੇਖੋਂ, ਨਿਰਭੈ ਸਿੰਘ ਮਾਲੋਵਾਲ, ਅਸ਼ੋਕ ਕੁਮਾਰ ਸਰਾਰੀ, ਤਰਸੇਮ ਲਾਲ ਜਲੰਧਰ, ਜਗਨੰਦਨ ਸਿੰਘ ਫਾਜ਼ਿਲਕਾ, ਰਵੀ ਕਾਂਤ ਦਿਗਪਾਲ ਪਠਾਨਕੋਟ, ਮਨਿੰਦਰ ਸਿੰਘ ਤਰਨਤਾਰਨ, ਰਛਪਾਲ ਸਿੰਘ ਉਦੋਕੇ, ਲਖਵਿੰਦਰ ਸਿੰਘ ਸੰਗੂਆਣਾ, ਰਵੀ ਕੁਮਾਰ ਫਰੀਦਕੋਟ, ਗੁਰਦੀਪ ਸਿੰਘ ਸੈਣੀ, ਧਰਮਿੰਦਰ ਸਿੰਘ ਡੋਡ, ਗੁਰਬੀਰ ਸਿੰਘ ਦਦੇਹਰ ਸਾਹਿਬ, ਗੁਰਦੀਪ ਸਿੰਘ ਸੈਣੀ ਤੇ ਹੋਰ ਆਗੂ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਰਾਜ 'ਚ ਸਿੱਖਿਆ ਕ੍ਰਾਂਤੀ ਦੀ ਕੀਤੀ ਸ਼ੁਰੂਆਤ : ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪੰਜਾਬ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਦੌਰਾਨ ਸਿੱਖਿਆ ਖੇਤਰ ਨੂੰ ਉਚੇਚੇ ਤੌਰ 'ਤੇ ਕੇਂਦਰਿਤ ਕਰਕੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਆਉਣ ਵਾਲੇ ਦੋ ਸਾਲਾਂ ਵਿੱਚ ਇਹਨਾਂ ਉੱਤੇ ਹੋਰ ਜ਼ੋਰ ਦਿੱਤਾ ਜਾਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ



ਸਿੰਘ ਧਾਲੀਵਾਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਸੱਕੀਵਾਲਾ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਵਿਖੇ ਕਮਰਿਆਂ ਅਤੇ ਸਕੂਲ ਦੀ ਚਾਰਦੁਆਰੀ ਦਾ ਉਦਘਾਟਨ ਕਰਨ ਮੌਕੇ ਕੀਤਾ। ਉਹਨਾਂ ਦੱਸਿਆ ਕਿ ਉਕਤ ਸਕੂਲਾਂ ਨੂੰ ਬੀਤੇ ਸਮੇਂ ਦੌਰਾਨ ਕ੍ਰਮਵਾਰ 10 ਲੱਖ ਅਤੇ 20 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਿੱਤੀ ਗਈ ਸੀ, ਜਿਨ੍ਹਾਂ ਨਾਲ ਉਹਨਾਂ ਨੇ ਆਪਣੀਆਂ ਲੋੜਾਂ ਅਨੁਸਾਰ ਉਸਾਰੀ ਕਰਵਾਈ ਹੈ। ਉਹਨਾਂ ਕਿਹਾ ਕਿ ਸਾਡੀ ਸਰਕਾਰ ਦਾ ਵਿਸ਼ੇਸ਼ ਧਿਆਨ ਸਿੱਖਿਆ ਅਤੇ ਸਿਹਤ ਉੱਤੇ ਲੱਗਾ ਹੋਇਆ ਹੈ, ਜਿਸ ਤਹਿਤ ਅੱਜ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜ ਵਿੱਚ ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਕੀਤੀ ਗਈ ਹੈ, ਜੋ ਕਿ ਸਕੂਲਾਂ ਦੀ ਤਸਵੀਰ ਅਤੇ ਇੱਥੇ ਪੜ੍ਹਨ ਵਾਲੇ ਬੱਚਿਆਂ ਦੀ ਤਕਦੀਰ ਬਦਲੇਗੀ।

# ਝੋਨੇ ਦੀ ਹਾਈਬ੍ਰਿਡ ਕਿਸਮ 'ਤੇ ਪਾਬੰਦੀ ਨਾ ਲਗਾਈ ਜਾਵੇ : ਕਿਸਾਨ ਆਗੂ

**ਝਬਾਲ (ਮੱਖਣ ਮਨੋਜ)**- ਕਿਸਾਨ ਵਿਕਰਮਜੀਤ ਸਿੰਘ, ਸੁਖਦੇਵ ਸਿੰਘ , ਹਰਚਰਨ ਸਿੰਘ, ਸੁਖਦੇਵ ਸਿੰਘ ਚੰਬਲ, ਸਿਮਰਨਜੀਤ ਸਿੰਘ ਜਵੰਦਾ, ਸੁਖਚੈਨ ਸਿੰਘ ਠੱਠਗੜ੍ਹ, ਹਰਪਾਲ ਸਿੰਘ, ਪਰਵਿੰਦਰ ਸਿੰਘ ਚੀਮਾ, ਨਿਰਮਲ ਸਿੰਘ ਪੰਜਵੜ, ਲਖਵਿੰਦਰ ਸਿੰਘ, ਸਵਰਨ ਸਿੰਘ, ਗੁਰਐਪਲ ਸਿੰਘ ਸਿੰਘ, ਚਰਨਜੀਤ ਸਿੰਘ



ਮੰਤਰੀ ਆਦਿ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਹਾਈਬ੍ਰਿਡ ਕਿਸਮ ਨੂੰ ਬੰਦ ਕਰਨ 'ਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਨੂੰ ਇਸ 'ਤੇ ਪਾਬੰਦੀ ਨਹੀਂ ਲਗਾਉਣੀ ਚਾਹੀਦੀ ਤੇ ਇਸ ਦੀ ਪ੍ਰਵਾਨਗੀ ਦੇਣੀ ਚਾਹੀਦੀ ਹੈ। ਇਸ ਸੰਬੰਧੀ ਕਿਸਾਨਾਂ ਦਾ ਇਕ ਵਫਦ ਨੇ ਏ ਡੀ ਸੀ ਵਿਕਾਸ ਨੂੰ ਮੰਗ ਪੱਤਰ ਦਿੱਤਾ ਤੇ ਕਿਹਾ ਕਿ ਦੱਸਿਆ ਕਿ ਝੋਨੇ ਦੀ ਹਾਈਬ੍ਰਿਡ ਕਿਸਮ ਜੋ ਕਿ ਦੂਸਰੀਆਂ ਕਿਸਮਾਂ ਨਾਲੋਂ ਜਲਦੀ ਤਿਆਰ ਹੋ ਜਾਂਦੀ ਹੈ ਜਿਸ ਨਾਲ ਬਿਜਲੀ, ਪਾਣੀ, ਸਪਰੇਅ ਦੀ ਬੱਚਤ ਹੁੰਦੀ ਹੈ ਅਤੇ ਇਸ ਦਾ ਝਾੜ ਵੀ ਵੱਧ ਨਿਕਲਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਫ਼ਸਲਾਂ ਦੀਆਂ ਕਿਸਮਾਂ ਦੇ ਐਲਾਨ ਤੋਂ ਪਹਿਲਾਂ ਕਿਸਾਨਾਂ ਦੀ ਵੀ ਸਲਾਹ ਲੈਣੀ ਚਾਹੀਦੀ ਹੈ। ਕਿਸਾਨਾਂ ਨੇ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੁਸ਼ਕਿਲਾਂ ਨੂੰ ਸੁਣ ਕੇ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਚਾਹੀਦਾ ਹੈ।

# ਵਿਸਾਖੀ ਮੇਲਾ 13 ਤੇ 14 ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ : ਲੰਗਾਹ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਕਸਬਾ ਡੇਰਾ ਬਾਬਾ ਨਾਨਕ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਅੱਜ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਪਾਰਟੀ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਡੇਰਾ ਬਾਬਾ ਨਾਨਕ ਵਿਖੇ ਵਿਸਾਖੀ ਦੇ ਅਗਲੇ ਦਿਨ ਮਨਾਇਆ ਜਾਂਦਾ ਜੋ ਕਈ ਦਹਾਕਿਆਂ ਤੋਂ ਨਹੀਂ ਮਨਾਇਆ ਜਾ ਰਿਹਾ ਸੀ, ਉਸ ਨੂੰ ਮਨਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਨੂੰ ਸੰਬੋਧਨ ਕਰਨ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਬੜੇ ਲੰਬੇ ਸਮੇਂ ਤੋਂ ਸੰਗਤਾਂ ਵੱਲੋਂ ਇਸ ਮੇਲੇ ਨੂੰ ਮਨਾਉਣ ਸਬੰਧੀ ਮੰਗ ਕੀਤੀ ਜਾ ਰਹੀ ਸੀ, ਸੰਗਤਾਂ ਦੀ ਉਸ ਮੰਗ ਨੂੰ ਪੂਰਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਵਿਸਾਖੀ ਦਾ ਮੇਲਾ 13 ਅਪ੍ਰੈਲ ਅਤੇ 14 ਅਪ੍ਰੈਲ ਨੂੰ ਡੇਰਾ ਬਾਬਾ ਨਾਨਕ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ 11 ਅਪ੍ਰੈਲ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, 13 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਉਪਰੰਤ ਗੁਰਮਤਿ ਸਮਾਗਮ ਹੋਣਗੇ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ,



ਕਵੀਸ਼ਰ ਅਤੇ ਪ੍ਰਚਾਰਕ ਸੰਗਤਾਂ ਨੂੰ ਨਿਹਾਲ ਕਰਨਗੇ, 14 ਅਪ੍ਰੈਲ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਦੇ ਕਬੱਡੀ ਮੈਚ ਕਰਵਾਏ ਜਾਣਗੇ।ਪਹਿਲੇ ਸਥਾਨ 'ਤੇ ਆਉਣ ਵਾਲੀ ਕਬੱਡੀ ਟੀਮ ਦੇ ਖਿਡਾਰੀਆਂ ਨੂੰ 51000 ਅਤੇ ਦੂਜਾ ਸਥਾਨ ਹਾਸਲ ਕਰਨ ਵਾਲੀ ਕਬੱਡੀ ਟੀਮ ਨੂੰ 41000 ਦਾ ਨਗਦ ਇਨਾਮ ਦਿੱਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਤੋਂ ਇਲਾਵਾ ਹੋਰ ਕੋਈ ਵੀ ਖੇਡ ਨਹੀਂ ਕਰਵਾਈ ਜਾਵੇਗੀ। ਇਹ ਵਿਸਾਖੀ ਦਾ ਮੇਲਾ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਸਤਨਾਮ ਸਿੰਘ ਗੋਸਲ ਮੈਨੇਜਰ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਯਤਨਾਂ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਡੇਰਾ ਬਾਬਾ ਨਾਨਕ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਵਿਸਾਖੀ ਦਾ ਮੇਲਾ ਮਨਾਉਣ ਸਬੰਧੀ ਇਸ਼ਤਿਹਾਰ ਜਾਰੀ ਕੀਤਾ ਗਿਆ।ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਤੇਜਬੀਰ ਸਿੰਘ ਦਿਉਲ ਪੀ ਏ ਲੰਗਾਹ, ਰਜਿੰਦਰ ਸਿੰਘ ਵੇਰੋਕੇ, ਪੀ ਏ ਅੰਮ੍ਰਿਤ ਸਿੰਘ ਭਿੰਡਰ, ਸਾਬਕਾ ਕੌਂਸਲਰ ਧਰਮਪਾਲ ਸਿੰਘ ਮੱਤਰੀ, ਅਸ਼ੋਕ ਕਾਮਰੇਡ, ਅਮਰਜੀਤ ਸ਼ਰਮਾ ਸਾਧਾਂਵਾਲੀ, ਨਿਰਮਲ ਸਿੰਘ ਹਰੂਵਾਲ, ਗੁਰਮੇਜ ਸਿੰਘ ਨਿਕੋਸਰਾਏ ,ਸਤਪਾਲ ਸਿੰਘ, ਪ੍ਰੇਮ ਸਿੰਘ ਨਾਮਧਾਰੀ, ਯੂਥ ਪ੍ਰਧਾਨ ਗੁਰਜਿੰਦਰ ਸਿੰਘ ਅਠਵਾਲ, ਜਸਪਿੰਦਰ ਸਿੰਘ ਝੰਗੀ,ਗੁਰਪ੍ਰੀਤ ਸਿੰਘ ਬਾਦਲ, ਬਲਜੀਤ ਸਿੰਘ ਖੰਨਾ, ਬਲਰਾਜ ਸਿੰਘ ਕੋਟਲੀ, ਗੁਰਮੇਜ ਸਿੰਘ ਕੋਲੀ,ਬਲਰਾਜ ਸਿੰਘ ਕੋਟਲੀ, ਜਨਕ ਰਾਜ ਬੱਬਲੂ ਪੱਖੋਕੇ ਆਦਿ ਅਕਾਲੀ ਵਰਕਰ ਹਾਜ਼ਰ ਸਨ।

# ਪੰਜਾਬ ਵਕਫ ਬੋਰਡ ਬਿੱਲ ਦੇਸ਼ ਵਾਸੀਆਂ ਦੇ ਹਿਤ 'ਚ ਸਾਬਤ ਹੋਵੇਗਾ : ਡਾ. ਰਿਤੂ ਕੌਂਡਲ


**ਗੁਰਦਾਸਪੁਰ, (ਜਨਕ ਮਹਾਜਨ)**

ਹਿਮਾਲਿਆ ਪਰਵਾਰ ਸੰਸਥਾ ਪੰਜਾਬ ਦੀ ਮਹਾਮੰਤਰੀ ਡਾ. ਰਿਤੂ ਕੌਂਡਲ ਨੇ ਕਿਹਾ ਕਿ ਮੋਦੀ ਨੇ ਉਹ ਕਰ ਵਿਖਾਇਆ ਹੈ ਜੋ ਵਿਰੋਧੀ ਰਾਜਨੀਤਿਕ ਦਲ ਲੰਬੇ ਸਮੇਂ ਤੱਕ ਦੇਸ਼ ਦੀ ਸੱਤਾ 'ਤੇ ਕਾਬਜ਼ ਰਹਿਣ ਦੇ ਬਾਵਜੂਦ ਨਹੀਂ ਕਰ ਸਕੇ ਸਨ ਅਤੇ ਇਹੀ ਕਾਰਨ ਹੈ ਕਿ ਮੋਦੀ ਸਾਰੇ ਵਰਗਾਂ ਦੇ ਲੋਕਾਂ ਦੇ ਵਿਚਕਾਰ ਇੱਕ ਲੋਕਪ੍ਰਿਯ ਨੇਤਾ ਦੇ ਰੂਪ ਵਿੱਚ ਉਭਰੇ ਹਨ। ਉਨ੍ਹਾਂ ਨੇ ਕਿਹਾ ਕਿ ਮੋਦੀ ਜਦੋਂ ਤੋਂ ਪ੍ਰਧਾਨ ਮੰਤਰੀ ਬਣੇ ਹਨ, ਉਨ੍ਹਾਂ ਨੇ ਦੇਸ਼ ਦੇ ਹਿਤ ਅਤੇ ਦੇਸ਼ ਵਾਸੀਆਂ ਦੇ ਕਲਿਆਣ ਲਈ ਬਹੁਤ ਸਾਰੇ ਕੰਮ ਕੀਤੇ ਹਨ। ਜੋ ਕੰਮ ਦਸ਼ਕਾਂ ਤੋਂ ਕੋਈ ਸਰਕਾਰ ਨਹੀਂ ਕਰ ਸਕੀ ਅਤੇ ਜਿਸ ਨੂੰ ਵੋਟ ਗੁਆਉਣ ਦੇ ਡਰ ਤੋਂ ਅਸੰਭਵ ਮੰਨਿਆ ਜਾਂਦਾ ਸੀ, ਉਹ ਕੰਮ ਮੋਦੀ ਨੇ ਕਰ ਦਿੱਤਾ ਹੈ ਅਤੇ ਦਿਖਾ ਦਿੱਤਾ ਹੈ ਕਿ ਜੇ ਸਾਫ਼ ਨੀਅਤ ਨਾਲ ਕੁਝ ਕਰਨਾ ਹੋਵੇ ਤਾਂ ਕੁਝ ਵੀ ਅਸੰਭਵ ਨਹੀਂ ਹੈ। ਡਾ . ਰਿਤੂ ਕੌਂਡਲ ਨੇ ਕਿਹਾ ਕਿ ਮੋਦੀ ਨੇ ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾ ਕੇ ਜੰਮੂ-ਕਸ਼ਮੀਰ ਤੋਂ ਕੰਨਿਆ ਕੁਮਾਰੀ ਤੱਕ ਭਾਰਤ ਨੂੰ ਇੱਕ ਸੂਤਰ ਵਿੱਚ ਪਰੋ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਮੋਦੀ ਨੇ ਤਿੰਨ ਤਲਾਕ ਵਰਗੇ ਮਹੱਤਵਪੂਰਨ ਮਸਲੇ ਨੂੰ ਵੀ ਬਿਨਾਂ ਕਿਸੇ ਵਿਰੋਧ ਦੇ ਇਸ ਤਰ੍ਹਾਂ ਸੁਲਝਾਇਆ ਕਿ ਮੁਸਲਮਾਨ ਔਰਤਾਂ ਵੀ ਮੋਦੀ ਦੀ ਸਰੇਆਮ ਪ੍ਰਸ਼ੰਸਾ ਕਰਨ ਲਈ ਮਜਬੂਰ ਹੋ ਗਈਆਂ। ਉਨ੍ਹਾਂ ਨੇ ਕਿਹਾ ਕਿ ਅਯੋਧਿਆ ਵਿੱਚ ਇੱਕ ਵਿਸ਼ਾਲ ਅਤੇ ਬਹੁਤ ਸੁੰਦਰ ਰਾਮ ਮੰਦਰ ਦਾ ਨਿਰਮਾਣ ਕਰਕੇ ਉਨ੍ਹਾਂ ਨੇ ਸਾਰੇ ਸੰਸਾਰ ਪ੍ਰੇਮੀਆਂ ਨੂੰ ਇੱਕ ਉਪਹਾਰ ਦਿੱਤਾ ਅਤੇ ਦਿਖਾਇਆ ਕਿ ਉਹ ਆਪਣੀ ਵਿਰਾਸਤ ਨੂੰ ਸੁਰੱਖਿਅਤ ਕਰਨ ਵਿੱਚ ਪੂਰੀ ਤਰ੍ਹਾਂ ਸਮਰਥ ਹਨ। ਉਨ੍ਹਾਂ ਨੇ ਕਿਹਾ ਕਿ ਜਿਸ ਢੰਗ ਨਾਲ ਵਕਫ ਬੋਰਡ ਦੀ ਜ਼ਮੀਨ ਨੂੰ ਬਚਾਉਣ ਲਈ ਬਿੱਲ ਲਿਆਂਦਾ ਗਿਆ ਹੈ, ਉਸ ਨੂੰ ਵਕਫ ਬੋਰਡ ਦੀ ਜ਼ਮੀਨ 'ਤੇ ਨਜਾਇਜ਼ ਕਬਜ਼ੇ ਹਟਣਗੇ ਅਤੇ ਦੇਸ਼ ਦੀ ਅਰਥ-ਵਿਵਸਥਾ ਮਜ਼ਬੂਤ ਹੋਵੇਗੀ।



# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਰਾਮ ਨੌਮੀ ਦਾ ਤਿਉਹਾਰ ਸ਼ਰਧਾ ਨਾਲ ਮਨਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਰਾਮ ਨੌਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਸਬੰਧ ਵਿੱਚ ਸਕੂਲ ਦੇ ਕਿੰਡਰਗਾਰਡਨ ਦੇ ਬੱਚਿਆਂ ਨੇ ਭਗਵਾਨ ਸ੍ਰੀ ਰਾਮ ਚੰਦਰ ਦੀ ਜੀਵਨੀ 'ਤੇ ਆਧਾਰਤ ਲਘੂ ਨਾਟਕ ਪੇਸ਼ ਕੀਤਾ।ਉਪਰੰਤ ਬੱਚਿਆਂ ਵੱਲੋਂ ਗਰੁੱਪ ਡਾਂਸ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਰਾਮ ਨੌਮੀ ਦੀ ਦੀ ਮਹੱਤਤਾ ਤੋਂ ਜਾਣੂ ਕਰਾਇਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਵੀ ਬੱਚਿਆਂ ਦੀ ਖੂਬ ਪ੍ਰਸ਼ੰਸਾ ਕੀਤੀ ਅਤੇ ਉਹਨਾਂ ਦੇ ਅਧਿਆਪਕਾਂ ਰਿਪਨ, ਦੀਪਿਕਾ, ਸ਼ੈਲਜਾ ਕੁਮਾਰੀ, ਮੀਨੂ ਸ਼ਰਮਾ, ਅੰਜਨਾ ਰਾਣੀ ਦੀ ਮਿਹਨਤ ਨੂੰ ਵੀ ਸਰਾਹਿਆ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ ਕੁਆਰਡੀਨੇਟਰ, ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।



# ਗੁਰੂਕੁਲ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂਕੁਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਵਿਦਿਆਰਥਣ ਫਤਿਹਜੋਤ ਕੌਰ 97 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਵਰਿੰਦਰ ਕੌਰ 96 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਹਰਮਨਪ੍ਰੀਤ ਕੌਰ ਨੇ 95 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਅਤੇ ਕਿਰਨਦੀਪ ਕੌਰ ਨੇ 94 ਫੀਸਦੀ ਅੰਕ ਹਾਸਲ ਕਰਕੇ ਚੌਥਾ ਸਥਾਨ ਹਾਸਲ ਕੀਤਾ ਹੈ। ਲੜਕਿਆਂ ਵਿਚੋਂ ਏਕਮਦੀਪ ਸਿੰਘ ਨੇ 91 ਫੀਸਦੀ, ਹਰਸਿਮਰਨ ਸਿੰਘ 90 ਫੀਸਦੀ ਅਤੇ ਯੁਵਰਾਜਬੀਰ ਸਿੰਘ ਨੇ 88 ਫੀਸਦੀ ਅੰਕ ਲੈ ਕੇ ਕ੍ਰਮਵਾਰ ਪਹਿਲੀ, ਦੂਜੀ ਅਤੇ ਤੀਜੀ ਪੁਜੀਸ਼ਨ ਹਾਸਲ ਕੀਤੀ। ਇਸ ਮੌਕੇ ਪ੍ਰਿੰਸੀਪਲ ਸੋਨੀਆ ਮਲਹੋਤਰਾ ਨੇ ਵਧੀਆ ਅੰਕ ਲੈ ਕੇ ਪਾਸ ਹੋਣ ਵਾਲੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਕੁਆਰਡੀਨੇਟਰ ਹਰਮਨਦੀਪ ਕੌਰ, ਅਧਿਆਪਕ ਗੁਰਚਰਨ ਸਿੰਘ, ਅਮਨਦੀਪ ਸਿੰਘ, ਨਿਸ਼ਾਨ ਸਿੰਘ, ਹਰਨੰਦ ਸਿੰਘ, ਅਮਨਦੀਪ ਕੌਰ, ਪ੍ਰਭਜੋਤ ਕੌਰ, ਰਜਵੰਤ ਕੌਰ, ਇੰਦਰਜੀਤ ਕੌਰ, ਮੁਸਕਾਨ ਸ਼ਰਮਾ, ਅਵਨੀਤ ਕੌਰ ਅਤੇ ਰਮਨਦੀਪ ਕੌਰ ਆਦਿ ਹਾਜ਼ਰ ਸਨ।

# ਰਵਿੰਦਰ ਕੁਮਾਰ ਬੌਬੀ ਤੇ ਉਨ੍ਹਾਂ ਦੇ ਸਾਥੀ 'ਆਪ' 'ਚ ਸ਼ਾਮਲ



**ਪਠਾਨਕੋਟ (ਦਵਿੰਦਰ ਸਿੰਘ)**-ਇੱਕ ਵਾਰ ਫਿਰ ਤੋਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਨਰੋਟ ਮਹਿਰਾ ਅੰਦਰ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਵਾਧਾ ਹੋਇਆ ਹੈ। ਅੱਜ ਨਰੋਟ ਮਹਿਰਾ ਨਿਵਾਸੀ ਰਵਿੰਦਰ ਕੁਮਾਰ ਬੌਬੀ ਜਿਨ੍ਹਾਂ ਨੇ ਕਾਫੀ ਲੰਮਾ ਸਮਾਂ ਕਾਂਗਰਸ ਪਾਰਟੀ ਵਿੱਚ ਕੰਮ ਕੀਤਾ ਅਤੇ ਅੱਜ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਦੇਖਦਿਆਂ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਸੂਰਜ ਠਾਕੁਰ, ਗਜਸ਼ਵਰ ਸਿੰਘ, ਸ਼ਿਵ ਕੁਮਾਰ ਅਤੇ ਹੋਰ ਪਾਰਟੀ ਦੇ ਆਗੂ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਬਹੁਤ ਖੁਸ਼ੀ ਦੀ ਗੱਲ ਹੈ ਕਿ ਨਰੋਟ ਮਹਿਰਾ ਤੋਂ ਰਵਿੰਦਰ ਕੁਮਾਰ ਬੌਬੀ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਬੌਬੀ ਨੇ ਪਹਿਲਾਂ ਕਾਂਗਰਸ ਪਾਰਟੀ ਵੱਲੋਂ ਪੰਚਾਇਤ ਚੋਣਾਂ ਅਤੇ ਫਿਰ ਬਲਾਕ ਸਮਿਤੀ ਦੀਆਂ ਚੋਣਾਂ ਵੀ ਲੜੀਆਂ ਸਨ। ਅੱਜ ਨਰੋਟ ਮਹਿਰਾ ਨਿਵਾਸੀ ਰਵਿੰਦਰ ਕੁਮਾਰ ਬੌਬੀ ਅਤੇ ਉਨ੍ਹਾਂ ਦੇ ਸਾਥੀ ਮੋਹਣ ਲਾਲ ਅਤੇ ਵਿੱਕੀ ਦੇ ਨਾਲ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਮੈਂਬਰ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ।

# ਪੱਤਰਕਾਰ ਭਗਵਾਨ ਸਿੰਘ ਖਜਾਲਾ ਦੀ ਬੇਟੀ ਦੇ ਦੇਹਾਂਤ 'ਤੇ ਵੱਖ-ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੱਤਰਕਾਰ ਭਗਵਾਨ ਸਿੰਘ ਖਜਾਲਾ ਜਿਨ੍ਹਾਂ ਦੀ ਬੇਟੀ ਪਵਨਦੀਪ ਕੌਰ ਦਾ ਬੀਤੇ ਦਿਨ ਦੇਹਾਂਤ ਹੋ ਗਿਆ ਸੀ 'ਤੇ ਇਲਾਕੇ ਦੇ ਵੱਖ-ਵੱਖ ਸਿਆਸੀ ਅਤੇ ਗੈਰ ਸਿਆਸੀ ਆਗੂਆਂ ਤੋਂ ਇਲਾਵਾ ਫੋਟੋਗ੍ਰਾਫਰ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਮਦਰਦੀ ਦਾ ਜ਼ੁਝਾਰ ਕੀਤਾ ਹੈ। ਗੁਰਦੁਆਰਾ ਨਾਨਕ ਦਰਬਾਰ ਖਜਾਲਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਖਜਾਲੇ ਵਾਲੇ, ਸਾਬਕਾ ਵਿਧਾਇਕ ਡਾ. ਦਲਬੀਰ ਸਿੰਘ ਵੇਰਕਾ, ਸ਼੍ਰੋਮਣੀ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ, ਸੰਤ ਬਾਬਾ ਗੁਰਭੇਜ ਸਿੰਘ ਖਜਾਲੇ ਵਾਲੇ, ਬਲਵਿੰਦਰ ਸਿੰਘ ਬਾਜਵਾ ਐਸ ਐਚ ਓ ਥਾਣਾ ਤਰਸਿੱਕਾ, ਹਰਦੀਪ ਸਿੰਘ ਗਿੱਲ ਹਲਕਾ ਇੰਚਾਰਜ ਜੰਡਿਆਲਾ ਗੁਰੂ, ਬਾਬਾ ਸੁਖਵੰਤ ਸਿੰਘ ਚੰਨਣਕੇ, ਪ੍ਰੈਸ ਕਲੱਬ ਦੇ ਪ੍ਰਧਾਨ ਰਜੇਸ਼ ਗਿੱਲ, ਰਾਮ ਸਰਨਜੀਤ ਸਿੰਘ ਪੱਤਰਕਾਰ, ਹਰਜਿੰਦਰ ਸਿੰਘ ਕਲੇਰ ਪੱਤਰਕਾਰ, ਦਵਿੰਦਰ ਸਿੰਘ ਸਹੋਤਾ ਪੱਤਰਕਾਰ, ਸੁਨੀਲ ਦੇਵਗਨ ਪੱਤਰਕਾਰ, ਰਜਿੰਦਰ ਸਿੰਘ ਪੱਤਰਕਾਰ, ਤਰਸੇਮ ਸਿੰਘ ਸਾਧਪੁਰ ਪੱਤਰਕਾਰ, ਬਲਜਿੰਦਰ ਸਿੰਘ ਬੱਲੀ ਪ੍ਰਧਾਨ ਮਾਝਾ ਪ੍ਰੈਸ ਕਲੱਬ, ਸਤਨਾਮ ਸਿੰਘ ਜੱਜ ਪੱਤਰਕਾਰ, ਰਾਜਵਿੰਦਰ ਸਿੰਘ ਰੰਧਾਵਾ ਪੱਤਰਕਾਰ, ਗੁਰਦੀਪ ਸਿੰਘ ਮਹਿਤਾ ਫੋਟੋਗ੍ਰਾਫਰ, ਦੀਪ ਢਪੱਈਆ, ਬੱਬੀ ਗਹਿਰੀ ਫੋਟੋਗ੍ਰਾਫਰ, ਰਾਹੁਲ ਫੋਟੋਗ੍ਰਾਫਰ ਵੈਰੋਨੰਗਲ, ਲਾਡੀ ਨਵਾਂ ਪਿੰਡ ਅਤੇ ਹੋਰ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਭਗਵਾਨ ਸਿੰਘ ਖਜਾਲਾ ਨਾਲ ਹਮਦਰਦੀ ਦਾ ਇਜਹਾਰ ਕੀਤਾ। ਪਵਨਦੀਪ ਕੌਰ ਨਮਿੱਤ ਅਖੰਡ ਪਾਠ ਸਾਹਿਬ ਦੇ ਭੋਗ 14 ਅਪ੍ਰੈਲ ਨੂੰ ਉਹਨਾਂ ਦੇ ਗ੍ਰਹਿ ਪਿੰਡ ਖਜਾਲਾ ਵਿਖੇ ਪੈਣ ਉਪਰੰਤ ਗੁਰਦੁਆਰਾ ਨਾਨਕ ਦਰਬਾਰ ਖਜਾਲਾ ਵਿਖੇ ਕੀਰਤਨ ਅਤੇ ਸ਼ਰਧਾਂਜਲੀ ਸਮਾਗਮ 11 ਤੋਂ 12.30 ਤੱਕ ਹੋਵੇਗਾ।

# ਪਠਾਨਕੋਟ ਅੰਡਰ-16 ਕ੍ਰਿਕਟ ਟੀਮ ਨੇ ਰਚਿਆ ਇਤਿਹਾਸ




**ਪਠਾਨਕੋਟ, (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਲਈ ਇਹ ਇੱਕ ਮਾਣ ਦਾ ਪਲ ਸੀ, ਜਦੋਂ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੀ ਅੰਡਰ-16 ਟੀਮ ਨੇ ਪੰਜਾਬ ਸਟੇਟ ਇੰਟਰ-ਡਿਸਟ੍ਰਿਕਟ ਅੰਡਰ-16 ਟੂਰਨਾਮੈਂਟ 2025-26 ਵਿੱਚ ਪਹਿਲੀ ਵਾਰ ਇਤਿਹਾਸਕ ਜਿੱਤ ਦਰਜ ਕੀਤੀ। ਟੀਮ ਨੇ ਗੁਰਦਾਸਪੁਰ ਜ਼ਿਲ੍ਹੇ ਨੂੰ ਦੋ ਦਿਨਾਂ ਤੱਕ ਚੱਲਣ ਵਾਲੇ ਰੋਮਾਂਚਕ ਮੈਚ ਵਿੱਚ 14 ਦੌੜਾਂ ਨਾਲ ਹਰਾ ਕੇ ਜ਼ਿਲ੍ਹੇ ਦੇ ਕ੍ਰਿਕਟ ਇਤਿਹਾਸ ਵਿੱਚ ਇੱਕ ਨਵਾਂ ਅਧਿਆਇ ਜੋੜਿਆ। ਪੰਸ਼ੁਲ ਸ਼ਰਮਾ ਨੇ ਸ਼ਾਨਦਾਰ ਗੇਂਦਬਾਜ਼ੀ ਕਰਦੇ ਹੋਏ ਮੈਚ ਵਿੱਚ 10 ਵਿਕਟਾਂ ਲਈਆਂ ਅਤੇ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਮਹਿਲ ਰਾਏ ਮੱਗੋ ਜੋ ਆਪਣਾ ਡੈਬਿਊ ਮੈਚ ਖੇਡ ਰਹੇ ਸਨ, ਨੇ ਦਬਾਅ ਹੇਠ 50 ਦੌੜਾਂ ਬਣਾਈਆਂ ਅਤੇ 4 ਵਿਕਟਾਂ ਵੀ ਲਈਆਂ, ਜਿਸ ਨਾਲ ਉਨ੍ਹਾਂ ਦਾ ਆਲਰਾਊਂਡ ਪ੍ਰਦਰਸ਼ਨ ਸ਼ਲਾਘਾਯੋਗ ਰਿਹਾ। ਟੀਮ ਦੇ ਪਠਾਨਕੋਟ ਵਾਪਸ ਪਰਤਣ 'ਤੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਵਾਗਤ ਕਰਨ ਵਾਲਿਆਂ ਵਿੱਚ ਸ਼ਾਮਲ ਸੰਨੀ ਮਹਾਜਨ ਸਕੱਤਰ, ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਪ੍ਰਸ਼ਾਂਤ ਸ਼ਰਮਾ, ਸੰਯੁਕਤ ਸਕੱਤਰ, ਚੋਣ ਕਮੇਟੀ ਦੇ ਮੈਂਬਰ ਨਰੇਸ਼ ਕੁਮਾਰ, ਪ੍ਰਭਾਤ ਕਾਈ ਅਤੇ ਰੋਹਿਤ ਰੋਹਣੀ ਵੀ ਮੌਕੇ 'ਤੇ ਮੌਜੂਦ ਸਨ। ਇਸ ਮਾਣਮੱਤੇ ਮੌਕੇ 'ਤੇ ਕੋਚ ਵਰਜੀਤ ਸਿੰਘ ਪੱਡਾ ਅਤੇ ਟੀਮ ਮੈਨੇਜਰ ਗੁਰਵਿੰਦਰ ਸਿੰਘ ਨੂੰ ਵੀ ਉਨ੍ਹਾਂ ਦੇ ਸਮਰਪਣ ਅਤੇ ਰਣਨੀਤਕ ਮਾਰਗਦਰਸ਼ਨ ਲਈ ਖਾਸ ਤੌਰ 'ਤੇ ਵਧਾਈ ਦਿੱਤੀ ਗਈ।

# ਪੁਰਾਣਾ ਸ਼ਾਲਾ 'ਚ ਖੁੱਲ੍ਹੀ ਖੁਸ਼ੀ ਸਵੀਟ ਸ਼ਾਪ ਲੋਕਾਂ ਦੀ ਬਣੀ ਪਹਿਲੀ ਪਸੰਦ

**ਗੁਰਦਾਸਪੁਰ, (ਜਨਕ ਮਹਾਜਨ)**-ਬੇਟ ਖੇਤਰ ਦੇ ਕਸਬਾ ਪੁਰਾਣਾ ਸ਼ਾਲਾ ਵਿਖੇ ਖੁਸ਼ੀ ਸਵੀਟ ਸ਼ਾਪ ਖੁੱਲ੍ਹਣ ਨਾਲ ਇਲਾਕਾ ਵਾਸੀਆਂ ਵਿੱਚ ਭਾਰੀ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ। ਦੁਕਾਨ ਮਾਲਕ ਪ੍ਰਮੋਦ ਸਿੰਘ ਅਤੇ ਭਰਥ ਸਿੰਘ ਨੇ ਦੱਸਿਆ ਕਿ ਇਸ ਇਲਾਕੇ ਦੇ ਲੋਕਾਂ ਦੀ ਲੋੜ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਨੇ ਪੁਰਾਣਾ ਸ਼ਾਲਾ ਕਸਬੇ ਵਿੱਚ ਇਕ ਮਠਿਆਈ ਦੀ ਦੁਕਾਨ ਖੋਲ੍ਹੀ ਹੈ। ਉਨ੍ਹਾਂ ਦੱਸਿਆ ਕਿ ਇਹ ਕਸਬਾ 50/60 ਪਿੰਡਾਂ ਦਾ ਕੇਂਦਰ ਬਿੰਦੂ ਹੈ ਅਤੇ ਇਹ ਗੁਰਦਾਸਪੁਰ-ਮੁਕੇਰੀਆਂ ਸੜਕ ਦੇ ਅੱਧ ਵਿਚਕਾਰ ਪੈਂਦਾ ਹੈ। ਇਸ ਕਸਬੇ 'ਚ ਕੋਈ ਅਜਿਹੀ ਮਠਿਆਈ ਦੀ ਦੁਕਾਨ ਨਹੀਂ ਸੀ ਜਿੱਥੋਂ ਲੋਕ ਆਪਣੀ ਲੋੜ ਪੂਰੀ ਕਰ ਸਕਣ। ਮਠਿਆਈ ਖਰੀਦਣ ਵਾਸਤੇ ਲੋਕਾਂ ਨੂੰ 13 ਕਿਲੋਮੀਟਰ ਦੇ ਕਰੀਬ ਗੁਰਦਾਸਪੁਰ ਜਾਂ ਮੁਕੇਰੀਆਂ ਜਾਣਾ ਪੈਂਦਾ ਸੀ, ਜਿਸ ਨਾਲ ਸਮੇਂ ਦੇ ਨਾਲ-ਨਾਲ ਪੈਸੇ ਦੀ ਵੀ ਬਰਬਾਦੀ ਹੁੰਦੀ ਸੀ। ਲੋਕਾਂ ਨੂੰ ਇਹ ਦੁਕਾਨ ਖੁੱਲ੍ਹਣ ਨਾਲ ਇੱਥੇ ਹਰ ਤਰ੍ਹਾਂ ਦੀ ਵਰਾਇਟੀ, ਵਧੀਆ ਮਠਿਆਈ, ਸਾਫ-ਸਫ਼ਾਈ ਤੇ ਵਾਜਬ ਰੇਟਾਂ 'ਤੇ ਮਿਲ ਰਹੀ ਹੈ।



# ਮਾਤਾ ਸਾਹਿਬ ਕੌਰ ਮਾਡਲ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਦਾ ਨਤੀਜਾ ਸ਼ਾਨਦਾਰ





**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਉਪਲੱਬਧੀਆਂ ਹਾਸਲ ਕਰਨ ਵਾਲੀ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਦਾ ਅੱਠਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਡਾਇਰੈਕਟਰ ਤੇਜਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ ਬੋਰਡ ਦੀ ਅੱਠਵੀਂ ਦੀ ਪ੍ਰੀਖਿਆ ਵਿੱਚ ਸਕੂਲ ਦੇ 23 ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਸਾਰੇ ਹੀ ਵਿਦਿਆਰਥੀ ਫਸਟ ਡਵੀਜ਼ਨ ਵਿੱਚ ਪਾਸ ਹੋਏ ਹਨ। ਉਹਨਾਂ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਨਵਿਆ ਸ਼ਰਮਾ 565/600, ਰਮਨਪ੍ਰੀਤ ਕੌਰ 555/600, ਕੋਮਲਪ੍ਰੀਤ ਕੌਰ 547/600, ਕੋਮਲਪ੍ਰੀਤ ਕੌਰ 542/600, ਸ਼ਵਨੀਤ ਕੌਰ 541/600 ਅੰਕ ਹਾਸਲ ਕਰਕੇ ਪਹਿਲੀਆਂ 5 ਪੁਜ਼ੀਸ਼ਨਾਂ ਹਾਸਲ ਕੀਤੀਆਂ। ਪ੍ਰਿੰਸੀਪਲ ਮੈਡਮ ਨਵਜੋਤੀ ਨੇ ਦੱਸਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਹਰੇਕ ਪੱਖ ਤੋਂ ਪੂਰੀ ਮਿਹਨਤ ਕਰਵਾਈ ਜਾਂਦੀ ਹੈ। ਉਹਨਾਂ ਵਿਦਿਆਰਥੀਆਂ ਦੀ ਇਸ ਸਮੁੱਚੀ ਕਾਮਯਾਬੀ ਦਾ ਸਿਹਰਾ ਸਕੂਲ ਦੇ ਮਿਹਨਤੀ ਅਧਿਆਪਕਾਂ ਨੂੰ ਦਿੱਤਾ। ਇਸ ਮੌਕੇ ਸੈਕਟਰੀ ਬਨਵੀਰ ਸਿੰਘ ਅਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਮੈਡਮ ਸੰਗੀਤ ਨੇ ਪ੍ਰੀਖਿਆ ਵਿੱਚ ਪਾਸ ਹੋਏ ਸਮੂਹ ਵਿਦਿਆਰਥੀਆਂ ਉਹਨਾਂ ਦੇ ਮਾਤਾ ਪਿਤਾ ਅਤੇ ਅਧਿਆਪਕ ਸਾਹਿਬਾਨ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇੰਜ ਹੀ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।


# ਜੀ ਆਰ ਡੀ ਕਾਨਵੈਂਟ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**-ਜੀ .ਆਰ. ਡੀ. ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ 100% ਰਿਹਾ। ਸਕੂਲ ਦੀ ਵਿਦਿਆਰਥਣ ਹਰਲੀਨ ਕੌਰ ਨੇ 98% ਨੰਬਰ ਲੈ ਕੇ ਪਹਿਲਾ, ਭਾਵਨਾ ਨੇ 97.3% ਨੰਬਰ ਲੈ ਕੇ ਦੂਜਾ ਤੇ ਪ੍ਰਭਜੋਤ ਕੌਰ ਨੇ 97.1% ਨੰਬਰ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅੱਠਵੀਂ ਜਮਾਤ ਦੀ ਸਹਜਦੀਪ ਕੌਰ, ਤਨਵੀਰ ਕੌਰ, ਦਮਨ, ਸਿਮਰਨ, ਹਰਸਿਮਰਤ ਕੌਰ, ਮੁਸਕਾਨ ਪ੍ਰੀਤ ਕੌਰ, ਰੋਬਿਨ, ਮਹਿਕ, ਕਮਲਦੀਪ, ਸੁਮਨ, ਮਨਪ੍ਰੀਤ, ਗੌਰੀ, ਹਰਮਨ, ਨੂਰਦੀਪ, ਕ੍ਰਿਤੀਕਾ, ਮਨਜੋਤ ਕੌਰ, ਮੁਸਕਾਨ, ਰਾਜਦੀਪ ਕੌਰ, ਗੁਰਲੀਨ, ਪਲਕਪ੍ਰੀਤ ਕੌਰ, ਲਵਪ੍ਰੀਤ ਸਿੰਘ, ਜਸਮੀਤ ਸਿੰਘ, ਜਸ਼ਨਦੀਪ ਸਿੰਘ, ਦਲਜਾਨਪ੍ਰੀਤ ਸਿੰਘ ,ਅਬੀ ,ਹਰਸ਼ਦੀਪ ਸਿੰਘ, ਹਰਮਨ, ਹਰਜੋਤ ਸਿੰਘ, ਮਾਨਕ, ਸਿਮਰਨਜੀਤ ਸਿੰਘ, ਹਰਪ੍ਰੀਤ ਸਿੰਘ ਆਦਿ 40 ਵਿਦਿਆਰਥੀਆਂ ਨੇ 90% ਤੋਂ ਵੱਧ ਨੰਬਰ ਲੈ ਕੇ ਆਪਣੇ ਮਾਤਾ ਪਿਤਾ ਤੇ ਸਕੂਲ ਦਾ ਨਾਂਅ ਰੋਸ਼ਨ ਕੀਤਾ। 30 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ ਬਾਕੀ ਰਹਿੰਦੇ ਵਿਦਿਆਰਥੀਆਂ 70% ਤੋਂ ਵੱਧ ਨੰਬਰ ਲੈ ਕੇ ਪਾਸ ਹੋਏ। ਇਸ ਮੌਕੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ ਅਤੇ ਐਮ ਡੀ ਮੈਡਮ ਸੰਤੋਸ਼ ਬਜਾਜ ਨੇ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਬੱਚਿਆਂ ਦੇ ਵਧੀਆ ਨੰਬਰ ਆਉਣ ਦੀ ਖੁਸ਼ੀ ਵਿੱਚ ਬਹੁਤ ਬਹੁਤ ਵਧਾਈ ਦਿੱਤੀ। ਵਿਦਿਆਰਥੀਆਂ ਦੇ ਮੂੰਹ ਮਿੱਠੇ ਕਰਵਾਏ ਗਏ ਅਤੇ ਉਨ੍ਹਾਂ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਵੀ ਕੀਤਾ ਗਿਆ।




# ਕਾਂਗਰਸ ਪਾਰਟੀ ਪੰਜਾਬ 'ਚ ਪੂਰੀ ਤਰ੍ਹਾਂ ਮਜ਼ਬੂਤ ਤੇ ਇਕਜੁੱਟ : ਕਰਨਬੀਰ ਸਿੰਘ ਬੁਰਜ

**ਝਬਾਲ (ਮੱਖਣ ਮਨੋਜ)**-ਪੰਜਾਬ ਵਿਚ ਭਾਵੇਂ ਕਿ ਵਿਧਾਨ ਸਭਾ ਚੋਣਾਂ ਦਾ ਸਮਾਂ ਦੋ ਸਾਲ ਬਾਕੀ ਹੈ ਪਰ ਲੋਕ ਅੱਜ ਤੋਂ ਹੀ ਕਾਂਗਰਸ ਪਾਰਟੀ ਦੀ ਹਮਾਇਤ ਕਰਨ ਲਈ ਤਿਆਰ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ ਨੇ ਪਿੰਡ ਕੋਟ ਧਰਮ ਚੰਦ ਕਲਾਂ ਦੇ ਕੁਲਬੀਰ ਸਿੰਘ ਮਹਿਲਾ ਵਾਲਿਆਂ ਦੇ



ਗ੍ਰਹਿ ਵਿਖੇ ਇਕ ਮੀਟਿੰਗ ਦੌਰਾਨ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਵਿਚ ਪੂਰੀ ਤਰ੍ਹਾਂ ਮਜ਼ਬੂਤ ਤੇ ਇਕਜੁੱਟ ਹੈ ਤੇ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਤੋਂ ਇਲਾਵਾ ਲੁਧਿਆਣਾ ਦੀ ਜ਼ਿਮਨੀ ਚੋਣ ਲੜਨ ਲਈ ਤਿਆਰ ਬਰ ਤਿਆਰ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਮਾਨ ਸਰਕਾਰ ਨੇ ਲੋਕਾਂ ਨੂੰ ਜ਼ਰੂਰੀ ਸਹੂਲਤਾਂ 'ਤੇ ਕੀ ਦੇਣੀਆਂ ਸਨ ਸਗੋਂ ਨਸ਼ਿਆਂ, ਬੇਰੁਜ਼ਗਾਰੀ ਤੇ ਗੈਂਗਸਟਰਵਾਦ ਨੂੰ ਬੜ੍ਹਾਵਾ ਦਿੱਤਾ ਹੈ ਜਿਸ ਕਰਕੇ ਹਰ ਬਸ਼ਿੰਦਾ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨਗੇ। ਇਸ ਮੌਕੇ ਕੁਲਬੀਰ ਸਿੰਘ ਮਹਿਲਾਂਵਾਲੇ, ਗੁਰਸੇਵਕ ਸਿੰਘ, ਸੁਖਦੇਵ ਸਿੰਘ, ਚਰਨਜੀਤ ਸਿੰਘ, ਮਨਜਿੰਦਰ ਸਿੰਘ, ਦਿਲਬਾਗ ਸਿੰਘ ਲੱਕੀ, ਬਚਿੱਤਰ ਸਿੰਘ, ਸਾਹਿਬ ਸਿੰਘ, ਹਰਵਿੰਦਰ ਸਿੰਘ, ਮੋਨੂੰ ਥਿੰਦ, ਗੁਰਜੰਟ ਸਿੰਘ, ਗੁਲਜ਼ਾਰ ਸਿੰਘ, ਜੁਗਰਾਜ ਸਿੰਘ ਆਦਿ ਹਾਜ਼ਰ ਸਨ।

# ਕਿਸਾਨਾਂ 'ਤੇ ਤਸ਼ੱਦਦ ਤੋਂ ਬਾਅਦ ਹੁਣ ਆਪ ਦਾ ਪਿੰਡਾਂ 'ਚ ਵਿਰੋਧ ਹੋਣਾ ਹੋਇਆ ਸ਼ੁਰੂ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਣੇਕੋਟ ਵਿਖੇ ਜਦੋਂ ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਇੰਚਾਰਜ ਤੇ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਪਹੁੰਚੇ ਤਾਂ ਉੱਥੇ ਹਾਜ਼ਰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਕਿਸਾਨਾਂ ਅਤੇ ਕਿਸਾਨ ਬੀਬੀਆਂ ਵੱਲੋਂ ਉਹਨਾਂ ਦਾ ਵਿਰੋਧ ਕੀਤਾ ਗਿਆ। ਇਸ ਵਿਰੋਧ ਦੌਰਾਨ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਖਿਲਾਫ ਭਾਰੀ ਨਾਅਰੇਬਾਜ਼ੀ ਕੀਤੀ। ਇਸ ਮੌਕੇ ਜਗਰੂਪ ਸੇਖਵਾਂ ਦਾ ਕਾਫਲਾ ਰੋਕਣ ਵਾਲੇ ਕਿਸਾਨਾਂ ਤੇ ਕਿਸਾਨ ਬੀਬੀਆਂ ਨੂੰ ਹਟਾਉਣ ਲਈ ਪੁਲਸ ਨੇ ਵੀ ਪੂਰੀ ਵਾਹ ਲਾਈ। ਇਸ ਮੌਕੇ ਪੁਲਸ ਅਤੇ ਕਿਸਾਨਾਂ ਵਿਚਕਾਰ ਤੂੰ ਤੂੰ ਮੈਂ ਮੈਂ ਤੋਂ ਇਲਾਵਾ ਹਲਕੀ ਧੱਕਾਮੁੱਕੀ ਵੀ ਹੋਈ ਪਰ ਬਾਅਦ ਵਿੱਚ ਡੀ ਐਸ ਪੀ ਕੁਲਵੰਤ ਸਿੰਘ ਨੇ ਹਾਲਾਤ ਨੂੰ ਦੇਖਦੇ ਹੋਏ ਕਿਸਾਨਾਂ ਦੇ ਵਫਦ ਦੀ ਸੇਖਵਾਂ ਨਾਲ ਗੱਲਬਾਤ ਕਰਵਾਈ। ਇਸ ਮੌਕੇ ਕਿਸਾਨਾਂ ਦੇ ਵਫਦ ਵਿੱਚ ਗੁਰਮੁਖ ਸਿੰਘ ਚਾਹਲ, ਰਣਜੀਤ ਸਿੰਘ ਧੰਦਲ, ਲਖਵਿੰਦਰ ਸਿੰਘ ਸੇਖਵਾਂ ਨੇ ਕਿਹਾ ਕਿ ਸ਼ੰਭੂ ਅਤੇ ਖਨੌਰੀ ਬਾਰਡਰ ਉੱਤੇ ਕਿਸਾਨਾਂ ਨਾਲ ਹੋਏ ਧੱਕੇ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੈ ਪਰ ਕਿਸੇ ਵੀ ਐਮ ਐਲ ਏ, ਮੰਤਰੀ ਜਾਂ ਹਲਕਾ ਇੰਚਾਰਜ ਨੇ ਉਹਨਾਂ ਦੇ ਹੱਕ ਵਿੱਚ ਆਵਾਜ਼ ਨਹੀਂ ਉਠਾਈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀ ਸ਼ਹਿ 'ਤੇ ਪੁਲਸ ਦੇ ਧੱਕੇ ਤੋਂ ਇਲਾਵਾ ਪੁਲਸ ਮੁਲਾਜ਼ਮਾਂ ਨੇ ਹੀ ਉਹਨਾਂ ਦੇ ਮੋਰਚੇ ਵਿੱਚ ਭਾਰੀ ਲੁੱਟਮਾਰ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਹਲਕਾ ਘਨੌਰ ਦੇ ਆਮ ਆਦਮੀ ਪਾਰਟੀ ਦੇ ਆਗੂਆਂ ਉੱਤੇ ਵੀ ਉਹਨਾਂ ਦੀਆਂ ਟਰਾਲੀਆਂ ਚੋਰੀ ਕਰਨ ਉਹਨਾਂ ਉੱਤੇ ਗੋਲੀ ਚਲਾਉਣ ਦੇ ਵੀ ਇਲਜ਼ਾਮ ਲਗਾਏ। ਇਸ ਮੌਕੇ ਕਿਸਾਨਾਂ ਨੇ ਜਗਰੂਪ ਸਿੰਘ ਸੇਖਵਾਂ ਨੂੰ ਕਿਹਾ ਕਿ ਉਹ ਸਰਕਾਰ ਵਾਲੇ ਪਾਸਿਓਂ ਹਟ ਕੇ ਕਿਸਾਨਾਂ ਵਾਲੇ ਪਾਸੇ ਖੜ੍ਹਨ ਕਿਸਾਨ ਉਹਨਾਂ ਨੂੰ ਅਗਲੀ ਵਾਰ ਹਲਕੇ ਚੋਂ ਜਤਾਉਣ ਦਾ ਦਮ ਰੱਖਦੇ ਹਨ। ਇਸ ਮੌਕੇ ਸੇਖਵਾਂ ਨੇ ਕਿਹਾ ਕਿ ਕਿਸਾਨਾਂ ਦਾ ਜਿਹੜਾ ਵੀ ਨੁਕਸਾਨ ਹੋਇਆ ਹੈ ਜਾਂ ਕੋਈ ਧੱਕਾ ਹੋਇਆ ਹੈ ਤਾਂ ਉਸ ਦੀ ਪੂਰੀ ਜਾਣਕਾਰੀ ਉਹਨਾਂ ਨੂੰ ਲਿਖਤੀ ਰੂਪ ਵਿੱਚ ਦਿੱਤੀ ਜਾਵੇ ਉਹ ਖੁਦ ਕਿਸਾਨਾਂ ਦੇ ਵਫਦ ਦੀ ਮੁੱਖ ਮੰਤਰੀ ਪੰਜਾਬ ਨਾਲ ਮੁਲਾਕਾਤ ਕਰਵਾ ਕੇ ਉਹਨਾਂ ਦਾ ਬਣਦਾ ਨੁਕਸਾਨ ਪੂਰਾ ਕਰਵਾਉਣਗੇ। ਕਿਸਾਨਾਂ ਦੇ ਕਿਸੇ ਵੀ ਮਸਲੇ ਲਈ ਉਹ ਪੰਜਾਬ ਸਰਕਾਰ ਨਾਲ ਗੱਲਬਾਤ ਕਰਨ ਲਈ ਤਿਆਰ ਹਨ। ਇਸ ਮੌਕੇ ਕਿਸਾਨ ਆਗੂਆਂ ਤੇ ਬੀਬੀਆਂ ਨੇ ਥਾਣਾ ਕਾਹਨੂੰਵਾਨ ਦੀ ਪੁਲਸ ਉੱਤੇ ਉਹਨਾਂ ਨਾਲ ਧੱਕੇਸ਼ਾਹੀ ਕਰਨ ਦੇ ਵੀ ਦੋਸ਼ ਲਗਾਏ ਗਏ।



# ਰਾਮ ਨੌਮੀ ਮੌਕੇ ਸ੍ਰੀ ਰਾਮ ਰਕਸ਼ਾ ਮਹਾਂਯੱਗ ਕਰਵਾਇਆ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਸੂ ਸ੍ਰੀ ਰਾਧਾ ਕ੍ਰਿਸ਼ਨਾ ਡਰਾਮਾਟਿਕ ਕਲੱਬ ਵੱਲੋਂ ਰਾਮ ਨੌਮੀ ਦੇ ਪਵਿੱਤਰ ਤਿਉਹਾਰ ਮੌਕੇ 108 ਕੁੰਡੀਯ ਸ੍ਰੀ ਰਾਮ ਰਕਸ਼ਾ ਮਹਾਂਯੱਗ ਮੰਦਿਰ ਸ੍ਰੀ ਦੁਆਰਕਾਧੀਸ਼ ਗੋਪਾਲ ਗਊਸ਼ਾਲਾ ਰੇਲਵੇ ਰੋਡ ਫ਼ਤਿਹਗੜ੍ਹ ਚੂੜੀਆਂ ਵਿਖੇ ਕਰਵਾਏ ਗਏ, ਜਿਸ ਵਿੱਚ 108 ਵਿਆਹੇ ਜੋੜਿਆਂ ਵੱਲੋਂ ਵੱਖਰੇ-ਵੱਖਰੇ ਕੁੰਡ 'ਤੇ ਬੈਠ ਕੇ ਹਵਨ ਮਹਾਂਯੱਗ ਕੀਤੇ ਗਏ। ਕਲੱਬ ਦੇ ਸੰਸਥਾਪਕ ਹਰੀਸ਼ ਅਰੋੜਾ ਨੇ ਕਿਹਾ ਕਿ 108 ਕੁੰਡ ਤਿਆਰ ਕਰਵਾਏ ਗਏ ਅਤੇ ਮੌਕੇ 'ਤੇ ਮੁਫ਼ਤ ਸਮੱਗਰੀ, ਦੇਸੀ ਘਿਓ ਅਤੇ ਹਵਨ ਦਾ ਸੰਪੂਰਨ ਸਮਾਨ ਲੋਕਾਂ ਨੂੰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਸ ਯੱਗ ਦੀ ਸੰਪੂਰਨਤਾ ਵਾਸਤੇ ਨਗਰ ਦੇ ਹਰੇਕ ਵਿਅਕਤੀ ਦਾ ਸਾਥ ਮਿਲਣ 'ਤੇ ਕਲੱਬ ਸਭ ਦਾ ਦਿਲੋਂ ਧੰਨਵਾਦ ਕਰਦੀ ਹੈ, ਕਿਉਂਕਿ ਇਹ ਇੱਕ ਸਮੂਹਿਕ ਯੱਗ ਸੀ, ਜੋ ਸਭ ਦੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਸੀ। ਇਸ ਮੌਕੇ ਯੱਗ ਵਿੱਚ ਸ਼ਾਮਿਲ ਹੋਣ ਵਾਸਤੇ ਵਿਸ਼ੇਸ਼ ਰੂਪ ਵਿੱਚ ਸ੍ਰੀ ਬਾਵਾ ਲਾਲ ਸੇਵਕ ਸਭਾ ਦੇ ਸਰਪ੍ਰਸਤ ਸੁਰਿੰਦਰ ਸ਼ਰਮਾ ਆਪਣੀ ਪਤਨੀ ਅਤੇ ਆਪਣੇ ਸਾਥੀਆਂ ਦੇ ਜੋੜਿਆਂ ਸਹਿਤ ਪਧਾਰੇ। ਉੱਥੇ ਹੀ ਸ਼ਿਵ ਪਰਵਾਰ ਸੇਵਾ ਕਮੇਟੀ ਦੇ ਪ੍ਰਧਾਨ ਵਿਕਾਸ ਮਹਿੰਦਰੂ ਆਪਣੀ ਪਤਨੀ ਅਤੇ ਆਪਣੇ ਸਾਥੀਆਂ ਦੇ ਜੋੜਿਆਂ ਸਮੇਤ ਪਧਾਰੇ। ਗੋਪਾਲ ਗਊਸ਼ਾਲਾ ਦੇ ਪ੍ਰਧਾਨ ਪਵਨ ਚੌਹਾਨ ਅਤੇ ਉਪ ਪ੍ਰਧਾਨ ਰਿੱਕੀ ਭਾਰਦਵਾਜ ਆਪਣੀ ਪਤਨੀ ਅਤੇ ਸਾਥੀਆਂ ਦੇ ਜੋੜਿਆ ਸਹਿਤ ਹਾਜ਼ਰ ਹੋਏ। ਇਸ ਯੱਗ ਵਿੱਚ ਭਗਵਾਨ ਸ੍ਰੀ ਪਰਸ਼ੂਰਾਮ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਮੁਕੇਸ਼ ਵਾਸਦੇਵ ਮਿੰਟੂ ਨੇ ਵੀ ਆਪਣੀ ਪਤਨੀ ਅਤੇ ਸਾਥੀਆਂ ਸਮੇਤ ਇਸ ਯੱਗ ਵਿੱਚ ਸ਼ਮੂਲੀਅਤ ਕੀਤੀ। ਰਾਸ਼ਟਰੀ ਸਵਯੰਸੇਵਕ ਸੰਘ ਦੇ ਜ਼ਿਲ੍ਹਾ ਸੇਵਾ ਪ੍ਰਮੁੱਖ ਨਗੇਸ਼ ਬਾਵਾ ਤੇ ਅਮਿਤ ਭੰਡਾਰੀ ਵੀ ਆਪਣੀਆਂ ਪਤਨੀਆਂ ਅਤੇ ਸਾਥੀਆਂ ਸਮੇਤ ਹਵਨ ਯੱਗ ਵਿੱਚ ਹਿੱਸਾ ਲੈਣ ਲਈ ਪਹੁੰਚੇ। ਮਾਤਾ ਚਿੰਤਪੂਰਨੀ ਸੇਵਕ ਸਭਾ ਦੇ ਪ੍ਰਧਾਨ ਤਰਸੇਮ ਲਾਲ ਨੇ ਅਣਥੱਕ ਮਿਹਨਤ ਕਰਕੇ ਇਸ ਯੱਗ ਵਿੱਚ ਆਪਣੀਆਂ ਸੇਵਾਵਾਂ ਦਿੱਤੀਆਂ। ਇਸ ਤੋਂ ਇਲਾਵਾ ਯੱਗ ਵਿੱਚ ਚੰਦਨ ਅਰੋੜਾ, ਸੁਭਾਸ਼ ਭਾਟੀਆ, ਬਾਬਾ ਸਵੀਟਸ, ਰਜੇਸ਼ ਸੂਰੀ, ਮਾਸਟਰ ਨੰਦਨਜੀਤ, ਰੋਹਿਤ ਸ਼ਰਮਾ, ਅਮਨ ਰੱਤੜਾ, ਸ਼ਾਮ ਲਾਲ ਗੁਲਾਟੀ, ਰਾਘਵ ਅਰੋੜਾ, ਰਾਜੀਵ ਮਹਿੰਦਰੂ, ਹਨੀ ਸਾਨਨ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੌਕੇ ਕਲੱਬ ਦੇ ਸਰਪ੍ਰਸਤ ਕੰਵਲਜੀਤ ਸਿੰਘ, ਪ੍ਰਧਾਨ ਯਸ਼ਪਾਲ ਜੱਸੀ, ਡਾਇਰੈਕਟਰ ਗੌਰਵ ਅਰੋੜਾ, ਜਨਰਲ ਸਕੱਤਰ ਰਮੇਸ਼ ਸੋਨੀ, ਮਨੋਜ ਕੁਮਾਰ, ਸਾਜਨ ਸੋਨੀ, ਸੰਜੀਵ ਕੁਮਾਰ, ਲੱਕੀ, ਮਨਿੰਦਰ ਸਿੰਘ, ਰਿਸ਼ੀ ਕੁਮਾਰ, ਅਸ਼ਵਨੀ ਬੁਧਵਾਰ ਅਮਨ ਭੰਡਾਰੀ, ਅਤੁੱਲ ਭੰਡਾਰੀ ਸਮੇਤ ਕਲੱਬ ਦੇ ਸਮੂਹ ਮੈਂਬਰਾਂ ਨੇ ਇਸ ਪ੍ਰੋਗਰਾਮ ਦੀ ਸਫ਼ਲਤਾ ਵਾਸਤੇ ਜੋ ਅਣਥੱਕ ਮਿਹਨਤ ਕੀਤੀ।

# ਅਨਮੋਲਜੀਤ ਸਿੰਘ ਨੂੰ ਪੰਜਵੀਂ ਜਮਾਤ 'ਚੋਂ 96% ਨੰਬਰ ਹਾਸਲ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪੰਜਵੀਂ ਜਮਾਤ ਦੇ ਨਤੀਜਿਆਂ ਵਿੱਚ ਅਨਮੋਲਜੀਤ ਸਿੰਘ ਤਰਸਿੱਕਾ ਨੇ ਪੰਜਵੀਂ ਜਮਾਤ ਵਿੱਚੋਂ 96% ਨੰਬਰ ਪ੍ਰਾਪਤ ਕਰਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਅਨਮੋਲਜੀਤ ਦਾ ਮੂੰਹ ਮਿੱਠਾ ਕਰਵਾਉਂਦਿਆਂ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਕਿਹਾ ਕਿ ਇਹ ਮਾਣ ਤੇ ਸਨਮਾਨ ਵਾਲੀ ਗੱਲ ਹੈ ਕਿ ਜਿਹੜੇ ਬੱਚੇ ਸਖ਼ਤ ਮਿਹਨਤ ਨਾਲ ਚੰਗੇ ਨੰਬਰ ਪ੍ਰਾਪਤ ਕਰਦੇ ਹਨ, ਉਹ ਅਕਸਰ ਜ਼ਿੰਦਗੀ ਵਿੱਚ ਕਾਮਯਾਬ ਹੋ ਜਾਂਦੇ ਹਨ। ਇਸ ਮੌਕੇ ਕਵਲਜੀਤ ਕੌਰ ਤਰਸਿੱਕਾ, ਅਨਮੋਲਦੀਪ ਕੌਰ ਤਰਸਿੱਕਾ, ਮੈਡਮ ਹਰਨੀਤ ਕੌਰ ਤਰਸਿੱਕਾ ਆਦਿ ਹਾਜ਼ਰ ਸਨ।



# ਸੇਂਟ ਸੋਲਜਰ ਨਰਸਿੰਗ ਇੰਸਟੀਚਿਊਟ ਨੇ ਵਿਸ਼ਵ ਸਿਹਤ ਦਿਵਸ ਮਨਾਇਆ

**ਜਲੰਧਰ -(ਇਕਬਾਲ ਸਿੰਘ ਉਭੀ)**- ਸਥਾਨਕ ਸੇਂਟ ਸੋਲਜਰ ਨਰਸਿੰਗ ਇੰਸਟੀਚਿਊਟ, ਦੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਨੀਰਜ ਸੇਠੀ ਦੀ ਨਿਗਰਾਨੀ ਹੇਠ ਵਿਸ਼ਵ ਸਿਹਤ ਦਿਵਸ ਮਨਾਇਆ। ਇਸ ਸਾਲ ਦਾ ਥੀਮ 'ਸਿਹਤਮੰਦ ਸ਼ੁਰੂਆਤ, ਉਮੀਦ ਭਰਿਆ ਭਵਿੱਖ' ਸੀ। ਵਿਦਿਆਰਥੀਆਂ ਨੇ ਮਨੁੱਖੀ ਸਿਹਤ ਦੀ ਦੇਖਭਾਲ ਲਈ ਪੋਸਟਰ ਬਣਾਏ ਤੇ ਲੋਕਾਂ ਨੂੰ ਸਕਾਰਾਤਮਕ ਦੇ ਨਾਲ ਨਾਲ ਮਨੁੱਖੀ ਸਰੀਰ ਦੀ ਦੇਖਭਾਲ ਕਰਨ ਦਾ ਸੁਨੇਹਾ ਦਿੱਤਾ। ਇਸ ਸਾਲ ਮੁੱਖ ਫੋਕਸ ਮਾਂ ਅਤੇ ਨਵਜੰਮੇ ਬੱਚੇ ਦੀ ਸਿਹਤ ਨੂੰ ਬਿਹਤਰ ਬਣਾਉਣਾ ਰਿਹਾ, ਜਿਸ ਨਾਲ ਦੁਨੀਆ ਭਰ ਦੇ ਪਰਵਾਰਾਂ ਲਈ ਸਿਹਤਮੰਦ ਸ਼ੁਰੂਆਤ ਅਤੇ ਵਧੇਰੇ ਉਮੀਦ ਭਰਿਆ ਭਵਿੱਖ ਯਕੀਨੀ ਬਣਾਇਆ ਜਾ ਸਕੇ। ਕਾਲਜ ਦੇ ਚੇਅਰਮੈਨ ਅਨਿਲ ਚੋਪੜਾ ਨੇ ਇਸ ਪਹਿਲਕਦਮੀ 'ਤੇ ਉਨ੍ਹਾਂ ਦੀ ਸ਼ਲਾਘਾ ਕੀਤੀ ਅਤੇ ਇਨ੍ਹਾਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।

ਨਵਾਂ ਜ਼ਮਾਨਾ
ਬੁੱਧਵਾਰ, 9 ਅਪ੍ਰੈਲ 2025

# ਯੂ ਪੀ ਪੁਲਸ ਨੂੰ ਝਾੜ

ਸੁਪਰੀਮ ਕੋਰਟ ਨੇ ਸੋਮਵਾਰ ਯੂ ਪੀ ਪੁਲਸ ਦੇ ਉਸ ਰਵੱਈਏ ਪ੍ਰਤੀ ਸਖਤ ਰੁਖ਼ ਅਪਣਾਇਆ, ਜਿਸ ਵਿੱਚ ਦੀਵਾਨੀ ਮਾਮਲਿਆਂ ਨੂੰ ਫੌਜਦਾਰੀ ਮਾਮਲਿਆਂ ’ਚ ਬਦਲਿਆ ਜਾ ਰਿਹਾ ਹੈ। ਚੀਫ ਜਸਟਿਸ ਸੰਜੀਵ ਖੰਨਾ ਦੀ ਅਗਵਾਈ ਵਾਲੀ ਬੈਂਚ ਨੇ ਇਸ ਨੂੰ ਕਾਨੂੰਨ ਦੇ ਸ਼ਾਸਨ ਦਾ ਪੂਰੀ ਤਰ੍ਹਾਂ ਪਤਨ ਕਰਾਰ ਦਿੰਦਿਆਂ ਕਿਹਾ ਕਿ ਇਹ ਪ੍ਰਥਾ ਗਲਤ ਹੈ ਤੇ ਇਸ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ। ਦਰਅਸਲ ਯੂ ਪੀ ਦੇ ਗੌਤਮ ਬੁੱਧ ਨਗਰ ਦੀ ਪੁਲਸ ਨੇ ਇੱਕ ਚੈੱਕ ਬਾਊਂਸ ਵਿਵਾਦ ਨੂੰ ਫੌਜਦਾਰੀ ਮਾਮਲਾ ਬਣਾ ਕੇ ਨੋਇਡਾ ਦੀ ਅਦਾਲਤ ਵਿੱਚ ਚਾਰਜਸ਼ੀਟ ਦਾਖਲ ਕੀਤੀ ਸੀ। ਪਟੀਸ਼ਨਰ ਨੇ ਇਸ ਵਿਰੁੱਧ ਇਲਾਹਾਬਾਦ ਹਾਈ ਕੋਰਟ ਵਿੱਚ ਅਰਜ਼ੀ ਦਿੱਤੀ, ਜਿਹੜੀ ਕਿ ਰੱਦ ਹੋ ਗਈ। ਆਖਰ ਉਸ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ। ਪਟੀਸ਼ਨਰ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਪੁਲਸ ਨੇ ਦੂਜੀ ਧਿਰ ਤੋਂ ਰਿਸ਼ਵਤ ਲੈ ਕੇ ਉਸ ਦੇ ਦੀਵਾਨੀ ਮਾਮਲੇ ਨੂੰ ਫੌਜਦਾਰੀ ਮਾਮਲੇ ਵਿੱਚ ਬਦਲ ਦਿੱਤਾ। ਚੀਫ ਜਸਟਿਸ ਖੰਨਾ ਨੇ ਕਿਹਾ ਕਿ ਦੀਵਾਨੀ ਮਾਮਲੇ ਨੂੰ ਫੌਜਦਾਰੀ ਵਿੱਚ ਬਦਲਣ ਦੀ ਇਹ ਪ੍ਰਥਾ ਸਿਰਫ ਯੂ ਪੀ ’ਚ ਹੀ ਨਹੀਂ, ਹੋਰਨਾਂ ਰਾਜਾਂ ਵਿੱਚ ਵੀ ਵੱਡੇ ਪੈਮਾਨੇ ’ਤੇ ਚੱਲ ਰਹੀ ਹੈ। ਇਹ ਨਾ ਸਿਰਫ ਕਾਨੂੰਨ ਦੀ ਦੁਰਵਰਤੋਂ ਨੂੰ ਦਿਖਾਉਂਦੀ ਹੈ, ਸਗੋਂ ਅਦਾਲਤਾਂ ’ਤੇ ਬੇਲੋੜਾ ਬੋਝ ਵੀ ਪਾਉਂਦੀ ਹੈ। ਇਸ ਨਾਲ ਨਾ ਸਿਰਫ ਆਮ ਨਾਗਰਿਕ ਪ੍ਰੇਸ਼ਾਨ ਹੁੰਦੇ ਹਨ, ਸਗੋਂ ਪੁਲਸ ਆਪਣੀ ਤਾਕਤ ਦਾ ਗਲਤ ਇਸਤੇਮਾਲ ਕਰਦੀ ਹੈ। ਸੁਪਰੀਮ ਕੋਰਟ ਨੇ ਯੂ ਪੀ ਦੇ ਵਕੀਲਾਂ ’ਤੇ ਵੀ ਟਿੱਪਣੀ ਕੀਤੀ ਹੈ ਕਿ ਉਨ੍ਹਾਂ ਦੀਵਾਨੀ ਖੇਤਰ ਨੂੰ ਭੁਲਾ ਦਿੱਤਾ ਹੈ ਅਤੇ ਹਰ ਨਿੱਕੇ-ਮੋਟੇ ਵਿਵਾਦ ਨੂੰ ਫੌਜਦਾਰੀ ਰੰਗ ਦੇਣ ਦੀ ਕੋਸ਼ਿਸ਼ ਹੋ ਰਹੀ ਹੈ। ਕਿੰਨੀ ਹਾਸੋਹੀਣੀ ਗੱਲ ਹੈ ਕਿ ਪੈਸੇ ਨਾ ਦੇਣ ’ਤੇ ਦੀਵਾਨੀ ਮਾਮਲੇ ਨੂੰ ਫੌਜਦਾਰੀ ਵਿੱਚ ਬਦਲਿਆ ਜਾ ਰਿਹਾ ਹੈ।

ਦੀਵਾਨੀ ਮਾਮਲੇ ਆਮ ਤੌਰ ’ਤੇ ਕਾਫੀ ਸਮਾਂ ਲੈਂਦੇ ਹਨ ਤੇ ਯੂ ਪੀ ਪੁਲਸ ਇਨ੍ਹਾਂ ਨੂੰ ਫੌਜਦਾਰੀ ਰੰਗ ਦੇ ਕੇ ਛੇਤੀ ਨਤੀਜੇ ਦਿਖਾਉਣ ਦੀ ਕੋਸ਼ਿਸ਼ ਕਰਦੀ ਹੈ, ਪਰ ਇਸ ਪ੍ਰਕਿਰਿਆ ਵਿੱਚ ਨਿਰਪੱਖਤਾ ਤੇ ਕਾਨੂੰਨ ਦਾ ਸਨਮਾਨ ਦਾਅ ’ਤੇ ਲੱਗ ਜਾਂਦਾ ਹੈ। ਸੁਪਰੀਮ ਕੋਰਟ ਦਾ ਫੈਸਲਾ ਨਾ ਸਿਰਫ ਯੂ ਪੀ ਪੁਲਸ ਲਈ ਇੱਕ ਸਬਕ ਹੈ, ਸਗੋਂ ਪੂਰੇ ਦੇਸ਼ ਵਿੱਚ ਅਮਨ-ਕਾਨੂੰਨ ਨੂੰ ਲੈ ਕੇ ਇੱਕ ਵੱਡਾ ਸੰਦੇਸ਼ ਦਿੰਦਾ ਹੈ। ਜੇ ਇਸ ਪ੍ਰਥਾ ਨੂੰ ਲਗਾਮ ਨਾ ਲੱਗੀ ਤਾਂ ਇਹ ਆਮ ਨਾਗਰਿਕਾਂ ਦੇ ਇਨਸਾਫ ਵਿੱਚ ਭਰੋਸੇ ਨੂੰ ਕਮਜ਼ੋਰ ਕਰ ਸਕਦਾ ਹੈ। ਦੀਵਾਨੀ ਤੇ ਫੌਜਦਾਰੀ ਕਾਨੂੰਨ ਵਿਚਕਾਰਲੀ ਰੇਖਾ ਨੂੰ ਧੁੰਦਲਾ ਕਰਨਾ ਨਾ ਸਿਰਫ ਨਿੱਜੀ ਅਧਿਕਾਰਾਂ ਦੀ ਉਲੰਘਣਾ ਹੈ, ਸਗੋਂ ਸੰਵਿਧਾਨ ਦੇ ਮੂਲ ਸਿਧਾਂਤਾਂ ਦੇ ਖਿਲਾਫ ਵੀ ਹੈ। ਯੂ ਪੀ ਦਾ ਮਾਮਲਾ ਆਉਣ ਵਾਲੇ ਦਿਨਾਂ ਵਿੱਚ ਚਰਚਾ ’ਚ ਰਹੇਗਾ, ਕਿਉਂਕਿ ਕੋਰਟ ਨੇ ਡੀ ਜੀ ਪੀ ਤੇ ਜਾਂਚ ਅਧਿਕਾਰੀ ਤੋਂ ਜਵਾਬ ਮੰਗਿਆ ਹੈ। ਜੇ ਪੁਲਸ ਆਪਣੀ ਗਲਤੀ ਨਹੀਂ ਮੰਨਦੀ ਤਾਂ ਸੁਪਰੀਮ ਕੋਰਟ ਹੋਰ ਸਖਤ ਹੋ ਸਕਦੀ ਹੈ। ਸੁਪਰੀਮ ਕੋਰਟ ਦੀ ਇਹ ਝਾੜ ਯੂ ਪੀ ਪੁਲਸ ਵਿੱਚ ਸਖਤ ਸੁਧਾਰਾਂ ਦੀ ਲੋੜ ਨੂੰ ਵੀ ਉਜਾਗਰ ਕਰਦੀ ਹੈ। ‘ਕਾਨੂੰਨ ਦੇ ਸ਼ਾਸਨ ਦਾ ਪਤਨ’ ਵਰਗੀ ਟਿੱਪਣੀ ਨੇ ਨਾ ਸਿਰਫ ਸੂਬੇ ਦੇ ਅਕਸ ਨੂੰ ਪ੍ਰਭਾਵਤ ਕੀਤਾ ਹੈ, ਸਗੋਂ ਇਹ ਸਵਾਲ ਵੀ ਉਠਾਇਆ ਹੈ ਕਿ ਕੀ ਪੁਲਸ ਆਮ ਲੋਕਾਂ ਦੀ ਸੇਵਾ ਲਈ ਹੈ ਜਾਂ ਸੱਤਾ ਦੇ ਹਿੱਤਾਂ ਨੂੰ ਪੂਰਾ ਕਰਨ ਲਈ। ਆਏ ਦਿਨ ਮੁਕਾਬਲੇ ਕਰਨ ਤੇ ਲੋਕਾਂ ਦੇ ਘਰਾਂ ’ਤੇ ਬੁਲਡੋਜ਼ਰ ਚਲਾਉਣ ਕਾਰਨ ਯੂ ਪੀ ਦੀ ਪੁਲਸ ਦਾ ਅਕਸ ਪਹਿਲਾਂ ਹੀ ਬਹੁਤ ਖਰਾਬ ਹੈ ਤੇ ਸੁਪਰੀਮ ਕੋਰਟ ਦੀ ਇਸ ਟਿੱਪਣੀ ਨੇ ਉਸ ਨੂੰ ਇੱਕ ਵਾਰ ਫਿਰ ਸ਼ੀਸ਼ਾ ਦਿਖਾਇਆ ਹੈ ਕਿ ਉਹ ਜ਼ਬਤ ਵਿੱਚ ਰਹਿ ਕੇ ਕੰਮ ਕਰੇ।

## ਬਹੁਮੱਤ ਦੀਆਂ ਆਰੀਆਂ !

ਸਿਰ ਤੋਲਣ ਦੀ ਜਗ੍ਹਾ ਹਨ ‘ਗਿਣੇ’ ਜਾਂਦੇ,
ਲੋਕਰਾਜ ਦੀਆਂ ਸਿਫ਼ਤਾਂ ਨਿਆਰੀਆਂ ਜੀ।
ਫਿਰਕਾਪ੍ਰਸਤੀ ਤੇ ਹੈਂਕੜ ਫਿਰ ਜ਼ੋਰ-ਜਬਰੀ,
ਇਹ ਬੀਮਾਰੀਆਂ ਨੇ ‘ਹੈਂਸਿਆਰੀਆਂ’ ਜੀ।
ਧੂੰਆਂਧਾਰ ‘ਤਕਰੀਰਾਂ’ ਵੀ ‘ਸਭਾ’ ਅੰਦਰ,
ਬਣਦੀਆਂ ‘ਯਾਭਾਂ ਦੇ ਭੇੜ’ ਵਿਚਾਰੀਆਂ ਜੀ।
ਜਿੰਦਰੇ ਜੀਭਾਂ ਨੂੰ ਫੌਰਨ ਲਾ ਦਿੰਦੀਆਂ ਨੇ ,
ਸੱਤਾ ਧਿਰ ਨਾਲ ਲੱਗੀਆਂ ‘ਯਾਰੀਆਂ’ ਜੀ।
ਰਹਿ ਜਾਣ ਫਿਰ ‘ਧਰੀਆਂ-ਧਰਾਈਆਂ’ ਹੀ,
ਘੱਟ ਗਿਣਤੀਆਂ ਦੀਆਂ ‘ਤਿਆਰੀਆਂ’ ਜੀ।
ਨਿੱਗਰ ਸੱਚ ਨੂੰ ‘ਚੀਰ’ ਕੇ ਸੁੱਟਦੀਆਂ ਹਨ,
ਬਹੁਮੱਤ ਦੀਆਂ ਤਿੱਖੀਆਂ ‘ਆਰੀਆਂ’ ਜੀ।

-ਤਰਲੋਚਨ ਸਿੰਘ ਦੁਪਾਲਪੁਰ, 001-408-915-1268

# ਇੱਥੇ ਜੱਜਾਂ ਨੂੰ ਵੀ ਪੈਂਦੇ ਨੇ ਵਕੀਲ ਕਰਨੇ

ਜਗਤਾਰ ਸਿੰਘ ਮਾਨਸਾ

ਕਈ ਗੱਲਾਂ ਮਨੁੱਖ ਦੀ ਲੁਕਾ ਕੇ ਰੱਖਣ ਦੀ ਕੋਸ਼ਿਸ਼ ਦੇ ਬਾਵਜੂਦ ਵੀ ਜੱਗ-ਜ਼ਾਹਰ ਹੋ ਜਾਂਦੀਆਂ ਹਨ, ਜਿਵੇਂ ਕਿ ਪਿਛਲੇ ਦਿਨਾਂ ਵਿੱਚ ਹਾਈ ਕੋਰਟ ਦੇ ਜੱਜ ਜਸਵੰਤ ਵਰਮਾ ਨਾਲ ਵਾਪਰੀ । ਕਹਿੰਦੇ ਨੇ ਉੱਪਰ ਇੱਕ ਪ੍ਰਮਾਤਮਾ ਦੀ ਅਦਾਲਤ ਵੀ ਹੁੰਦੀ ਹੈ ।ਖੈਰ, ਕਾਹਲੀ ਕਾਹਲੀ ਵਿੱਚ ਜੱਜ ਦੀ ਬਦਲੀ ਇਲਾਹਾਬਾਦ ਕੋਰਟ ਕਰ ਦਿੱਤੀ ਗਈ।ਉਥੇ ਵਕੀਲਾਂ ਨੇ ਵਿਰੋਧ ਵੀ ਕੀਤਾ, ਕਰਨਾ ਵੀ ਬਣਦਾ ਸੀ ਵਕੀਲ ਸੋਚਦੇ ਹੋਣਗੇ ਵੀ ਇਹਨੇ ਕਦ ਨਿਆਂ ਦੇਣਾ ਹੈ, ਪਰ ਚਲੋ ਇਸ ਬਾਰੇ ਪਾਣੀ ਨਿਤਾਰਾ ਬਾਅਦ ਵਿੱਚ ਹੋਵੇਗਾ।ਇੱਕ ਗੱਲ ਹੋਰ ਹੈ ਕਿ ਜੇਕਰ ਕੋਈ ਹੋਰ ਆਮ ਨਾਗਰਿਕ ਹੁੰਦਾ ਤਾਂ ਉਸ ਦੀ ਬਾਂਹ ਮਰੋੜੀ ਹੁੰਦੀ ਜਾਂ ਫਿਰ ਕੋਈ ਸਧਾਰਨ ਮੁਲਾਜ਼ਮ ਹੁੰਦਾ ਤਾਂ ਘਰ ਬਿਠਾ ਦਿੱਤਾ ਜਾਂਦਾ। ਸੋਚਣ ਵਾਲੀ ਗੱਲ ਐਨਾ ਪੈਸਾ ਕਿਥੋਂ ਆਇਆ ਜੱਜ ਸਾਹਿਬ ਨਿਆਂ ਕਰਦੇ ਸੀ ਜਾਂ ਨਿਆਂ ਦਾ ਵਣਜ-ਵਪਾਰ। ਪਤਾ ਨਹੀਂ ਇਹ ਉਹ ਜਾਣਦੇ ਹਨ।ਕੁਝ ਚਿਰ ਚੀਂ-ਚੀਂ ਹੋਊ ਫਿਰ ਉਹੀ ਸਮਾਂ ਅੱਗੇ ਵਧ ਜਾਣਾ ਹੈ। ਫਿਲਹਾਲ ਦੀ ਘੜੀ ਅਜੇ ਜੱਜ ਸਾਹਿਬ ਵਕੀਲਾਂ ਨਾਲ ਸਲਾਹ-ਮਸ਼ਵਰੇ ਕਰ ਰਹੇ ਹਨ ਕਿ ਆਹ ਬਲਾ ਕਿਵੇਂ ਟਾਲ਼ੀ ਜਾਵੇ।ਇਹ ਹੀ ਨਹੀਂ ਪਿਛਲੇ ਦਿਨਾਂ ਵਿੱਚ ਇੱਕ ਜੱਜ ਸਾਹਿਬਾਨ ਦਾ ਬਿਆਨ ਵੀ ਔਰਤ ਦੀ ਛਾਤੀ ਸਬੰਧੀ ਤੇ ਨਾਲੇ ਸੰਬੰਧੀ ਦਿੱਤੇ ਬਿਆਨ ਨਿਆਂ ਅਫਸਰਾਂ ਨੂੰ ਸ਼ੋਭਾ ਨਹੀਂ ਦਿੰਦੇ। ਪਿੱਛੇ ਜਿਹੇ ਇੱਕ ਵੱਡਾ ਫ਼ੈਸਲੇ ਵਿੱਚ ਰੱਬ ਦਾ ਫ਼ੈਸਲਾ ਕਹਿ ਕੇ ਫੈਸਲਾ ਕਰ ਦਿੱਤਾ ਗਿਆ ।ਰਿਟਾਇਰਮੈਂਟ ਤੋਂ ਬਾਅਦ ਅਹੁਦੇ ਲੈਣ ਲਈ ਗ਼ਲਤ ਫ਼ੈਸਲੇ ਹੋਣ ਦਾ ਰੌਲਾ ਪੈ ਰਿਹਾ ਹੈ । ਇੰਝ ਹੋ ਵੀ ਰਿਹਾ ਹੈ ਇਧਰ ਰਿਟਾਇਰਮੈਂਟ ਹੋ ਰਹੀ ਹੈ, ਉਧਰ ਜਾਣ ਸਾਰ ਵਧੀਆ ਅਹੁਦੇ ਪਰੋਸੇ ਜਾ ਰਹੇ ਹਨ।ਨਿਆਂ ਪਾਲਿਕਾ ਲਈ ਕਾਲੇ ਦਿਨ ਸਾਬਤ ਹੋ ਰਹੇ ਹਨ ।

ਹੇਠਲੀਆਂ ਅਦਾਲਤਾਂ ਜਿੱਥੇ ਲਗਭਗ ਅੱਸੀ ਤੋਂ ਨੱਬੇ ਪ੍ਰਤੀਸ਼ਤ ਕੇਸ ਜਾਂਦੇ ਹਨ, ਉਥੇ ਵੀ ਨਿਆਂ ਦੀ ਹਾਲਤ ਬਹੁਤੀ ਚੰਗੀ ਨਹੀਂ । ਲਗਭਗ ਪੰਜ ਕਰੋੜ ਕੇਸ ਪੈਂਡਿੰਗ ਪਏ ਹਨ । ਇਹ ਵੀ ਇੱਕ ਬੇਈਮਾਨੀ ਹੀ ਹੈ ਕਿ ਇਨਸਾਫ਼ ਲਈ ਉਡੀਕ ਕਰਦਿਆਂ ਉਮਰ ਬੀਤ ਜਾਵੇ।ਆਮ ਸੈਸ਼ਨ, ਜ਼ਿਲ੍ਹਾ ਕੋਰਟ ਵਿੱਚ ਮੇਲਿਆਂ ਵਾਲਾ ਹਾਲ ਹੁੰਦਾ ਹੈ। ਨਾ ਉਥੇ ਕੋਈ ਪਾਣੀ ਨਾ ਛਾਂ, ਵਕੀਲਾਂ ਲਈ ਕੋਈ ਚੱਜ ਦਾ ਬੈਠਣ ਦਾ ਪ੍ਰਬੰਧ ਨਹੀਂ, ਕਈ ਥਾਂ ਤਾਂ ਵਕੀਲ ਰੁੱਖਾਂ, ਸ਼ੈੱਡਾਂ, ਸਾਇਕਲ ਸਟੈਂਡ ਵਿਚ ਬੈਠੇ ਦੇਖੇ ਜਾ ਸਕਦੇ ਹਨ । ਨਾ ਕੋਈ ਬਹਿਸ ਦਾ ਪੱਧਰ। ਆਪਣੀ ਬਹਿਸ ਦਲੀਲ ਦੀ ਵਾਰੀ ਉਡੀਕ ਕਰਦੇ ਵਕੀਲ ਮੁੜ੍ਹਕੋ-ਮੁੜ੍ਹਕੀ ਹੁੰਦੇ ਦੇਖੇ ਜਾ ਸਕਦੇ ਹਨ । ਕਾਹਲੀ-ਕਾਹਲੀ ਸਭ ਦਲੀਲਾਂ, ਫੈਸਲਾ ਲਿਖੇ ਜਾ ਰਹੇ ਹਨ।ਨਹੀਂ ਤਾਂ ਵਕੀਲ ਨੂੰ ਅਰਾਮ ਨਾਲ ਬਿਠਾ ਕੇ ਉਸ ਦੀ ਗੱਲ ਸੁਣੀ ਜਾਵੇ ਜਾਂ ਲੰਮੇ ਸਮੇਂ ਤੱਕ ਤਰੀਕਾਂ ਹੀ ਪਈ ਜਾਂਦੀਆਂ ਹਨ:

*ਇਸ ਅਦਾਲਤ ’ਚ ਬੰਦੇ ਬਿਰਖ ਹੋ ਗਏ*
*ਫੈਸਲੇ ਸੁਣਦਿਆਂ-ਸੁਣਦਿਆਂ ਸੁੱਕ ਗਏ।*

ਪਰ ਹਾਈ ਕੋਰਟ, ਸੁਪਰੀਮ ਕੋਰਟ ਵਿਚ ਵੀ ਭ੍ਰਿਸ਼ਟਾਚਾਰ ਦਾ ਬੋਲਬਾਲਾ ਸ਼ੁਭ ਸੰਕੇਤ ਨਹੀਂ ਹਨ । ਨਿਰਮਲ ਯਾਦਵ ਕੇਸ ਹੁਣੇ ਜਿਸ ਦਾ ਫੈਸਲਾ ਆਇਆ ਹੈ, ਭ੍ਰਿਸ਼ਟਾਚਾਰ ਬਾਰੇ ਹੀ ਐਨੇ ਸਾਲ ਚੱਲੀ ਗਿਆ ।

ਨਿਆਂ ਪਾਲਿਕਾ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਇਹ ਕੰਮ ਹੁਣ ਤੋਂ ਨਹੀਂ ਹੈ, ਪੁਰਾਣੇ ਸਮੇਂ ਤੋਂ ਹੀ ਇਸ ਵਿਚ ਭ੍ਰਿਸ਼ਟਾਚਾਰ ਦਾ ਰੌਲਾ -ਰੱਪਾ ਹੈ ।ਸਿੱਕਮ ਹਾਈ ਕੋਰਟ ਦੇ ਚੀਫ਼ ਜਸਟਿਸ ਪੀ.ਡੀ. ਦਿਨਾਕਰਨ ਵੇਲੇ ਇੱਕ ਕਮੇਟੀ ਬਣੀ ਸੀ ਜਿਸ ਦਾ ਮਕਸਦ ਭ੍ਰਿਸ਼ਟਾਚਾਰ, ਜ਼ਮੀਨ ਹੜੱਪਣ, ਨਿਆਂਇਕ ਅਹੁਦੇ ਦੀ ਦੁਰਵਰਤੋਂ, ਸਬੂਤਾਂ ਨੂੰ ਨਸ਼ਟ ਕਰਨਾ ਅਤੇ ਮਨੁੱਖੀ ਅਧਿਕਾਰਾਂ ਦੀ ਦੁਰਵਰਤੋਂ ਵਿਸ਼ੇ ਵਾਰੇ ਰਿਪੋਰਟ ਦੇਣੀ ਸੀ। ਇਸ ਕਮੇਟੀ ਦੇ ਇੱਕ ਜੱਜ ਜਾਂਚ ਤੋਂ ਇਹ ਕਹਿ ਕੇ ਵੱਖ ਹੋ ਗਏ ਸਨ ਕਿ ਉਨ੍ਹਾਂ ਕਈ ਮਾਮਲਿਆਂ ਦਾ ਫੈਸਲਾ ਦਿਨਾਕਰਨ ਨਾਲ ਬੈਠ ਕੇ ਕੀਤਾ ਸੀ। ਇਹ ਸਭ ਹੁੰਦਾ ਰਿਹਾ ਹੈ, ਵਕੀਲਾਂ ਨੇ ਉਸ ਦੀ ਅਦਾਲਤ ਦਾ ਬਾਈਕਾਟ ਕੀਤਾ, ਪਰ ਉਹ ਅਹੁਦੇ ਨੂੰ ਚਿੰਬੜੇ ਰਹੇ।

ਕਲਕੱਤਾ ਹਾਈ ਕੋਰਟ ਦੇ ਜੱਜ ਸੌਮਿਤਰ ਸੇਨ ਦੇ ਬਾਰੇ ਵੀ ਕੁਝ ਅਜਿਹਾ ਹੀ ਰੌਲ਼ਾ ਸੀ। ਉਸ ਵਾਰੇ ਕਿਹਾ ਜਾਂਦਾ ਹੈ ਕਿ ਉਸ ਨੇ ਵਕੀਲ ਹੁੰਦਿਆਂ ਆਪਣੇ ਗਾਹਕ ਦੇ ਪੈਸੇ ਠੱਗੇ ਸੀ ਅਤੇ ਜੱਜ ਦਾ ਅਹੁਦਾ ਸੰਭਾਲਣ ਤੋਂ ਬਾਅਦ ਜਦੋਂ ਉਸ ਕੋਲੋਂ ਪੈਸੇ ਮੰਗੇ ਗਏ ਤਾਂ ਉਸ ਨੇ ਪੈਸੇ ਵੀ ਵਾਪਸ ਕਰ ਦਿੱਤੇ ਸਨ, ਉਸ ਨੇ ਪੈਸੇ ਤਾਂ ਵਾਪਸ ਕਰ ਦਿੱਤੇ, ਪਰ ਆਪਣਾ ਦੋਸ਼ ਨਹੀਂ ਮੰਨਿਆ ।

ਹਾਈ ਕੋਰਟਾਂ ਦੇ ਜੱਜ ਵੀ ਇਸ ਤਰ੍ਹਾਂ ਦੀ ਅਪਰਾਧ ਕਰਦੇ ਹਨ। ਕਿਉਂਕਿ ਉਨ੍ਹਾਂ ਨੂੰ ਉਨ੍ਹਾਂ ਦੇ ਅਹੁਦਿਆਂ ਤੋਂ ਹਟਾਉਣ ਦੀ ਪ੍ਰਕਿਰਿਆ ਇੱਕ ਔਖਾ ਕੰਮ ਹੈ। ਇਨ੍ਹਾਂ ਨੂੰ ਸਿਰਫ਼ ਅਤੇ ਸਿਰਫ਼ ਮਹਾਂਦੋਸ਼ ਦੀ ਪ੍ਰਕਿਰਿਆ ਰਾਹੀਂ ਹੀ ਹਟਾਇਆ ਜਾ ਸਕਦਾ ਹੈ। ਉਸ ਲਈ ਦੋਵਾਂ ਸਦਨਾਂ ਦੇ ਦੋ-ਤਿਹਾਈ ਬਹੁਮਤ ਨਾਲ ਹੀ ਸੰਭਵ ਹੈ ਅਤੇ ਅਜਿਹਾ ਅੱਜ ਤੱਕ ਨਹੀਂ ਹੋਇਆ ਹੈ ।

ਇਹ ਨਹੀਂ ਕਿ ਇਸ ਭ੍ਰਿਸ਼ਟਾਚਾਰ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਨਹੀਂ ਹੋਈ। ‘ਨਿਆਂਇਕ ਭ੍ਰਿਸ਼ਟਾਚਾਰ’ ਨੂੰ ਹੱਲ ਕਰਨ ਲਈ ਇਹ ਬਿੱਲ ਲਿਆਉਣ ਦੀ ਕੋਸ਼ਿਸ਼ ਹੋਈ।

1. **ਨਿਆਂਇਕ ਜਵਾਬਦੇਹੀ ਬਿੱਲ** : ਭਾਰਤ ਸਰਕਾਰ ਨੇ ਜੱਜਾਂ ਵਿਰੁੱਧ ਸ਼ਿਕਾਇਤਾਂ ਦੀ ਜਾਂਚ ਲਈ ਇੱਕ ਢਾਂਚਾ ਸਥਾਪਤ ਕਰਨ ਲਈ ਇੱਕ ਬਿੱਲ ਦਾ ਪ੍ਰਸਤਾਵ ਕੀਤਾ ਹੈ।
2. **ਰਾਸ਼ਟਰੀ ਨਿਆਂਇਕ ਨਿਯੁਕਤੀ ਕਮਿਸ਼ਨ (NJAC) : NJAC** ਦੀ ਸਥਾਪਨਾ ਉੱਚ ਨਿਆਂ ਪਾਲਿਕਾ ਵਿੱਚ ਜੱਜਾਂ ਦੀ ਨਿਯੁਕਤੀ ਦੀ ਨਿਗਰਾਨੀ ਕਰਨ ਲਈ ਕੀਤੀ ਗਈ ਸੀ।
3. **ਇਨ-ਹਾਊਸ ਮਕੈਨਿਜ਼ਮ:** ਭਾਰਤ ਦੀ ਸੁਪਰੀਮ ਕੋਰਟ ਨੇ ਜੱਜਾਂ ਦੇ ਖਿਲਾਫ ਸ਼ਿਕਾਇਤਾਂ ਦੀ ਜਾਂਚ ਕਰਨ ਲਈ ਇੱਕ ਅੰਦਰੂਨੀ ਵਿਧੀ ਦੀ ਸਥਾਪਨਾ ਕੀਤੀ ਹੈ, ਪਰ ਪਰਨਾਲਾ ਉੱਥੇ ਦਾ ਉੱਥੇ ਹੀ ਹੈ। ਨਿਆਂ ਪਾਲਿਕਾ ਵਿਚ ਬੈਠੇ ਸੁਧਾਰ ਚਾਹੁੰਦੇ ਹੀ ਨਹੀਂ।

ਇਸ ਦਾ ਮਕਸਦ ਇਹੀ ਸੀ ਵੀ ਨਿਆਂ ਪਾਲਿਕਾ ਵਿਚ ਵੀ ਜ਼ਿੰਮੇਵਾਰੀ ਦੀ ਲਹਿਰ ਪੈਦਾ ਹੋਵੇ ਤੇ ਲੋਕਾਂ ਨੂੰ ਸਹੀ ਨਿਆਂ ਮਿਲੇ। ਦੇਖਿਆ ਇਹ ਗਿਆ ਹੈ ਕਿ ਨਿਆਂ ਕੰਮ ਬਹੁਤ ਮਹਿੰਗਾ ’ਤੇ ਲੰਮਾ ਤੇ ਸਹੀ ਨਾ ਮਿਲਣ ਵਾਲਾ ਹੋ ਗਿਆ ਹੈ।

ਹਾਈ ਕੋਰਟਾਂ ਅਤੇ ਸੁਪਰੀਮ ਕੋਰਟ ਵਿੱਚ ਜੱਜਾਂ ਦੀ ਨਿਯੁਕਤੀ ਸੁਪਰੀਮ ਕੋਰਟ ਦੇ ਕਲੋਜ਼ੀਅਮ ਦੇ ਅਧੀਨ ਹੁੰਦੀ ਹੈ ।ਇਹ ਵੀ ਇੱਕ ਭ੍ਰਿਸ਼ਟਾਚਾਰ ਹੀ ਹੈ।ਨਤੀਜਾ ਇਹ ਹੈ ਕਿ ਅੱਜ ਇਨ੍ਹਾਂ ਅਹੁਦਿਆਂ ’ਤੇ ਸਿਰਫ਼ ਉਹੀ ਲੋਕ ਹਨ, ਜੋ ਜੱਜਾਂ ਦੇ ਰਿਸ਼ਤੇਦਾਰ ਹਨ, ਦੋਸਤਾਨਾ ਪਰਿਵਾਰਾਂ ਤੋਂ ਹਨ ਅਤੇ ਵੱਡੇ ਘਰਾਣਿਆਂ ’ਚੋਂ ਜਾ ਲੀਡਰਾਂ ਵਿਚੋਂ ਹੁੰਦੇ ਹਨ। ਸਾਧਾਰਨ ਪਰਵਾਰਾਂ ਦੇ ਇਮਾਨਦਾਰ, ਮਿਹਨਤੀ ਅਤੇ ਹੁਸ਼ਿਆਰ ਲੋਕਾਂ ਲਈ ਇੱਥੇ ਕੋਈ ਥਾਂ ਨਹੀਂ । ਹੇਠਲੀਆਂ ਅਦਾਲਤਾਂ ਵਿੱਚ ਤਾਂ ਜੱਜ ਬਣਨ ਲਈ ਕੁਝ ਇਮਤਿਹਾਨ ਹੁੰਦੇ ਹਨ, ਪਰ ਉੱਚ ਅਦਾਲਤਾਂ ਲਈ ਯੋਗਤਾ ਸਿਰਫ਼ ਦਸ ਸਾਲ ਦੀ ਪ੍ਰੈਕਟਿਸ ਹਾਈ ਕੋਰਟ ਵਿੱਚ ਹੁੰਦੀ ਹੈ । ਉੱਥੇ ਲਾਬਿੰਗ ਰਾਹੀਂ ਸਰਕਾਰੀ ਵਕੀਲ ਬਣੇ ਉਹ ਵੀ ਚੁਣੇ ਜਾਂਦੇ ਹਨ, ਜਿਨ੍ਹਾਂ ਕਦੇ ਅਦਾਲਤਾਂ ਵਿੱਚ ਪ੍ਰੈਕਟਿਸ ਨਹੀਂ ਕੀਤੀ ਹੁੰਦੀ ।ਉਹਨਾਂ ਦੇ ਜੂਨੀਅਰਾਂ ਹੀ ਅਜਿਹਾ ਕਰਦੇ ਹਨ।

ਪੂਰੀ ਦੁਨੀਆ ਵਿੱਚ ਸਿਰਫ ਭਾਰਤ ਵਿਚ ਹੀ ਹਾਈ ਕੋਰਟਾਂ ਦੇ ਜੱਜਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਇਸ ਤਰ੍ਹਾਂ ਪੂਰੀ ਹੁੰਦੀ ਹੈ। ਇੱਥੇ ਜੱਜ ਖੁਦ ਆਪਣੇ ਆਪ ਨੂੰ ਨਿਯੁਕਤ ਕਰਨ ਵਾਲਾ ਕੰਮ ਕਰਦੇ ਹਨ, ਸਰਕਾਰੀ ਕੋਈ ਕੰਟਰੋਲ ਨਹੀਂ ਹੈ।

ਪਹਿਲਾਂ ਹਾਲਾਤ ਏਨੇ ਵਿਗੜਦੇ ਨਹੀਂ ਸਨ। ਭਾਈ-ਭਤੀਜਾਵਾਦ ਸੀ, ਪਰ ਇਹ ਆਪਣੇ ਸਿਖਰ ’ਤੇ ਨਹੀਂ ਸੀ। ਆਮ ਲੋਕਾਂ ਦੇ ਕੰਮ ਵੀ ਕਿਸੇ ਹੱਦ ਤੱਕ ਹੋ ਜਾਂਦੇ ਸਨ। ਵੱਡੇ ਮਹਾਂਨਗਰਾਂ ਵਿੱਚ ਵਕਾਲਤ ਇੱਕ ਕਾਰਪੋਰੇਟ ਘਰਾਣੇ ਵਿੱਚ ਬਦਲ ਗਈ ਹੈ, ਜਿੱਥੇ ਆਮ ਗਾਹਕਾਂ ਲਈ ਆਪਣਾ ਕੇਸ ਕਰਨਾ ਤੇ ਇਨਸਾਫ਼ ਲੈਣਾ ਬਹੁਤ ਮੁਸ਼ਕਲ ਹੈ।

ਵਕੀਲਾਂ ਦਾ ਵੀ ਮਿਆਰ ਤੇ ਸਮਰਪਣ ਹੁੰਦਾ ਹੈ। ਉਨ੍ਹਾਂ ਵਿੱਚੋਂ ਬਹੁਤੇ ਇਸ ਨੂੰ ਇੱਕ ਸਨਮਾਨਯੋਗ ਪੇਸ਼ੇ ਅਧੀਨ ਸੇਵਾ ਦਾ ਕੰਮ ਸਮਝਦੇ ਹਨ, ਪਰ ਕੁਝ ਸਿਰਫ ਪੈਸਾ ਕਮਾਉਣ ਦਾ ਇੱਕ ਸਾਧਨ ਸਮਝਦੇ ਹਨ, ਜਦੋਂ ਕਿ ਕਾਨੂੰਨ ਇਹ ਕਿੱਤਾ ਵੀ ਇਮਾਨਦਾਰੀ, ਆਪਣੇ ਕੰਮ ਪ੍ਰਤੀ ਸਮਰਪਣ ਅਤੇ ਗਾਹਕ ਪ੍ਰਤੀ ਵਫ਼ਾਦਾਰੀ ਦੀ ਮੰਗ ਕਰਦਾ ਹੈ। ਜੇਕਰ ਉਹ ਉਚਿਤ ਨਿਆਂ ਪ੍ਰਾਪਤ ਕਰਨ ਲਈ ਕੰਮ ਨਹੀਂ ਕਰਦਾ ਤਾਂ ਇਹ ਪੇਸ਼ੇ ਦਾ ਅਪਮਾਨ ਹੈ।

ਨੱਬੇ ਦੇ ਦਹਾਕੇ ਵਿੱਚ ਇਹ ਰੌਲਾ ਪਿਆ ਕਿ ਚੀਫ਼ ਜਸਟਿਸ ਪੁੰਛੀ ਨੇ ਸੁਪਰੀਮ ਕੋਰਟ ਦੇ ਜੱਜ ਵਜੋਂ ਆਪਣੀ ਹੈਸੀਅਤ ਵਜੋਂ ਵੱਡੇ ਸ਼ਹਿਰ ਵਿੱਚ ਜ਼ਮੀਨ ਦੇ ਪਲਾਟਾਂ ਵਿੱਚ ਆਪਣਿਆਂ ਨੂੰ ਫਾਇਦਾ ਪਹੁੰਚਾਇਆ ਸੀ।ਜਸਟਿਸ ਪੁੰਛੀ ਭਾਰਤ ਦੇ ਚੀਫ਼ ਜਸਟਿਸ ਬਣ ਗਏ।

ਬਾਲਾਕ੍ਰਿਸ਼ਨਨ ਸਾਹਿਬ ਨੇ ਚੀਫ਼ ਜਸਟਿਸ ਆਫ਼ ਇੰਡੀਆ ਦਾ ਅਹੁਦਾ ਸੰਭਾਲਿਆ ਤਾਂ ਉਸ ਦਿਨ ਤੋਂ ਉਨ੍ਹਾ ਦੇ ਫ਼ੈਸਲਿਆਂ ਦੀ ਆਲੋਚਨਾ ਹੋਣ ਲੱਗੀ। ਪਹਿਲੇ ਹੀ ਫੈਸਲੇ ਵਿੱਚ ਉਨ੍ਹਾ ਇੱਕ ਜੱਜ ਨੂੰ ਪੱਕਾ ਕਰ ਦਿੱਤਾ ਸੀ, ਜਦੋਂ ਕਿ ਉਨ੍ਹਾਂ ਖ਼ਿਲਾਫ਼ ਲੱਗੇ ਦੋਸ਼ਾਂ ਕਾਰਨ ਉਹ ਪਿਛਲੇ ਸੱਤ-ਅੱਠ ਸਾਲਾਂ ਤੋਂ ਪ੍ਰੋਬੇਸ਼ਨ ’ਤੇ ਸਨ। ਚੀਫ਼ ਜਸਟਿਸ ਹੋਣ ਦੇ ਨਾਤੇ ਉਨ੍ਹਾ ਨੇ ਕਲੋਜ਼ੀਅਮ ਨੂੰ ਵੀ ਧਿਆਨ ਵਿੱਚ ਨਹੀਂ ਰੱਖਿਆ ਅਤੇ ਇਕੱਲੇ ਸੈਂਕੜੇ ਫੈਸਲੇ ਲਏ। ਕਿਹਾ ਜਾ ਸਕਦਾ ਹੈ ਕਿ ਇਹ ਨਿਆਂ ਪਾਲਿਕਾ ਦੀ ਤਾਨਾਸ਼ਾਹੀ ਨਹੀਂ ਤਾਂ ਹੋਰ ਕੀ ਸੀ ?

ਇਸ ਦੌਰਾਨ ਉਨ੍ਹਾਂ ਦੇ ਰਿਸ਼ਤੇਦਾਰਾਂ ਦੁਆਰਾ ਕਰੋੜਾਂ ਦੀ ਜਾਇਦਾਦ ਬਣਾਉਣ ਦਾ ਰੌਲ਼ਾ ਪਿਆ। ਬਾਅਦ ਵਿੱਚ ਉਸ ਨੂੰ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦਾ ਚੇਅਰਮੈਨ ਬਣਾ ਦਿੱਤਾ ਗਿਆ ।

ਬਹੁਤ ਸਾਲ ਪਹਿਲਾਂ, ਜਿਸ ਤਰ੍ਹਾਂ ਸੁਪਰੀਮ ਕੋਰਟ ਦੇ ਇੱਕ ਮਸ਼ਹੂਰ ਜੱਜ ਨੇ ਯੂਨੀਅਨ ਕਾਰਬਾਈਡ ਮਾਮਲੇ ਵਿੱਚ ਯੂਨੀਅਨ ਕਾਰਬਾਈਡ ਨੂੰ ਰਾਹਤ ਦਿੱਤੀ ਅਤੇ ਐਂਡਰਸਨ ਨੂੰ ਦੇਸ਼ ਛੱਡਣ ਵਿੱਚ ਮਦਦ ਕੀਤੀ ਹੋਣ ਦਾ ਰੌਲ਼ਾ ਪਿਆ ਸੀ। ਜਾਗਰੂਕ ਲੋਕਾਂ ਨੇ ਖੁੱਲ੍ਹ ਕੇ ਕਿਹਾ ਕਿ ਭੋਪਾਲ ਗੈਸ ਕਾਂਡ ਨੂੰ ਲੈ ਕੇ ਫੈਸਲਾ ਵਿਧਾਨ ਪਾਲਿਕਾ, ਕਾਰਜ ਪਾਲਿਕਾ ਅਤੇ ਨਿਆਂ ਪਾਲਿਕਾ ਵਿਚਕਾਰ ਮਿਲੀਭੁਗਤ ਸੀ।

ਇਸ ਲਈ ਦਿਨਾਕਰਨ, ਸੈਨ, ਨਿਰਮਲ ਤੇ ਮੌਜੂਦਾ ਸਮੇਂ ਵਿਚ ਹੋ ਰਹੇ ਸੱਤਾ ਦੇ ਹੱਕ ਵਿੱਚ ਫੈਸਲੇ ਨਿਆਂ ਪਾਲਿਕਾ ਦੀ ਦੇਵੀ ਨੂੰ ਹੀ ਕਟਹਿਰੇ ਵਿੱਚ ਖੜਾ ਕਰ ਰਹੇ ਹਨ।

ਪਿਛਲੇ ਦਿਨਾਂ ਵਿੱਚ ਜੱਜ ਓਕਾ ਨੇ ਕਿਹਾ ਹੈ ਸਾਰੇ ਲੋਕਾਂ ਨੂੰ ਨਿਆਂ ਨਹੀਂ ਮਿਲ ਰਿਹਾ।ਇਸ ਕਰਕੇ ਸਾਨੂੰ ਆਪਣੀ ਪਿੱਠ ਨਹੀਂ ਥਾਪੜਨੀ ਚਾਹੀਦੀ।

ਉਪਰਲੇ ਪੱਧਰ ’ਤੇ ਜੱਜਾਂ ਦੀ ਚੋਣ, ਫੈਸਲੇ ਹੱਕ-ਸੱਚ ’ਤੇ ਹੋਣ। ਇਹ ਨਾ ਹੋਵੇ ਉਹੀ ਇਹਨਾਂ ਵਿਵਾਦਾਂ ਵਿੱਚ ਘਿਰ ਜਾਣ। ਜਸਵੰਤ ਵਰਮਾ ਵਾਂਗ ਆਪ ਹੀ ਆਪਣੇ ਬਚਾਅ ਲਈ ਵਕੀਲਾਂ ਨਾਲ ਸਲਾਹਾਂ ਕਰਦੇ ਫਿਰਦੇ ਰਹਿਣ। ਹੋ ਸਕਦਾ ਹੈ ਕਾਫੀ ਕੁਝ ਠੀਕ ਹੋਵੇ, ਪਰ ਘੱਟੋ-ਘੱਟੋ ਸਭ ਕੁਝ ਠੀਕ ਨਹੀਂ ਹੈ । ਬਹੁਤ ਕੁਝ ਠੀਕ ਕਰਨ ਵਾਲਾ ਹੈ। ਫੈਸਲੇ ਤਾਂ ਬਦਲੇ ਜਾਂਦੇ ਹਨ। ਧੱਕਾ ਤਾਂ ਲੋਕਾਂ ਨਾਲ ਹੋ ਜਾਂਦਾ ਹੈ। ਸਭ ਤੋਂ ਵੱਡੀ ਗੱਲ ਨਿਆਂ ਗਰੀਬ ਦੇ ਵੱਸ ਦਾ ਨਹੀਂ ਰਿਹਾ ।ਸਭ ਠੀਕ ਹੋਣਾ ਚਾਹੀਦਾ ਹੈ, ਨਹੀਂ ਤਾਂ ਫਿਰ ਇਸ ’ਤੇ ਕਿਸੇ ਦਾ ਯਕੀਨ ਨਹੀਂ ਰਹਿਣਾ। ਕਿਤੇ ਜੱਜਾਂ ਨੂੰ ਖੁਦ ਹੀ ਵਕੀਲ ਨਾ ਕਰਨੇ ਪੈ ਜਾਣ।

ਕਿਸੇ ਨੇ ਠੀਕ ਲਿਖਿਆ ਵੀ ;
ਇਥੇ ਜੱਜਾਂ ਨੂੰ ਵੀ ਪੈਂਦੇ ਨੇ ਵਕੀਲ ਕਰਨੇ।

ਹੋਣੇ ਵੀ ਚਾਹੀਦੇ ਹਨ, ਉਹਨਾਂ ਨੂੰ ਡਰ ਰਹੇ ਤਾਂ ਵਧੀਆ ਹੈ। ਇਹ ਨਾ ਹੋਵੇ ਕਿ ਉਹ ਆਪਣੀਆਂ ਮਨਮਾਨੀਆਂ ਕਰਦੇ ਰਹਿਣ। ਆਖਿਰ ਇਨਸਾਫ਼ ਦੀ ਦੇਵੀ ਨੂੰ ਸਭ ਨਾਲ ਨਿਆਂ ਕਰਨਾ ਚਾਹੀਦਾ ਹੈ ।

**# ਸੰਪਰਕ : 94636-03091**

ਭੋਗ ’ਤੇ ਵਿਸ਼ੇਸ਼

# ਲੋਕ ਵੇਦਨਾ ਦੀ ਬਾਤ ਪਾਉਣ ਵਾਲਾ ਡਾ. ਹਰਜਿੰਦਰ ਸਿੰਘ ਅਟਵਾਲ

ਡਾ. ਲਾਭ ਸਿੰਘ ਖੀਵਾ

ਪੰਜ ਦਹਾਕਿਆਂ ਤੋਂ ਮੇਰੇ ਨਾਲ ਦੋਸਤੀ ਨਿਭਾਉਂਦਾ ਆਇਆ ਸੀ। ਜਦੋਂ ਵੀਹਵੀਂ ਸਦੀ ਦੇ 70ਵਿਆਂ ਦੌਰਾਨ ਪਟਿਆਲਾ ਯੂਨੀਵਰਸਿਟੀ ਵਿਖੇ ਉੱਚ ਵਿੱਦਿਆ ਲੈਣ ਲਈ ਅਸੀਂ ਇੱਕੋ ਵਿਭਾਗ ਦੇ ਵਿਦਿਆਰਥੀ ਅਤੇ ਇੱਕੋ ਹੋਸਟਲ ਦੇ ਵਾਸੀ ਬਣੇ, ਉਦੋਂ ਤੋਂ ਜਾਣ-ਪਛਾਣ ਦਾ ਬੂਟਾ ਰਫ਼ਤਾ-ਰਫ਼ਤਾ ਦੋਸਤੀ ਦਾ ਬਿਰਖ ਬਣ ਗਿਆ। ਤੂਫਾਨ-ਭੁਚਾਲ ਆਏ, ਨਹੀ ਡੋਲਿਆ। ਚਿੱਤ-ਚੇਤੇ ਵੀ ਨਹੀਂ ਸੀ ਕਿ ਉਹ ਮੇਰੇ ਨਾਲੋਂ ਪਹਿਲਾਂ ਉੱਖੜ ਜਾਵੇਗਾ । ਸਾਡੀ ਨਾ ਇਲਾਕੇ ਦੀ ਸਾਂਝ ਸੀ ਤੇ ਨਾ ਹੀ ਵਿਚਾਰਧਾਰਾ ਦੀ। ਵਿਦਿਆਰਥੀ ਯੂਨੀਅਨ ਦੀਆਂ ਚੋਣਾਂ ਲੜੇ, ਇੱਕ-ਦੂਜੇ ਵਿਰੁੱਧ ਉਮੀਦਵਾਰ ਬਣ ਕੇ। ਕਾਲਜ ਅਧਿਆਪਕਾਂ ਦੇ ਸੰਗਠਨ ਵਿੱਚ ਵਿਰੋਧੀ ਹੋ ਕੇ ਚੋਣਾਂ ਲੜਦੇ ਰਹੇ। ਲੇਖਕ ਸਭਾਵਾਂ ਵਿੱਚ ਵੀ ਆਪੋ ਆਪਣੇ ਗਰੁੱਪਾਂ ਵਿੱਚ ਵਿਚਰਦੇ ਰਹੇ, ਪਰ ਦੋਸਤੀ ਦੀ ਤਾਰ ਕਿਸੇ ਹੋਰ ਧਾਤ ਦੀ ਬਣੀ ਹੋਈ ਸੀ, ਜਿਸ ਕਰਕੇ ਇਸ ਧਾਤ ਨੂੰ ਕੋਈ ਆਂਚ ਨਾ ਆਈ। ਪਰਵਾਰਕ ਸੰਬੰਧ ਸਾਵੇਂ-ਪੱਧਰੇ ਰਹੇ।



ਸਮਾਜਿਕ ਤੇ ਸਾਹਿਤਕ ਖੇਤਰ ਵਿੱਚ ਸਾਡੀ ਸੋਚ ਦਾ ਧੁਰਾ ਇੱਕੋ ਸੀ। ਸਮਾਜਿਕ ਤੌਰ ’ਤੇ ਸੱਚੀਆਂ-ਸੁੱਚੀਆਂ ਕਦਰਾਂ-ਕੀਮਤਾਂ ਦੀ ਕਦਰ ਕਰਨੀ । ਮਾਨਵਵਾਦੀ ਜੀਵਨ -ਸ਼ੈਲੀ ਨੂੰ ਅਪਣਾਉਣਾ ਤੇ ਨਿਭਾਉਣਾ । ਕਿਰਦਾਰ ਦੀ ਭਰੋਸੇਯੋਗਤਾ ਬਣਾਈ ਰੱਖੇ ਜਾਣ ਨੂੰ ਤਰਜੀਹ ਦੇਣੀ, ਤਾਂ ਕਿ ਮੰਡੀ ਦੀ ਵਸਤੂ ਨਾ ਬਣਿਆ ਜਾਵੇ । ਅਟਵਾਲ ਦੀ ਸ਼ਖ਼ਸੀਅਤ ਵਿੱਚ ਇਹਨਾਂ ਗੁਣਾਂ ਦੀ ਵੱਧ ਮਾਤਰਾ ਸੀ। ਇਹੀ ਕਾਰਨ ਹੈ ਕਿ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੀ ਭੂਤਕਾਲੀ ਚੋਣ ਪ੍ਰਕਿਰਿਆ ਵਿੱਚ ਆਈ ਖੜੋਤ ਨੂੰ ਤੋੜਨ ਲਈ ਦੋਵਾਂ ਧੜਿਆਂ ਨੇ ਡਾ. ਅਟਵਾਲ ਨੂੰ ਸਾਲਸ ਮੰਨਿਆ ਤੇ ਉਸ ਦੇ ਫੈਸਲੇ ਮੁਤਾਬਕ ਚੋਣਾਂ ਹੋਈਆਂ ।

ਦਰਅਸਲ, ਡਾ. ਅਟਵਾਲ ਨੂੰ ਯੂਨੀਅਨਾਂ/ ਸਭਾਵਾਂ ਵਿੱਚ ਮੇਰੇ ਵਾਂਗ ਤੋਰੇ-ਫੇਰੇ ਦਾ ਡਾਢਾ ਭੁਸ ਪੈ ਗਿਆ ਸੀ । ਇਸ ਸੰਬੰਧੀ ਉਹ ਮੇਰੇ ਨਾਲ ਸਲਾਹ-ਮਸ਼ਵਰਾ ਵੀ ਕਰਦਾ । ਹੁਣ ਉਸ ਨੂੰ ਚੋਣਾਂ ਲੜਨ-ਲੜਾਉਣ ਦਾ ਚੋਖਾ ਤਜਰਬਾ ਹੋ ਚੁੱਕਾ ਸੀ। ਉਹ ਅਧਿਆਪਕ ਯੂਨੀਅਨ ’ਚ ਜ਼ੋਨਲ- ਸਕੱਤਰ ਜਿੱਤ ਕੇ ਅੰਮ੍ਰਿਤਸਰ ਯੂਨੀਵਰਸਿਟੀ ਤੱਕ ਝੰਡੇ ਗੱਡ ਆਉਂਦਾ । ਅੱਜਕੱਲ੍ਹ ਉਹ ਕੇਂਦਰੀ ਪੰਜਾਬੀ ਲੇਖਕ ਸਭਾ ਦਾ ਸੀਨੀਅਰ ਮੀਤ ਪ੍ਰਧਾਨ ਸੀ। ਕਾਫੀ ਸਮਾਂ ਉਹ ‘ਰੋਜ਼ਾਨਾ ਨਵਾਂ ਜ਼ਮਾਨਾ’ ਦਾ ਸਾਹਿਤ ਸੰਪਾਦਕ ਵੀ ਰਿਹਾ।

ਡਾ. ਅਟਵਾਲ ਨੇ ਸ਼ਾਹ ਹੁਸੈਨ ਦੀਆਂ ਕਾਫੀਆਂ, ਸੁਜਾਨ ਸਿੰਘ ਤੇ ਸੰਤੋਖ ਸਿੰਘ ਧੀਰ ਦੀਆਂ ਕਹਾਣੀਆਂ, ਪਰਵਾਸੀ ਸਾਹਿਤ ਤੇ ਹੋਰ ਮਜ਼ਮੂਨਾਂ ਸਮੇਤ ਸੱਤ ਪੁਸਤਕਾਂ ਲਿਖ ਕੇ ਪੰਜਾਬੀ ਸਾਹਿਤ -ਚਿੰਤਨ ਨੂੰ ਅਮੀਰ ਕੀਤਾ । ਉਸ ਦੀ ਆਖ਼ਰੀ ਕਿਤਾਬ ‘ਲੋਕ ਵੇਦਨਾ’ ਸੀ। ਏਕਤਾ ਵਿਹੂਣੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਤੇ ਜ਼ੋਰ-ਜਬਰ ਕਰਦੀਆਂ ਸਰਕਾਰਾਂ ਵਿਚਕਾਰ ਪਿਸੀ ਲੋਕ- ਵੇਦਨਾ ਦੀ ਬਾਤ ਪਾਉਂਦਾ ਉਹ ਅਚਾਨਕ ਸਦਾ ਦੀ ਨੀਂਦ ਸੌਂ ਗਿਆ। ਇਸ ਲੋਕ- ਵੇਦਨਾ ਦੀ ਬਾਤ ਪਾਉਂਦੇ ਰਹਿਣਾ ਹੀ ਉਸ ਨੂੰ ਸੱਚੀ ਸ਼ਰਧਾਂਜਲੀ ਹੈ।

**# ਸੰਪਰਕ : 94171-78487**

# ਹੁਸੀਨ ਮੁਟਿਆਰ, ਕਾਲੇ ਰੰਗ ਦੀ ਥਾਰ ਤੇ ਚਿੱਟੇ ਦਾ ਵਪਾਰ



ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ

ਪਿਛਲੇ ਇੱਕ ਹਫ਼ਤੇ ਤੋਂ ਚਰਚਾ ’ਚ ਆਈ ਇੱਕ ਹੁਸੀਨ ਮੁਟਿਆਰ ਨੇ ਸਭ ਦਾ ਧਿਆਨ ਆਪਣੇ ਵੱਲ ਕੇਂਦ੍ਰਤ ਕੀਤਾ ਹੋਇਆ ਹੈ, ਜਿਸ ਦੇ ਕਾਰਨਾਮਿਆ ਨੂੰ ਦੇਖ ਕੇ ਸਹਿਜੇ ਹੀ ਆਪ-ਮੁਹਾਰੇ ਮੂੰਹੋਂ ਨਿਕਲਦਾ ਹੈ ਕਿ ਅੱਜ ਦੇ ਯੁੱਗ ’ਚ ਇੱਕ ਔਰਤ ਮਨੁੱਖ ਦੇ ਬਰਾਬਰ ਦੀ ਕੁਝ ਨਹੀਂ ਕਰ ਸਕਦੀ, ਜੇ ਭਾਰਤੀ ਮੂਲ ਦੀ ਮੁਟਿਆਰ ਸੁਨੀਤਾ ਵਿਲੀਅਮਜ਼ 9 ਦਿਨ ਦੀ ਬਜਾਏ 9 ਮਹੀਨੇ ਪੁਲਾੜ ’ਚ ਰਹਿ ਕੇ ਇੱਕ ਰਿਕਾਰਡ ਕਾਇਮ ਕਰ ਸਕਦੀ ਹੈ, ਤਾਂ ਇੱਕ ਔਰਤ ਲਈ ਨਸ਼ਿਆਂ ਦਾ ਵਪਾਰ ਕਰਨਾ ਕਿੰਨੀ ਕੁ ਔਖਾ ਹੈ, ਜਿਵੇਂ ਪੁਲਸ ਦੀ ਕਾਂਸਟੇਬਲ ਅਮਨਦੀਪ ਕੌਰ ਨੇ ਸਮਾਣਾ ਜੇਲ੍ਹ ’ਚ ਭਰਤੀ ਹੋ ਕੇ ਸਰਵਿਸ ਕਰਨ ਲਈ ਜ਼ਿਲ੍ਹਾ ਬਠਿੰਡਾ ਦਾ ਨੰਬਰ ਪ੍ਰਾਪਤ ਕੀਤਾ, ਉੱਥੇ ਵੀ ਉਹਨੇ ਸਖ਼ਤ ਡਿਊਟੀ ਨਹੀਂ ਕੀਤੀ, ਜਿਹੜੀ ਇੱਕ ਆਮ ਕਾਂਸਟੇਬਲ ਨੂੰ ਕਰਨੀ ਪੈਂਦੀ ਹੈ, ਉਹ ਕਿਹੜੀ ਸ਼ਕਤੀ ਹੈ, ਜਿਸ ਨੇ ਇਸ ਨੂੰ ਬਠਿੰਡੇ ਦੇ ਇੱਕ ਹਸਪਤਾਲ ’ਚ ਸੁਖਾਲੀ ਨੌਕਰੀ ਕਰਵਾਈ, ਉਹ ਨੌਕਰੀ ਵੀ ਉਦੋਂ ਪ੍ਰਾਪਤ ਕੀਤੀ, ਜਦੋਂ ਨਾ ਇਸ ਪਾਸ ਕੋਈ ਨਰਸਿੰਗ ਜਾਂ ਡਾਕਟਰੀ ਦਾ ਅਭਿਆਸ ਸੀ। ਇਸ ਅਮਨਦੀਪ ਕੌਰ ਦੀ ਹੁਸ਼ਿਆਰੀ ਉਸ ਵੇਲੇ ਤੁਹਾਡੇ ’ਤੇ ਇੱਕ ਅਸਰ ਛੱਡਦੀ ਹੈ, ਜਦ ਤੁਹਾਨੂੰ ਇਹ ਗਿਆਨ ਹੁੰਦਾ ਹੈ ਕਿ ਕਿਸ ਤਰ੍ਹਾਂ ਇਸ ਨੇ ਇੱਕ ਮੁਲਾਕਾਤ ’ਚ ਬਲਵਿੰਦਰ ਸਿੰਘ ਐਂਬੂਲੈਂਸ ਦੇ ਡਰਾਈਵਰ ਨੂੰ ਆਪਣੇ ਮੱਕੜ ਜਾਲ ’ਚ ਫਸਾ ਕੇ ਵੱਡੀ ਕਮਾਈ ਕਰਨ ਦਾ ਸੁਪਨਾ ਦਿਖਾਇਆ। ਜਿਵੇਂ ਸਭ ਜਾਣਦੇ ਹਨ ਕਿ ਆਮ ਕਰਕੇ ਕਰੋਨਾ ਕਾਲ ਤੋਂ ਲੈ ਕੇ ਹੁਣ ਤੱਕ ਆਮ ਕਰਕੇ ਐਂਬੂਲੈਂਸ ਨੂੰ ਆਮ ਪੁਲਸ ਨਾਕਿਆ ’ਤੇ ਰੋਕਿਆ ਨਹੀਂ ਜਾਂਦਾ। ਬਸ ਫੇਰ ਕੀ ਸੀ, ਇਸ ਬੀਬੀ ਅਤੇ ਇਸ ਕਾਕੇ ਦੀ ਦੋ ਦੂਣੀ ਚਾਰ, ਚਾਰ ਦੂਣੀ ਅੱਠ, ਕਮਾਈ ਸਿਖਰਾਂ ਛੂਹਣ ਲੱਗੀ।

ਮੁਢਲੀ ਜਾਣਕਾਰੀ ਮੁਤਾਬਕ ਭਾਵੇਂ ਹੁਸੀਨਾ ਕੋਲੋ 17.71 ਗ੍ਰਾਮ ਹੀ ਚਿੱਟਾ ਮਿਲਿਆ, ਪਰ ਉਸ ਦੀਆਂ ਐਨਕਾਂ, ਘੜੀਆਂ ਅੱਧੀ ਦਰਜਨ ਵੱਖ-ਵੱਖ ਕਾਰਾਂ, ਮੋਟਰਸਾਈਕਲ ਤੇ ਸਕੂਟਰ, ਦੋ ਕਰੋੜ ਦੀ ਕੋਠੀ ਅਤੇ ਕੋਠੀ ਦੇ ਪਿਛਵਾੜੇ ਆਰਾਮਦਾਇਕ ਕੁਰਸੀਆਂ, ਰਾਜਿਆਂ ਵਰਗੀ ਜ਼ਿੰਦਗੀ ਵੱਲ ਇਸ਼ਾਰਾ ਦਾ ਕਰ ਰਹੀਆਂ ਹਨ।

ਪਹਿਲਾ ਪਿਆਰ ਵਿਆਹ ਇੱਕ ਟੀਚਰ ਨਾਲ ਕੀਤਾ, ਜੋ ਪਹਿਲਾਂ ਤੋਂ ਹੀ ਇਸ ਦੀ ਪੜ੍ਹਾਈ ’ਚ ਯੋਗਦਾਨ ਪਾ ਰਿਹਾ ਸੀ, ਨੂੰ ਟਾਇਰ ਬਦਲਣ ਵਾਂਗ ਇੱਕ ਝਟਕੇ ਨਾਲ ਹੀ ਆਪਣੇ ਤੋਂ ਅਲੱਗ ਕਰ ਦਿੱਤਾ, ਬਹੁਤਾ ਰੌਲਾ ਨਾ ਪਓ, ਦਾਜ-ਦਹੇਜ ਦੇ ਕੇਸ ਉਸ ਦੇ ਪਰਵਾਰ ’ਤੇ ਫਿਟ ਕਰ ਦਿੱਤੇ, ਜਿਸ ਕਾਰਨ ਕਰਕੇ ਇਸ ਦੇ ਰਿਸ਼ਤੇ ’ਚ ਲੱਗਦੇ ਸਹੁਰਾ ਸਾਹਿਬ ਵੀ ਇਸ ਜਹਾਨ ਨੂੰ ਅਚਾਨਕ ਅਲਵਿਦਾ ਕਹਿ ਗਏ, ਫੇਰ ਇਹ ਆਪਣੇ ਜਾਲ ਵਿੱਚ ਇੱਕ ਵਿਆਹੇ ਹੋਏ ਬਲਵਿੰਦਰ ਸਿੰਘ ਡਰਾਈਵਰ ਨੂੰ ਫਸਾਉਂਦੀ ਹੈ, ਜਿਹੜਾ ਇਸ ਦੇ ਜਾਲ ’ਚ ਫਸ ਕੇ ਆਪਣੀ ਪਤਨੀ ਸਮੇਤ ਆਪਣੀਆਂ ਬੱਚੀਆਂ ਨੂੰ ਭੁੱਲ ਬੈਠਦਾ ਹੈ।

ਅਗਰ ਇਸ ਹੁਸੀਨਾ ਦੇ ਪੁਲਸ ਨਾਲ ਸੰਬੰਧਾਂ ਦੀ ਗੱਲ ਕਰੀਏ ਤਾਂ ਪੰਜਾਬ ਪੁਲਸ ’ਚ ਕੋਈ ਮਾਈ ਦਾ ਲਾਲ ਆਪਣਾ ਹੱਥ ਨਹੀਂ ਖੜ੍ਹਾ ਕਰ ਸਕਦਾ ਕਿ ਮੈਂ ਅਮਨਦੀਪ ਕੌਰ ਦੇ ਯਤਨਾਂ ਦੇ ਬਾਵਜੂਦ ਉਸ ਦੇ ਜਾਲ ’ਚ ਨਹੀਂ ਫਸਿਆ। ਅਸਪੱਸ਼ਟ ਖ਼ਬਰਾਂ ਮੁਤਾਬਕ ਜਲੰਧਰ ਦਾ ਵੱਡਾ ਅਫ਼ਸਰ, ਜੋ ਬਦਲ ਕੇ ਲੁਧਿਆਣੇ ਬਦਲੀ ਕਰਵਾ ਗਿਆ ਜਾਂ ਸਰਕਾਰ ਨੇ ਕਰਵਾ ਦਿੱਤੀ ਜਾਂ ਕਰ ਦਿੱਤੀ, ਜਿਸ ਬਾਰੇ ਇਹ ਵੀ ਇੱਕ ਰੌਲਾ ਹੈ ਕਿ ਇਹ ਲੁਧਿਆਣੇ ਦੀ ਜ਼ਿਮਨੀ ਚੋਣ ਜਿਤਾਉਣ ਖਾਤਰ ਉਥੇ ਲਾਇਆ ਗਿਆ। ਖ਼ਬਰਾਂ ਮੁਤਾਬਕ ਉਸ ਦੀਆਂ ਪਿਆਰ-ਪੀਂਘਾ ਦੀ ਚਰਚਾ ਅਮਨਦੀਪ ਕੌਰ ਨਾਲ ਹੋ ਰਹੀ ਹੈ।

ਅਮਨਦੀਪ ਕੌਰ ਏਨੀ ਚੁਸਤ ਅਤੇ ਚਲਾਕ ਹੈ ਕਿ ਉਹ ਇੱਕ ਸਾਧੂ ਸੰਤ ’ਤੇ ਵੀ ਜਬਰ ਜ਼ਨਾਹ ਦਾ ਕੇਸ ਪਾ ਕੇ ਸਮਝੌਤਾ ਕਰ ਚੁੱਕੀ ਹੈ। ਇਹ ਉਹ ਅਮਨਦੀਪ ਕੌਰ ਹੈ, ਜਿਹੜੀ ਐੱਸ ਆਈ ਤੋਂ ਲੈ ਕੇ ਡੀ ਐੱਸ ਪੀ ਤੱਕ ਪੁਲਸ ਦੇ ਅਹੁਦੇਦਾਰਾਂ ਨੂੰ ਕੀੜੇ-ਮਕੌੜਿਆ ਵਾਂਗ ਵਿਹਾਰ ਕਰਦੀ ਸੀ। ਬਹਾਦਰ ਆਈ ਪੀ ਐੱਸ ਅਫ਼ਸਰ, ਧਾਲੀਵਾਲ ਨੇ ਜਿਸ ਤਰ੍ਹਾਂ ਇਸ ਨੂੰ ਰਾਊਂਡ-ਅੱਪ ਕੀਤਾ, ਉਹ ਇੱਕ ਬਹੁਤ ਵੱਡੀ ਵਧਾਈ ਦੇ ਹੱਕਦਾਰ ਹਨ, ਉਨ੍ਹਾ ਦੀ ਜਿੰਨੀ ਸਿਫ਼ਤ ਕੀਤੀ ਜਾਵੇ, ਓਨੀ ਥੋੜ੍ਹੀ ਹੈ। ਉਸ ਅੱਗੇ ਜਿਵੇਂ ਹੁਸੀਨਾ ਅਮਨਦੀਪ ਕੌਰ ਨੇ ਉੱਚ ਅਫ਼ਸਰਾਂ ਨੂੰ ਫੋਨ ਕਰਨ ਦੇ ਹਾੜੇ ਕੱਢੇ, ਉਹ ਜਾਨਣਯੋਗ ਹਨ। ਮੌਕੇ ਦੇ ਈਮਾਨਦਾਰ ਅਫ਼ਸਰ ਧਾਲੀਵਾਲ ਸਾਹਿਬ ਨੇ ਮੁਲਜ਼ਮ ਦੇ ਦੋਵੇਂ ਆਈ ਫੋਨ ਕਬਜ਼ੇ ’ਚ ਲੈ ਕੇ ਇੱਕ ਇਸਤਰੀ ਪੁਲਸਮੈਨ ਤੋਂ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ। ਪੁਰਾਣੇ ਸਮਿਆਂ ’ਚ ਪਸ਼ੂਆਂ ਦੀ ਚੋਰੀ ਸਮੇਂ ਚੋਰ ਨੂੰ ਫੜਨ ਲਈ ਪਹਿਲਾਂ ਉਨ੍ਹਾਂ ਦੀ ਪੈਰ ਨੱਪੀ ਜਾਂਦੀ ਸੀ, ਫੇਰ ਦੋਸ਼ੀ ਖੋਜਿਆ ਜਾਂਦਾ ਸੀ। ਠੀਕ ਉਸੇ ਤਰ੍ਹਾਂ 17.71 ਗ੍ਰਾਮ ਇਹ ਛੋਟੀ ਰਿਕਵਰੀ ਇਨਵੈਸਟੀਗੇਸ਼ਨ ਅਥਾਰਟੀ ਨੂੰ ਉਸ ਸਟੋਕ ਤੱਕ ਪਹੁੰਚਾਵੇਗੀ, ਜਿਸ ਸਟੋਕ ’ਚ ਐਨਕਾਂ ਤੇ ਪਹਿਨਿਆ ਹੋਇਆ ਸੋਨਾ ਤੇ 25 ਲੱਖ ਦੀ ਰੋਲੋਕਸ ਘੜੀ ਨੇ ਜਨਮ ਲਿਆ। ਇਹ ਸਭ ਕੁਝ ਆਪ-ਮੁਹਾਰੇ ਨਹੀਂ ਚੱਲਣਾ, ਇਸ ਵਿੱਚ ਕਾਫ਼ੀ ਰੁਕਾਵਟਾਂ ਪੇਸ਼ ਆਉਣਗੀਆਂ, ਜਿਨ੍ਹਾਂ ਰੁਕਾਵਟਾਂ ਵਿੱਚ ਰੋੜੇ ਦਾ ਕੰਮ ਪੁਲਸ ਕਰਮਚਾਰੀ, ਸਿਆਸੀ ਰਸੂਖ, ਮੌਜੂਦਾ ਪੰਜਾਬ ਸਰਕਾਰ ਦੇ ਮੰਤਰੀ ਤੱਕ ਵੀ ਹੋ ਸਕਦੇ ਹਨ। ਇਸ ਵਰਤਮਾਨ ਘਟਨਾ ਨੇ ਵਾਕਿਆ ਹੀ ਪੰਜਾਬ ਸਰਕਾਰ ਨੂੰ ਅਤੇ ਖਾਸ ਕਰ ਮੁੱਖ ਮੰਤਰੀ ਭਗਵੰਤ ਮਾਨ ਨੂੰ ਇੱਕ ਕਰੜੇ ਇਮਤਿਹਾਨ ’ਚ ਪਾ ਦਿੱਤਾ ਹੈ ਕਿ ਪਕੜੀ ਹੋਈ ਨਾਰ ਤੇ ਕਾਲੀ ਥਾਰ ਰਾਹੀਂ ਚਿੱਟੇ ਦਾ ਵਪਾਰ ਮਲੀਆਮੇਟ ਕਰਨ ਲਈ ਕੀ ਸੱਚਮੁੱਚ ਬੁਲਡੋਜ਼ਰ ਹੈ ਤਿਆਰ ਜਾਂ ਮੌਕੇ ’ਤੇ ਉਹ ਵੀ ਹੋ ਜਾਵੇਗਾ ਖਰਾਬ!

ਸਭ ਉਹ ਲੋਕ, ਜੋ ਸਰਕਾਰ ਨੂੰ ਆਪਣੀ ਸਮਝਦੇ ਹਨ, ਜਿਹੜੇ ਵਿਰੋਧੀ ਹੋ ਕੇ ਆਲੋਚਕਾਂ ਦਾ ਰੋਲ ਅਦਾ ਕਰ ਰਹੇ ਹਨ ਅਤੇ ਇੱਕ ਹਿੱਸਾ ਉਹ ਵੀ, ਜੋ ਹਰ ਚੰਗੀ -ਮਾੜੀ ਘਟਨਾ ’ਤੇ ‘ਸਾਨੂੰ ਕੀ’ ਕਹਿ ਕੇ ਗੱਲ ਅੱਗੇ ਤੋਰ ਦਿੰਦੇ ਹਨ, ਦੀਆਂ ਨਿਗਾਹਾਂ ਉਸ ਦਿਨ ’ਤੇ ਲੱਗੀਆਂ ਹੋਈਆਂ ਹਨ ਕਿ ਇਸ ਡਰਾਮੇ ਦਾ ਆਖਰੀ ਸੀਨ ਕਿਹੋ ਜਿਹਾ ਹੋਵੇਗਾ, ਅੱਜ ਦੇ ਦਿਨ ਇਹ ਸਭ ਕੁਝ ਭਵਿੱਖ ਦੀ ਕੁੱਖ ਵਿੱਚ ਪਿਆ ਹੈ।

**# ਸੰਪਰਕ : 98721-65741**

## ਪਾਠਕ-ਸੱਥ

### ਅਸਹਿ ਤੇ ਅਕਹਿ ਜ਼ੁਲਮ-ਓ-ਤਸ਼ੱਦਦ

ਸੱਤ ਅਪਰੈਲ ਦਾ ਸੰਪਾਦਕੀ ‘ਜਦੋਂ ਇਤਿਹਾਸ ਪੁੱਛੇਗਾ ?’ ਪੜ੍ਹ ਕੇ ਅਸਹਿ ਤੇ ਅਕਹਿ ਜ਼ੁਲਮ-ਓ-ਤਸ਼ੱਦਦ ਸਹਿ ਰਹੇ ਫਲਸਤੀਨੀ ਲੋਕਾਂ ਦੇ ਦੁੱਖ-ਦਰਦ ਬਾਰੇ ਸੋਚਦਿਆਂ ਮੈਨੂੰ ਬਹੁਤ ਚਿਰ ਪਹਿਲਾਂ ਸਵਰਗੀ ਢਾਡੀ ਸੋਹਣ ਸਿੰਘ ਸੀਤਲ ਤੋਂ ਸੁਣੀ ਹੋਈ ਇਹ ਗੱਲ ਚੇਤੇ ਆਈ ਕਿ ‘ਗੁਰੂ ਮਾਰੀ ਸਰਹਿੰਦ’ ਦੇ ਸੂਬੇਦਾਰ ਵਜੀਦ ਖਾਨ ਨੂੰ ਖਤਮ ਕਰਨ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਦੀ ਫੌਜ ਸਰਹਿੰਦ ਸ਼ਹਿਰ ਵਿਚ ਵੜ ਕੇ ਵਜੀਦ ਖਾਨ ਦੀ ਰਿਹਾਇਸ਼ ਦੇ ਲਾਗੇ-ਚਾਗੇ ਦੇ ਵਸਨੀਕਾਂ ਦਾ ਇਕ-ਵਾਢਿਉਂ ਕਤਲੇਆਮ ਕਰਨ ਲੱਗੀ ਤਾਂ ਬਾਬਾ ਜੀ ਦੇ ਕੁੱਝ ਬਜ਼ੁਰਗ ਸਾਥੀਆਂ ਨੇ ਇਹ ਕੰਮ ਕਰਨ ਤੋਂ ਵਰਜਿਆ।

ਬਾਬਾ ਬੰਦਾ ਸਿੰਘ ਬਹਾਦਰ ਨੇ ਕਤਲੇਆਮ ਤਾਂ ਬੰਦ ਕਰਵਾ ਦਿੱਤਾ ਪਰ ਰੋਹ ’ਚ ਆ ਕੇ ਕਿਹਾ ਕਿ ਜਿਸ ਸ਼ਹਿਰ ਦੇ ਵਸਨੀਕ ਨਿੱਕੇ ਮਾਸੂਮ ਬਾਲਾਂ ਨੂੰ ਨੀਹਾਂ ਵਿਚ ਚਿਣੇ ਜਾਂਦੇ ਦੇਖ ਕੇ ਚੁੱਪ ਵੱਟ ਕੇ ਬੈਠੇ ਰਹੇ ਤਾਂ ਉਹ ਵੀ ਦੰਡ ਦੇਣ ਦੇ ਅਧਿਕਾਰੀ ਹੋਏ ਕਿ ਨਹੀਂ ?

ਸੋ ਤੁਸੀਂ ਆਪਣੀ ਇਸ ਸੰਪਾਦਕੀ ਵਿਚ ਯੂ.ਐਨ.ਓ, ਅੰਤਰਰਾਸ਼ਟਰੀ ਅਦਾਲਤਾਂ ਅਤੇ ਮਨੁੱਖੀ ਅਧਿਕਾਰ ਸੰਸਥਾਵਾਂ ਨੂੰ ਸਹੀ ਮੌਕੇ ਝੰਜੋੜਿਆ ਹੈ ।

ਬਕੌਲ ਅਕਬਰ ਇਲਾਹਾਬਾਦੀ-
‘ਖਾਮੋਸ਼ੀ ਜੁਰਮ ਹੈ ਜਬ ਮੂੰਹ ਮੇਂ ਜੁਬਾਂ ਹੋ ਅਕਬਰ,
ਚੁੱਪ ਰਹਨਾ ਭੀ ਤੋ ਹੈ ਜ਼ਾਲਮ ਕੀ ਹਮਾਇਤ ਕਰਨਾ !’

**-ਤਰਲੋਚਨ ਸਿੰਘ ਦੁਪਾਲਪੁਰ, ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ**, 78146-92724

### ਭ੍ਰਿਸ਼ਟਾਚਾਰ ਨੂੰ ਨਕੇਲ

ਪਿਛਲੇ ਦਿਨਾਂ ਤੋਂ ਨਸ਼ਾ ਤਸਕਰਾਂ ਦੇ ਘਰਾਂ ’ਤੇ ਬੁਲਡੋਜ਼ਰ ਚੱਲ ਰਹੇ ਹਨ ,ਚੰਗੀ ਗੱਲ ਹੈ , ਚੱਲਣੇ ਵੀ ਚਾਹੀਦੇ ਹਨ । ਘਰਾਂ ਦੇ ਘਰ ਉਜਾੜ ਦਿੱਤੇ, ਇਨ੍ਹਾਂ ਨਸ਼ਾ ਤਸਕਰਾਂ ਨੇ । ਪਤਾ ਚਲਦਾ ਹੈ ਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਉਸਾਰੀਆਂ ਸਰਕਾਰੀ, ਪੰਚਾਇਤੀ, ਨਗਰ ਨਿਗਮਾਂ ਜਾਂ ਜੰਗਲਾਤ ਵਿਭਾਗ ਦੀਆਂ ਥਾਵਾਂ ’ਤੇ ਨਜਾਇਜ਼ ਕਬਜ਼ਾ ਕੇ ਕੀਤੀਆਂ ਗਈਆਂ ਹਨ। ਸੁਝਾਅ ਹੈ ਕਿ ਬੁਲਡੋਜ਼ਰ ਉਨ੍ਹਾਂ ਭ੍ਰਿਸ਼ਟ ਅਧਿਕਾਰੀਆਂ ਦੇ ਮਹਿਲਾਂ ’ਤੇ ਵੀ ਨਾਲੋ-ਨਾਲ ਚਲਾਇਆ ਜਾਵੇ ਜਿਨ੍ਹਾਂ ਦੇ ਨੱਕ ਥੱਲੇ ਇਹ ਥਾਵਾਂ ਕਬਜ਼ਾਈਆਂ ਗਈਆਂ ।

ਇੱਕ ਸੁਝਾਅ ਹੋਰ ਹੈ ਕਿ ਨਸ਼ਾ ਤਸਕਰਾਂ ਦੀ ਤਰਜ਼ ’ਤੇ ਹੀ ਰੈਵੇਨਿਊ, ਪੁਲਸ ਅਤੇ ਅਫ਼ਸਰਸ਼ਾਹੀ ਵਿਚਲੀਆਂ ਭ੍ਰਿਸ਼ਟ ਕਾਲੀਆਂ ਭੇਡਾਂ ਦੀ ਨਿਸ਼ਾਨਾ ਦੇਹੀ ਕਰਕੇ ਉਨ੍ਹਾਂ ਦੇ ਮਹਿਲਾਂ ’ਤੇ ਵੀ ਬੁਲਡੋਜ਼ਰ ਚਲਾਏ ਜਾਣ । ਮਗਰਮੱਛਾਂ ਤੋਂ ਸ਼ੁਰੂ ਕਰਦਿਆਂ ਸਭ ਤੋਂ ਪਹਿਲਾਂ ਨੰਬਰ ਲਾਇਆ ਜਾਵੇ ਭ੍ਰਿਸ਼ਟ ਸਿਆਸਤਦਾਨਾਂ ਦਾ । ਅੱਜ ਜਦੋਂ ਇੱਕ ਆਮ ਆਦਮੀ ਵਾਸਤੇ ਇੱਕ ਮਕਾਨ ਬਣਾਉਣ ਔਖਾ ਹੋਇਆ ਪਿਆ ਹੈ, ਸੁਣਿਆ ਹੈ ਕਿ ਇਨ੍ਹਾਂ ਦੀਆਂ ਆਪਣੇ ਸ਼ਹਿਰ ਵਿੱਚ , ਚੰਡੀਗੜ੍ਹ ਵਿੱਚ ਅਤੇ ਇਥੋਂ ਤੱਕ ਕਿ ਦਿੱਲੀ ਵਿੱਚ ਵੀ ਆਲੀਸ਼ਾਨ ਕੋਠੀਆਂ ਹਨ । ਆਖਰ ਐਨਾ ਪੈਸਾ ਆਉਂਦਾ ਕਿੱਥੋਂ ਹੈ ?

ਭਗਵੰਤ ਸਿਆਂ ! ਰੱਬ ਨੇ ਤੈਨੂੰ ਤਾਕਤ ਦੇ ਨਾਲ-ਨਾਲ ਇਮਾਨਦਾਰੀ ਵੀ ਦਿੱਤੀ ਹੈ । ਜਨਤਾ ਤੇਰੇ ਨਾਲ ਹੈ, ਸਬੱਬੀਂ ਝਾੜੂ ਵੀ ਤੇਰੇ ਕੋਲ ਹੈ। ਉੱਤੋਂ ਉੱਤੋਂ ਬੜ੍ਹਕਾਂ ਮਾਰਨ ਵਾਲੇ ਅੰਦਰੋ-ਅੰਦਰੀ ਸਭ ਡਰੇ ਹੋਏ ਹਨ, ਚਾਚੇ ਦੇ ਪੁੱਤ ਨੀ ਲੱਗਦੇ, ਕਰਦੇ ਸਫ਼ਾਈ ਅਤੇ ਲਿਖਾਦੇ ਇਤਿਹਾਸ ਵਿੱਚ ਸਤੌਜੀਏ ਦਾ ਨਾਓਂ ।

**-ਜਗਦੇਵ ਸ਼ਰਮਾ ਬੁਗਰਾ**, 98727-87243

# ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲੇ ਦੇ ਵਿਰੋਧ 'ਚ ਭਾਜਪਾ ਵੱਲੋਂ ਧਰਨਾ, ਮਾਨ ਸਰਕਾਰ ਦਾ ਫੂਕਿਆ ਪੁਤਲਾ



ਮੋਗਾ (ਇਕਬਾਲ ਸਿੰਘ ਖਹਿਰਾ)

ਜਲੰਧਰ 'ਚ ਬੀਤੀ ਰਾਤ ਸਾਬਕਾ ਮੰਤਰੀ ਤੇ ਸੀਨੀਅਰ ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਨੇ ਪੂਰੇ ਪੰਜਾਬ ਵਿੱਚ ਹਲਚਲ ਮਚਾ ਦਿੱਤੀ ਹੈ, ਕਿਉਂਕਿ ਪੰਜਾਬ ਸਰਕਾਰ ਵੱਲੋਂ ਸੁਰੱਖਿਆ ਹੋਣ ਦੇ ਬਾਵਜੂਦ ਸ਼ਰਾਰਤੀ ਅਨਸਰਾਂ ਵੱਲੋਂ ਹੱਥਗੋਲੇ ਸੁੱਟਣ ਨੇ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਉਜਾਗਰ ਕਰ ਦਿੱਤਾ ਹੈ।ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਹੈ, ਕਿਉਂਕਿ ਉਹ ਪਿਛਲੇ ਤਿੰਨ ਸਾਲਾਂ ਤੋਂ ਪੰਜਾਬ ਵਿੱਚ ਕਾਨੂੰਨ ਵਿਵਸਥਾ ਨੂੰ ਸੁਧਾਰਨ ਵਿੱਚ ਅਸਫਲ ਰਿਹਾ ਹੈ।ਉਪਰੋਕਤ ਵਿਚਾਰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗਨੇ ਅੱਜ ਮੋਗਾ ਦੇ ਮੇਨ ਜੋਗਿੰਦਰ ਸਿੰਘ ਚੌਕ ਵਿਖੇ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਸੁੱਟਣ ਦੀ ਘਟਨਾ ਦੇ ਵਿਰੋਧ ਵਿੱਚ ਧਰਨਾ ਦੇਣ ਤੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਆਮ ਆਦਮੀ ਪਾਰਟੀ ਦੇ ਮੰਤਰੀਆਂ ਦੇ ਪੁਤਲੇ ਸਾੜਨ ਮੌਕੇ ਪ੍ਰਗਟ ਕੀਤੇ।ਇਸ ਮੌਕੇ ਸਾਬਕਾ ਵਿਧਾਇਕ ਡਾ. ਹਰਜੋਤ ਕਮਲ, ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਜਨਰਲ ਸਕੱਤਰ ਮੁਖਤਿਆਰ ਸਿੰਘ, ਜਨਰਲ ਸਕੱਤਰ ਵਿੱਕੀ ਸੀਤਾਰਾ, ਜਨਰਲ ਸਕੱਤਰ ਰਾਹੁਲ ਗਰਗ, ਜ਼ਿਲ੍ਹਾ ਮੀਤ ਪ੍ਰਧਾਨ ਸੋਨੀ ਮੰਗਲਾ, ਐੱਨ ਆਰ ਆਈ ਸੈੱਲ ਦੇ ਇੰਚਾਰਜ ਵਿਜੇ ਮਿਸ਼ਰਾ, ਉਮਾਕਾਂਤ, ਸ਼ਸ਼ੀਕਾਂਤ, ਮੰਡਲ ਪ੍ਰਧਾਨ ਅਮਿਤ ਗੁਪਤਾ, ਮੰਡਲ ਪ੍ਰਧਾਨ ਭੁਪਿੰਦਰ ਸਿੰਘ, ਸੀਨੀਅਰ ਆਗੂ ਭੁਪਿੰਦਰ ਸਿੰਘ, ਹੈਪੀ ਸੀ.ਆਈ.ਟੀ. ਸ਼ਰਮਾ, ਯੁਵਾ ਮੋਰਚਾ ਦੇ ਕਸ਼ਿਸ਼ ਧਮੀਜਾ, ਹੇਮੰਤ ਸੂਦ, ਜਤਿੰਦਰ ਚੱਢਾ, ਸੁੱਖਾ ਸਿੰਘ, ਸੀਰਾ ਲੰਡੇਕੇ, ਧੀਰਜ ਸ਼ਰਮਾ, ਮਨਪ੍ਰੀਤ ਸਿੰਘ, ਮੰਡਲ ਪ੍ਰਧਾਨ ਧਰਮਕੋਟ ਸ਼ਮਸ਼ੇਰ ਸਿੰਘ ਕੈਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

ਡਾ. ਸੀਮਾਂਤ ਗਰਗ ਨੇ ਕਿਹਾ ਕਿ ਜਲੰਧਰ ਵਿਖੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਧਮਾਕੇ ਨੇ ਹੁਣ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ ਵਿੱਚ ਅਸਫਲ ਰਹੀ ਹੈ।

ਉਨ੍ਹਾਂ ਕਿਹਾ ਕਿ ਥਾਣਿਆਂ, ਧਾਰਮਿਕ ਸਥਾਨਾਂ ਵਿੱਚ ਬੰਬ ਧਮਾਕੇ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਮੂਰਤੀਆਂ ਤੋੜਨ ਦੀਆਂ ਰੋਜ਼ਾਨਾ ਵਾਪਰ ਰਹੀਆਂ ਘਟਨਾਵਾਂ ਤੇ ਸਰਕਾਰ ਵੱਲੋਂ ਇਨ੍ਹਾਂ ਨੂੰ ਰੋਕਣ ਵਿੱਚ ਅਸਮਰੱਥਾ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਭਗਵੰਤ ਮਾਨ ਦੀ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ।ਉਨ੍ਹਾਂ ਕਿਹਾ ਕਿ ਜੇਕਰ ਮੁਲਜ਼ਮ ਹਮਲਾਵਰਾਂ ਨੂੰ ਜਲਦੀ ਗ੍ਰਿਫਤਾਰ ਕਰਕੇ ਜੇਲ੍ਹ ਨਾ ਭੇਜਿਆ ਗਿਆ ਤਾਂ ਭਾਜਪਾ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਵੱਡਾ ਅੰਦੋਲਨ ਸ਼ੁਰੂ ਕਰੇਗੀ। ਉਨ੍ਹਾਂ ਕਿਹਾ ਕਿ ਭਾਰਤ ਦੇ ਗ੍ਰਹਿ ਮੰਤਰੀ ਨੇ ਵੀ ਪੰਜਾਬ ਸਰਕਾਰ ਤੋਂ ਇਸ ਬਾਰੇ ਰਿਪੋਰਟ ਮੰਗੀ ਹੈ ਤੇ ਜੇਕਰ ਸਰਕਾਰ ਸ਼ਰਾਰਤੀ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਵਿੱਚ ਅਸਮਰੱਥ ਰਹਿੰਦੀ ਹੈ ਤਾਂ ਭਾਰਤ ਸਰਕਾਰ ਸਖ਼ਤ ਫੈਸਲਾ ਲੈਣ ਲਈ ਮਜਬੂਰ ਹੋਵੇਗੀ।

# ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਤੇ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਨਤਕ ਜਥੇਬੰਦੀਆਂ



ਮਾਨਸਾ (ਆਤਮਾ ਸਿੰਘ ਪਮਾਰ)-ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਚਾਉਕੇ ਦੇ ਮਾਮਲੇ 'ਤੇ ਸੰਘਰਸ਼ ਕਰ ਰਹੇ ਅਧਿਆਪਕਾਂ ਤੇ ਜਥੇਬੰਦੀਆਂ ਦੇ ਆਗੂਆਂ ਨੂੰ ਪਿਛਲੇ ਦਿਨੀਂ ਜਬਰ ਕਰਨ ਉਪਰੰਤ ਗ੍ਰਿਫ਼ਤਾਰ ਕਰ ਲਿਆ ਗਿਆ ਸੀ।ਅੱਜ ਵੱਖ ਵੱਖ ਜਨਤਕ ਜਥੇਬੰਦੀਆਂ ਵੱਲੋਂ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਮੀਟਿੰਗ ਕੀਤੀ ਗਈ।ਇਸ ਮੌਕੇ ਮਜ਼ਦੂਰ, ਕਿਸਾਨ, ਮੁਲਾਜ਼ਮ, ਵਿਦਿਆਰਥੀ, ਦੁਕਾਨਦਾਰ ਸੰਘਰਸ਼ ਕਮੇਟੀ ਦਾ ਗਠਨ ਵੀ ਕੀਤਾ ਗਿਆ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਏਕਟੂ ਵੱਲੋਂ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਜਮਹੂਰੀ ਕਿਸਾਨ ਸਭਾ ਵੱਲੋਂ ਅਮਰੀਕ ਸਿੰਘ ਫਫੜੇ ਭਾਈਕੇ, ਖੇਤ ਮਜ਼ਦੂਰ ਸਭਾ ਵੱਲੋਂ ਕਾਮਰੇਡ ਕ੍ਰਿਸ਼ਨ ਚੌਹਾਨ, ਰਤਨ ਭੋਲਾ, ਮਜ਼ਦੂਰ ਮੁਕਤੀ ਮੋਰਚਾ ਪੰਜਾਬ (ਲਿਬਰੇਸ਼ਨ) ਵੱਲੋਂ ਬਲਵਿੰਦਰ ਸਿੰਘ ਘਰਾਂਗਣਾ, ਪੰਜਾਬ ਕਿਸਾਨ ਯੂਨੀਅਨ ਵੱਲੋਂ ਮਨਜੀਤ ਸਿੰਘ ਧਿੰਗੜ, ਪੈਨਸ਼ਨਰ ਐਸੋਸੀਏਸ਼ਨ ਵੱਲੋਂ ਕੇਵਲ ਸਿੰਘ, ਆਇਸਾ ਪੰਜਾਬ ਵੱਲੋਂ ਸੁਖਜੀਤ ਰਾਮਾਨੰਦੀ, ਬੀ ਕੇ ਯੂ ਡਕੌਂਦਾ ਵੱਲੋਂ ਰਾਜ ਅਕਲੀਆ, ਦਲਿਤ ਮਨੁੱਖੀ ਅਧਿਕਾਰ ਸਭਾ ਵੱਲੋਂ ਐਡਵੋਕੇਟ ਅਜੈਬ ਸਿੰਘ ਗੁਰੂ ਸਾਬਕਾ ਸੈਨਿਕ ਐਸੋਸੀਏਸ਼ਨ ਵੱਲੋਂ ਦਰਸ਼ਨ ਸਿੰਘ, ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਦਲਜੀਤ ਸਿੰਘ, ਇਨਕਲਾਬੀ ਨੌਜਵਾਨ ਸਭਾ ਵੱਲੋਂ ਗਗਨਦੀਪ ਸਿੰਘ ਸਿਰਸੀਵਾਲਾ, ਬੀ ਕੇ ਯੂ ਡਕੌਂਦਾ ਧਨੇਰ ਗਰੁੱਪ ਵੱਲੋਂ ਬਲਜੀਤ ਸਿੰਘ ਭੈਣੀਬਾਘਾ ਤੇ ਮੁਸਲਿਮ ਫਰੰਟ ਪੰਜਾਬ ਵੱਲੋਂ ਰਵੀ ਖਾਨ ਨੇ ਐਲਾਨ ਕੀਤਾ ਕਿ ਮੌਜੂਦਾ ਸਰਕਾਰ ਦੀ ਸ਼ਹਿ 'ਤੇ ਅੰਨ੍ਹੀਂ ਲੁੱਟ ਮਚਾਉਣ ਵਾਲੀ ਮੈਨੇਜਮੈਂਟ ਅਤੇ ਅਧਿਆਪਕਾਂ 'ਤੇ ਤਸ਼ੱਦਦ ਕਰ ਰਹੀ ਸਰਕਾਰ ਤੇ ਪ੍ਰਸ਼ਾਸਨ ਦੀ 10 ਅਪ੍ਰੈਲ ਨੂੰ ਸਾਂਝੇ ਰੂਪ ਵਿੱਚ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਚੌਕ ਮਾਨਸਾ ਵਿੱਚ ਅਰਥੀ ਸਾੜੀ ਜਾਵੇਗੀ।ਆਗੂਆਂ ਨੇ ਮੰਗ ਕੀਤੀ ਕਿ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਚਾਉਕੇ ਦੇ ਅਧਿਆਪਕਾਂ ਦੀਆਂ ਮੰਗਾਂ ਨੂੰ ਮੰਨਦਿਆਂ ਸਕੂਲ ਮੈਨੇਜਮੈਂਟ ਵਿੱਚੋਂ ਗੁਰਮੇਲ ਸਿੰਘ ਮਾਨਸਾ ਨੂੰ ਤੁਰੰਤ ਬਾਹਰ ਕੀਤਾ ਜਾਵੇ, ਸਕੂਲ ਨੂੰ ਸਰਕਾਰ ਆਪਣੇ ਹੱਥਾਂ ਵਿੱਚ ਲੈਣ ਤੋਂ ਇਲਾਵਾ ਗ੍ਰਿਫਤਾਰ ਕੀਤੇ ਗਏ ਅਧਿਆਪਕਾਂ ਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ, ਮੈਨੇਜਮੈਂਟ ਦੀਆਂ ਜਾਇਦਾਦਾਂ ਦੀ ਜਾਂਚ ਕੀਤੀ ਜਾਵੇ, ਸਕੂਲ ਦੇ ਬੱਚਿਆਂ ਨੂੰ ਬਣਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਤੇ ਸਕੂਲ ਵਿੱਚੋਂ ਬਾਹਰ ਕੀਤੇ ਗਏ ਅਧਿਆਪਕਾਂ ਨੂੰ ਮੁੜ ਬਹਾਲ ਕੀਤਾ ਜਾਵੇ ਅਤੇ ਨਿਯਮਾਂ ਮੁਤਾਬਕ ਪੂਰੀਆਂ ਤਨਖਾਹਾਂ ਵੀ ਦਿੱਤੀਆਂ ਜਾਣ।

# ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਦਸਤਾਰ ਸਿਖਲਾਈ ਕੈਂਪ ਸਮਾਪਤ



ਮੋਗਾ (ਇਕਬਾਲ ਸਿੰਘ ਖਹਿਰਾ)-ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਤ 'ਮੇਰੀ ਦਸਤਾਰ-ਮੇਰੀ ਸ਼ਾਨ' ਵਿਸ਼ੇ ਤਹਿਤ ਬਾਬਾ ਮਹਿੰਗਾ ਸਿੰਘ ਪਾਰਕ ਕਮੇਟੀ ਵੱਲੋਂ ਕੌਰ ਇਮੀਗ੍ਰੇਸ਼ਨ ਮੋਗਾ ਦੇ ਸਹਿਯੋਗ ਨਾਲ ਪਿੰਡ ਦੌਲਤਪੁਰਾ ਨੀਵਾਂ ਦੇ ਗੁਰਦੁਆਰਾ ਬਾਬਾ ਮਹਿੰਗਾ ਸਿੰਘ ਵਿਖੇ ਦਸਤਾਰ ਸਿਖਲਾਈ ਕੈਂਪ ਦੀ ਸਮਾਪਤੀ ਤੋਂ ਬਾਅਦ ਦਸਤਾਰ ਮੁਕਾਬਲੇ ਕਰਵਾਏ ਗਏ।ਇਹ ਮੁਕਾਬਲੇ ਦੋ ਗਰੁੱਪਾਂ (15 ਸਾਲ ਉਮਰ ਤੱਕ ਪਹਿਲਾ ਤੇ 15 ਸਾਲ ਤੋਂ ਉੱਪਰ ਦੂਜਾ) ਵਿਚ ਕਰਵਾਏ ਗਏ।ਇਸ ਮੌਕੇ ਇਕ ਸੈਮੀਨਾਰ ਵੀ ਕੀਤਾ ਗਿਆ।ਸੈਮੀਨਾਰ ਵਿੱਚ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਸਿੱਖ ਪ੍ਰਚਾਰਕ ਸਤਨਾਮ ਸਿੰਘ ਚੰਦੜ, ਮੈਂਬਰ ਅੰਤ੍ਰਿਗ ਕਮੇਟੀ ਐਸ.ਜੀ.ਪੀ.ਸੀ ਸੁਖਹਰਪ੍ਰੀਤ ਸਿੰਘ ਰੋਡੇ, ਚੇਅਰਮੈਨ ਕਮਲਦੀਸ਼ ਪਾਲ ਸਿੰਘ ਸੋਢੀ ਆਦਿ ਮੁੱਖ ਬੁਲਾਰਿਆਂ ਵਜੋਂ ਹਾਜ਼ਰ ਹੋਏ।ਪ੍ਰੋ. ਬਲਵਿੰਦਰ ਸਿੰਘ ਨੇ ਸਾਰੀਆਂ ਹਾਜ਼ਰ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਅਤੇ ਪਾਰਕ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਵਿਸਥਾਰ ਨਾਲ ਦੱਸਿਆ।ਬਾਬਾ ਗੁਰਮੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਾਤਾਵਰਨ ਦੀ ਸੰਭਾਲ ਦੇ ਨਾਲ ਨਾਲ ਆਪਣੇ ਸੱਭਿਆਚਾਰ ਅਤੇ ਧਰਮ ਨਾਲ ਜੁੜਨ ਲਈ ਪ੍ਰੇਰਿਆ।ਸਤਨਾਮ ਸਿੰਘ ਚੰਦੜ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੁੜ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ।ਸੁਖਹਰਪ੍ਰੀਤ ਸਿੰਘ ਰੋਡੇ ਨੇ ਕਿਹਾ ਕਿ ਦਸਤਾਰ ਸਜਾਉਣ ਨਾਲ ਬੱਚੇ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿੰਦੇ ਹਨ।ਕਮਲਦੀਸ਼ ਪਾਲ ਸਿੰਘ ਸੋਢੀ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਪੜ੍ਹਾਈ ਵੱਲ ਧਿਆਨ ਦੇਣ 'ਤੇ ਜ਼ੋਰ ਦਿੱਤਾ।ਬੂਟਾ ਸਿੰਘ ਦੌਲਤਪੁਰਾ ਨੇ ਆਈਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਤੇ ਦੋਨਾਂ ਪਿੰਡ ਵਾਸੀਆਂ ਅਤੇ ਪ੍ਰਵਾਸੀ ਵੀਰਾਂ ਭੈਣਾਂ ਨੂੰ ਪਾਰਕ ਕਮੇਟੀ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਲਈ ਬੇਨਤੀ ਕੀਤੀ ਤਾਂ ਜੋ ਪਾਰਕ ਨੂੰ ਹੋਰ ਸੁੰਦਰ ਬਣਾਇਆ ਜਾ ਸਕੇ। ਸਟੇਜ ਦਾ ਸੰਚਾਲਨ ਗਿਆਨੀ ਅਜਮੇਰ ਸਿੰਘ ਨੇ ਬਾਖ਼ੂਬੀ ਕੀਤਾ। ਜੇਤੂਆਂ ਨੂੰ ਪਾਰਕ ਕਮੇਟੀ ਵੱਲੋਂ ਨਕਦ ਇਨਾਮਾਂ ਨਾਲ ਤੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਤਗ਼ਮਿਆਂ ਨਾਲ ਸਨਮਾਨਤ ਕੀਤਾ ਗਿਆ।

ਇਸ ਕੈਂਪ ਵਿੱਚ ਹਰਜੀਤ ਸਿੰਘ ਪਿੰਡ ਮਹੇਸਰੀ ਸੰਧੂਆਂ ਵੱਲੋਂ ਦਸਤਾਰ ਦੀ ਸਿਖਲਾਈ ਦਿੱਤੀ ਗਈ।ਜੱਜਮੈਂਟ ਦੀ ਡਿਊਟੀ ਦਰਸ਼ਨ ਸਿੰਘ, ਪਰਮਜੀਤ ਸਿੰਘ, ਨਰਿੰਦਰਪਾਲ ਉੱਪਲ, ਮਾਸਟਰ ਰਾਕੇਸ਼ ਸਿੰਘ ਨੇ ਪੂਰੀ ਤਨਦੇਹੀ ਨਾਲ ਨਿਭਾਈ।ਚਾਹ ਪਾਣੀ ਤੇ ਲੰਗਰ ਦੀ ਸੇਵਾ ਬਾਬਾ ਮਹਿੰਗਾ ਗੁਰਦੁਆਰਾ ਦੀ ਸਮੁੱਚੀ ਪ੍ਰਬੰਧਕ ਕਮੇਟੀ ਨੇ ਕੀਤੀ।ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।

## ਕਾਤਰਾਂ

### ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਭਲਕੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮੁੱਖ ਖੇਤੀਬਾੜੀ ਅਫ਼ਸਰ ਗੁਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 10 ਅਪ੍ਰੈਲ ਨੂੰ ਅਨਾਜ ਮੰਡੀ ਫ਼ਿਰੋਜ਼ਪੁਰ ਛਾਉਣੀ ਵਿਖੇ ਲਾਇਆ ਜਾ ਰਿਹਾ ਹੈ, ਜਿਸ ਵਿੱਚ ਕਿਸਾਨਾਂ ਨੂੰ ਖੇਤੀਬਾੜੀ, ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਖੇਤੀ ਮਾਹਿਰਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਤੋਂ ਇਲਾਵਾ ਖੇਤੀ ਵਿਗਿਆਨੀਆਂ ਦੁਆਰਾ ਕੀਤੀਆਂ ਗਈਆਂ ਨਵੀਂਆਂ ਸਿਫ਼ਾਰਸ਼ਾਂ ਤੋਂ ਜਾਣੂ ਕਰਵਾਇਆ ਜਾਵੇਗਾ।

### ਨਾਬਾਲਿਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਨਾਮਜ਼ਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਘੱਲ ਖੁਰਦ ਦੇ ਇਕ ਪਿੰਡ ਵਿਚ ਇਕ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ ਵਿਚ ਥਾਣਾ ਘੱਲ ਖੁਰਦ ਪੁਲਸ ਨੇ ਇਕ ਨੌਜਵਾਨ ਖ਼ਿਲਾਫ਼ 137 (2), 96 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਨੌਜਵਾਨ ਨਵਦੀਪ ਸਿੰਘ ਪੁੱਤਰ ਸੁਖਚੈਨ ਸਿੰਘ ਉਸ ਦੀ ਨਾਬਾਲਿਗ ਲੜਕੀ (16 ਸਾਲ) ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ। ਇਸ ਮਾਮਲੇ ਦੀ ਪੜਤਾਲ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਕਾਮਰੇਡ ਤੇਜਾ ਸਿੰਘ ਸੁਤੰਤਰ ਦੀ ਬਰਸੀ 12 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਸੁਖਦੇਵ ਸ਼ਰਮਾ ਸਕੱਤਰ, ਨਿਰਮਲ ਸਿੰਘ ਬਟਰਿਆਣਾ ਮੀਤ ਸਕੱਤਰ ਤੇ ਬ੍ਰਿਜ ਲਾਲ ਸਕੱਤਰ ਸੁਨਾਮ ਤਹਿਸੀਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ 12 ਅਪ੍ਰੈਲ ਨੂੰ ਮੁਜ਼ਾਰਾ ਲਹਿਰ ਦੇ ਪ੍ਰਮੁੱਖ ਆਗੂ ਤੇ ਪਾਰਲੀਮੈਂਟ ਵਿੱਚ ਬੋਲਦੇ ਸਮੇਂ ਆਪਣੇ ਪ੍ਰਾਣ ਤਿਆਗਣ ਵਾਲੇ ਮੈਂਬਰ ਪਾਰਲੀਮੈਂਟ ਕਾਮਰੇਡ ਤੇਜਾ ਸਿੰਘ ਸੁਤੰਤਰ ਦੀ 51ਵੀਂ ਬਰਸੀ ਅਣਖੀ ਭਵਨ ਸੁਨਾਮ ਵਿਖੇ ਮਨਾਈ ਜਾਵੇਗੀ। ਸਾਰੇ ਤਹਿਸੀਲ ਸਕੱਤਰਾਂ ਨੂੰ ਬੇਨਤੀ ਕੀਤੀ ਹੈ ਕਿ ਵੱਧ ਤੋਂ ਵੱਧ ਸਾਥੀ ਲੈ ਕੇ ਸੁਨਾਮ ਪਹੁੰਚਣ।

### ਵਿਸ਼ਵ ਸਿਹਤ ਦਿਵਸ 'ਤੇ ਸਿਹਤ ਵਿਭਾਗ ਵੱਲੋਂ ਜਾਗਰੂਕਤਾ ਸੈਮੀਨਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਿਹਤ ਵਿਭਾਗ ਦੀ ਟੀਮ ਵੱਲੋਂ ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੀਮਾਂ ਸੁਰੱਖਿਆ ਬਲ ਦੀ 155 ਬਟਾਲੀਅਨ ਵਿਖੇ ਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਚੰਗੀ ਸਿਹਤ ਸੰਬੰਧੀ ਨੁਕਤੇ ਸਾਂਝੇ ਕਰਦਿਆਂ ਜਾਗਰੂਕਤਾ ਸੈਮੀਨਾਰ ਰਾਹੀਂ ਵਿਸ਼ਵ ਸਿਹਤ ਦਿਵਸ ਮਨਾਇਆ।ਸੈਮੀਨਾਰ ਵਿੱਚ ਸਿਹਤ ਸੀਮਾ ਸੁਰੱਖਿਆ ਬਲ ਦੇ ਮੈਡੀਕਲ ਅਫ਼ਸਰ ਡਾ. ਕੁਲਦੀਪ ਯਾਦਵ ਵੀ ਮੌਜੂਦ ਸਨ।ਸਿਹਤ ਮਾਹਿਰਾਂ ਵੱਲੋਂ ਸੈਮੀਨਾਰ ਦੌਰਾਨ ਸੀਮਾਂ ਸੁਰੱਖਿਆ ਬਲ ਦੇ ਜਵਾਨਾਂ ਦੇ ਔਰਤ ਪਰਿਵਾਰਕ ਮੈਂਬਰਾਂ ਵੱਲੋਂ ਸਿਹਤ ਸੰਭਾਲ ਸੰਬਧੀ ਕੀਤੇ ਗਏ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।ਸਿਹਤ ਵਿਭਾਗ ਤੋਂ ਡਾ. ਹਰਪ੍ਰੀਤ ਕੌਰ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਨੇਹਾ ਭੰਡਾਰੀ ਨੇ ਦੱਸਿਆ ਕੀ ਇਸ ਸਾਲ ਗਰਭਵਤੀ ਔਰਤਾਂ ਤੇ ਨਵ-ਜਨਮੇ ਬੱਚਿਆਂ ਦੀ ਚੰਗੀ ਸਿਹਤ ਥੀਮ 'ਤੇ ਅਧਾਰਤ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਹੈ।

## ਕ੍ਰਿਸ਼ਨ ਕੁਮਾਰ ਦੀ ਫੁਰਤੀ ਨੂੰ ਸਲੂਟ !



ਧੂਰੀ (ਨ ਜ਼ ਸ)-ਬੀਤੇ ਕੱਲ੍ਹ ਸਵੇਰੇ ਧੂਰੀ ਨਿਵਾਸੀ ਪੰਕਜ ਸ਼ਰਮਾ ਆਪਣੇ ਬੁਲੇਟ ਮੋਟਰਸਾਈਕਲ 'ਤੇ ਦਿੱਲੀ ਨੂੰ ਜਾ ਰਿਹਾ ਸੀ। ਨਰਵਾਣਾ, ਜ਼ਿਲ੍ਹਾ ਜੀਂਦ ਲੰਘਦਿਆਂ ਉਸ ਦਾ ਬੈਗ, ਜਿਸ ਵਿੱਚ ਉਸ ਦੇ ਕੱਪੜੇ, ਕੀਮਤੀ ਮੋਬਾਈਲ ਫੋਨ, ਪੈਸਿਆਂ ਸਮੇਤ ਪਰਸ ਤੇ ਹੋਰ ਕੀਮਤੀ ਦਸਤਾਵੇਜ਼ ਸਨ, ਮੋਟਰਸਾਈਕਲ ਤੋਂ ਡਿੱਗ ਪਿਆ। ਸਵੇਰੇ ਸੱਤ ਕੁ ਵਜੇ ਦਾ ਸਮਾਂ ਸੀ। ਕੁੱਝ ਹੀ ਮਿੰਟਾਂ ਬਾਅਦ ਇਹ ਬੈਗ ਸੜਕ ਕਿਨਾਰਿਓਂ ਲੰਘ ਰਹੇ ਹਰਿਆਣਾ ਪੁਲਸ ਦੇ ਜਵਾਨ ਕ੍ਰਿਸ਼ਨ ਕੁਮਾਰ ਦੇ ਨਜ਼ਰੀਂ ਪਿਆ। ਮੋਬਾਈਲ ਲੌਕ ਸੀ, ਪ੍ਰੰਤੂ ਬੈਗ ਵਿੱਚ ਪੰਕਜ ਦਾ ਕੰਪਨੀ ਬੈਜ ਸੀ, ਜਿਸ ਉੱਪਰ ਪੰਕਜ ਸ਼ਰਮਾ ਦੇ ਪਿਤਾ ਦਾ ਫੋਨ ਨੰਬਰ ਐਮਰਜੈਂਸੀ ਨੰਬਰ ਵਜੋਂ ਦਰਜ ਸੀ। ਜਵਾਨ ਨੇ ਤੁਰੰਤ ਉਸ ਵਿਅਕਤੀ ਦੇ ਪਿਤਾ ਦੇ ਫੋਨ ਉੱਪਰ ਬੈਗ ਮਿਲਣ ਬਾਬਤ ਸੂਚਿਤ ਕੀਤਾ, ਜਿਸ ਨੇ ਤੁਰੰਤ ਅੱਗਿਓਂ ਆਪਣੇ ਬੇਟੇ ਨੂੰ ਸੰਪਰਕ ਕਰ ਕੇ ਦੱਸਿਆ। ਗੁਆਚੇ ਬੈਗ ਦਾ ਅਸਲੀ ਮਾਲਕ ਪੰਕਜ, ਜਿਹੜਾ ਕਿ ਨਰਵਾਣੇ ਤੋਂ ਕਰੀਬ 2 ਕਿਲੋਮੀਟਰ ਅੱਗੇ ਲੰਘ ਚੁੱਕਿਆ ਸੀ, ਵਾਪਸ ਮੁੜਿਆ ਤੇ ਜਵਾਨ ਨੂੰ ਬੱਸ ਸਟੈਂਡ ਨਰਵਾਣੇ ਮਿਲ ਕੇ ਬੈਗ ਪ੍ਰਾਪਤ ਕੀਤਾ। ਇਹ ਸ਼ਾਇਦ ਪਹਿਲੀ ਵਾਰ ਹੋਵੇ ਕਿ ਅਸਲੀ ਮਾਲਕ ਨੂੰ ਉਸ ਦਾ ਕੀਮਤੀ ਵਸਤੂਆਂ ਵਾਲਾ ਹਾਈਵੇ 'ਤੇ ਡਿੱਗਿਆ ਬੈਗ, ਸਿਰਫ 15 ਮਿੰਟਾਂ ਬਾਅਦ ਮਿਲ ਗਿਆ ਹੋਵੇ। ਸਲੂਟ ਹੈ ਇਮਾਨਦਾਰ, ਚੁਸਤ ਦਰੁਸਤ, ਜੁਆਨ ਕ੍ਰਿਸ਼ਨ ਕੁਮਾਰ ਨੂੰ ਤੇ ਸਮੁੱਚੀ ਹਰਿਆਣਾ ਪੁਲਸ ਨੂੰ।

## ਪੈਨਸ਼ਨਰਜ਼ ਵੱਲੋਂ ਡੀ ਸੀ ਕੰਪਲੈਕਸ ਵਿਖੇ ਰੋਸ ਮੁਜ਼ਾਹਰਾ



ਸੰਗਰੂਰ (ਪ੍ਰਵੀਨ ਸਿੰਘ)-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਸੈਂਕੜੇ ਪੈਨਸ਼ਨਰਜ਼ ਵੱਲੋਂ ਸਰਪ੍ਰਸਤ ਜਗਦੀਸ਼ ਸ਼ਰਮਾ, ਪ੍ਰਧਾਨ ਸੁਰਿੰਦਰ ਬਾਲੀਆਂ ਤੇ ਪ੍ਰੈਸ ਸਕੱਤਰ ਅਜਮੇਰ ਸਿੰਘ ਦੀ ਅਗਵਾਈ ਹੇਠ ਡੀ. ਸੀ. ਕੰਪਲੈਕਸ ਵਿਖੇ ਰੋਹ ਭਰਿਆ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਪੰਜਾਬ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰਜ਼ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਨੇ ਵੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਪੱਲੇ ਨਿਰਾਸ਼ਾ ਹੀ ਪਾਈ ਹੈ ਅਤੇ ਨਾਲ ਹੀ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਗੁਆਂਢੀ ਰਾਜ ਨਾਲੋਂ 13% ਡੀ ਏ ਘੱਟ ਲੈ ਰਹੇ ਹਨ।ਸਰਕਾਰ ਵੱਲੋਂ ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ 42 ਕਿਸ਼ਤਾਂ ਵਿੱਚ ਕਰਕੇ ਖੁੰਡੇ-ਖੁੰਡੇ ਕਰ ਦਿੱਤਾ ਹੈ।ਪੈਨਸ਼ਨਰਾਂ ਨੂੰ 2.59 ਗੁਣਾਂਕ ਨਾਲ ਪੈਨਸ਼ਨਾਂ ਨੂੰ ਰਿਵਾਈਜ਼ ਨਹੀਂ ਕੀਤਾ ਜਾ ਰਿਹਾ ਹੈ, ਜਦਕਿ 2020 ਤੋਂ ਜਨਵਰੀ 2021 ਰਿਟਾਇਰ ਮੁਲਾਜ਼ਮਾਂ ਨੂੰ ਗ੍ਰੈਚੁਟੀ ਤੇ ਲੀਵ ਇਨਕੈਸ਼ਮੈਂਟ ਦੇ ਬਕਾਇਆ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ, ਮਿਤੀ 01-07-2021 ਤੋਂ ਹੁਣ ਤੱਕ 151 ਮਹੀਨਿਆਂ ਦੇ ਰਹਿੰਦੇ ਡੀ ਏ ਦੇ ਬਕਾਏ ਦੇਣ ਬਾਰੇ ਵਿਚਾਰ ਕਰਨ ਦਾ ਭਰੋਸਾ ਦਿੱਤਾ ਗਿਆ ਹੈ, ਪ੍ਰੰਤੂ ਪੈਨਸ਼ਨਰ ਨੂੰ ਫੈਸਲਾ ਲੈਣ ਤੱਕ ਕਈ ਸਾਲਾਂ ਦਾ ਇੰਤਜ਼ਾਰ ਕਰਨਾ ਪੈ ਸਕਦਾ ਹੈ, ਮਿਤੀ 29-10-2021 ਤੋਂ ਹੁਣ ਤੱਕ ਦੇ ਬਕਾਏ ਵਿੱਚ ਕੀਤੀ ਦੇਰੀ ਤੇ 18% ਵਿਆਜ ਸਮੇਤ ਅਦਾਇਗੀ ਕੀਤੀ ਜਾਵੇ। ਜੇਕਰ ਮੰਗਾਂ ਨੂੰ ਲੈ ਕੇ ਗੱਲਬਾਤ ਰਾਹੀਂ ਜਲਦੀ ਨਿਪਟਾਰਾ ਨਹੀਂ ਕੀਤਾ ਜਾਂਦਾ ਤਾਂ ਸਰਕਾਰ ਨੂੰ ਆਉਣ ਵਾਲੇ ਸਮੇਂ ਵਿੱਚ ਮੁਲਾਜ਼ਮ ਤੇ ਪੈਨਸ਼ਨਰਾਂ ਦੇ ਰੋਹ ਦਾ ਸਖ਼ਤ ਸਾਹਮਣਾ ਕਰਨਾ ਪੈ ਸਕਦਾ ਹੈ।ਇਸ ਮੌਕੇ ਬਿੱਕਰ ਸਿੰਘ ਸਿਬੀਆਂ, ਪਵਨ ਸ਼ਰਮਾ, ਬਲਵੰਤ ਸਿੰਘ, ਸੀਤਾ ਰਾਮ ਸ਼ਰਮਾ, ਮੇਲਾ ਸਿੰਘ ਪੁੰਨਾਂਵਾਲ, ਅਮਰ ਨਾਥ ਸ਼ਰਮਾ, ਕੁਲਵੰਤ ਸਿੰਘ, ਮੋਹਨ ਸਿੰਘ ਬਾਵਾ, ਰੂਪ ਚਾਂਗਲੀ, ਜਗਦੇਵ ਤੂੰਗਾਂ, ਸ਼ਿਵ ਕੁਮਾਰ ਸ਼ਰਮਾ, ਸੱਤਪਾਲ ਕਲਸੀ, ਹਰਬੰਸ ਜਿੰਦਲ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਸਕੂਲ ਆਫ ਐਮੀਨੈਂਸ ਪੈਦਾ ਕਰ ਰਹੇ ਹਨ ਵਖਰੇਵੇਂ ਦੀ ਸੋਚ : ਸੀ ਪੀ ਆਈ

**ਸਿੱਖਿਆ 'ਚ ਇੱਕਸਾਰਤਾ ਲਿਆਉਣ ਲਈ ਕੁਠਾਰੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਮੁਤਾਬਕ ਏਰੀਆ ਸਕੂਲਾਂ ਦੀ ਲੋੜ**

ਲੁਧਿਆਣਾ (ਐੱਮ ਐੱਸ ਭਾਟੀਆ)

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਇਕ ਬਿਆਨ ਵਿੱਚ ਕਿਹਾ ਹੈ ਕਿ ਸਕੂਲ ਆਫ ਐਮੀਨੈਂਸ ਜੋ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਿਆਂਦੇ ਗਏ ਹਨ, ਮੂਲ ਤੌਰ 'ਤੇ ਇੱਕ ਗਲਤ ਸੋਚ ਹੈ।ਅਖਬਾਰਾਂ ਵਿੱਚ ਛਪੀਆਂ ਰਿਪੋਰਟਾਂ ਮੁਤਾਬਕ ਕਈ ਸਕੂਲਾਂ ਵਿੱਚ ਤਾਂ ਐਮੀਨੈਂਸ ਸਕੂਲ ਦੇ ਬੱਚਿਆਂ ਤੇ ਗੈਰ-ਐਮੀਨੈਂਸ ਸਕੂਲ ਦੇ ਬੱਚਿਆਂ ਨੂੰ ਇੱਕੋ ਕਲਾਸ ਵਿੱਚ ਪੜ੍ਹਾਇਆ ਜਾ ਰਿਹਾ ਹੈ, ਕਿਉਂਕਿ ਸਰਕਾਰ ਦੀ ਕਮੀ ਹੈ ਤੇ ਐਮੀਨੈਂਸ ਸਕੂਲ ਦੇ ਬੱਚਿਆਂ ਨੂੰ ਮਿਲ ਰਹੀਆਂ ਸੁਵਿਧਾਵਾਂ, ਜਿਵੇਂ ਵਿੱਚ ਵਧੀਆ ਕੁਆਲਿਟੀ ਦੀ ਯੂਨੀਫਾਰਮ, ਜੁੱਤੀਆਂ, ਕਿਤਾਬਾਂ, ਕਾਪੀਆਂ ਤੋਂ ਬਗੈਰ ਬਸ ਕਿਰਾਏ ਵਿੱਚ ਸਬਸਿਡੀ, ਗੈਰ-ਐਮੀਨੈਂਸ ਬੱਚਿਆਂ ਨੂੰ ਮੂੰਹ ਚਿੜਾਉਂਦੀਆਂ ਹਨ।ਸਿੱਖਿਆ ਦਾ ਮੰਤਵ ਸਮਾਜ ਵਿੱਚ ਇੱਕਸਾਰਤਾ ਪੈਦਾ ਕਰਨਾ ਹੈ।ਕੋਈ ਜੋ ਬੱਚੇ ਰਲ ਮਿਲ ਕੇ ਬੈਠਣ 'ਤੇ ਉਨ੍ਹਾਂ ਨੂੰ ਵਖਰੇਵੇਂ ਦਾ ਅਹਿਸਾਸ ਨਾ ਹੋਏ।ਸਕੂਲ ਦਾਖਲੇ ਦੀ ਪ੍ਰਕਿਰਿਆ ਵੇਲੇ ਚੁਣੇ ਹੋਏ ਬੱਚਿਆਂ ਨੂੰ ਵਧੇਰੇ ਸਹੂਲਤਾਂ ਦੇਣ ਬੱਚਿਆਂ ਵਿੱਚ ਮੁਢ ਤੋਂ ਹੀ ਇੱਕ ਵੱਖਰੇਵੇਂ ਦਾ ਅਹਿਸਾਸ ਪੈਦਾ ਕਰਦਾ ਹੈ।ਕੋਈ ਵੀ ਬੱਚਾ ਮੁਢ ਤੋਂ ਹੀ ਕਮਜ਼ੋਰ ਨਹੀਂ ਹੁੰਦਾ ਬਹੁਤ ਵੇਰ ਉਸ ਦੇ ਘਰੇਲੂ ਤੇ ਸਮਾਜਿਕ ਹਾਲਾਤ ਉਸ ਨੂੰ ਪਿੱਛੇ ਰੱਖ ਰਹੇ ਹੁੰਦੇ ਹਨ।ਜੇ ਇਨ੍ਹਾਂ ਬੱਚਿਆਂ ਨੂੰ ਬਰਾਬਰ ਦੀ ਸਿੱਖਿਆ ਦਿੱਤੀ ਜਾਏ ਤਾਂ ਉਹ ਇੱਕ ਵਧੀਆ ਯੋਗਤਾ ਵਾਲੇ ਵਿਦਿਆਰਥੀ ਬਣ ਸਕਦੇ ਹਨ, ਪਰ ਜੇਕਰ ਉਨ੍ਹਾਂ ਨੂੰ ਪਿੱਛੇ ਰੱਖ ਦਿੱਤਾ ਜਾਏ ਤੇ ਕਲਾਸਾਂ ਵਿੱਚ ਉਨ੍ਹਾਂ ਨਾਲ ਵਿਤਕਰਾ ਹੋਏ ਤਾਂ ਬੱਚਿਆਂ ਵਿੱਚ ਇਕ ਦੂਸਰੇ ਦੇ ਪ੍ਰਤੀ ਦੂਰੀ ਹੋ ਜਾਂਦੀ ਹੈ।ਪਹਿਲਾਂ ਹੀ ਨਿੱਜੀ ਖੇਤਰ ਦੇ ਸਕੂਲਾਂ ਤੇ ਸਰਕਾਰੀ ਖੇਤਰ ਦੇ ਸਕੂਲਾਂ ਦੇ ਬੱਚਿਆਂ ਦੇ ਵਿੱਚ ਇੱਕ ਦੂਜੇ ਪ੍ਰਤੀ ਬਹੁਤ ਵਖਰੇਵਾਂ ਹੈ ਅਤੇ ਉੱਚੇ ਨੀਵੇਂ ਹੋਣ ਦਾ ਅਹਿਸਾਸ ਹੈ ਜੋ ਕਿ ਸਮਾਜ ਦੇ ਸਮੁੱਚੇ ਵਿਕਾਸ ਲਈ ਚੰਗੀ ਗੱਲ ਨਹੀਂ ਹੈ।ਪਰ ਹੁਣ ਸਰਕਾਰੀ ਤੌਰ 'ਤੇ ਸਰਕਾਰੀ ਸਕੂਲਾਂ ਵਿੱਚ ਵੀ ਇਹ ਵਖਰੇਵਾਂ ਪੈਦਾ ਕੀਤਾ ਜਾ ਰਿਹਾ ਹੈ, ਇਸ ਨੂੰ ਬੰਦ ਕਰਨਾ ਚਾਹੀਦਾ ਹੈ।ਅਸਲ ਵਿੱਚ ਤਾਂ ਕੁਠਾਰੀ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਮੁਤਾਬਿਕ ਇਕਸਾਰਤਾ ਲਿਆਉਣ ਲਈ ਏਰੀਆ ਸਕੂਲ ਹੋਣੇ ਚਾਹੀਦੇ ਹਨ, ਜਿੱਥੇ ਉਸ ਏਰੀਏ ਦਾ ਹਰ ਬੱਚਾ ਇਕੱਠਾ ਹੋ ਕੇ ਪੜ੍ਹਾਈ ਕਰੇ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਜ਼ਿਲ੍ਹਾ ਸਹਾਇਕ ਸਕੱਤਰ ਡਾਕਟਰ ਅਰੁਣ ਮਿਤਰਾ ਤੇ ਚਮਕੌਰ ਸਿੰਘ, ਜ਼ਿਲ੍ਹਾ ਵਿੱਤ ਸਕੱਤਰ ਐੱਮ ਐੱਸ ਭਾਟੀਆ, ਰਮੇਸ਼ ਰਤਨ, ਕੇਵਲ ਸਿੰਘ ਬਣਵੈਤ, ਨਰੇਸ਼ ਗੌੜ ਤੇ ਵਿਜੇ ਕੁਮਾਰ ਸ਼ਾਮਲ ਹਨ।

## ਔਰਤਾਂ ਹਰ ਖੇਤਰ 'ਚ ਅਹਿਮ ਭੂਮਿਕਾ ਨਿਭਾਅ ਰਹੀਆਂ : ਜੱਸੀ ਸੋਹੀਆਂ ਵਾਲਾ

*ਰਮਨ ਮੇਕਓਵਰ ਸੈਲੂਨ ਐਂਡ ਐਕਡਮੀ ਦਾ ਉਦਘਾਟਨ*



ਨਾਭਾ (ਵਰਿੰਦਰ ਵਰਮਾ)-ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੇ ਉਨ੍ਹਾਂ ਦੀ ਪਤਨੀ ਹਰਜੀਤ ਕੌਰ ਨੇ ਸਰਕੂਲਰ ਰੋਡ ਨਾਭਾ ਵਿਖੇ ਨਵੇਂ ਖੁੱਲ੍ਹੇ ਰਮਨ ਮੇਕਓਵਰ ਸੈਲੂਨ ਐਂਡ ਐਕਡਮੀ ਦਾ ਰੀਬਨ ਕੱਟ ਕੇ ਉਦਘਾਟਨ ਕੀਤਾ ਅਤੇ ਸੈਲੂਨ ਤੇ ਐਕਡਮੀ ਦੇ ਓਨਰ ਰਮਨਦੀਪ ਕੌਰ ਤੇ ਉਨ੍ਹਾਂ ਦੇ ਸਟਾਫ਼ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਮੁਬਾਰਕਬਾਦ ਦਿੱਤੀ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਔਰਤਾਂ ਹਰ ਖੇਤਰ ਵਿੱਚ ਅੱਗੇ ਆ ਕੇ ਆਪਣੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਨ੍ਹਾਂ ਵਿੱਚ ਹੁਨਰ ਦਾ ਸੁਮੇਲ ਹੁੰਦਾ ਹੈ, ਉਹ ਅੱਗੇ ਵਧ ਕੇ ਆਪਣਾ ਬਿਜ਼ਨੈੱਸ ਕਰਕੇ ਤਰੱਕੀ ਹਾਸਲ ਕਰਦੀਆਂ ਹਨ।ਇਸ ਮੌਕੇ ਰਮਨਦੀਪ ਕੌਰ ਤੇ ਉਨ੍ਹਾਂ ਦੇ ਸਟਾਫ਼ ਵੱਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੇ ਉਨ੍ਹਾਂ ਦੀ ਪਤਨੀ ਹਰਜੀਤ ਕੌਰ ਨੂੰ ਗੁਲਦਸਤਾ ਦੇ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਪਵਿੱਤਰ ਸਿੰਘ ਸੋਹੀ, ਯੂਥ ਆਗੂ ਹਰੀਸ਼ ਸ਼ਰਮਾ, ਜਸਕਰਨਵੀਰ ਸਿੰਘ ਤੇਜੇ, ਸਿਕੰਦਰ ਸਿੰਘ ਸੈਂਕੀ, ਗੁਰਸੇਵਕ ਸਿੰਘ ਆਦਿ ਮੌਜੂਦ ਸਨ।

# 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਕੂਲਾਂ ਦੀ ਹੋਵੇਗੀ ਕਾਇਆ-ਕਲਪ : ਜੌੜਾਮਾਜਰਾ

**ਸਰਕਾਰੀ ਸਕੂਲਾਂ 'ਚ ਕਰਵਾਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ**



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪੰਜਾਬ ਦੇ ਸਾਬਕਾ ਮੰਤਰੀ ਤੇ ਸਮਾਣਾ ਦੇ ਵਿਧਾਇਕ ਸ੍. ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਮਾਣਾ ਦੇ ਤਿੰਨ ਸਰਕਾਰੀ ਸਕੂਲਾਂ ਵਿਖੇ ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਸਕੂਲਾਂ ਦੇ ਕਮਰਿਆਂ ਦੇ ਨਵੀਨੀਕਰਨ, ਖੇਡਾਂ ਦੇ ਮੈਦਾਨ, ਬਾਥਰੂਮ ਤੇ ਸਕੂਲਾਂ ਦੀ ਚਾਰਦੀਵਾਰੀ ਦੇ ਕੰਮ ਮੁਕੰਮਲ ਕਰਕੇ ਵਿਦਿਆਰਥੀਆਂ ਦੇ ਸਪੁਰਦ ਕੀਤੇ।ਉਨ੍ਹਾਂ ਐਲੀਮੈਂਟਰੀ ਸਕੂਲ ਮਲਕਾਨਾ ਪਤੀ, ਲੈਫਟੀਨੈਂਟ ਮੋਹਿਤ ਗਰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਤੇ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਵਿਖੇ ਜਾ ਕੇ ਜਿੱਥੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ, ਉਥੇ ਹੀ ਵਿਦਿਆਰਥੀਆਂ ਦੇ ਮਾਪਿਆਂ ਨਾਲ ਵੀ ਗੱਲਬਾਤ ਕੀਤੀ।

ਸ੍. ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ 'ਚ ਬੁਨਿਆਦੀ ਢਾਂਚੇ ਦੀਆਂ ਕਮੀਆਂ ਦੂਰ ਕਰਕੇ, ਅਧਿਆਪਕਾਂ ਦੀਆਂ ਖਾਲੀ ਪਈਆਂ ਅਸਾਮੀਆਂ ਭਰ ਕੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਜੋ ਕ੍ਰਾਂਤੀ ਲਿਆਂਦੀ ਹੈ, ਉਹ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਸਾਰੇ ਵਿਦਿਆਰਥੀਆਂ ਨੂੰ ਇਸ ਦਾ ਲਾਭ ਮਿਲ ਰਿਹਾ ਹੈ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀਆਂ ਤੇ ਸਕੂਲ ਸਟਾਫ ਨੇ ਜੌੜਾਮਾਰਾ ਦਾ ਭਰਵਾਂ ਸਵਾਗਤ ਕੀਤਾ।ਇਸ ਮੌਕੇ ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੀ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ।ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਹੋਰ ਸੁਧਾਰ ਲਿਆਉਣ ਲਈ ਸਕੂਲਾਂ 'ਚ ਐਜੂਕੇਸ਼ਨਲ ਕੋਆਰਡੀਨੇਟਰਜ਼ ਕਮੇਟੀਆਂ ਦਾ ਗਠਨ ਵੀ ਕੀਤਾ ਗਿਆ, ਜਿਸ ਤਹਿਤ ਪੀ.ਐੱਮ.ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ 'ਚ ਰਮਨਦੀਪ ਸ਼ਰਮਾ, ਸੁਨੈਨਾ ਮਿੱਤਲ, ਸੰਜੇ ਮੰਤਰੀ, ਸੰਜੇ ਸਿੰਗਲਾ ਨੂੰ ਨਾਮਜ਼ਦ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਮਨਜੀਤ ਕੌਰ ਬਸੀ, ਹਰਜੋਤ ਕੌਰ, ਹੈੱਡ ਟੀਚਰ ਅਮਰੀਕ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਪੀ ਏ ਗੁਰਦੇਵ ਟਿਵਾਣਾ, ਅਗਰਵਾਲ ਧਰਮਸ਼ਾਲਾ ਕਮੇਟੀ ਪ੍ਰਧਾਨ ਮਦਨ ਮਿੱਤਲ, ਗੋਪਾਲ ਕ੍ਰਿਸ਼ਨ ਗਰਗ, ਰਵਿੰਦਰ ਸੋਹਲ, ਵਿਸ਼ਾਲ ਜਿੰਦਲ, ਸੰਜੇ ਮੰਤਰੀ, ਸੰਜੇ ਸਿੰਗਲਾ, ਬੀ.ਪੀ.ਈ.ਓ. ਗੁਰਪ੍ਰੀਤ ਗੋਲਡੀ, ਬੀ.ਐੱਨ.ਓ. ਭੂਸ਼ਣ ਕੁਮਾਰ, ਲੈਕਚਰਾਰ ਸੁਸ਼ੀਲ ਸ਼ਰਮਾ, ਹਿੱਤ ਅਭਿਲਾਸ਼ੀ, ਮਨਜਿੰਦਰ ਸਿੰਘ ਗੋਲਡੀ, ਮਨਦੀਪ ਸਿੰਘ, ਮਨੀਸ਼ ਅਗਰਵਾਲ, ਪਰਵੀਨ ਕੁਮਾਰੀ, ਰਾਜੂ ਛਾਬੜਾ, ਨਿਸ਼ਾਨ ਚੀਮਾ, ਸੁਖਬੀਰ ਸਿੰਘ ਤੋਂ ਇਲਾਵਾ ਸਕੂਲ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

## 'ਆਪ' ਦੇ ਤੀਜੇ ਬਜਟ 'ਚ ਵੀ ਬੀਬੀਆਂ ਪੱਲੇ ਸਿਰਫ਼ ਉਡੀਕ : ਮਾਸਟਰ ਹਰਬੰਸ ਸਿੰਘ



ਸ਼ੇਰਪੁਰ (ਰਵੀ ਟਿੱਬਾ)-ਖਜ਼ਾਨਾ ਮੰਤਰੀ ਹਰਪਾਲ ਚੀਮਾਂ ਵੱਲੋਂ ਪੇਸ਼ ਕੀਤੇ ਆਪ ਸਰਕਾਰ ਦੇ ਤੀਜੇ ਬਜਟ 'ਤੇ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬੁੱਧੀਜੀਵੀ ਮਾਸਟਰ ਹਰਬੰਸ ਸਿੰਘ ਸ਼ੇਰਪੁਰ ਨੇ ਇਸ ਨੂੰ ਪੰਜਾਬ ਦੇ ਹਰ ਵਰਗ ਦੀਆਂ ਭਾਵਨਾਵਾਂ ਦੇ ਉਲਟ ਕਰਾਰ ਦਿੱਤਾ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਸਟਰ ਹਰਬੰਸ ਸਿੰਘ ਨੇ ਆਮ ਆਦਮੀ ਪਾਰਟੀ ਵੱਲੋਂ ਪੰਜਾਬੀਆਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਗਏ ਸੀ, ਖਾਸ ਤੌਰ 'ਤੇ ਮਹਿਲਾਵਾਂ ਨੂੰ ਹਰ ਮਹੀਨੇ ਉਨ੍ਹਾਂ ਦੇ ਖਾਤੇ 'ਚ 1000 ਰੁਪਏ ਜਮ੍ਹਾਂ ਕਰਵਾਉਣ ਦੇ ਵਾਅਦੇ ਕਰਕੇ ਸਰਕਾਰ ਬਣਾਈ ਗਈ, ਪਰ ਹੁਣ ਸਰਕਾਰ ਵੱਲੋਂ ਆਪਣੇ ਤੀਜੇ 'ਚ ਬਜਟ 'ਚ ਵੀ ਇਸ ਸਬੰਧੀ ਕੋਈ ਤਜਵੀਜ਼ ਨਹੀਂ ਰੱਖੀ ਗਈ, ਜੋ ਪੰਜਾਬ ਦੀਆਂ ਮਹਿਲਾਵਾਂ ਨਾਲ ਸਰਾਸਰ ਧੋਖਾ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਮਾਨ ਸਰਕਾਰ ਨੇ ਕੇਵਲ ਪੰਜਾਬ ਦੀਆਂ ਮਹਿਲਾਵਾਂ ਨਾਲ ਹੀ ਧੋਖਾ ਨਹੀਂ ਕੀਤਾ, ਬਲਕਿ ਹਰ ਵਰਗ ਨੂੰ ਠੱਗਿਆ ਹੈ।ਕਿਸਾਨਾਂ ਨੂੰ ਸਾਰੀਆਂ ਫਸਲਾਂ 'ਤੇ ਐੱਮ.ਐੱਸ.ਪੀ. ਦਾ ਵਾਅਦਾ ਵੀ ਵਫਾ ਨਹੀਂ ਹੋਇਆ ਉਲਟਾ ਸਰਕਾਰ ਦੇ ਵਿਧਾਇਕਾਂ 'ਤੇ ਕਿਸਾਨਾਂ ਦੀਆਂ ਟਰਾਲੀਆਂ ਤੇ ਹੋਰ ਸਾਜ਼ੋ ਸਾਮਾਨ ਦੀ ਚੋਰੀ ਦੇ ਦੋਸ਼ ਲੱਗ ਰਹੇ ਹਨ।ਸ਼ੇਰਪੁਰ ਨੇ ਕਿਹਾ ਕਿ ਜਦੋਂ ਤੋਂ ਮਾਨ ਸਰਕਾਰ ਨੇ ਸੱਤਾ ਸੰਭਾਲੀ ਹੈ, ਉਸ ਸਮੇਂ ਤੋਂ ਹੀ ਪੰਜਾਬ ਹਰ ਮੋਰਚੇ 'ਤੇ ਪਿੱਛੜ ਰਿਹਾ ਹੈ।ਆਰਥਿਕਤਾ ਦਾ ਐਨਾ ਮਾੜਾ ਹਾਲ ਅੱਜ ਤੋਂ ਪਹਿਲਾਂ ਪੰਜਾਬ ਨੇ ਕਦੇ ਨਹੀਂ ਸੀ ਦੇਖਿਆ।ਸਰਕਾਰ ਕਰਜ਼ਾ ਮੋੜਨ ਲਈ ਵੀ ਕਰਜ਼ਾ ਲੈ ਰਹੀ ਹੈ, ਪਰ ਆਪਣੀ ਫੋਕੀ ਇਸ਼ਤਿਹਾਰੀ ਤੇ ਟੌਹਰਬਾਜ਼ੀ ਛੱਡਣ ਨੂੰ ਤਿਆਰ ਨਹੀਂ।ਉਨ੍ਹਾਂ ਕਿਹਾ ਕਿ 2027 'ਚ ਸ਼੍ਰੋਮਣੀ ਅਕਾਲੀ ਦਲ ਸਰਕਾਰ ਬਣਨ ਤੇ ਪੰਜਾਬ ਹਰ ਮੋਰਚੇ 'ਤੇ ਚੰਗਾ ਪ੍ਰਦਰਸ਼ਨ ਕਰੇਗਾ।

# ਬਲਾਕ ਦੇ 3 ਸਰਕਾਰੀ ਸਕੂਲਾਂ ਦੀਆਂ ਇਮਾਰਤਾਂ 'ਤੇ ਖਰਚੇ 78 ਲੱਖ ਰੁਪਏ

**'ਆਪ' ਦੀ ਸਰਕਾਰ ਨੇ ਸੂਬੇ 'ਚ ਸਿੱਖਿਆ ਕ੍ਰਾਂਤੀ ਲਿਆਂਦੀ : ਦਿਆਲਪੁਰਾ**



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੰਜਾਬ ਸਰਕਾਰ ਵੱਲੋਂ ਸੂਬੇ ਦੀ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਦਾ ਵਿਕਾਸ ਕੀਤਾ ਜਾ ਰਿਹਾ ਹੈ, ਇਸੇ ਲੜੀ ਤਹਿਤ ਮਾਛੀਵਾੜਾ ਬਲਾਕ ਦੇ 3 ਸਕੂਲਾਂ ਦੀਆਂ ਇਮਾਰਤਾਂ 'ਤੇ 78 ਲੱਖ ਰੁਪਏ ਖਰਚੇ ਗਏ ਹਨ। ਇਨ੍ਹਾਂ ਇਮਾਰਤਾਂ ਦਾ ਉਦਘਾਟਨ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਵਿਚ ਸਿੱਖਿਆ ਕ੍ਰਾਂਤੀ ਲਿਆਂਦੀ, ਜਿਸ ਕਾਰਨ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮੁਹਿੰਮ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਅਧੀਨ ਮਾਛੀਵਾੜਾ ਬਲਾਕ ਦੇ ਤਿੰਨ ਸਰਕਾਰੀ ਸਕੂਲਾਂ ਵਿੱਚ ਇਮਾਰਤਾਂ ਦੇ ਨਿਰਮਾਣ ਲਈ 78 ਲੱਖ ਰੁਪਏ ਖਰਚੇ ਗਏ ਹਨ, ਜਿਨ੍ਹਾਂ ਦਾ ਅੱਜ ਉਦਘਾਟਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਵਾਤ ਸਰਕਾਰੀ ਸਕੂਲ ਲਈ 38 ਲੱਖ ਰੁਪਏ, ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਲਈ 19.50 ਲੱਖ ਰੁਪਏ ਤੇ ਕੰਨਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਲਈ 19.50 ਲੱਖ ਰੁਪਏ ਦੀ ਗ੍ਰਾਂਟ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਸਹੂਲਤ ਨੂੰ ਦੇਖਦਿਆਂ ਇਮਾਰਤਾਂ ਦੇ ਨਿਰਮਾਣ ਲਈ ਖਰਚ ਕੀਤੀ ਗਈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਢਾਂਚੇ ਵਿੱਚ ਸੁਧਾਰ ਸਬੰਧੀ ਕੋਈ ਵੀ ਢੁੱਕਵੇਂ ਕਦਮ ਨਹੀਂ ਚੁੱਕੇ, ਜਿਸ ਕਾਰਨ ਸਕੂਲਾਂ ਦੀ ਹਾਲਤ ਖਸਤਾ ਹੋ ਚੁੱਕੀ ਸੀ ਤੇ ਅਧਿਆਪਕਾਂ ਦੀ ਵੱਡੀ ਘਾਟ ਸੀ, ਪਰ ਅੱਜ ਆਮ ਆਦਮੀ ਪਾਰਟੀ ਨੇ ਜਿੱਥੇ ਇਮਾਰਤਾਂ ਦੇ ਨਿਰਮਾਣ ਲਈ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ, ਉੱਥੇ ਅਧਿਆਪਕਾਂ ਦੀ ਨਵੀਂ ਭਰਤੀ ਵੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਜਗਮੀਤ ਸਿੰਘ ਮੱਕੜ, ਅਮਨਦੀਪ ਸਿੰਘ ਤਨੇਜਾ, ਪ੍ਰਦੀਪ ਸਿੰਘ, ਨਿਰੰਜਨ ਨੂਰ (ਸਾਰੇ ਕੌਂਸਲਰ), ਹਰਮਿੰਦਰ ਸਿੰਘ ਗਿੱਲ, ਬਲਜਿੰਦਰ ਸਿੰਘ ਮੱਕੜ, ਆੜ੍ਹਤੀ ਬਲਵਿੰਦਰ ਸਿੰਘ ਮਾਨ, ਰਣਜੀਤ ਸਿੰਘ ਜੀਤੀ, ਪ੍ਰਵੀਨ ਮੱਕੜ, ਸਰਪੰਚ ਬਲਪ੍ਰੀਤ ਸਿੰਘ ਸ਼ਾਮਗੜ੍ਹ, ਜਸਵੀਰ ਸਿੰਘ ਗਿੱਲ, ਨਰਿੰਦਰਪਾਲ ਨਿੰਦੀ, ਤਰਸੇਮ ਚੰਦ, ਪ੍ਰਿੰਸੀਪਲ ਨਿਰੰਜਨ ਕੁਮਾਰ, ਲੈਕਚਰਾਰ ਸਵਰਨ ਛੌੜੀਆਂ ਮੌਜੂਦ ਸਨ।

# ਸੂਬਾ ਸਰਕਾਰ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਲਈ ਯਤਨਸ਼ੀਲ : ਪ੍ਰੋ. ਬਲਜਿੰਦਰ ਕੌਰ

**ਸਕੂਲਾਂ ਦੀ ਚਾਰ-ਦੀਵਾਰੀ ਤੇ ਆਧੁਨਿਕ ਕਲਾਸ ਰੂਮਾਂ ਦਾ ਕੀਤਾ ਉਦਘਾਟਨ**



ਤਲਵੰਡੀ ਸਾਬੋ (ਜਗਦੀਪ ਗਿੱਲ)

ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਲਈ ਵਚਨਵੱਧ ਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਚੀਫ ਵ੍ਹਿੱਪ ਤੇ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਤਲਵੰਡੀ ਸਾਬੋ ਹਲਕੇ ਵਿੱਚ ਪੈਂਦੇ ਪਿੰਡ ਪੱਕਾ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਗਏ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਸਮਾਗਮ 'ਚ ਸ਼ਿਰਕਤ ਕਰਨ ਮੌਕੇ ਕੀਤਾ।ਇਸ ਮੌਕੇ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਦੇ ਖੇਤਰ 'ਚ ਅਹਿਮ ਪਹਿਲਕਦਮੀਆਂ ਕਰ ਰਹੀ ਹੈ।ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਤੇ ਉਨ੍ਹਾਂ ਨੂੰ ਸਵੈ ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਉਨ੍ਹਾਂ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਜੋ-ਜੋ ਵਾਅਦੇ ਪੰਜਾਬ ਸਰਕਾਰ ਨੇ ਆਮ ਲੋਕਾਂ ਨਾਲ ਕੀਤੇ ਉਨ੍ਹਾਂ 'ਤੇ ਖਰੀ ਉੱਤਰੀ ਹੈ।ਉਪਰੰਤ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਕਾ ਕਲਾਂ, ਸੇਖੂ, ਗੁਰਥੜੀ ਤੇ ਪਿੰਡ ਬੰਗੀ ਰਘੂ ਵਿਖੇ ਆਧੁਨਿਕ ਕਲਾਸ ਰੂਮਾਂ, ਸਕੂਲਾਂ ਦੀ ਚਾਰ ਦੀਵਾਰੀ, ਟੋਆਇਲਟਸ ਤੇ 2 ਕਮਰਿਆਂ ਦਾ ਉਦਘਾਟਨ ਵੀ ਕੀਤਾ।ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਹਿੱਟ ਐਂਡ ਰਨ ਦੇ ਕੇਸ 'ਚੋਂ ਮੁਲਜ਼ਮ ਬਾਇੱਜ਼ਤ ਬਰੀ

ਬਰਨਾਲਾ (ਰਾਜਿੰਦਰ ਬਰਾੜ)-ਮਾਨਯੋਗ ਅਦਾਲਤ ਸ੍ਰੀ ਮੁਨੀਸ਼ ਗਰਗ ਐਡੀਸ਼ਨਲ ਚੀਫ ਜੁਡੀਸ਼ੀਅਲ ਮੈਜਿਸਟਰੇਟ ਬਰਨਾਲਾ ਵੱਲੋਂ ਪਰਮਿੰਦਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਵਿਧਾਤੇ ਨੂੰ ਤੇਜ਼ ਰਫਤਾਰੀ ਤੇ ਲਾਪ੍ਰਵਾਹੀ ਨਾਲ ਟਰੈਕਟਰ ਤੇ ਟਰਾਲੀ ਚਲਾਉਂਦੇ ਹੋਏ ਐਕਸੀਡੈਂਟ ਕਰਨ ਅਤੇ ਮਲਕੀਤ ਸਿੰਘ ਨਾਮਕ ਵਿਅਕਤੀ ਦੀ ਮੌਤ ਹੋਣ ਦੇ ਕੇਸ ਵਿੱਚੋਂ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਹੈ। ਜ਼ਿਕਰਯੋਗ ਹੈ ਕਿ ਸੁਰਿੰਦਰ ਕੁਮਾਰ ਉਰਫ ਬੌਬੀ ਪੁੱਤਰ ਗੁਲਾਬ ਸਿੰਘ ਵਾਸੀ ਫਰਵਾਹੀ ਨੇ ਪੁਲਸ ਥਾਣਾ ਭਦੌੜ ਪਾਸ ਬਿਆਨ ਦਰਜ ਕਰਵਾਇਆ ਕਿ ਮਿਤੀ 02-07-2020 ਨੂੰ ਉਹ ਆਪਣੀ ਮਾਸੀ ਦੇ ਲੜਕੇ ਮਲਕੀਤ ਸਿੰਘ ਵਾਸੀ ਫਰਵਾਹੀ ਨਾਲ ਪਲੈਟੀਨਾ ਮੋਟਰਸਾਈਕਲ 'ਤੇ ਭਗਤਾ ਭਾਈਕਾ ਤੋਂ ਫਰਵਾਹੀ ਨੂੰ ਆ ਰਹੇ ਸੀ ਤਾਂ ਗੋਬਿੰਦ ਬਸ ਬਾਡੀ ਵਰਕਸ਼ਾਪ ਭਦੌੜ ਪਾਸ ਉਨ੍ਹਾਂ ਦੇ ਮੋਟਰਸਾਈਕਲ ਵਿੱਚ ਤੇਲ ਖਤਮ ਹੋ ਗਿਆ, ਉਨ੍ਹਾਂ ਦੇ ਪਿੱਛੇ ਹੀ ਇੱਕ ਟਰੈਕਟਰ ਜਿਸ ਦੇ ਪਿੱਛੇ ਭੂੰਗ ਵਾਲੀ ਟਰਾਲੀ ਭਰੀ ਹੋਈ ਸੀ, ਜਿਸਨੂੰ ਪਰਮਿੰਦਰ ਸਿੰਘ ਚਲਾ ਰਿਹਾ ਸੀ, ਨੇ ਤੇਜ਼ ਰਫਤਾਰੀ ਤੇ ਲਾਪ੍ਰਵਾਹੀ ਨਾਲ ਲਿਆ ਕੇ ਸਾਡੇ ਨਜ਼ਦੀਕ ਆ ਕੇ ਕੱਟ ਮਾਰਿਆ, ਜਿਸ ਨਾਲ ਮਲਕੀਤ ਸਿੰਘ ਭੂੰਗ ਵਾਲੀ ਟਰਾਲੀ ਦੀ ਲਪੇਟ ਵਿੱਚ ਆ ਗਿਆ ਤੇ ਉਸ ਦੀ ਮੌਤ ਹੋ ਗਈ।ਜਿਸ 'ਤੇ ਪੁਲਸ ਵੱਲੋਂ ਇੱਕ ਐੱਫ.ਆਈ.ਆਰ. ਨੰਬਰ 85 ਮਿਤੀ 03-07-2020, ਜੇਰ ਧਾਰਾ 304-ਏ/279/283/337/427 ਆਈ.ਪੀ.ਸੀ. ਤਹਿਤ ਥਾਣਾ ਭਦੌੜ ਵਿਖੇ ਪਰਮਿੰਦਰ ਸਿੰਘ ਦੇ ਖਿਲਾਫ ਦਰਜ ਹੋਈ, ਜੋ ਹੁਣ ਮਾਨਯੋਗ ਅਦਾਲਤ ਵੱਲੋਂ ਮੁਲਜ਼ਮ ਦੇ ਵਕੀਲ ਧੀਰਜ ਕੁਮਾਰ, ਐਡਵੋਕੇਟ ਬਰਨਾਲਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਇਆ ਕਿ ਗਵਾਹਨ ਦੇ ਬਿਆਨ ਆਪਸ ਵਿੱਚ ਮੇਲ ਨਹੀਂ ਖਾਂਦੇ ਤੇ ਪਰਮਿੰਦਰ ਸਿੰਘ ਦੀ ਪੁਲਸ ਨੇ ਪੁੱਛਗਿੱਛ ਦੌਰਾਨ ਸ਼ਨਾਖਤੀ ਪਰੇਡ ਨਹੀਂ ਕਰਵਾਈ ਅਤੇ ਨਾ ਹੀ ਸਬੰਧਤ ਟਰੈਕਟਰ ਟਰਾਲੀ ਦੀ ਮੁਦਈ ਧਿਰ ਪਾਸੋਂ ਸ਼ਨਾਖਤ ਕਰਵਾਈ, ਉਕਤ ਕੇਸ ਵਿੱਚੋਂ ਮੁਲਜ਼ਮ ਨੂੰ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

# ਉੱਚ ਸਿੱਖਿਆ 'ਚ ਮੋਹਰੀ ਰੋਲ ਅਦਾ ਕਰ ਰਿਹੈ ਨੈਸ਼ਨਲ ਕਾਲਜ



ਭੀਖੀ (ਗੁਰਿੰਦਰ ਸਿੰਘ ਔਲਖ)-ਭੀਖੀ ਤੇ ਆਸ-ਪਾਸ ਦੇ ਖੇਤਰ ਤੋਂ ਇਲਵਾ ਹੋਰ ਦੂਰ ਦਰਾਡੇ ਤੋਂ ਆਉਣ ਵਾਲੇ ਵਿਦਿਆਰਥੀ ਨੈਸ਼ਨਲ ਕਾਲਜ ਭੀਖੀ ਤੋਂ ਵਧੀਆ ਉੱਚ ਸਿੱਖਿਆ ਪ੍ਰਾਪਤ ਕਰ ਰਹੇ ਹਨ।ਨੈਸ਼ਨਲ ਕਾਲਜ ਭੀਖੀ ਇਲਾਕੇ ਦੀ ਉੱਚ ਸਿੱਖਿਆ ਲਈ ਜਾਣੀ ਜਾਂਦੀ ਸੰਸਥਾ ਹੈ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਬੰਸ ਦਾਸ ਬਾਵਾ ਦੀ ਅਗਵਾਈ 'ਚ ਇਹ ਸੰਸਥਾ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰ ਰਹੀ ਹੈ।ਕਾਲਜ ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ ਤੇ ਪ੍ਰੋ. ਗੁਰਤੇਜ ਸਿੰਘ ਤੇਜੀ ਨੇ ਦੱਸਿਆ ਕਿ ਕਾਲਜ 'ਚ ਵਿਦਿਆਰਥੀਆਂ ਦੇ ਭਵਿੱਖ ਬਣਾਉਣ ਵਾਲਾ ਹਰ ਕੋਰਸ ਉਪਲਬਧ ਹੈ ਤੇ ਸੰਸਥਾ ਪਟਿਆਲਾ ਯੂਨੀਵਰਸਿਟੀ ਨਾਲ ਐਫਿਲੀਏਟਡ ਹੈ।ਉਨ੍ਹਾਂ ਦੱਸਿਆ ਕਿ ਪੜ੍ਹਾਈ ਤੋਂ ਇਲਾਵਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।ਪੜ੍ਹਾਈ ਤੋਂ ਇਲਾਵਾ ਜਿੱਥੇ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਤ ਕੀਤਾ ਜਾਂਦਾ ਹੈ।ਕੈਰੀਅਰ ਕੌਂਸਲਿੰਗ ਵੀ ਦਿੱਤੀ ਜਾਂਦੀ ਹੈ।ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਲਈ ਵਿੱਦਿਅਕ ਟੂਰ ਤੋਂ ਇਲਾਵਾ ਵੱਖ ਵੱਖ ਵਿਸ਼ਿਆਂ ਦੇ ਮਹਰਾਂ ਨੂੰ ਸੱਦ ਕੇ ਕਾਲਜ 'ਚ ਸੈਮੀਨਾਰ ਵੀ ਕਰਵਾਏ ਜਾਂਦੇ ਹਨ।ਯੂਥ ਫੈਸਟੀਵਲ ਕਰਕੇ ਵਿਦਿਆਰਥੀਆਂ ਅੰਦਰ ਛੁਪੀ ਕਲਾ ਨੂੰ ਪ੍ਰਦਰਸ਼ਨ ਕਰਨ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ।

# ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਸਿੱਖਿਆ ਖੇਤਰ 'ਚ ਅਹਿਮ ਨਾਂਅ



ਭੀਖੀ (ਗੁਰਿੰਦਰ ਸਿੰਘ ਔਲਖ)-ਸਰਵਹਿੱਤਕਾਰੀ ਵਿੱਦਿਆ ਮੰਦਰ ਪੂਰੇ ਦੇਸ਼ 'ਚ ਮਿਆਰੀ ਸਿੱਖਿਆ ਦੇਣ ਵਾਲੀ ਸੰਸਥਾ ਦੇ ਨਾਲ ਜਾਣੀ ਜਾਂਦੀ ਹੈ।ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਦੀ ਅਗਵਾਈ 'ਚ ਇਹ ਸਿੱਖਿਆ ਸੰਸਥਾ ਭੀਖੀ ਤੇ ਆਸਪਾਸ ਦੇ ਖੇਤਰ 'ਚ ਪੂਰਾ ਨਾਮਣਾ ਖੱਟ ਰਹੀ ਹੈ।ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਬੱਚਿਆਂ ਦੀ ਪੂੰਪਰਕ ਸਿੱਖਿਆ ਦੇ ਨਾਲ ਨਾਲ ਉਨ੍ਹਾਂ ਦੀ ਸੰਸਥਾ 'ਚ ਬੱਚਿਆਂ ਦੇ ਬੌਧਿਕ ਵਿਕਾਸ ਲਈ ਵੱਖ ਵੱਖ ਪ੍ਰੀਖਿਆਵਾਂ ਦਾ ਸਕੂਲ ਪੱਧਰ ਤੇ ਸੂਬਾ ਪੱਧਰ 'ਤੇ ਅਯੋਜਨ ਕੀਤਾ ਜਾਂਦਾ ਹੈ।ਬੱਚਿਆਂ ਦੇ ਸਰੀਰਕ ਵਿਕਾਸ ਲਈ ਅਲੱਗ ਅਲੱਗ ਖੇਡਾਂ ਦੇ ਨਾਲ ਯੋਗਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।ਇਸ ਤੋਂ ਇਲਾਵਾ ਸਮੇਂ ਸਮੇਂ 'ਤੇ ਪ੍ਰਤੀਯੋਗਤਾਵਾਂ ਦਾ ਅਯੋਜਨ ਸਕੂਲ ਵੱਲੋਂ ਕੀਤਾ ਜਾਂਦਾ ਹੈ।ਸਮਾਜਿਕ ਵਿਕਾਸ ਲਈ ਕੈਂਪਾਂ ਦੇ ਅਯੋਜਨ ਦੇ ਨਾਲ ਨਾਲ ਵਿੱਦਿਅਕ ਟੂਰ ਆਦਿ ਸਮੇਂ ਸਮੇਂ ਸਿਰ ਲਿਜਾਏ ਜਾਂਦੇ ਹਨ।ਬੱਚਿਆਂ ਦੀ ਵਿਗਿਆਨਕ ਚੇਤਨਾ ਪੈਦਾ ਕਰਨ ਲਈ ਵਿਗਿਆਨਕ ਗਤੀਵਿਧੀਆਂ ਦੇ ਨਾਲ ਉੱਚ ਪੱਧਰੀ ਸਾਇੰਸ ਲੈਬ 'ਚ ਪ੍ਰਯੋਗ ਵੀ ਕਰਵਾਏ ਜਾਂਦੇ ਹਨ।

# ਪੰਚਾਇਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਵਰਕਰਾਂ ਨੂੰ ਕੀਤਾ ਲਾਮਬੰਦ

*ਅਗਾਮੀ ਚੋਣਾਂ 'ਚ ਪੰਜਾਬ 'ਚ ਕਾਂਗਰਸ ਸਰਕਾਰ ਬਣਨੀ ਤੈਅ : ਸ਼ੁਭਮ ਸ਼ਰਮਾ*



ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਧੂਰੀ ਹਲਕੇ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਇੱਕ ਮੀਟਿੰਗ ਕਾਂਗਰਸ ਦੇ ਦਿਹਾਤੀ ਬਲਾਕ ਪ੍ਰਧਾਨ ਲਖਵੀਰ ਸਿੰਘ ਬਮਾਲ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਯੂਥ ਕਾਂਗਰਸ ਦੇ ਜਨਰਲ ਸਕੱਤਰ ਤੇ ਹਲਕਾ ਆਗੂ ਸ਼ੁਭਮ ਸ਼ਰਮਾ ਨੇ ਆਉਣ ਵਾਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਡੱਟਣ ਲਈ ਲਾਮਬੰਦ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਨਾਲ਼ ਝੂਠੇ ਵਾਅਦੇ ਕਰਕੇ ਸੱਤਾ ਵਿੱਚ ਆਈ ਪੰਜਾਬ ਦੀ ਆਪ ਸਰਕਾਰ ਤੋਂ ਹਰ ਵਰਗ ਦੁਖੀ ਹੈ ਅਤੇ ਇਸ ਸਰਕਾਰ ਤੋਂ ਛੁਟਕਾਰਾ ਪਾਉਣ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ ਅਤੇ ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰੀ ਬਹੁਮਤ ਨਾਲ ਕਾਂਗਰਸ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਧੂਰੀ ਹਲਕੇ ਵਿਕਾਸ ਪੱਖੋਂ ਪੱਛੜਿਆ ਪਿਆ ਹੈ ਤੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਆਉਣ 'ਤੇ ਧੂਰੀ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਇਆ ਜਾਵੇਗਾ।ਇਸ ਮੌਕੇ ਸਤੀਸ਼ ਕਾਂਸਲ ਬਲਾਕ ਪ੍ਰਧਾਨ ਸ਼ਹਿਰੀ, ਜਸਵੀਰ ਸਿੰਘ ਜਗਦਿਓ, ਜਸਵੀਰ ਸਿੰਘ ਜੱਸੀ, ਪ੍ਰਦੀਪ ਸਿੰਘ ਗਗਨ ਹਲਕਾ ਪ੍ਰਧਾਨ ਯੂਥ ਕਾਂਗਰਸ, ਨਾਦਰ ਅਲੀ, ਲਖਵਿੰਦਰ ਕੁਮਾਰ ਲੱਖਾ ਰਾਂਚਣਾ, ਕਾਕਾ ਬਮਾਲ, ਜਰਨੈਲ ਸਿੰਘ ਬੱਲਮਗੜ੍ਹ ਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

## ਕਬੂਲ ਸ਼ਾਹ ਖੁੱਬਣ ਪਿੰਡ 'ਚ 90 ਲੱਖ ਦੇ ਕੰਮਾਂ ਦਾ ਉਦਘਾਟਨ

ਫ਼ਾਜ਼ਿਲਕਾ, (ਨਿਸ਼ਾ ਸ਼ਰਮਾ) ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕਬੂਲ ਸ਼ਾਹ ਖੁੱਬਣ ਪਿੰਡ ਵਿੱਚ ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਨਾਲ ਰੂਬਰੂ ਹੁੰਦਿਆਂ ਕਿਹਾ ਕਿ ਸੂਬਾ ਸਰਕਾਰ ਲਈ ਸਿੱਖਿਆ ਇਕ ਤਰਜੀਹੀ ਖੇਤਰ ਹੈ, ਜਿਸ 'ਤੇ ਪਹਿਰਾ ਦਿੰਦਿਆਂ ਪੰਜਾਬ ਵਿੱਚ ਸਕੂਲਾਂ ਦੀ ਨੁਹਾਰ ਬਦਲੀ ਹੈ।ਉਨ੍ਹਾਂ ਵੱਲੋਂ ਪਿੰਡ ਦੇ ਦੋ ਸਕੂਲਾਂ ਵਿਚ 90 ਲੱਖ ਰੁਪਏ ਦੀ ਲਾਗਤ ਵਾਲੇ ਕੰਮਾਂ ਦਾ ਉਦਘਾਟਨ ਕੀਤਾ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਹੋਰ ਵਧੀਆ ਸਹੂਲਤਾਂ ਮਿਲਣਗੀਆਂ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਬੂਲਸ਼ਾਹ ਖੁੱਬਣ ਤੇ ਸਰਕਾਰੀ ਪ੍ਰਾਇਮਰੀ ਸਕੂਲ ਖੁੱਬਣ ਵਿਚ ਵੱਖ-ਵੱਖ ਕੰਮਾਂ ਦਾ ਉਦਘਾਟਨ ਕਰਦਿਆਂ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਅੰਦਰ ਸਿੱਖਿਆ ਦੇ ਖੇਤਰ ਵਿਚ ਵੱਡੀਆਂ ਪੁਲਾਂਘਾ ਪੁੱਟੀਆਂ ਗਈਆਂ ਹਨ, ਜਿਨ੍ਹਾਂ ਵਿਚ ਵਿਦਿਆਰਥੀਆਂ ਅੰਦਰ ਬੁਨਿਆਦੀ ਹੁਨਰਾਂ ਨੂੰ ਮਜਬੂਤ ਕਰਨਾ, ਅਧਿਆਪਨ ਤਰੀਕਿਆਂ ਵਿਚ ਸਮੇਂ ਅਨੁਸਾਰ ਤਬਦੀਲੀ, ਮੈਗਾ ਮਾਪੇ-ਅਧਿਆਪਕ ਮਿਲਣੀਆਂ, ਸਿੱਖਿਆ ਵਿਭਾਗ ਦੇ ਪ੍ਰਿੰਸੀਪਲਾਂ, ਹੈੱਡ ਮਾਸਟਰ ਤੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਟ੍ਰੇਨਿੰਗ ਮੁੱਖ ਤੌਰ 'ਤੇ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਮਕਸਦ ਨਾਲ ਸਕੂਲਜ਼ ਆਫ਼ ਐਮੀਨੈਂਸ ਅਤੇ ਸਕੂਲ ਆਫ਼ ਬ੍ਰਿਲਿਐਂਸ ਦੀ ਸਥਾਪਤੀ, 425 ਪ੍ਰਾਇਮਰੀ ਸਕੂਲਾਂ ਨੂੰ ਸਕੂਲ ਆਫ਼ ਹੈਪੀਨੈਸ ਵਿੱਚ ਤਬਦੀਲ ਕਰਨਾ ਅਤੇ ਸਕੂਲਾਂ ਵਿਚ ਬੁਨਿਆਦੀ ਢਾਂਚੇ ਨੂੰ ਨਵੀਂ ਦਿੱਖ ਰਾਹੀਂ ਵਿਦਿਆਰਥੀਆਂ ਨੂੰ ਅਤਿਆਧੁਨਿਕ ਸਿੱਖਿਆ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ 18 ਲੱਖ 67 ਹਜ਼ਾਰ ਰੁਪਏ ਨਾਲ ਇੱਕ ਕਮਰਾ, ਬਾਥਰੂਮ, ਟਾਈਲਾ ਤੇ ਹੋਰ ਵਿਕਾਸ ਕੰਮ ਕੀਤੇ ਗਏ ਹਨ।ਇਸੇ ਤਰ੍ਹਾਂ ਸੀਨੀਅਰ ਸੈਕੰਡਰੀ ਸਕੂਲ ਵਿੱਚ 71 ਲੱਖ 24 ਹਜ਼ਾਰ ਰੁਪਏ ਨਾਲ 6 ਕਮਰੇ, ਕੰਪਿਊਟਰ ਲੈਬ, ਚਾਰਦੀਵਾਰੀ ਤੇ ਹੋਰ ਵਿਕਾਸ ਕਾਰਜ ਕੀਤੇ ਗਏ ਹਨ।


### ਲੋੜ ਹੈ

ਬਿਮਾਰ ਔਰਤ ਦੀ ਸੇਵਾ-ਸੰਭਾਲ ਅਤੇ ਘਰ ਦੇ ਸਾਰੇ ਕੰਮ ਕਰਨ ਲਈ ਫੁਲ ਟਾਈਮ ਔਰਤ ਚਾਹੀਦੀ ਹੈ, ਰਹਿਣਾ ਅਤੇ ਖਾਣੇ ਸਮੇਤ ਕੰਮ ਅਨੁਸਾਰ ਚੰਗੀ ਤਨਖਾਹ। ਸੰਪਰਕ ਕਰੋ : 93561-66706 (ਅੰਮ੍ਰਿਤਸਰ)।


### ਜਨਤਕ ਨੋਟਿਸ

ਮੈਂ, ਰਜਿੰਦਰ ਸਿੰਘ (ਆਧਾਰ ਕਾਰਡ ਨੰ. 6597-4855-4165) ਪੁੱਤਰ ਹਰਬੰਸ ਸਿੰਘ ਵਾਸੀ ਮਕਾਨ ਨੰ. ਸੀ-321, ਸੰਸਾਰਪੁਰ ਜਲੰਧਰ ਦਾ ਹਾਂ। ਇਹ ਕਿ (1) ਮੇਰੀ ਅਸਲ ਰਜਿਸਟਰੀ ਵਸੀਕਾ ਨੰ. 6982 ਮਿਤੀ 15-11-2010 (2) ਰਜਿਸਟਰੀ ਪਲਾਟ ਨੰ. 32 ਮੋਹੱਲਾ ਗੁਰਦਿਆਲ ਕਲੋਨੀ ਪਿੰਡ ਸੰਸਾਰਪੁਰ ਜਲੰਧਰ ਰਜਿਸਟਰੀ ਨੰ. 5293 ਮਿਤੀ 05-09-2012 ਸਬ ਰਜਿਸਟਰਾਰ ਜਲੰਧਰ ਵੱਲੋਂ ਜਾਰੀ ਮੇਰੇ ਕੋਲੋ ਜਮਸ਼ੇਰ ਵਿਖੇ ਕਿੱਧਰੇ ਗੁੰਮ ਹੋ ਗਈ ਹੈ।

### COURT NOTICE

(U/o 5 Rule 20 CPC)
In the Court of
Ms. Gurpreet Kaur-II
Civil Judge Junior Division-2, Zira
CNR No. PBFZAO-000345-2021
Next Date :- 20-04-2025
State Bank of India
Vs.
Sukhwinder Singh
Publication Issued to :
Sukhwinder Singh
Father : Kartar Singh through its lrs
4. Kulbir Kaur (Daughter of Sukhwinder Singh S/o Kartar Singh R/o Vill. Kali Wala, Teh. Zira.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20.04.2025 at 10:00 A.M.

For details logon to https://highcourtchd.gov.in/?mod=district_notice&district=moga-court

Civil Judge Junior Division-2, Zira
Dated this day of 07-04-2025

### COURT NOTICE

(U/o 5 Rule 20 CPC)
In The Court of
Ms.Gurpreet Kaur-II
Civil Judge Junior Division-2, Zira
CNR No. PBFZAO-000136-2024
Next Date:- 21-04-2025
Satnam Singh
Vs.
Swaran Singh
Publication Issued To:
Swaran Singh
Father: -Jora Singh through its lrs.
1. Gurwinder Singh, 2. Sukhwinder Singh S/o Swaran Singh, 3. Daljit Kaur Wd/o Swaran Singh. All R/o Vill. Kachar Bhan, Teh. Zira, Distt. Ferozepur, 4. Kulwinder Kaur daughter of Swaran Singh now Wife of Nirmal Singh R/o Village Jhandeana Garbi, Distt. Moga

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 21-04-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-2, Zira
Dated, this day of 07-04-2025

### COURT NOTICE

In The Court of
Ms. Gurpreet Kaur-II
Judicial Magistrate First Class-2, Zira
CNR No.:- PBFZA1-001570-2024
Next Date:-18-04-2025
HDFC Bank Ltd.
Vs.
Gurdev Singh
Detail of offence:-
Notice To:
Gurdev Singh
Father: - Joginder Singh
Vill. Qutabdinwala, Sub Teh. Makhu, Teh. Zira. Distt. Fzr.

In above titled case, the accused could not be served. It is ordered that accused should appear in person or through counsel on 18-04-2025 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate First Class-2 Zira
Dated, this day of 07-04-2025

### COURT NOTICE

(U/o 5 Rule 20 CPC)
In The Court of
Sh. Amrinder Pal Singh
Principal Judge Family Court, Sangrur
HMA/378/2024
CNR No. PBSG01-006845-2024
Next Date : 07-05-2025
Kuljit Kaur
Vs
Parwinder Singh
Publication Issued to :
Parwinder Singh son : Ram Karan Singh R/o Village Majha, Tehsil Bhawanigarh, Now R/o Tunga, Tehsil Nabha, District Patiala Mob. No. 94654-17846

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07-05-2025 at 10:00 A.M.

For details logon to https://highcourtchd.gov.in/?mod=district_notice&district=Sangrur

Principal Judge Family Court, Sangrur
Dated, this day of 05.04.2025

### COURT NOTICE

(U/o 5 Rule 20 CPC)
In The Court of
Dr. Deepti Gupta
Additional Principal Judge Family Court, Dhuri
HMA/151/2024
CNR No. PBSGF3-000319-2024
Next Date : 03-05-2025
Sukhdarshan Singh
Vs
Sukhwinder Kaur
Publication Issued to :
Sukhwinder Kaur daughter of Darbara Singh R/o Village Daultpur, Tehsil Dhuri, District Sangrur M. No. 7973393597

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03.05.2025 at 10.00 A.M.

For details logon to https://highcourtchd.gov.in/?mod=district_notice&district=Sangrur

Additional Principal Judge Family Court, Dhuri
Dated, this day of 02.04.2025


### BABA MEHAR SINGH MEMORIAL COLLEGE OF EDUCATION, VPO PURANA SHALLA TEHSIL AND DISTRICT GURDASPUR

invites online applications for the post of Principal on regular basis. Qualification and Grade as per UGC/NCTE/ Punjab Govt./GNDU norms. Reservation Policy will be as per Punjab Govt. rules. Candidates must submit online application within 7 days from the date of publication of advertisement. A copy of application along with a DD of Rs1180/- (non-refundable) in favour of Registrar Guru Nanak Dev University, Amritsar may also be sent to Dean, CDC, Guru Nanak Dev University, Amritsar within stipulated time through registered post. Candidate must send the required documents alongwith the application as per the list available in the CDC portal on university website (www.gndu.ac.in). Incomplete application (without required documents) 'or' the application received after due date will not be entertained. E-mail:bmsmcollege@rediffmail.com


### AXIS BANK

AXIS Bank Ltd.Branch Address "2nd and 3rd Floor, Property No. 7-E, Malhar Road, Sarabha Nagar, Ludhiana-141001. Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

**[ਹਵਾਲਾ ਰੂਲ-8(1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਰਿਟੇਲ ਐਸੈਟ ਸੈਂਟਰ, ਐਸ ਸੀ ਓ 367-368, ਸੈਕਟਰ 34 ਏ, ਚੰਡੀਗੜ੍ਹ 160022 ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੈਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਤੀ 22 ਨਵੰਬਰ 2022 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ [illegible] ਰੁ. 48,86,780/- [illegible] ਮਿਤੀ 21 ਨਵੰਬਰ 2022 [illegible] ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ [illegible]

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ [illegible] ਸੈਕਸ਼ਨ 13(4) [illegible] 4 ਅਪ੍ਰੈਲ 2025 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ [illegible] ਐਕਸਿਸ ਬੈਂਕ ਲਿਮਟਿਡ [illegible] ਰੁ. 48,86,780/- [illegible]

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) [illegible]

**ਜਾਇਦਾਦ ਦਾ ਵੇਰਵਾ**

[illegible] ਖਾਤਾ ਨੰ. 1783/2411 ਖਸਰਾ ਨੰ. 41 ਕਿਲਾ ਨੰ. 6/1(3-2), 7/1(2-6) ਖਸਰਾ ਨੰ. 42 ਕਿਲਾ ਨੰ. 1/2 (2-12), 10/2(2-0) [illegible] ਜਮ੍ਹਾਬੰਦੀ ਸਾਲ 1996-97 [illegible] ਹੱਦਬਸਤ ਨੰ. 223, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ [illegible]
ਹੱਦਾਂ: ਉੱਤਰ: [illegible] (50'-0"), ਦੱਖਣ: ਗਲੀ 20' ਚੌੜੀ (51'-0"), ਪੂਰਬ: ਗਲੀ 20' ਚੌੜੀ (33'-0"), ਪੱਛਮ: ਗਲੀ 20' ਚੌੜੀ (29'-2")

ਮਿਤੀ : 04 ਅਪ੍ਰੈਲ 2025 — ਅਧਿਕਾਰਤ ਅਫਸਰ
ਸਥਾਨ : ਖੰਨਾ, ਪੰਜਾਬ — ਐਕਸਿਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਨਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-50 | 21.04.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) 14630/R1, 20434/F1, 22706/F1, 14634/F2, 14634/R1, 14634/F1, 14633/R1, 14633/F1, 14633/F2 & 19226/F1. |
| EAFZR-PACKING31 | 21.04.25 ਨੂੰ 11:00 ਵਜੇ | ਪਠਾਨਕੋਟ ਕੈਂਟ, ਜੰਮੂਤਵੀ ਅਤੇ ਫਿਰੋਜਪੁਰ ਕੈਂਟ ਵਿਚ ਦੋ ਪਹੀਆ ਵਾਹਨਾਂ ਅਤੇ ਹੋਰ ਪਾਰਸਲ ਪੈਕੇਜ ਦੀ ਪੈਕਿੰਗ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1051/2025

### punjab national bank
......the name you can Bank upon

BRANCH : SUS NAGAR (222100), JALANDHAR - 144001

**ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫ਼ਤਰ : ਐੱਸ ਯੂ ਐੱਸ ਨਗਰ (222100), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| ਲੜੀ ਨੰ. | ਲਾਕਰ ਨੰ. | ਨਾਂਅ | ਬਰਾਂਚ |
|---|---|---|---|
| 1. | AE00396 | ਗੁਰਪ੍ਰੀਤ ਕੌਰ ਅਤੇ ਹਰਭਜਨ ਸਿੰਘ | ਡਬਲਯੂ. ਈ 327, ਅਲੀ ਮੁਹੱਲਾ ਜਲੰਧਰ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ। ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਬੈਂਕ ਵੱਲੋਂ ਗਾਈਡ ਲਾਈਨਜ਼ ਅਨੁਸਾਰ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 08.04.2025 — ਸਥਾਨ : ਜਲੰਧਰ — ਪੰਜਾਬ ਨੈਸ਼ਨਲ ਬੈਂਕ

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ** (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 20.12.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਅਨਮੋਲ ਭੂਸ਼ਣ ਸ਼ਰਮਾ ਪੁੱਤਰ ਸ੍ਰੀ ਦੁਰਗਾ ਦਾਸ ਸ਼ਰਮਾ, ਵਾਸੀ ਮਕਾਨ ਨੰ. 4, ਫੇਸ ਨੰ. 07, ਅਮਨ ਪਾਰਕ ਥਰੀਕੇ, ਲੁਧਿਆਣਾ 2. ਸ੍ਰੀ ਸਚਿਨ ਸ਼ਰਮਾ ਪੁੱਤਰ ਸ੍ਰੀ ਅਨਮੋਲ ਭੂਸ਼ਣ ਸ਼ਰਮਾ, ਵਾਸੀ ਮਕਾਨ ਨੰ. 4, ਫੇਸ ਨੰ. 07 ਅਮਨ ਪਾਰਕ ਥਰੀਕੇ, ਲੁਧਿਆਣਾ 3. ਸ੍ਰੀਮਤੀ ਅੰਜਲੀ ਸ਼ਰਮਾ ਪਤਨੀ ਸ੍ਰੀ ਸਚਿਨ ਸ਼ਰਮਾ, ਵਾਸੀ ਮਕਾਨ ਨੰ. 4, ਫੇਸ ਨੰ. 07, ਅਮਨ ਪਾਰਕ ਥਰੀਕੇ ਲੁਧਿਆਣਾ (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 4. ਸ੍ਰੀ ਵਿਨੀਤ ਬੇਰੀ ਪੁੱਤਰ ਸਰਵ ਮਿੱਤਰ ਬੇਰੀ, ਵਾਸੀ ਮਕਾਨ ਨੰ. 234, ਮਾਡਲ ਗਰਾਮ ਲੁਧਿਆਣਾ-141002 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ 'ਤੇ ਓ ਡੀ/030400000183 'ਚ ਰੁਪਏ 14,20,534/- ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13(4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ/ 1030400000183 'ਚ ਬਕਾਇਆ ਰਕਮ ਰੁ. 14,20,534/- ਸਮੇਤ 01.12.2024 ਤੋਂ ਭਵਿੱਖੀ ਵਿਆਜ ਦੇ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਬੈਨਾਮਾ ਦਸਤਾਵੇਜ਼ ਨੰ. 877 ਮਿਤੀ 18.04.2006 ਅਨੁਸਾਰ ਸ੍ਰੀ ਅਨਮੋਲ ਭੂਸ਼ਣ ਸ਼ਰਮਾ ਪੁੱਤਰ ਸ੍ਰੀ ਦੁਰਗਾ ਦਾਸ ਸ਼ਰਮਾ ਦੀ ਮਲਕੀਅਤ ਜਾਇਦਾਦ ਰਕਬਾ 402 ਵਰਗ ਗਜ਼, ਪਲਾਟ ਨੰ. 4, ਫੇਸ-7 ਪਿੰਡ ਥਰੀਕੇ, ਅਮਨ ਪਾਰਕ ਥਰੀਕੇ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਮਿਤੀ : 08.04.2025, ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ** (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 28.11.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਮੈਸ: ਜੇ ਕੇ ਟਰੇਡਿੰਗ ਕੰਪਨੀ, ਮੰਡੀ ਜੋਧਾਂ, ਜ਼ਿਲ੍ਹਾ ਲੁਧਿਆਣਾ ਰਾਹੀਂ ਇਸ ਦੇ ਮਾਲਕ ਸ੍ਰੀ ਕੁਲਵਿੰਦਰ ਸਿੰਘ 2. ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸ੍ਰੀ ਦਲੀਪ ਸਿੰਘ ਵਾਸੀ ਪਿੰਡ ਰੁੜਕਾ ਕਲਾਂ, ਰੁੜਕਾ, ਲੁਧਿਆਣਾ, ਪੰਜਾਬ-141101 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਦਲੀਪ ਸਿੰਘ ਪੁੱਤਰ ਸ੍ਰੀ ਸੱਜਣ ਸਿੰਘ, ਵਾਸੀ ਰੁੜਕਾ, ਲੁਧਿਆਣਾ, ਪੰਜਾਬ 141101. 4. ਸ੍ਰੀ ਭੁਪਿੰਦਰ ਸਿੰਘ ਪੁੱਤਰ ਸ੍ਰੀ ਜਗਰਾਜ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਦਾਖਾ, ਲੁਧਿਆਣਾ (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ 'ਤੇ ਸੀ ਸੀ /034300000004 'ਚ ਰੁ. 5,40,628.60 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ/034612000003 'ਚ ਰੁਪਏ 25,892.17 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਸੀ ਸੀ/034300000004 'ਚ ਰੁਪਏ 5,40,628.60 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ/034612000003 'ਚ ਰੁਪਏ 25,892.17 ਸਮੇਤ 01-11-2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 365 ਮਿਤੀ 26-06-1981 ਅਨੁਸਾਰ ਸ੍ਰੀ ਦਲੀਪ ਸਿੰਘ ਪੁੱਤਰ ਸ੍ਰੀ ਸੱਜਣ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 06 ਮਰਲੇ (180 ਵਰਗ ਗਜ਼), ਮੌਜਾ, ਰੁੜਕਾ ਕਲਾਂ ਭੰਗੂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। (ਮੌਜੂਦਾ : ਪਿੰਡ ਰੁੜਕਾ ਭੰਗੂ, ਨੇੜੇ ਮਾਹੀਏ ਕੀ ਪੱਤੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ)

ਮਿਤੀ : 08.04.2025, ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

### AXIS BANK

Retail Asset Centre: AXIS Bank Ltd, 2 nd Floor, Property # 7-E, Municipal 3903/1142/16, Malhar Road, Sarabha Nagar, Ludhiana -141001. Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025 Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਸੰਬੰਧੀ ਜਨਤਕ ਨੋਟਿਸ**

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਮਿਤੀਆਂ 'ਤੇ ਹਰੇਕ ਖਾਤੇ ਦੇ ਵਿਰੁੱਧ ਡਿਮਾਂਡ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਰਕਮ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਾਦਰ ਰਕਮ ਵਾਪਸ ਮੋੜਨ 'ਚ ਅਸਫਲ ਰਿਹਾ ਹੈ, ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13(4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਦੇ ਵਿਰੁੱਧ ਹੇਠਾਂ ਦਰਸਾਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਿਟਿਡ ਦੀ ਰਕਮ ਅਤੇ ਉਸ ਉੱਪਰ ਵਿਆਜ਼ ਦੀ ਵਸੂਲ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਐਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|---|
| 1. | 1. ਮੈਸ : ਦਵਿੰਦਰ ਬੁਰਜ ਟ੍ਰੇਡਿੰਗ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀ ਦਵਿੰਦਰ ਸਿੰਘ, ਦੁਕਾਨ ਨੰ. 677, ਨਿਊ ਗ੍ਰੇਨ ਮਾਰਕਿਟ ਮੰਡੀ ਭਗਤਾਂ ਵਾਲਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ 143001 2. ਸ੍ਰੀ ਦਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ, ਵਾਸੀ ਬੁਰਜ 169, ਸਰਾਏ ਅਮਾਨਤ ਖਾਂ, ਤਹਿਸੀਲ ਤਰਨ ਤਾਰਨ, ਪੰਜਾਬ 143414 3. ਸ੍ਰੀ ਹਰਜਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ, ਵਾਸੀ ਬੁਰਜ 169, ਸਰਾਏ ਅਮਾਨਤ ਖਾਂ, ਤਹਿਸੀਲ ਤਰਨ ਤਾਰਨ, ਪੰਜਾਬ 143414 | ਬੈਨਾਮਾ ਮਿਤੀ 19-05-2015, ਵਸੀਕਾ ਨੰ. 1387 ਰਾਹੀਂ ਸ੍ਰੀ ਹਰਜਿੰਦਰ ਸਿੰਘ ਅਤੇ ਸ੍ਰੀ ਦਵਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਦੁਕਾਨ ਰਕਬਾ 33.75 ਵਰਗ ਗਜ਼ ਨੰ. 677, ਰਕਬਾ ਮਿਣਤੀ ਲੰਬਾਈ 30 ਫੁੱਟ, ਚੌੜਾਈ 10 ਫੁੱਟ, ਵਾਕਿਆ ਰਕਬਾ ਮੰਡੀ ਭਗਤਾਂਵਾਲਾ, ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ :- (ਸਾਈਟ ਅਨੁਸਾਰ) ਉੱਤਰ : ਦੁਕਾਨ ਨੰ. 678, ਪੱਛਮ : ਹੋਰ ਦੁਕਾਨ, ਪੂਰਬ : ਸੜਕ, ਦੱਖਣ : ਦੁਕਾਨ ਨੰ. 676 | 02 ਅਪ੍ਰੈਲ 2023 | 07 ਜੁਲਾਈ 2023 | 04 ਅਪ੍ਰੈਲ 2025 | ਰੁ: 2532-690.88/- (ਪੱਚੀ ਲੱਖ ਬੱਤੀ ਹਜ਼ਾਰ ਛੇ ਸੌ ਨੱਬੇ ਰੁਪਏ ਅਤੇ ਅਠਾਸੀ ਪੈਸੇ ਕੇਵਲ) |

ਮਿਤੀ : 04.04.2025 — ਅਧਿਕਾਰਤ ਅਫਸਰ
ਸਥਾਨ : ਅੰਮ੍ਰਿਤਸਰ — ਐਕਸਿਸ ਬੈਂਕ ਲਿਮਿਟਿਡ

### AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001. Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: : 'Trishul', 3rd Floor, opposite Samartheswar Temple, Law garden, Ellisbridge, Ahmadabad- 380006

**[ਰੂਲ-8(1)] (ਅਚੱਲ ਜਾਇਦਾਦ ਲਈ)**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੀਆਂ ਤਾਕਤਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਖੁਦ ਨੂੰ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਿਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਸੁਰੱਖਿਅਤ ਐੱਸਟਸ ਦੇ ਪੁਨਰਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ 'ਚ) |
|---|---|---|
| 1. | 1. ਸ੍ਰੀ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਪ੍ਰਵੀਨ ਪਤਨੀ ਬਲਵਿੰਦਰ ਸਿੰਘ (ਸਹਿ-ਕਰਜ਼ਦਾਰ) ਦੋਵੇਂ ਵਾਸੀ ਪਲਾਟ ਪ੍ਰਾਈਵੇਟ ਨੰ: 43 'ਤੇ ਬਣਿਆ ਮਕਾਨ, ਸਬ-ਅਰਬਨ ਅਬਾਦੀ ਫਤਿਹ ਸਿੰਘ ਕਾਲੋਨੀ, ਗਲੀ ਨੰ: 26, ਭਰਾੜੀਵਾਲ, ਤਹਿਸੀਲ ਅੰਮ੍ਰਿਤਸਰ-1, ਅੰਮ੍ਰਿਤਸਰ-143001 | 20 ਨਵੰਬਰ 2023 / 4 ਅਪ੍ਰੈਲ 2025 / ਰੁਪਏ 18,08,874/- (ਰੁਪਏ ਅਠਾਰਾਂ ਲੱਖ ਅੱਠ ਹਜ਼ਾਰ ਅੱਠ ਸੌ ਚੌਹੱਤਰ ਕੇਵਲ) |

ਗਿਰਵੀ ਜਾਇਦਾਦ ਦਾ ਵੇਰਵਾ : ਦਸਤਾਵੇਜ਼ ਨੰ: 2021-22/89/1/5581 ਮਿਤੀ 8 ਅਕਤੂਬਰ 2021 ਅਨੁਸਾਰ ਬਲਵਿੰਦਰ ਸਿੰਘ ਪੁੱਤਰ ਦਲੀਪ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 43 'ਤੇ ਬਣਿਆ ਮਕਾਨ, ਰਕਬਾ 81.77 ਵਰਗ ਗਜ਼, ਖਸਰਾ ਨੰ: 25//22/1, 29//2, ਭਰਾੜੀਵਾਲ ਵਿਖੇ ਸਥਿਤ, ਸਬ-ਅਰਬਨ ਅਬਾਦੀ ਫਤਿਹ ਸਿੰਘ ਕਾਲੋਨੀ, ਗਲੀ ਨੰ: 26, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ। ਹੱਦਾਂ : (ਦਸਤਾਵੇਜ਼ ਅਨੁਸਾਰ) ਪੂਰਬ : ਹੋਰਨਾਂ ਦੀ ਮਾਲਕੀ, ਪੱਛਮ : ਗਲੀ 18' ਚੌੜੀ, ਉੱਤਰ : ਪਲਾਟ ਨੰ: 44, ਰਾਜੂ ਦੀ ਮਾਲਕੀ, ਦੱਖਣ : ਪਲਾਟ ਨੰ: 42 ਮਨੀਸ਼ ਕੁਮਾਰ ਦੀ ਮਾਲਕੀ।

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 09.04.2025 ਸਥਾਨ : ਅੰਮ੍ਰਿਤਸਰ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਿਟਿਡ

# ਨਸ਼ਿਆਂ ਖਿਲਾਫ ਲਾਮਬੰਧ ਹੋਣ ਲੋਕ : ਰਾਜਪਾਲ ਪੰਜਾਬ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਸ੍ਰੀ ਗੁਰੂ ਰਾਮਦਾਸ ਗਰੁੱਪ ਆਫ ਇੰਸਟੀਟਿਊਸ਼ਨਜ ਪੰਧੇਰ ਵਿਖੇ ਪੁੱਜਣ 'ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਕਾਲਜ ਦੇ ਪ੍ਰੈਜੀਡੈਂਟ ਹਰਜਿੰਦਰਪਾਲ ਕੌਰ, ਵਾਈਸ ਪ੍ਰੈਜੀਡੈਂਟ ਡਾਕਟਰ ਗੁਲਵਤਨ ਸਿੰਘ ਕੰਗ , ਐਮ.ਡੀ. ਅਵਤਾਰ ਸਿੰਘ ਕੰਗ ਅਤੇ ਡਾਕਟਰ ਅਨੰਦਜੀਤ ਵਲੋਂ ਭਰਵਾਂ ਸਵਾਗਤ ਕਰ ਕੇ ਜੀ ਆਇਆਂ ਕਿਹਾ ਗਿਆ।ਇਸ ਤੋ ਬਾਆਦ ਉਹਨਾਂ ਵਲੋਂ ਗੁਬਾਰੇ ਛੱਡੇ ਗਏ ਅਤੇ ਐਨ ਸੀ ਸੀ ਦੇ ਕੈਡਿਟ ਦੀ ਪਰੇਡ ਤੋਂ ਸਲਾਮੀ ਲਈ ਗਈ।ਕਾਲਜ ਦੇ ਵਿਦਿਆਰਥੀਆਂ ਵਲੋਂ ਰਾਸ਼ਟਰੀ ਗੀਤ ਪੇਸ਼ ਕੀਤਾ ਗਿਆ ਜਿਸ ਉਪਰੰਤ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਅਤੇ ਇਲਾਕੇ ਤੋਂ ਹਾਜ਼ਰ ਮੋਹਤਬਰ ਵਿਅਕਤੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨਸ਼ੇ ਹੀ ਦੇਸ਼ ਅਤੇ ਮਨੁੱਖ ਦੇ ਅਸਲ ਦੁਸ਼ਮਣ ਹਨ।ਉਹਨਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਵਾਸਤੇ ਸਾਨੂੰ ਸਾਰਿਆਂ ਨੂੰ ਇਕੱਜਟ ਹੋ ਕੇ ਇਸਦਾ ਮੁਕਾਬਲਾ ਕਰਨਾ ਚਾਹੀਦਾ ਹੈ ਅਤੇ ਉਹਨਾਂ ਨੇ ਸਮਾਜ ਦੇ ਲੋਕਾਂ ਨੂੰ ਭਾਗੀਦਾਰ ਬਣਨ ਅਤੇ ਅੱਗੇ ਆਉਣ ਦੀ ਅਪੀਲ ਕੀਤੀ। ਉਹਨਾਂ ਸਾਰਿਆਂ ਨੂੰ ਨਸ਼ੇ ਨਾ ਖੁਦ ਕਰਨ ਅਤੇ ਨਾ ਹੀ ਕਰਨ ਦੇਣ ਦੀ ਸੰਹੁ ਚੁਕਵਾਈ ਗਈ।ਕਾਲਜ ਦੇ ਪਰੈਜ਼ੀਡੈਂਟ ਕਮ ਪ੍ਰਿੰਸੀਪਲ ਸ੍ਰੀਮਤੀ ਹਰਜਿੰਦਰਪਾਲ ਕੌਰ, ਐੱਮ. ਡੀ. ਅਵਤਾਰ ਸਿੰਘ ਕੰਗ, ਵਾਈਸ ਪ੍ਰੈਜੀਡੈਂਟ ਡਾਕਟਰ ਗੁਲਵਤਨ ਸਿੰਘ ਕੰਗ ਅਤੇ ਡਾਕਟਰ ਆਨੰਦਜੀਤ ਕੌਰ ਵਲੋਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਸਨਮਾਨਿਤ ਕੀਤਾ।ਇਸ ਮੌਕੇ ਵਿਵੇਕ ਪ੍ਰਤਾਪ ਸਿੰਘ ਆਈ, ਏ.ਐੱਸ, ਪ੍ਰਿੰਸੀਪਲ ਸਕੱਤਰ ਗਵਰਨਰ, ਪੰਜਾਬ ਸ਼ਿਵਦੁਲਾਰ ਸਿੰਘ ਸਕੱਤਰ ਭਾਰਤੀ ਰੈੱਡ ਕਰਾਸ ਸੋਸਾਇਟੀ ਅਤੇ ਲਲਿਤ ਜੈਨ ਜੀ ਆਈ.ਆਏ.ਐੱਸ ਨੂੰ ਕਾਲਜ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਅੰਮ੍ਰਿਤਸਰ, ਏ ਏ ਡੀ ਸੀ ਮੇਜਰ ਅਮਿੱਤ ਸਰੀਨ, ਡੀ ਆਈ ਜੀ ਸਤਿੰਦਰ ਸਿੰਘ, ਐੱਸ ਐੱਸ ਪੀ ਮਨਿੰਦਰ ਸਿੰਘ, ਅਸਿਸਟੈਂਟ ਕਮਿਸ਼ਨਰ ਮੈਡਮ ਗੁਰਸਿਮਰਨ ਜੀਤ ਕੌਰ, ਰਵਿੰਦਰ ਸਿੰਘ ਅਰੋੜਾ, ਐੱਸ ਡੀ ਐਮ ਅਜਨਾਲਾ, ਐੱਸ ਪੀ ਜੁਗਰਾਜ ਸਿੰਘ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾਕਟਰ ਜਸਪਾਲ ਸਿੰਘ ਸੰਧੂ, ਡੀ ਐੱਸ ਪੀ ਗੁਰਬਿੰਦਰ ਸਿੰਘ ਔਲਖ, ਥਾਣਾ ਮੁੱਖੀ ਕਰਮਪਾਲ ਸਿੰਘ, ਸਮੇਤ ਪ੍ਰਿੰਸੀਪਲ ਡਾ ਮੀਨੂੰ ਚੌਧਰੀ, ਪ੍ਰਿ ਡਾ ਅਨਮੋਲਦੀਪ ਕੌਰ, ਪ੍ਰਿ ਸੁਪਨਦੀਪ ਕੌਰ, ਪ੍ਰਿ ਮੀਨਾਕਸ਼ੀ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ੈਫਾਲੀ ਸਮੇਤ ਸਮੂਹ ਸਟਾਫ਼ ਵਿਦਿਆਰਥੀ ਉਹਨਾਂ ਦੇ ਮਾਪੇ ਅਤੇ ਪੰਚ ਸਰਪੰਚ ਹਾਜ਼ਰ ਸਨ।

## ਕਲਾਸੀਫਾਈਡ ਇਸ਼ਤਿਹਾਰ

### Change of Name

I, Buta Singh S/o Lehmber Singh Residence Village Bahar Mazara Tehsil Banga District SBS Nagar have changed my name Buta Singh to Buta Singh Rana all concerned note.

I, Gurwinder Singh S/o Joginder Singh R/o Pandori Waraich, Majitha Road, Amritsar, Punjab have changed my name from Gurwinder Singh to Gurwinder as my given name and Singh as my Surname. Concerned note.

I Ram Paul S/o Biru Ram R/O Vill Chahal Po Kathgarh Teh Balachaur Distt Sbs Nagar Punjab Have Changed My Name To Ram Pal. All Please Note.

I, Robinbir Singh S/o Gurdial Singh R/o Village Kot Hayat, PO Dehriwala, Tehsil Baba Bakala, Distt. Amritsar, Punjab have changed my name from Robinbir Singh to Singh is my surname and Robinbir is my given name.

I, Seema D/o Gurbachan Singh R/o 640, Gali Mata Mandir Wali, Nehru Colony, Batala Road, Amritsar, Punjab-143001 have changed my name from Seema to Poonam. Poonam and Seema is one and the same person.

I Kuljit D/o Gurcharan Singh Resident of 2387, Gali No. 2, Uttam Garh, Chowk Baba Bhouri Wala, Amritsar. I have changed my name from Kuljit to Kuljeet Kaur. All concerned please note.

I, Ramanjeet Kaur W/o Kulwinder Singh R/o Vill Mari Udhoke, Tehsil Patti, Distt Tarn Taran, Punjab have chagned my name from Ramanjeet Kaur to Ramanjit Kaur

I Charanjit Kaur W/o Gurwinder Singh R/o Vill. Alipur, PO Harike Tehsil Patti District Tarn Taran have changed my name from Charanjit Kaur to Charnjeet Kaur

I, Balwinder Pal Sarkaria S/o Hardeep Singh R/o H.No.15, Sant Avenue, Meerankot Road, PO Central Jail Amritsar have changed my name from Balwinder Pal Sarkaria to Balwinder Pal Singh


I Kuljit D/o Gurcharan Singh Resident of 2387, Gali No. 2, Uttam Garh, Chowk Baba Bhouri Wala, Amritsar. I have changed my name from Kuljit to Kuljeet Kaur. All concerned please note.

I, Ramanjeet Kaur W/o Kulwinder Singh R/o Vill Mari Udhoke, Tehsil Patti, Distt Tarn Taran, Punjab have chagned my name from Ramanjeet Kaur to Ramanjit Kaur

I Charanjit Kaur W/o Gurwinder Singh R/o Vill. Alipur, PO Harike Tehsil Patti District Tarn Taran have changed my name from Charanjit Kaur to Charnjeet Kaur

I, Balwinder Pal Sarkaria S/o Hardeep Singh R/o H.No.15, Sant Avenue, Meerankot Road, PO Central Jail Amritsar have changed my name from Balwinder Pal Sarkaria to Balwinder Pal Singh.


I Kamlesh Rani W/o Mohan Lal R/o. H.No.478, Mohalla Dogra, Inside Thathiari Gate, Chaki Wali Gali, Batala, Distt Gurdaspur. Have Changed my name from Kamlesh Rani to Kamlesh. Concerned Please Note.

I Anurag S/o Ashok Kumar R/o H. No. 1640 W No. 5 Mohalla Rehmanpura Nakodar Jalandhar declare that I have changed my name from Anurag to Anurag Anurag .

I, Ritu Chopra W/o Sumit Arora R/o H.No. 131/1, Doordarshan Enclave, Khurla Khingra, Jalandhar have changed my name from Ritu Chopra to Ritu Arora. After Marriage. All concerned please note.

I Shilla W/o Late Karamjit Singh R/o. H.No.355,Simble Chowk, Murgi Mohalla, Batala, Distt Gurdaspur. declare that my husband is died on 16/10/2019. I Declare that Karamjit Singh & Karamjit Singh Marar was same & one person. Concerned Please Note.

I, Rosy w/o Riaz r/o H.No. 78, Chittewani, Po. Jamsher, Distt. Jalandhar-144020, Punjab have changed my name from Rosy to Rozy. All Please Note.

I, Parminder Kaur alias Parvinder Kaur w/o Harbhajan Singh r/o H.No. 3, St.No.61, Garden Colony, Jalandhar have changed my name as Parminder Kaur. All Please Note.

I, hitherto known as Harjeed Kaur d/o Tarsem Lal w/o Hardeep Shah r/o VPO. Jallowal Madhopur Distt. Kapurthala (Pb) have changed my name and shall hereafter be known as Harjit Kaur.

I, Ravi S/o Amrik Singh R/o VPO. Ahmedpur, Distt. Kapurthala, Punjab have changed my name from Ravi to Ravi Bhatti. (Bhatti as surname) All Please Note.

I, hitherto known as Mansha Ram S/o Bishna Ram R/o VPO. Bath Kalan, Nakodar, Distt. Jalandhar, Punjab-144040 have changed my name and shall hereafter be known as Mansa Ram.

### Change of Name

I, Avtar Singh S/o Jarnail Singh R/o Village Munak Khurd, Tehsil Dasuya (Hoshiarpur) Punjab-144204 have changed my name and shall hereafter be known as Singh Avtar. Please note.

### PUBLIC NOTICE

I, Des Raj S/o Lachhman Dass R/o VPO Daduwal, Tehsil Phillaur, Distt. Jalandhar, Punjab I, declare that name of my father have been wrongly written as Lachu in my Passport No. F 546013, The actual my father name Lachhman Dass respectively. All concerned please note.

We, Kuldip Kumar S/o Sh.piara Lal And Renu Bala W/o Kuldip Kumar Both R/o H.no. E7/415 New Ranjitpura, Opposite Japani Mill, Chheharta Amritsar Have Declare That Our Son Vivek Kumar And His Wife Smile Rampal Both Are out Of our Control. We Disinherit Both Husband And Wife From All Our Moveable And Immovable Property. Any Body Deals In Future With Them For Their Act And Conduct Is Responsible at his /her own Risk.

### ਆਮ ਸੂਚਨਾ

ਮੈ ਪ੍ਰਭਜੋਤ ਸਿੰਘ ਸੰਧੂ ਪੁੱਤਰ ਅਜੀਤ ਸਿੰਘ ਵਾਸੀ ਨਜਦੀਕ ਸਿੰਘ ਸਭਾ ਗੁਰਦੁਆਰਾ, ਭੱਲਾ ਕਲੋਨੀ, ਸ਼ੇਰ ਸ਼ਾਹ ਸੂਰੀ ਰੋਡ, ਛੇਹਰਟਾ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਪ੍ਰਭਜੋਤ ਸਿੰਘ ਸੰਧੂ ਅਤੇ ਪ੍ਰਭਜੋਤ ਸਿੰਘ ਦੋਵੇ ਮੇਰੇ ਹੀ ਨਾਮ ਹਨ। ਮੈਨੂੰ ਦੋਵੇ ਨਾਵਾਂ ਨਾਲ ਜਾਣਿਆ ਜਾਂਦਾ ਹੈ।ਸਾਰੇ ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ, ਸੋਨੂੰ ਪੁੱਤਰ ਸ੍ਰੀ ਲਟੂਰੀ ਵਾਸੀ ਪਿੰਡ ਪ੍ਰਭਾਤ ਸਿੰਘ ਵਾਲਾ ਉਤਾੜ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਸਟੇਟ ਬੈਂਕ ਆਫ ਇੰਡੀਆ ਜਲਾਲਾਬਾਦ, ਖਾਤਾ ਨੰਬਰ 36311690201 ਵਿਚ ਮੇਰਾ ਨਾਂਅ ਗਲਤੀ ਨਾਲ ਸੋਨੂੰ ਸਿੰਘ ਲਿਖਿਆ ਗਿਆ ਹੈ, ਜੋ ਗਲਤ ਹੈ। ਜਦ ਕਿ ਮੇਰਾ ਸਹੀ ਨਾਂਅ ਸੋਨੂੰ ਹੈ।

ਮੈਂ, ਅਮਰਜੀਤ ਕੌਰ ਵਿਧਵਾ ਮਹਿੰਦਰ ਰਾਮ ਵਾਸੀ ਪਿੰਡ ਤੇ ਡਾਕ. ਧੂਤਕਲਾਂ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣੀ ਲੜਕੀ ਅੰਜਨਾ ਕੁਮਾਰੀ ਨੂੰ ਬੇਦਖਲ ਕੀਤਾ ਸੀ। ਹੁਣ ਮੇਰੇ ਕਹਿਣੇਕਾਰ ਹੋਣ ਕਰਕੇ ਮੈਂ ਇਸ ਦੀ ਬੇਦਖਲੀ ਵਾਪਸ ਲੈਂਦੀ ਹਾਂ ਅਤੇ ਆਪਣੀ ਚੱਲ-ਅਚੱਲ ਜਾਇਦਾਦ ਦਾ ਹੱਕ ਦਿੰਦੀ ਹਾਂ। ਸੰਬੰਧਤ ਨੋਟ ਕਰਨ।

ਮੈਂ, ਜੋਤੀ ਰਿਆੜ ਪਤਨੀ ਪ੍ਰੇਮ ਸਿੰਘ ਰਿਆੜ ਵਾਸੀ ਮਕਾਨ ਨੰ. 38, ਹਰਮਨ ਇਨਕਲੇਵ, ਘੁਮਿਆਰਾ ਰੋਡ, ਕਰਤਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਤਰਨ ਸਿੰਘ ਰਿਆੜ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 05-11-2019 ਨੂੰ ਅਖ਼ਬਾਰ ਵਿੱਚ ਦਿੱਤੇ ਇਸ਼ਤੇਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਤਰਨ ਸਿੰਘ ਰਿਆੜ ਮੇਰੇ ਕਹਿਣੇ ਵਿੱਚ ਹੈ। ਮੈਂ ਇਸ ਦੀ ਬੇਦਖਲੀ ਵਾਪਿਸ ਲੈਂਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸੰਬੰਧਿਤ ਨੋਟ ਕਰਨ।

ਜਸਵੰਤ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਡਾਲਾ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਵਾਕਿਆ ਰਕਬਾ ਡਾਲਾ, ਜ਼ਿਲ੍ਹਾ ਮੋਗਾ ਵਿਖੇ ਚਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ-18-0919, 20 ਹਾਰਸ ਪਾਵਰ ਨੂੰ ਹਰਵੰਤ ਕੌਰ ਪਤਨੀ ਗੁਰਦੇਵ ਸਿੰਘ ਵਾਸੀ ਡਾਲਾ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ. ਐੱਸ. ਪੀ. ਸੀ. ਐੱਲ. ਬੱਧਨੀ ਕਲਾਂ, ਜ਼ਿਲਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

### ਬੇਦਖਲੀ ਨੋਟਿਸ

ਮੈਂ, ਰੁਪਿੰਦਰ ਸਿੰਘ ਗਿੱਲ ਪੁੱਤਰ ਹਰਨੇਕ ਸਿੰਘ ਵਾਸੀ ਬਸਤੀ ਬਾਬਾ ਰਾਮ ਚੰਦਰ, ਪਿੰਡ ਘੱਲ ਕਲਾਂ, ਤਹਿਸੀਲ ਵਾ ਜ਼ਿਲ੍ਹਾ ਮੋਗਾ-142048 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸ਼ਨਪ੍ਰੀਤ ਸਿੰਘ ਗਿੱਲ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਦਰਸ਼ਨ ਕੁਮਾਰ ਪੁੱਤਰ ਸ੍ਰੀ ਦੇਵ ਰਾਜ ਪੁੱਤਰ ਸ੍ਰੀ ਜੈ ਰਾਮ ਵਾਸੀ ਵਾਰਡ ਨੰ. 10 ਜੋਰਾ ਬਸਤੀ ਪਾਤੜਾਂ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਵਿਨਾਸ਼ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਜਗਸੀਰ ਸਿੰਘ ਪੁੱਤਰ ਮਿੰਦਰ ਸਿੰਘ ਵਾਸੀ ਬੁੱਟਰ ਕਲਾਂ ਜਿਲਾ ਮੋਗਾ ਨੇ ਆਪਣੇ ਲੜਕੇ ਅਮਰਜੀਤ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਚੋਂ ਬੇਦਖਲ ਕਰ ਦਿਤਾ ਹੈ। ਮੇਰਾ ਤੇ ਮੇਰੇ ਪਰਿਵਾਰ ਦਾ ਉਸ ਨਾਲ ਹੁਣ ਕੋਈ ਸੰਬਧ ਨਹੀ, ਆਪਣੇ ਚੰਗੇ ਮਾੜੇ ਕੰਮ ਦਾ ਉਹ ਖੁਦ ਜਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

ਮੈਂ, ਦਲਜੀਤ ਕੌਰ ਪਤਨੀ ਬਲਬੀਰ ਸਿੰਘ ਵਾਸੀ ਝਬਾਲ ਰੋਡ, ਇਬਣ ਕਲਾਂ ਅੰਮ੍ਰਿਤਸਰ, ਪੰਜਾਬ-143009 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਇਸ ਦੀ ਪਤਨੀ ਨਵਨੀਤ ਕੌਰ ਉਰਫ ਜੋਤੀ ਮੇਰੇ ਕਹਿਣੇ ਤੋਂ ਬਾਹਰ ਹੈ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈ ਜਸਬੀਰ ਸਿੰਘ ਪੁੱਤਰ ਬੱਗਾ ਸਿੰਘ ਵਾਸੀ ਕੈਰੋ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਪੁੱਤਰ ਜਗਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ।ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਲੱਖਾ ਸਿੰਘ ਪੁੱਤਰ ਰਾਮ ਸਿੰਘ ਵਾਸੀ ਪਿੰਡ ਸੋਹਲ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### ਬੇਦਖਲੀ ਨੋਟਿਸ

ਮੈਂ, ਤਰਸੇਮ ਸਿੰਘ ਪੁੱਤਰ ਵਤਨ ਸਿੰਘ ਵਾਸੀ ਪਿੰਡ ਪੰਜੌੜ, ਤਹਿਸੀਲ ਗੜਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਸੁਨੀਲ ਕੁਮਾਰ' ਅਤੇ ਉਸਦੀ ਪਤਨੀ 'ਮਨੀਸ਼ਾ' ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ।ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸੰਬਧ ਨਹੀਂ ਰਿਹਾ ਹੈ ।ਜੇਕਰ ਕੋਈ ਵਿਅਕਤੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ ਜਾਂ ਇਨ੍ਹਾਂ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਰੇ ਸਬੰਧਤ ਨੋਟ ਕਰਨ ।

ਮੈਂ ਗੁਲਾਬ ਸਿੰਘ ਪੁੱਤਰ ਮੇਲਾ ਸਿੰਘ ਵਾਸੀ ਬਰੇਟਾ ਜ਼ਿਲ੍ਹਾ ਮਾਨਸਾ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਤਾਰ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਬੁਰੀ ਸੰਗਤ ਦਾ ਸ਼ਿਕਾਰ ਹੋ ਚੁੱਕਾ ਹੈ । ਇਸ ਲਈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ਼ ਕਰਦਾ ਹਾਂ, ਇਸ ਨਾਲ ਲੈਣ ਦੇਣ ਕਰਨ ਵਾਲਾ ਹਰ ਵਿਅਕਤੀ ਖੁਦ ਜੁੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾ ਮੇਰੇ ਪਰਿਵਾਰ ਦੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ। ਸਬੰਧਤ ਨੋਟ ਕਰਨ ।

ਅਸੀ ਸਤਪਾਲ ਪੁੱਤਰ ਜੀਤ ਰਾਮ ਅਤੇ ਨਿਰਮਲ ਕੌਰ ਪਤਨੀ ਸਤਪਾਲ, ਵਾਸੀ ਪਿੰਡ ਠੀਕਰੀਵਾਲ, ਡਾਕਖਾਨਾ ਨੂਰਪੁਰ ਲੁਬਾਣਾ, ਜ਼ਿਲਾ ਕਪੂਰਥਲਾ, ਬਿਆਨ ਕਰਦੇ ਹਾਂ ਕਿ ਅਸੀ ਆਪਣੇ ਲੜਕੇ ਰਣਜੋਧ ਸਿੰਘ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ।

ਮੈਂ ਸ਼ੌਂਕੀਨ ਸਿੰਘ ਪੁੱਤਰ ਲਸ਼ਕਰ ਸਿੰਘ ਵਾਸੀ ਪਿੰਡ ਸਿੱਧਵਾਂ ਦੋਨਾ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਆਪਣੇ ਲੜਕੇ ਗੁਰਵਿੰਦਰ ਸਿੰਘ ਅਤੇ ਨੂੰਹ ਯਸ਼ਮਨਜੀਤ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਗੁਰਮਨਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ 18, ਗਲੀ ਨੰ: 1 ਮੁਸਲਿਮ ਗੰਜ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਬੁਰੀ ਸੰਗਤ ਵਿਚ ਫਸ ਗਿਆ ਹੈ ਅਤੇ ਸਾਡੇ ਕਹਿਣੇ ਕਰਨੇ ਤੋਂ ਬਾਹਰ ਹੈ।ਮੈਂ ਆਪਣੇ ਲੜਕੇ ਲਵਪ੍ਰੀਤ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ,ਮੇਰਾ ਅਤੇ ਮੇਰੇ ਕਿਸੇ ਵੀ ਪਰਿਵਾਰਕ ਮੈਂਬਰ, ਨਜਦੀਕੀ ਰਿਸ਼ਤੇਦਾਰ ਦਾ ਮੇਰੇ ਲੜਕੇ ਲਵਪ੍ਰੀਤ ਸਿੰਘ ਨਾਲ ਕੋਈ ਵੀ ਸੰਬਧ ਨਹੀਂ ਹੋਵੇਗਾ। ਜੇਕਰ ਕੋਈ ਵੀ ਇਸ ਨਾਲ ਕੋਈ ਵੀ ਲੈਣ ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ।

ਮੈਂ, ਦਰਸ਼ਨਾ ਪਤਨੀ ਲੇਟ ਸ਼੍ਰੀ ਪਿਸ਼ੋਰੀ ਲਾਲ ਵਾਸੀ ਮਕਾਨ ਨੰ: 378/8, ਅਵਤਾਰ ਨਗਰ ਵੈਸਟ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਵਿਜੇ ਕੁਮਾਰ ਉਰਫ ਕਾਲਾ ਅਤੇ ਉਸਦੀ ਪਤਨੀ ਰਜਨੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਸੋਮ ਨਾਥ ਪੁੱਤਰ ਬੁੱਧ ਨਾਥ ਅਤੇ ਸਰੋਜ ਬਾਲਾ ਪਤਨੀ ਸੋਮ ਨਾਥ ਵਾਸੀਆਨ ਪਿੰਡ ਅਲੀਪੁਰ, ਡਾਕਖਾਨਾ ਮਿੱਠਾਪੁਰ, ਜਲੰਧਰ, ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਅਜੇ ਕੁਮਾਰ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੋਨੂੰ ਪੁੱਤਰ ਹਰਬੰਸ ਲਾਲ ਵਾਸੀ ਮਕਾਨ ਨੰਬਰ 47/12, ਭਾਰਗੋ ਨਗਰ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਵੰਸ਼ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨੀਲਮ ਕੁਮਾਰੀ ਪਤਨੀ ਲੇਟ ਸ. ਸਤਨਾਮ ਸਿੰਘ ਵਾਸੀ ਸੀ-9, ਅਰਵਿੰਦ ਨਗਰ, ਏਅਰ ਫੋਰਸ ਏਰੀਆ, ਜੋਧਪੁਰ, ਰਾਜਸਥਾਨ ਹਾਲ ਵਾਸੀ ਸੰਸਾਰਪੁਰ, ਵੀ.ਟੀ.ਸੀ. ਜਲੰਧਰ-2, ਡਾਕਖਾਨਾ ਸੰਸਾਰਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਅਤੇ ਉਸਦੀ ਪਤਨੀ ਅੰਕਿਤ ਵਰਮਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਗੁਰਨਾਮ ਸਿੰਘ ਪੁੱਤਰ ਅਮਰ ਸਿੰਘ ਵਾ ਬਲਵਿੰਦਰ ਕੌਰ ਪਤਨੀ ਗੁਰਨਾਮ ਸਿੰਘ ਵਾਸੀਆਨ ਪਿੰਡ ਤੇ ਡਾਕ. ਕਾਲਾ ਸੰਘਿਆਂ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਣਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਗੁਰਮੀਤ ਸਿੰਘ ਪੁੱਤਰ ਧੀਰਾ ਸਿੰਘ ਅਤੇ ਪਰਵੀਨ ਪਤਨੀ ਗੁਰਮੀਤ ਸਿੰਘ ਵਾਸੀ ਪਿੰਡ ਬੈਂਚ ਬਾਜਾ, ਤਹਿਸੀਲ ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਅਸੀਂ ਆਪਣੀ ਨੂੰਹ ਸੰਦੀਪ ਕੌਰ ਪਤਨੀ ਲੇਟ ਅਵਿਨਾਸ਼ ਕੁਮਾਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ, ਜਿਸ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕਿਸੇ ਪ੍ਰਕਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਬਲਵਿੰਦਰ ਕੁਮਾਰ ਪੁੱਤਰ ਸ੍ਰੀ ਮਹਿੰਦਰ ਪਾਲ ਅਤੇ ਰਮਾ ਪਤਨੀ ਸ੍ਰੀ ਬਲਵਿੰਦਰ ਕੁਮਾਰ ਦੋਵੇਂ ਵਾਸੀਆਨ ਮਕਾਨ ਨੰ: ਬੀ-11/434, ਚੁਗਿੱਟੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਲੱਕੀ ਅਤੇ ਉਸ ਦੀ ਪਤਨੀ ਸਿਮਰਨ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਰਿਹਾ ਹੈ।

ਮੈਂ, ਪਰਿਆਗ ਦੀਨ ਪੁੱਤਰ ਸ੍ਰੀ ਬੁੱਧ ਰਾਮ ਵਾਸੀਆਨ ਮਕਾਨ ਨੰ: 208-ਏ, ਸੂਰਯਾ ਇਨਕਲੇਵ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਣਜੀਤ ਕੁਮਾਰ ਅਤੇ ਉਸ ਦੀ ਪਤਨੀ ਪੁਸ਼ਪਾ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ ਅਤੇ ਲੜਾਈ-ਝਗੜਾ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।


### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


## ਮੋਦੀ ਸਰਕਾਰ ਨੇ ਗੈਸ ਸਲੰਡਰ 'ਚ ਵਾਧਾ ਕਰਕੇ ਗਰੀਬਾਂ ਦੇ ਚੁੱਲ੍ਹਿਆਂ 'ਤੇ ਪਾਣੀ ਫੇਰਿਆ : ਦਦੇਹਰ ਸਾਹਿਬ

ਚੋਹਲਾ ਸਾਹਿਬ (ਰਮਨ ਚੱਡਾ) ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਨੌਸ਼ਹਿਰਾ ਚੋਹਲਾ ਦੇ ਸਾਂਝੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕੀ ਜਦੋਂ ਦੀਆਂ ਭਾਜਪਾ ਸਰਕਾਰ ਨੇ ਦਿੱਲੀ ਵਿਧਾਨ ਸਭਾ ਦੀਆਂ ਚੋਣਾਂ ਜਿੱਤੀਆ ਹਨ ਉਦੋਂ ਬਾਅਦ ਜਨਤਾ ਵਿਰੋਧੀ ਫੈਸਲੇ ਲੈ ਰਹੀ ਹੈ।ਪਹਿਲਾਂ ਇਸ ਸਰਕਾਰ ਨੇ ਖਾਦਾਂ ਵਿੱਚ ਭਾਰੀ ਵਾਧਾ ਕਰਕੇ ਕਿਸਾਨਾਂ ਉੱਪਰ ਬਹੁਤ ਬੋਝ ਸੁੱਟਿਆ।ਕਿਉਂਕਿ ਕਿਸਾਨਾਂ ਨੂੰ ਪਹਿਲਾਂ ਹੀ ਫਸਲਾਂ ਦੇ ਲਾਹੇਵੰਦ ਭਾ ਨਹੀਂ ਮਿਲ ਰਹੇ।ਹੁਣ ਇਸ ਸਰਕਾਰ ਨੇ ਗੈਸ ਸਲਿੰਡਰਾਂ ਤੇ ਰੇਟਾਂ ਵਿੱਚ ਭਾਰੀ ਵਾਧਾ ਕਰਕੇ ਗਰੀਬ ਲੋਕਾਂ ਦੇ ਚੁੱਲਿਆਂ ਉੱਪਰ ਪਾਣੀ ਫੇਰਿਆ ਹੈ, ਕਿਉਂਕਿ ਉਨ੍ਹਾਂ ਲੋਕਾਂ ਨੂੰ ਪਹਿਲਾਂ ਹੀ ਦੋ ਟਾਈਮ ਦੀ ਰੋਟੀ ਨਸੀਬ ਨਹੀਂ ਹੋ ਰਹੀ।ਮੋਦੀ ਸਰਕਾਰ ਲਗਾਤਾਰ ਮਹਿੰਗਾਈ ਵਿੱਚ ਵਾਧਾ ਕਰਕੇ ਗਰੀਬ ਲੋਕਾਂ ਉੱਪਰ ਡਾਕਾ ਮਾਰ ਰਹੀ ਹੈ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਭਾਜਪਾ ਲੋਕ ਵਿਰੋਧੀ ਨੀਤੀਆਂ ਵਿਰੋਧ ਸੰਘਰਸ਼ ਕਰਨ ਲਈ ਲਾਮਬੰਦ ਹੋਣ।

## ਜਬਰ ਖ਼ਿਲਾਫ਼ ਕੋਹਾਲੀ ਦੇ ਸਟੇਡੀਅਮ 'ਚ ਮਹਾਂ-ਪੰਚਾਇਤ ਭਲਕੇ




ਚੇਤਨਪੁਰਾ (ਸੁਖਵੰਤ ਚੇਤਨਪੁਰੀ) ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਵੱਲੋਂ ਪਿੰਡ ਕੋਹਾਲੀ ਦੇ ਪ੍ਰੀਤਮ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਮਹਾਂ ਪੰਚਾਇਤ 10 ਅਪ੍ਰੈਲ ਨੂੰ ਕਰਵਾਈ ਜਾ ਰਹੀ ਹੈ।ਮਹਾ ਪੰਚਾਇਤ ਸਮੇਂ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ, ਪੰਜਾਬ ਦੇ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ, ਮੀਤ ਪ੍ਰਧਾਨ ਜਸਬੀਰ ਸਿੰਘ ਸਿੱਧੂਪੁਰ ਸਮੇਤ ਸੂਬਾਈ ਆਗੂ ਪਹੁੰਚ ਕੇ ਕਿਸਾਨਾਂ ਮਜ਼ਦੂਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਨਗੇ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅੱਜ ਅੱਡਾ ਖਿਆਲਾ ਵਿਖੇ ਬੀ.ਕੇ.ਯੂ. ਦੇ ਜ਼ਿਲ੍ਹਾ ਜਨਰਲ ਸਕੱਤਰ ਪਲਵਿੰਦਰ ਸਿੰਘ ਮਾਹਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਸਬੰਧੀ ਪੂਰੀਆਂ ਤਿਆਰੀਆਂ ਹੋ ਚੁੱਕੀਆਂ ਹਨ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਅਤੇ ਪਿੰਡ ਕੋਹਾਲੀ ਦੇ ਸਰਪੰਚ ਗੁਰਜੰਟ ਸਿੰਘ ਗੋਰੂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਆਪਣੀਆਂ ਫ਼ਸਲਾਂ ਅਤੇ ਨਸਲਾਂ ਦੀ ਲੜਾਈ ਲੜ ਰਹੇ ਹਨ, ਉਨ੍ਹਾਂ ਸਮੂਹ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਵੱਡੀ ਗਿਣਤੀ ਵਿੱਚ ਪਹੁੰਚ ਕੇ ਜਥੇਬੰਦੀ ਦਾ ਸਾਥ ਦੇਣ।ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਡਾ. ਅਰਜਿੰਦਰ ਸਿੰਘ ਕੋਹਾਲੀ ਨੇ ਬੀਕਯੂ ਸਿੱਧੂਪੁਰ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਇਸ ਮੌਕੇ ਹਾਜ਼ਰ ਜ਼ਿਲ੍ਹਾ ਆਗੂ ਜਗਜੀਤ ਸਿੰਘ ਕੋਹਾਲੀ, ਮਲਕੀਤ ਸਿੰਘ ਪਹਿਲਵਾਨ, ਸਤਨਾਮ ਸਿੰਘ ਕੋਟਲਾ, ਮਨਪ੍ਰੀਤ ਸਿੰਘ ਔਲਖ, ਮਲਕੀਤ ਸਿੰਘ ਗੱਗੋਮਾਹਲ, ਸਿੰਮੂ, ਰਾਣਾ ਕੋਹਾਲੀ ਆਦਿ ਨੇ ਕਿਹਾ ਕਿ ਉਨ੍ਹਾਂ ਦੀ ਲੜਾਈ ਪੰਜਾਬ ਅਤੇ ਕੇਂਦਰ ਸਰਕਾਰ ਦੇ ਖ਼ਿਲਾਫ਼ ਲਗਾਤਾਰ ਜਾਰੀ ਰਹੇਗੀ, ਕਿਉਂਕਿ ਪੰਜਾਬ ਦੇ ਲੋਕ ਸਰਕਾਰੀ ਜਬਰ ਸਾਹਮਣੇ ਕਦੇ ਵੀ ਝੁਕਣ ਵਾਲੇ ਨਹੀਂ ਹਨ।

## ਗੇ ਮੇਲਾ ਕਿਸੇ ਕੀਮਤ 'ਤੇ ਨਹੀਂ ਹੋਣ ਦਿੱਤਾ ਜਾਵੇਗਾ : ਪ੍ਰਭਜੀਤ ਰੰਘਰੇਟਾ, ਪ੍ਰਗਟ ਪੰਡੋਰੀ, ਚਾਨਣ ਵਾਂ



ਝਬਾਲ (ਹਰਜਿੰਦਰ ਸਿੰਘ ਸੋਨੀ) ਗੁਰੂ ਦੀ ਪਵਿੱਤਰ ਨਗਰੀ ਸ੍ਰੀ ਅੰਮ੍ਰਿਤਸਰ ਵਿੱਚ ਗੇ ਮੇਲਾ ਕਿਸੇ ਵੀ ਕੀਮਤ ਨਹੀਂ ਹੋਣ ਦਿੱਤਾ ਜਾਵੇਗਾ। ਪ੍ਰਭਜੀਤ ਸਿੰਘ ਰੰਘਰੇਟਾ ਝਬਾਲ, ਪ੍ਰਗਟ ਸਿੰਘ ਪੰਡੋਰੀ ਤੇ ਪ੍ਰਧਾਨ ਚਾਨਣ ਸਿੰਘ ਵਾਂ ਨੇ 27 ਅਪ੍ਰੈਲ ਨੂੰ ਹੋ ਰਹੇ ਗੇ ਮੇਲੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਕੁਦਰਤੀ ਮਾਰ ਕਾਰਨ ਇਨ੍ਹਾ ਗੇ ਲੋਕਾਂ ਦੀ ਗਿਣਤੀ ਨਾ ਮਰਦਾ ਵਿੱਚ ਨਾ ਔਰਤਾਂ ਵਿੱਚ ਹੈ।ਇਨ੍ਹਾ ਵੱਲੋਂ ਇਸ ਪਵਿੱਤਰ ਨਗਰੀ ਨੂੰ ਅਜਿਹੇ ਮੇਲੇ ਕਰਨ ਲਈ ਚੁਣਨਾ ਬੇਹੱਦ ਘਟੀਆ ਤੇ ਸ਼ਰਮਨਾਕ ਹਰਕਤ ਹੈ।ਪ੍ਰਭਜੀਤ ਸਿੰਘ, ਪ੍ਰਗਟ ਸਿੰਘ ਤੇ ਚਾਨਣ ਸਿੰਘ ਨੇ ਜਿੱਥੇ ਅੰਮ੍ਰਿਤਸਰ ਦੇ ਸਮੂਹ ਪ੍ਰਸ਼ਾਸਨ ਇਸ ਗੇ ਮੇਲੇ 'ਤੇ ਰੋਕ ਲਗਾਉਣ ਦੀ ਅਪੀਲ ਕੀਤੀ ਉੱਥੇ ਹੀ ਗੇ ਮੇਲੇ ਨੂੰ ਕਰਵਾ ਰਹੇ ਤੇ ਭਾਗ ਲੈਣ ਵਾਲੇ ਇਨਾ ਗੰਦੇ ਲੋਕਾਂ ਨੂੰ ਚੇਤਾਵਨੀ ਦਿੱਤੀ ਕਿ ਗੁਰੂ ਦੀ ਨਗਰੀ ਵਿੱਚ ਗੰਦ ਪਾਉਣਾ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## 'ਆਪ' ਦੇ ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਛੀਨਾ ਦਾ ਦੇਹਾਂਤ



ਅਜਨਾਲਾ (ਸੁਖਿੰਦਰ ਸਿੰਘ ਰਾਜੂ) ਤਹਿਸੀਲ ਅਜਨਾਲਾ ਦੇ ਅਧੀਨ ਪੈਂਦੇ ਪਿੰਡ ਛੀਨਾ ਕਰਮ ਸਿੰਘ ਵਿਖੇ ਉਸ ਵੇਲੇ ਮਾਤਮ ਛਾਹ ਗਿਆ ਜਦੋਂ ਪਿੰਡ ਦਾ ਨੌਜਵਾਨ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੂਥ ਪ੍ਰਧਾਨ ਗਗਨਦੀਪ ਸਿੰਘ ਛੀਨਾ ਦਾ ਬੀਤੀ ਰਾਤ ਸੰਖੇਪ ਬਿਮਾਰੀ ਪਿੱਛੋਂ ਦਿਹਾਂਤ ਹੋ ਗਿਆ।ਉਹਨਾਂ ਦਾ ਪਿੰਡ ਛੀਨਾ ਕਰਮ ਸਿੰਘ ਦੇ ਸ਼ਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਮਾਲ ਮੰਤਰੀ ਹਰਦੀਪ ਸਿੰਘ, ਖੁਸ਼ਪਾਲ ਸਿੰਘ ਧਾਲੀਵਾਲ, ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਚੇਅਰਮੈਨ ਬਲਦੇਵ ਸਿੰਘ ਮਿਆਦੀਆਂ, ਜ਼ਿਲ੍ਹਾ ਦਿਹਾਤੀ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਓ ਐਸ ਡੀ ਗੁਰਜੰਟ ਸਿੰਘ ਸੋਹੀ, ਪ੍ਰਧਾਨ ਜਸਪਾਲ ਸਿੰਘ ਢਿੱਲੋਂ ,ਸ਼ਹਿਰੀ ਪ੍ਰਧਾਨ ਅਮਿੱਤ ਔਲ ,ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਚੇਅਰਮੈਨ ਸੀਮਾ ਸੋਢੀ, ਬਲਾਕ ਪ੍ਰਧਾਨ ਸਵਿੰਦਰ ਸਿੰਘ ਮਹਿਲਾਂਵਾਲਾ, ਯੂਥ ਪ੍ਰਧਾਨ ਅਮਰ ਸੰਧੂ, ਸਰਪੰਚ ਮੰਨੂ ਮੱਲੀ ਬੋਹੜਵਾਲਾ, ਸ਼ਿਵਦੀਪ ਸਿੰਘ ਚਾਹਲ, ਅਮਿੱਤ ਪੁਰੀ, ਸਰਪੰਚ ਜਸਪਾਲ ਸਿੰਘ ਰਿਆੜ, ਬਲਵਿੰਦਰ ਸਿੰਘ ਸਲੇਮਪੁਰਾ, ਨੰਬਰਦਾਰ ਕਸ਼ਮੀਰ ਸਿੰਘ ਫੁੱਲੇਚੱਕ, ਸਰਪੰਚ ਲਵਪ੍ਰੀਤ ਸਿੰਘ ਹਰੜ, ਸ਼ਮਸ਼ੇਰ ਸਿੰਘ ਸ਼ੇਰਾ, ਹਰਿੰਦਰ ਕੌਰ ਮੱਤੇਨੰਗਲ, ਜੇ.ਪੀ ਕੋਟ ਰਜ਼ਾਦਾ, ਬੀਬੀ ਗੁਰਦੀਪ ਕੌਰ, ਸੀਮਾ ਅਜਨਾਲਾ, ਸੁਰਜੀਤ ਸਿੰਘ ਅਵਾਨ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

## ਫੂਲੇ ਸ਼ਾਹੂ ਅੰਬੇਡਕਰ ਲੋਕ ਜਗਾਓ ਮੰਚ ਵੱਲੋਂ ਗੁਰਲੀਨ ਕੌਰ ਦਾ ਸਨਮਾਨ



ਦੋਰਾਹਾ (ਹਰਮਿੰਦਰ ਸੇਠ)-ਪਿੰਡ ਘੁੰਗਰਾਲੀ ਰਾਜਪੂਤਾਂ ਦੇ ਮਾਸਟਰ ਜਗਦੇਵ ਸਿੰਘ ਦੀ ਹੋਣਹਾਰ ਸਪੁੱਤਰੀ ਗੁਰਲੀਨ ਕੌਰ ਵੱਲੋਂ ਪੰਜਾਬ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਦੇ ਨਤੀਜਿਆਂ ਵਿੱਚੋਂ ਪੰਜਾਬ ਭਰ ਵਿੱਚੋਂ ਸੱਤਵੇਂ ਸਥਾਨ 'ਤੇ ਆਉਣ 'ਤੇ ਫੂਲੇ ਸ਼ਾਹੂ ਅੰਬੇਡਕਰ ਲੋਕ ਜਗਾਓ ਮੰਚ ਵੱਲੋਂ ਇਸ ਹੋਣਹਾਰ ਬੱਚੀ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੀ ਫੋਟੋ ਤੇ ਸਿਰੋਪਾ ਦੇਕੇ ਕੇ ਉਨ੍ਹਾਂ ਦੇ ਘਰ ਵਿੱਚ ਸਨਮਾਨਤ ਕੀਤਾ ਗਿਆ। ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਇਸ ਦੇਸ਼ ਵਿੱਚ ਸਦੀਆਂ ਤੋਂ ਪੜ੍ਹਨ ਲਿਖਣ ਦਾ ਅਧਿਕਾਰ ਇੱਥੇ ਦੇ ਧਾਰਮਿਕ ਗ੍ਰੰਥ ਨਹੀਂ ਦਿੰਦੇ ਸਨ, ਪੂਨੇ ਇੱਥੇ ਦੇ ਮੂਲ ਨਿਵਾਸੀ ਬਹੁਜਨ ਦੇ ਰਹਿਬਰ ਮਹਾਤਮਾ ਜੋਤੀਬਾ ਫੂਲੇ ਤੇ ਉਨ੍ਹਾਂ ਦੀ ਧਰਮਪਤਨੀ ਸਾਵਿੱਤਰੀ ਬਾਈ ਫੂਲੇ ਨੇ ਆਪਣੇ ਘਰ ਵਿੱਚ ਬਗਾਵਤ ਕੀਤੀ ਅਤੇ ਅਪਣਾ ਘਰ ਨੂੰ ਛੱਡਣਾ ਮਨਜ਼ੂਰ ਕਰਕੇ ਔਰਤਾਂ ਦੇ ਸਿੱਖਿਆ ਤੇ ਰਸਤੇ ਖੋਲ੍ਹੇ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਸਕੂਲ ਖੋਲ੍ਹ ਕੇ ਇਸ ਦੇਸ਼ ਵਿੱਚ ਔਰਤਾਂ ਦੇ ਪੜ੍ਹਨ ਦਾ ਰਾਹ ਪੱਧਰਾ ਕੀਤਾ, ਜਿਸ ਦੀ ਬਦੌਲਤ ਅੱਜ ਦੇਸ਼ ਅੰਦਰ ਹਰ ਅਹੁਦੇ ਉੱਤੇ ਔਰਤ ਬੈਠ ਕੇ ਆਪਣੀ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੀ ਹੈ। ਡਾਕਟਰ ਅੰਬੇਡਕਰ ਸਾਹਿਬ ਨੂੰ ਔਰਤਾਂ ਦਾ ਮੁਕਤੀ ਦਾਤਾ ਕਿਹਾ ਜਾਂਦਾ ਹੈ ਕਿਉਂਕਿ ਉਨ੍ਹਾਂ ਦੁਆਰਾ ਹਿੰਦੂ ਕੋਡ ਬਿਲ ਪਾਸ ਕਰਾ ਕੇ ਔਰਤਾਂ ਨੂੰ ਹਰ ਕੰਮ ਵਿੱਚ ਬਰਾਬਰਤਾ ਦਿੱਤੀ ਗਈ, ਜਿਸ ਕਰਕੇ ਉਨ੍ਹਾਂ ਦੀ ਫੋਟੋ ਦੇ ਕੇ ਇਸ ਬੱਚੀ ਨੂੰ ਸਨਮਾਨਤ ਕੀਤਾ ਹੈ ਤੇ ਜੋ ਸਮਾਜ ਦੇ ਲੋਕ ਇਨ੍ਹਾਂ ਰਹਿਬਰਾਂ ਵੱਲੋਂ ਕੀਤੀਆਂ ਕੁਰਬਾਨੀਆਂ ਨੂੰ ਯਾਦ ਕਰ ਸਕਣ। ਇਸ ਮੌਕੇ ਅੰਮ੍ਰਿਤ ਸਿੰਘ ਭਾਰਤੀ, ਮਾਸਟਰ ਜਗਦੇਵ ਸਿੰਘ ਤੇ ਉਨ੍ਹਾਂ ਦਾ ਪਰਿਵਾਰ ਨਿਰਮਲ ਸਿੰਘ ਆਦਿ ਸ਼ਾਮਲ ਸਨ।

## ਚੀਫ਼ ਇੰਜੀਨੀਅਰ ਤੋਂ ਥਰਮਲ ਲਹਿਰਾ ਦੇ ਜੀ ਐੱਮ ਬਣੇ ਇੰਜੀ. ਬਾਂਸਲ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਰਾਜ ਬਿਜਲੀ ਨਿਗਮ ਵੱਲੋਂ ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਚੀਫ਼ ਇੰਜੀਨੀਅਰ ਇੰਜੀ. ਐੱਮ. ਆਰ. ਬਾਂਸਲ ਦੀ ਪ੍ਰਮੋਸ਼ਨ ਕਰਕੇ ਉਨ੍ਹਾਂ ਦੀ ਥਰਮਲ ਪਲਾਂਟ ਦੇ ਜਨਰਲ ਮੈਨੇਜਰ ਵਜੋਂ ਨਿਯੁਕਤੀ ਕੀਤੇ ਜਾਣ 'ਤੇ ਥਰਮਲ ਪਲਾਂਟ ਦੇ ਇੰਜੀਨੀਅਰਾਂ ਤੇ ਮੁਲਾਜ਼ਮਾਂ ਅਮਰਜੀਤ ਸਿੰਘ ਮੰਗਲੀ ਸਾਬਕਾ ਸਕੱਤਰ, ਜਗਦੀਪ ਸਿੰਘ, ਪਿਆਰਾ ਸਿੰਘ, ਅੰਤਰ ਸਿੰਘ ਜੇ ਈ, ਰਵਿੰਦਰ ਕੁਮਾਰ ਲਾਈਨਮੈਨ ਅਤੇ ਹਰਵਿੰਦਰ ਸਿੰਘ ਲਾਈਨਮੈਨ ਵੱਲੋਂ ਜਨਰਲ ਮੈਨੇਜਰ ਇੰਜੀ. ਐੱਮ. ਆਰ. ਬਾਂਸਲ ਨੂੰ ਵਧਾਈ ਦਿੱਤੀ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ। ਇਸ ਮੌਕੇ ਜੀ. ਐੱਮ. ਇੰਜੀ. ਸ੍ਰੀ ਬਾਂਸਲ ਨੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਰਲ ਮੈਨੇਜਰ ਦੇ ਅਹੁਦੇ 'ਤੇ ਰਹਿੰਦਿਆਂ ਉਹ ਆਪਣੀਆਂ ਸੇਵਾਵਾਂ ਪਹਿਲਾਂ ਦੀ ਤਰ੍ਹਾਂ ਤਨਦੇਹੀ ਨਾਲ ਨਿਭਾਉਣਗੇ।

## ਅਮਨ ਅਰੋੜਾ ਨੇ 47.23 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ ਤਿੰਨ ਸੜਕਾਂ ਦੇ ਨੀਂਹ ਪੱਥਰ ਰੱਖੇ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਊਧਮ ਸਿੰਘ ਵਾਲਾ ਅਧੀਨ ਆਉਂਦੀਆਂ ਤਿੰਨ ਅਹਿਮ ਸੜਕਾਂ ਦੀ ਅਪਗ੍ਰੇਡੇਸ਼ਨ ਕਰਨ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਦਿਆਂ ਰਸਮੀ ਸ਼ੁਰੂਆਤ ਕਰਵਾਈ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਵੋਤਮ ਸੁਵਿਧਾਵਾਂ ਦੇਣ ਲਈ ਵਚਨਬੱਧ ਹੈ ਤੇ ਲੋੜੀਂਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਅਮਨ ਅਰੋੜਾ ਨੇ 19.59 ਕਰੋੜ ਰੁਪਏ ਦੀ ਲਾਗਤ ਨਾਲ ਸੁਨਾਮ ਲਖਮੀਰ ਵਾਲਾ ਧਰਮਗੜ੍ਹ ਰੋਡ ਨੂੰ ਅਪਗ੍ਰੇਡ ਕਰਨ ਦਾ ਕੰਮ ਸ਼ੁਰੂ ਕਰਵਾਉਂਦਿਆਂ ਦੱਸਿਆ ਕਿ 20.54 ਕਿਲੋਮੀਟਰ ਲੰਬੀ ਸੜਕ ਨੂੰ ਬਣਾਉਣ ਦਾ ਕੰਮ ਛੇ ਮਹੀਨਿਆਂ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ।ਕੈਬਨਿਟ ਮੰਤਰੀ ਅਮਨ ਅਰੋੜਾ ਨੇ 23.16 ਕਰੋੜ ਦੀ ਲਾਗਤ ਨਾਲ ਸੁਨਾਮ ਬਖਸ਼ੀਵਾਲਾ ਬਰੇਟਾ ਰੋਡ ਦੀ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਵੀ ਰੱਖਿਆ ਅਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜ ਮਹੀਨਿਆਂ ਅੰਦਰ ਹੀ ਸੜਕ ਨਵੀਨੀਕਰਨ ਦੇ ਪ੍ਰੋਜੈਕਟ ਨੂੰ ਪੂਰਾ ਕਰ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਮੰਤਰੀ ਅਮਨ ਅਰੋੜਾ ਨੇ ਸੁਨਾਮ ਦਿੜ੍ਹਬਾ ਰੋਡ ਮਰਦਖੇੜਾ ਰੋਡ ਦੀ ਅਪਗ੍ਰੇਡੇਸ਼ਨ ਦਾ ਕੰਮ ਵੀ ਸ਼ੁਰੂ ਕਰਵਾਇਆ।ਉਨ੍ਹਾਂ ਦੱਸਿਆ ਕਿ 4.48 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਅਗਲੇ ਚਾਰ ਮਹੀਨਿਆਂ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਤਿੰਨੇ ਸੜਕਾਂ ਹੀ ਪਿਛਲੇ ਲੰਬੇ ਸਮੇਂ ਤੋਂ ਮੁਰੰਮਤ ਨੂੰ ਤਰਸ ਰਹੀਆਂ ਸਨ ਅਤੇ ਇੱਥੋਂ ਲੰਘਣ ਵਾਲਿਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਮ੍ਹਣਾ ਕਰਨਾ ਪੈ ਰਿਹਾ ਸੀ।ਸ੍ਰੀ ਅਰੋੜਾ ਨੇ ਕਿਹਾ ਕਿ ਹਲਕਾ ਸੁਨਾਮ ਦੇ ਸੜਕੀ ਨੈਟਵਰਕ ਨੂੰ ਨੰਬਰ ਇੱਕ ਬਣਾਉਣ ਲਈ ਉਹ ਯੋਜਨਾਬੱਧ ਤਰੀਕੇ ਨਾਲ ਵਿਕਾਸ ਕਾਰਜਾਂ ਨੂੰ ਅਮਲ ਵਿੱਚ ਲਿਆ ਰਹੇ ਹਨ ਤੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿਚਲੀਆਂ ਸੜਕਾਂ ਨੂੰ ਵੱਖ-ਵੱਖ ਸਕੀਮਾਂ ਤਹਿਤ ਬਿਲਕੁਲ ਦਰੁਸਤ ਕਰਵਾਇਆ ਜਾ ਰਿਹਾ ਹੈ।

## ਮਾਂ ਭਗਵਤੀ ਜਾਗਰਣ ਕਰਾਇਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਸ੍ਰੀ ਮਾਂ ਛਿੰਨਮਸਤਿਕਾ ਮੰਦਰ ਵੈਲਫੇਅਰ ਸੁਸਾਇਟੀ ਵੱਲੋਂ ਮਾਤਾ ਚਿੰਤਪੁਰਨੀ ਜੀ ਦੇ ਮੰਦਰ ਸਥਾਪਨਾ ਦਿਵਸ 'ਤੇ 6ਵਾਂ ਵਿਸ਼ਾਲ ਮਾਂ ਭਗਵਤੀ ਜਾਗਰਣ ਭਾਈ ਜਰਨੈਲ ਸਿੰਘ ਨਗਰ ਮਲੋਟ ਰੋਡ ਬਾਈਪਾਸ ਵਿਖੇ ਕਰਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਮਾਤਾ ਰਾਣੀ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਹਾਜ਼ਰੀ ਸੰਗਤ ਨੂੰ ਸੰਬੋਧਨ ਕਰਦਿਆਂ ਹਨੀ ਫੱਤਣਵਾਲਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਕਰਾਉਣ ਵਿੱਚ ਬਹੁਤ ਹੀ ਵਧੀਆ ਤੇ ਸ਼ਲਾਘਾਯੋਗ ਕਦਮ ਹੈ ਅਤੇ ਸਾਨੂੰ ਸਭ ਨੂੰ ਇਕੱਠੇ ਹੋ ਕੇ ਅਜਿਹੇ ਧਾਰਮਿਕ ਸਮਾਗਮ ਕਰਾਉਣੇ ਚਾਹੀਦੇ ਹਨ।ਜਾਗਰਣ ਦੌਰਾਨ ਸੁਸਾਇਟੀ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਜਲਿਸ਼ ਲਵ ਐਂਡ ਪਾਰਟੀ ਅੰਮ੍ਰਿਤਸਰ ਵਾਲਿਆਂ ਵੱਲੋਂ ਮਾਤਾ ਰਾਣੀ ਦੇ ਸੁੰਦਰ ਭਜਨਾਂ ਦਾ ਗੁਣਗਾਨ ਕੀਤਾ ਗਿਆ।

## ਸਿਲਾਈ ਮਸ਼ੀਨਾਂ ਵੰਡੀਆਂ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਐਨ ਆਰ ਆਈ ਸੁਖਦਰਸ਼ਨ ਸਿੰਘ ਬੈਂਸ ਦੇ ਕੈਨੇਡਾ ਤੋਂ ਉਨ੍ਹਾਂ ਦੀ ਪਤਨੀ ਬੀਬੀ ਸੁਰਿੰਦਰ ਕੌਰ ਕੈਨੇਡਾ ਵੱਲੋਂ ਪਿੰਡ ਦੀਵਾਨਾ ਵਿਚ ਵੱਖ-ਵੱਖ ਸਮਾਜ ਸੇਵੀ ਕੰਮਾਂ ਵਿੱਚ ਅਹਿਮ ਯੋਗਦਾਨ ਪਾਇਆ ਗਿਆ।ਉਨ੍ਹਾਂ ਵੱਲੋਂ ਪਿੰਡ 'ਚ ਚੱਲ ਰਹੇ ਸਰਕਾਰੀ ਸਿਲਾਈ ਸੈਂਟਰ ਵਿੱਚ ਟ੍ਰੇਨਿੰਗ ਲੈ ਰਹੀਆਂ ਲੋੜਵੰਦ ਲੜਕੀਆਂ ਨੂੰ ਜਿਨ੍ਹਾਂ ਵਿੱਚ ਮੁਖੀ ਬਣਾਉਣ ਲਈ ਬੇਟੀ ਰਮਨਦੀਪ ਕੌਰ, ਗੁਰਪ੍ਰੀਤ ਕੌਰ ਤੇ ਮਨਦੀਪ ਕੌਰ ਨੂੰ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ ਤੇ ਸਿਲਾਈ ਸੈਂਟਰ ਦੀ ਇੰਚਾਰਜ ਮੈਡਮ ਮਨਦੀਪ ਕੌਰ, ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ, ਸਕੱਤਰ ਨਰਿੰਦਰ ਸਿੰਘ ਬਾਠ ਤੇ ਹਰਮਨਦੀਪ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ।ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਸਟੇਸ਼ਨਰੀ ਦਾ ਸਮਾਨ ਤੇ ਸਰਕਾਰੀ ਮਿਡਲ ਸਕੂਲ ਦੇ ਪਹਿਲੀਆਂ, ਦੂਜੀਆਂ ਤੇ ਤੀਜੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਨਿਯਮ ਦਿੱਤੇ।ਇਸ ਤੋਂ ਇਲਾਵਾ ਐਨ ਆਰ ਆਈ ਬੈਂਸ ਪਰਵਾਰ ਵੱਲੋਂ ਸੇਵਾ ਗਰੁੱਪ, ਆਂਗਣਵਾੜੀ ਸੈਂਟਰ, ਪਿੰਡ ਦੀਆਂ ਵੱਖ-ਵੱਖ ਧਾਰ ਧਰਮਸ਼ਾਲਾਵਾਂ ਤੇ ਡੇਰਾ ਬਾਬਾ ਪੋਹਲ ਸਮੇਤ ਹੋਰ ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਦਿੱਤੀ ਗਈ।ਇਸ ਮੌਕੇ ਵੱਖ-ਵੱਖ ਆਗੂਆਂ ਨੇ ਸਮਾਜ ਸੇਵੀ ਬੈਂਸ ਪਰਵਾਰ ਵੱਲੋਂ ਵੱਖ-ਵੱਖ ਕਾਰਜਾਂ, ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਭੇਟ ਕਰਨ ਲਈ ਧੰਨਵਾਦ ਕਰਦਿਆਂ ਇਸ ਤੋਂ ਸੇਧ ਲੈ ਕੇ ਹੋਰ ਦਾਨੀ ਸੱਜਣਾਂ ਨੂੰ ਵੀ ਅੱਗੇ ਆਉਣ ਦੀ ਅਪੀਲ ਕੀਤੀ। ਅਖੀਰ 'ਚ ਸੁਖਦਰਸ਼ਨ ਸਿੰਘ ਬੈਂਸ ਤੇ ਬੀਬੀ ਸੁਰਿੰਦਰ ਕੌਰ ਕੈਨੇਡੀਅਨ ਨੂੰ ਸਮਾਜ ਸੇਵਾ ਕਾਰਜਾਂ ਵਿੱਚ ਅਹਿਮ ਯੋਗਦਾਨ ਪਾਉਣ ਬਦਲੇ ਵੱਖ-ਵੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਰਾਮਗੜ੍ਹੀਆ ਅਕਾਲ ਜਥੇਬੰਦੀ ਦੀ ਹਲਕਾ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਰਾਮਗੜ੍ਹੀਆ ਅਕਾਲ ਜਥੇਬੰਦੀ (ਰਜਿ:188) ਪੰਜਾਬ ਹਲਕਾ ਮਹਿਲ ਕਲਾਂ (ਬਰਨਾਲਾ) ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ ਧੌਲਾ, ਹਲਕਾ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਮਹਾਨ ਜਰਨੈਲ ਮਾਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ 5 ਮਈ ਨੂੰ ਵਿਸ਼ਾਲ ਪੱਧਰ 'ਤੇ ਮਨਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ। ਜ਼ਿਲ੍ਹਾ ਚੇਅਰਮੈਨ ਜਰਨੈਲ ਸਿੰਘ ਮਠਾੜੂ, ਸੂਬਾ ਸਕੱਤਰ ਨਰਿੰਦਰ ਸਿੰਘ ਸੋਹਲ ਨੇ ਸਮੂਹ ਰਾਮਗੜ੍ਹੀਆ ਭਾਈਚਾਰੇ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਹੋਣ ਦੀ ਪੁਰਜ਼ੋਰ ਅਪੀਲ ਕੀਤੀ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 29.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| ਸ੍ਰੀਮਤੀ ਮਨਜੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਵਾਸੀ ਪਿੰਡ ਭੋਏਪੁਰ, ਭੋਇਆਪੁਰ, ਜਲੰਧਰ, ਪੰਜਾਬ-144703 | ਨੋਟਿਸੀ ਨੰ. 1 (ਐੱਚ ਐੱਲ 'ਚ ਕਰਜ਼ਦਾਰ) |
| ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਪਾਲ ਸਿੰਘ ਵਾਸੀ ਪਿੰਡ ਭੋਏਪੁਰ, ਡਾਕਖਾਨਾ ਸੰਧਾਂਵਾਲ, ਭੋਇਆਪੁਰ, ਜਲੰਧਰ, ਪੰਜਾਬ-144703 | ਨੋਟਿਸੀ ਨੰ. 2 (ਐੱਚ ਐੱਲ 'ਚ ਕਰਜ਼ਦਾਰ) |
| ਸ੍ਰੀ ਰਾਜਵੀਰ ਸਿੰਘ ਪੁੱਤਰ ਸ੍ਰੀ ਚਰਨਜੀਤ ਸਿੰਘ ਵਾਸੀ ਪਿੰਡ ਚੱਕ ਬਾਹਮਣੀਆਂ ਖੁਰਦ, ਬਾਹਮਣੀਆਂ, ਜਲੰਧਰ, ਪੰਜਾਬ-144702 | ਨੋਟਿਸੀ ਨੰ. 3 (ਐੱਚ ਐੱਲ 'ਚ ਗਰੰਟਰ) |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| HL/054611000049 | Rs.20,00,000/- | Rs.21,04,394/- |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2021-22/177/1/1487 ਮਿਤੀ 9.2.2022 ਅਨੁਸਾਰ ਸ੍ਰੀਮਤੀ ਮਨਜੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 6 ਮਰਲੇ ਭੋਏਪੁਰ ਵਿਖੇ ਸਥਿਤ ਤਹਿਸੀਲ ਸਾਹਕੋਟ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਕੰਗਣਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ। (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 29.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| [illegible] ਪੰਜਾਬ-144008 | ਨੋਟਿਸੀ ਨੰ. 1 [illegible] |
| [illegible] ਪੰਜਾਬ-144008 | ਨੋਟਿਸੀ ਨੰ. 2 [illegible] |
| [illegible] ਪੰਜਾਬ-144005 | ਨੋਟਿਸੀ ਨੰ. 3 [illegible] |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| HL/013611001133 | Rs.7,00,000/- | Rs.7,35,855/- |
| LAP/013602003442 | Rs.3,50,000/- | Rs.3,35,398.88 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2020-21/187/1/6382 ਮਿਤੀ 4.1.2021 [illegible] ਸਭ ਕੁਝ।

[illegible]

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 29.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| [illegible] ਪੰਜਾਬ-144022 | ਨੋਟਿਸੀ ਨੰ. 1 [illegible] |
| [illegible] ਪੰਜਾਬ-144022 | ਨੋਟਿਸੀ ਨੰ. 2 [illegible] |
| [illegible] ਪੰਜਾਬ-144005 | ਨੋਟਿਸੀ ਨੰ. 3 [illegible] |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| HL/013611000925 | Rs.7,00,000/- | Rs.7,24,104.61 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 10089 ਮਿਤੀ 3.2.2006 [illegible] ਸਭ ਕੁਝ।

[illegible]

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 26.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| ਸ੍ਰੀ ਪੱਪੂ ਲਾਲ ਜੋਗੀ ਪੁੱਤਰ ਸ਼ਿਆਮ ਲਾਲ ਵਾਸੀ ਜੋਗੀਓ ਕਾ ਮਹੱਲਾ ਵਾਰਡ ਨੰ. 13 ਬਾਗਰੂ, ਬਾਗਰੂ ਰਾਵਨ, ਜੈਪੁਰ, ਰਾਜਸਥਾਨ-303007 | ਨੋਟਿਸੀ ਨੰ. 1 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀ ਕਿਸ਼ਨ ਜੋਗੀ ਪੁੱਤਰ ਪੱਪੂ ਲਾਲ ਵਾਸੀ ਜੋਗੀਓ ਕਾ ਮਹੱਲਾ ਵਾਰਡ ਨੰ. 13 ਬਾਗਰੂ, ਬਾਗਰੂ ਰਾਵਨ, ਜੈਪੁਰ, ਰਾਜਸਥਾਨ-303007 | ਨੋਟਿਸੀ ਨੰ. 2 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀਮਤੀ ਚੰਪਾ ਦੇਵੀ ਪਤਨੀ ਪੱਪੂ ਲਾਲ ਵਾਸੀ ਜੋਗੀਓ ਕਾ ਮਹੱਲਾ ਵਾਰਡ ਨੰ. 13 ਬਾਗਰੂ, ਬਾਗਰੂ ਰਾਵਨ, ਜੈਪੁਰ, ਰਾਜਸਥਾਨ-303007 | ਨੋਟਿਸੀ ਨੰ. 3 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀਮਤੀ ਨਰੰਗੀ ਪਤਨੀ ਸ਼ਿਆਮ ਲਾਲ ਵਾਸੀ ਸ਼ਿਪੋ ਕਾ ਮਹੱਲਾ, ਬਾਗਰੂ ਰਾਵਨ, ਜੈਪੁਰ, ਰਾਜਸਥਾਨ-303007 | ਨੋਟਿਸੀ ਨੰ. 4 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀਮਤੀ ਕਰਨ ਸਿਰਬੰਦੀਆਂ ਪੁੱਤਰ ਦਿਨੇਸ਼ ਕੁਮਾਰ ਵਾਸੀ 7/393, ਟਿੱਲਾ ਨੰ. 7, ਕੱਚੀ ਬਸਤੀ, ਜਵਾਾਹਰ ਨਗਰ, ਜੈਪੁਰ, ਰਾਜਸਥਾਨ-302004 | ਨੋਟਿਸੀ ਨੰ. 5 (ਐੱਲ ਏ ਪੀ 'ਚ ਗਰੰਟਰ) |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| LAP/013602004756 | Rs.13,00,000/- | Rs.13,41,088.10 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਸ੍ਰੀਮਤੀ ਨਰੰਗੀ ਪਤਨੀ ਸ਼ਿਆਮ ਲਾਲ ਲੀਜ਼ ਬੈਨਾਮਾ ਮਿਤੀ 08.04.2022 ਬੁੱਕ ਨੰ. 1, ਵਾਲੀਅਮ ਨੰ. 216 ਅਤੇ ਪੇਜ ਨੰ. 105, ਆਰਡਰ ਨੰ. 202203135100856 ਅਡੀਸ਼ਨਲ ਬੁੱਕ ਨੰ.1 ਵਾਲੀਅਮ ਨੰ. 694, ਪੰਨਾ ਨੰ. 212 ਤੋਂ 217 ਲੜੀ ਨੰ. 202201135000915 ਅਨੁਸਾਰ ਜਾਇਦਾਦ ਰਕਬਾ 100.07 ਵਰਗ ਮੀਟਰ (119.69 ਵਰਗ ਗਜ਼) ਔਟਾ ਨੰ. 67 'ਤੇ ਸਥਿਤ ਸ਼ਿਪੋ ਕਾ ਮੁਹੱਲਾ ਪਿੰਡ ਬਾਗਰੂ, ਤਹਿਸੀਲ ਸੰਗਾਨੇਰ, ਜ਼ਿਲ੍ਹਾ ਜੈਪੁਰ, ਰਾਜਸਥਾਨ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ। (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 29.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| ਸ੍ਰੀ ਰਾਜਵੀਰ ਸਿੰਘ ਪੁੱਤਰ ਸ੍ਰੀ ਚਰਨਜੀਤ ਸਿੰਘ ਵਾਸੀ ਪਿੰਡ ਚੱਕ ਬਾਹਮਣੀਆਂ ਖੁਰਦ, ਬਾਹਮਣੀਆਂ, ਜਲੰਧਰ, ਪੰਜਾਬ-144702 | ਨੋਟਿਸੀ ਨੰ. 1 (ਐੱਚ ਐੱਲ 'ਚ ਕਰਜ਼ਦਾਰ) |
| ਸ੍ਰੀਮਤੀ ਪ੍ਰਭਜੋਤ ਕੌਰ ਪਤਨੀ ਸ੍ਰੀ ਰਾਜਵੀਰ ਸਿੰਘ ਵਾਸੀ ਪਿੰਡ ਚੱਕ ਬਾਹਮਣੀਆਂ ਖੁਰਦ, ਬਾਹਮਣੀਆਂ, ਜਲੰਧਰ, ਪੰਜਾਬ-144702 | ਨੋਟਿਸੀ ਨੰ. 2 (ਐੱਚ ਐੱਲ 'ਚ ਕਰਜ਼ਦਾਰ) |
| ਸ੍ਰੀ ਸੁਰਿੰਦਰ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਪਿੰਡ ਥੰਮੂਵਾਲ, ਪਿੰਡ ਤੇ ਡਾਕ. ਸਾਧਨਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144703 | ਨੋਟਿਸੀ ਨੰ. 3 (ਐੱਚ ਐੱਲ 'ਚ ਗਰੰਟਰ) |
| ਸ੍ਰੀ ਚਰਨਜੀਤ ਸਿੰਘ, ਪੁੱਤਰ ਸ੍ਰੀ ਬਾਵਾ ਸਿੰਘ ਵਾਸੀ ਚੱਕ ਬਾਹਮਣੀਆਂ ਖੁਰਦ, ਚੱਕ ਬਾਹਮਣੀਆਂ, ਜਲੰਧਰ, ਪੰਜਾਬ-144702 | ਨੋਟਿਸੀ ਨੰ. 4 (ਐੱਚ ਐੱਲ 'ਚ ਗਰੰਟਰ) |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| HL/054611000041 | Rs.24,00,000/- | Rs.24,74,095.80 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ: 2022-23/177/1/373 ਮਿਤੀ 26.05.2022 ਅਨੁਸਾਰ ਸ੍ਰੀ ਰਾਜਵੀਰ ਸਿੰਘ ਪੁੱਤਰ ਸ੍ਰੀ ਚਰਨਜੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 11 ਮਰਲੇ 03 ਸਰਸਾਈ ਚੱਕ ਬਾਹਮਣੀਆਂ ਵਿਖੇ ਸਥਿਤ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਹੱਦਬਸਤ ਨੰ. 277, ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਕੰਗਣਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ। (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 26.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| ਸ੍ਰੀ ਅੰਮ੍ਰਿਤਪਾਲ ਸਿੰਘ ਪੁੱਤਰ ਭਰਵਿੰਦਰ ਸਿੰਘ ਵਾਸੀ ਕੁਹਾਰ ਖੁਰਦ ਜਲੰਧਰ ਪੰਜਾਬ-1440702 | ਨੋਟਿਸੀ ਨੰ. 1 (ਐਚ ਐੱਲ 'ਚ ਕਰਜ਼ਦਾਰ) |
| ਸ੍ਰੀ ਭਰਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਕੁਹਾਰ ਖੁਰਦ ਜਲੰਧਰ ਪੰਜਾਬ-1440702 | ਨੋਟਿਸੀ ਨੰ. 2 (ਐਚ ਐੱਲ 'ਚ ਕਰਜ਼ਦਾਰ) |
| ਸ੍ਰੀ ਰਾਜਕਰਨ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਮਾਣਕਪੁਰ, ਲਸੂੜੀ, ਲਸੋੜੀ, ਜਲੰਧਰ, ਪੰਜਾਬ-1440702 | ਨੋਟਿਸੀ ਨੰ. 3 (ਐਚ ਐੱਲ 'ਚ ਗਰੰਟਰ) |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| HL/054611000057 | Rs.15,00,000/- | Rs.15,75,787.90 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2022-23/177/1/866 ਮਿਤੀ 28.9.2022 ਅਨੁਸਾਰ ਅੰਮ੍ਰਿਤਪਾਲ ਸਿੰਘ ਪੁੱਤਰ ਭਰਵਿੰਦਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 17 ਮਰਲੇ ਕੁਹਾੜ ਖੁਰਦ ਵਿਖੇ ਸਥਿਤ ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ ਹੱਦਬਸਤ ਨੰ. 258 ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਕੰਗਣਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ। (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

### Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 26.03.2025 ਨੂੰ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰਟਰਾਂ ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

| | |
|---|---|
| ਸ੍ਰੀ ਸਤਨਾਮ ਸਿੰਘ ਪੁੱਤਰ ਅੰਗਰੇਜ ਸਿੰਘ ਵਾਸੀ ਵਾਰਡ ਨੰ. 10 ਬੱਸੀ ਰੋਡ ਨੇੜੇ ਰਾਮਦਾਸ ਸਵੀਟਸ, ਚੀਮਾ ਡੇਅਰੀ, ਸਰਹਿੰਦ (ਆਰ), ਫਤਿਹਗੜ੍ਹ ਸਾਹਿਬ, ਪੰਜਾਬ-140406 | ਨੋਟਿਸੀ ਨੰ. 1 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀ ਅੰਗਰੇਜ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਵਾਰਡ ਨੰ. 10, ਮੰਦੋਫਲ ਰੋਡ ਡੇਰਾ ਲਸੋਈ, ਸਰਹਿੰਦ (ਆਰ), ਫਤਿਹਗੜ੍ਹ ਸਾਹਿਬ, ਪੰਜਾਬ-140406 | ਨੋਟਿਸੀ ਨੰ. 2 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰਮਤੀ ਸਤਵਿੰਦਰ ਕੌਰ ਪਤਨੀ ਅੰਗਰੇਜ ਸਿੰਘ ਵਾਰਡ ਨੰ. 10, ਮੰਦੋਫਲ ਰੋਡ ਡੇਰਾ ਲਸੋਈ, ਸਰਹਿੰਦ (ਆਰ), ਫਤਿਹਗੜ੍ਹ ਸਾਹਿਬ, ਪੰਜਾਬ-140406 | ਨੋਟਿਸੀ ਨੰ. 3 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀ ਮਨਦੀਪ ਸਿੰਘ ਪੁੱਤਰ ਅੰਗਰੇਜ ਸਿੰਘ ਵਾਰਡ ਨੰ. 10, ਨੇੜੇ ਚੀਮਾ ਡੇਅਰੀ ਰੋਡ, ਰਾਮਦਾਸ ਸਵੀਟਸ, ਸਰਹਿੰਦ (ਆਰ), ਫਤਿਹਗੜ੍ਹ ਸਾਹਿਬ, ਪੰਜਾਬ-140406 | ਨੋਟਿਸੀ ਨੰ. 4 (ਐੱਲ ਏ ਪੀ 'ਚ ਕਰਜ਼ਦਾਰ) |
| ਸ੍ਰੀ ਕਸ਼ਮੀਰ ਚੰਦ ਪੁੱਤਰ ਹਰਬੰਸ ਚੰਦ ਵਾਸੀ ਮਕਾਨ ਨੰ. 221, ਚੁੰਗੀ ਨੰ. 4, ਪੀਰ ਕਾਲੋਨੀ, ਸਰਹਿੰਦ (ਆਰ), ਫਤਿਹਗੜ੍ਹ ਸਾਹਿਬ, ਪੰਜਾਬ-140406 | ਨੋਟਿਸੀ ਨੰ. 5 (ਐੱਲ ਏ ਪੀ 'ਚ ਗਰੰਟਰ) |

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰ: | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2025 ਬਿਨਾਂ ਵਿਆਜ) |
|---|---|---|
| LAP/013602003926 | Rs.7,00,000/- | Rs.3,98,523.27 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਉਚਿੱਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 3472 ਮਿਤੀ 27.10.2010 ਅਨੁਸਾਰ ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਅੰਗਰੇਜ਼ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 15.47 ਮਰਲਾ ਬ੍ਰਹਮਣ ਮਾਜਰਾ ਵਿਖੇ ਸਥਿਤ ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਹੱਦਬਸਤ ਨੰ. 138 ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ। (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

## ਮਾਤਾ ਗੁਜਰੀ ਕਾਲਜ ਦੇ ਐਨ ਸੀ ਸੀ ਯੂਨਿਟ ਨੇ ਮਨਾਇਆ ਵਿਸ਼ਵ ਸਿਹਤ ਦਿਵਸ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-23 ਪੰਜਾਬ ਬਟਾਲੀਅਨ ਐਨ.ਸੀ.ਸੀ., ਰੂਪਨਗਰ ਦੇ ਕਮਾਂਡਿੰਗ ਅਫ਼ਸਰ ਦੇ ਨਿਰਦੇਸ਼ਾਂ ਅਨੁਸਾਰ ਮਾਤਾ ਗੁਜਰੀ ਕਾਲਜ ਦੇ ਐਨ.ਸੀ.ਸੀ. ਯੂਨਿਟ ਵੱਲੋਂ ਵਿਸ਼ਵ ਸਿਹਤ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ।ਇਸ ਦਿਵਸ ਮੌਕੇ ਕੈਡਿਟਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਵੱਖ-ਵੱਖ ਉਸਾਰੂ ਗਤੀਵਿਧੀਆਂ ਕਰਾਈਆਂ ਗਈਆਂ। ਸਮਾਗਮ ਦੌਰਾਨ ਪੋਸਟਰ ਪੇਸ਼ਕਾਰੀ ਤੇ ਪ੍ਰੇਰਣਾਦਾਇਕ ਭਾਸ਼ਣ ਮੁਕਾਬਲੇ ਕਰਾਏ ਗਏ, ਜਿਨ੍ਹਾਂ ਵਿੱਚ ਐਨ.ਸੀ.ਸੀ. ਕੈਡਿਟਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਤੇ ਆਪਣੇ ਵਿਚਾਰਾਂ ਰਾਹੀਂ ਸਿਹਤਮੰਦ ਜੀਵਨ ਦੀ ਮਹੱਤਤਾ ਨੂੰ ਦਰਸਾਇਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਿਹਤ ਤੇ ਤੰਦਰੁਸਤੀ ਜੀਵਨ ਦੇ ਮਹੱਤਵਪੂਰਨ ਪਹਿਲੂ ਹਨ, ਜਿਨ੍ਹਾਂ ਉੱਪਰ ਹਰ ਇੱਕ ਵਿਅਕਤੀ ਨੂੰ ਗੰਭੀਰਤਾ ਨਾਲ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਕਾਲਜ ਦੇ ਐਨ.ਸੀ.ਸੀ. ਯੂਨਿਟ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਕੀਤੀਆਂ ਗਤੀਵਿਧੀਆਂ ਨਾ ਕੇਵਲ ਕੈਡਿਟਾਂ ਵਿੱਚ ਜਾਗਰੂਕਤਾ ਪੈਦਾ ਕਰਦੀਆਂ ਹਨ, ਸਗੋਂ ਇਨ੍ਹਾਂ ਰਾਹੀਂ ਵਿਦਿਆਰਥੀਆਂ ਵਿੱਚ ਸਵੈ-ਅਨੁਸ਼ਾਸਨ, ਸਰੀਰਕ ਤੰਦਰੁਸਤੀ ਤੇ ਸਮਾਜਿਕ ਜ਼ਿੰਮੇਵਾਰੀ ਵਰਗੇ ਨੈਤਿਕ ਕਦਰਾਂ ਕੀਮਤਾਂ ਨੂੰ ਵੀ ਉਭਾਰਿਆ ਜਾਂਦਾ ਹੈ।

ਲੈਫਟਿਨੈਂਟ ਡਾ. ਪੁਸ਼ਪਿੰਦਰ ਸਿੰਘ, ਐਸੋਸੀਏਟ ਐਨ.ਸੀ.ਸੀ. ਅਫ਼ਸਰ ਨੇ ਕਿਹਾ ਕਿ ਐੱਨ.ਸੀ.ਸੀ. ਯੂਨਿਟ ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਸਮਾਜ ਵਿੱਚ ਸਿਹਤ ਦੇ ਰਾਖੇ ਵਜੋਂ ਉਭਰਨ ਲਈ ਪ੍ਰੇਰਿਤ ਕਰਨ ਵਿੱਚ ਸਫ਼ਲ ਰਿਹਾ।

### ਉਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SCANNER-17 | 22.04.2025 ਨੂੰ 11:00 ਵਜੇ | ਫਿਰੋਜਪੁਰ, ਜਲੰਧਰ ਸਿਟੀ, ਪਠਾਨਕੋਟ ਕੈਂਟ, ਜਲੰਧਰ ਕੈਂਟ, ਅੰਮ੍ਰਿਤਸਰ ਅਤੇ ਪਠਾਨਕੋ. ਸਟੇਸ਼ਨ ਉਤੇ ਸਾਰੇ ਆਊਟਗੋਇੰਗ ਪਾਰਸਲਾਂ ਦੀ ਸਕੈਨਿੰਗ ਦੇ ਲਈ ਪਾਰਸਲ ਸਕੈਨਰ ਮੀਨ ਦੇ ਪ੍ਰਾਵਧਾਨ ਦੇ ਕੰਮ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-SLR25-51 | 22.04.2025 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐੱਲਆਰ ਕੰਪਾਰਟਮੈਂਟ):14612/F1, 12470/F1, 12752/F1, 22552/F1, 12498/F1, 12238/F2, 12238/R1, 12266/F1, 19028/F1 & 22430/F1. |
| EAFZR-SLR25-52 | 23.04.2025 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐੱਲਆਰ ਕੰਪਾਰਟਮੈਂਟ):12014/F1, 22446/F1, 14036/R1, 14680/F1, 12030/F1, 22462/F1, 16788/F1, 19804/F1, 14036/F2 & 14036/F1. |
| EAFZR-SLR25-53 | 24.04.2025 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐੱਲਆਰ ਕੰਪਾਰਟਮੈਂਟ):22424/F1, 14630/F1, 14730/F1, 14505/F1, 19614/F1, 14618/F1, 14730/R1, 14616/F1, 14730/F2 & 20424/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। ਨੰਬਰ: 179-C/E-auction/FZR/25
ਤਾਰੀਕ: 07.04.2025 1050/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ




ਗ੍ਰੀਨ ਇੰਡੀਆ

**ਜਨ ਭਾਗੀਦਾਰੀ**

**ਆਓ, ਆਪਣੇ ਸਟੇਸ਼ਨ ਨੂੰ ਸੋਹਣਾ ਬਣਾਈਏ**

ਰੇਲਵੇ ਲਾਈਨ ਦੇ ਦੋਵੇਂ ਪਾਸੇ ਸਟੇਸ਼ਨ ਤੱਕ ਪਹੁੰਚਣ ਦੇ ਰਸਤੇ ਨੂੰ ਸੋਹਣਾ ਬਨਾਉਣ ਦੇ ਲਈ ਭਾਰਤੀਯ ਰੇਲ ਤੁਹਾਡਾ ਸਨਮਾਨ ਕਰਦਾ ਹੈ/ਸਹਿਯੋਗ ਲਈ ਸੱਦਾ ਦਿੰਦਾ ਹੈ।

ਇਛੁਕ ਵਿਅਕਤੀ, ਗੈਰ-ਸਰਕਾਰੀ ਸੰਸਥਾਵਾਂ, ਟ੍ਰਸਟ, ਚੈਰੀਟੇਬਲ ਸੰਸਥਾਵਾਂ ਬਾਗਬਾਨੀ ਮਾਹਿਰ, ਪ੍ਰਸਿੱਧ ਨਰਸਰੀ, ਕਾਰਪੋਰੇਟ ਦੀ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਜਰੂਰੀ ਜਾਣਕਾਰੀ ਪ੍ਰਾਪਤ ਕਰੋ।

**Expression of Interest by 15.04.2025, 15:00 hrs. from**
**Email ID: srdenhqfzr@gmail.com**

ਪੋਸਟ: ਮੰਡਲ ਇੰਜੀਨੀਅਰ ਹੈਡਕੁਆਟਰ/ਫਿਰੋਜਪੁਰ, ਮੰਡਲ ਰੇਲ ਪ੍ਰਬੰਧਕ ਦਫਤਰ, ਫਿਰੋਜਪੁਰ ਛਾਊਣੀ, ਪੰਜਾਬ

ਸਟੇਸ਼ਨ : ਮੋਗਾ

ਸੰਪਰਕ ਸੂਤਰ : ਸਹਾਇਕ ਇੰਜੀਨੀਅਰ-I, ਫਿਰੋਜਪੁਰ ਛਾਊਣੀ, 97792—32220

ਚੰਗੀ ਉਦਯੋਗਿਕ ਨੀਤੀ ਅਨੁਸਾਰ ਆਪਣਾ ਨਾਮ ਅਤੇ ਹੋਰ ਸਬੰਧਿਤ ਵੇਰਵਾ ਵੀ ਪ੍ਰਦਰਸ਼ਿਤ ਕਰ ਸਕਦੇ ਹਨ।

**ਉੱਤਰ ਰੇਲਵੇ**

www.nr.indianrailways.gov.in

ਸਾਨੂੰ ਫਾਲੋ ਕਰੋ: /RailMinIndia

1056/25


### Punjab National Bank

B/O:- SUDHAR, DISTT. LUDHIANA
Email:- bo317110@pnb.co.in

**ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾਂ ਨੋਟਿਸ) ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)**

ਸੇਵਾ 'ਚ

| | |
|---|---|
| 1. ਸ੍ਰੀਮਤੀ ਪ੍ਰਿਅੰਕਾ ਪਤਨੀ ਸਵ. ਸ੍ਰੀ ਰਵੀ ਕੁਮਾਰ (ਰਾਹੀਂ ਸਵ. ਸ੍ਰੀ ਰਵੀ ਕੁਮਾਰ ਦੇ ਕਾਨੂੰਨੀ ਵਾਰਸ), # 809, ਨਿਊ ਅਬਾਦੀ ਅਕਾਲਗੜ੍ਹ, ਲੁਧਿਆਣਾ। | 2. ਸ੍ਰੀ ਤੇਜੇਸ਼ ਪੁੱਤਰ ਸਵ. ਸ੍ਰੀ ਰਵੀ ਕੁਮਾਰ (ਨਾਬਾਲਗ) (ਰਾਹੀਂ ਸਵ. ਸ੍ਰੀਮਤੀ ਉਮਾ ਦੇਵੀ ਅਤੇ ਸਵ. ਸ੍ਰੀ ਰਵੀ ਕੁਮਾਰ ਦੇ ਕਾਨੂੰਨੀ ਵਾਰਸਾਂ) ਰਾਹੀਂ ਇਸ ਦੇ ਸਰਬਰਾਹ ਸ੍ਰੀਮਤੀ ਪ੍ਰਿਅੰਕਾ ਪਤਨੀ ਸਵ. ਰਵੀ ਕਮਾਰ, # 809, ਨਿਊ ਅਬਾਦੀ ਅਕਾਲਗੜ੍ਹ, ਲੁਧਿਆਣਾ। |
| 3. ਸ੍ਰੀਮਤੀ ਸ਼ਿਵਾਨੀ ਪਤਨੀ ਸ੍ਰੀ ਵਿਨੋਦ (ਰਾਹੀਂ ਸਵ. ਉਮਾ ਦੇਵੀ ਦੇ ਕਾਨੂੰਨੀ ਵਾਰਸਾਂ), # ਮਕਾਨ ਨੰ. 117/5, ਸੰਤ ਲਾਲ ਰੋਡ, ਫਿਰੋਜ਼ਪੁਰ ਕੈਂਟ। | 4. ਸ੍ਰੀਮਤੀ ਗੌਰੀ ਵੈਸ਼ ਪਤਨੀ ਸ੍ਰੀ ਗੋਬਿੰਦ ਰਾਮ (ਰਾਹੀਂ ਸਵ. ਉਮਾ ਦੇਵੀ ਦੇ ਕਾਨੂੰਨੀ ਵਾਰਸਾਂ), ਪਿੰਡ ਤੇ ਡਾਕਖਾਨਾ ਉਭਾਵਾਲ, ਜ਼ਿਲ੍ਹਾ ਸੰਗਰੂਰ। |

ਸ੍ਰੀਮਾਨ/ਸ੍ਰੀਮਤੀ

**ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ**

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ (1) ਸ੍ਰੀਮਤੀ ਪ੍ਰਿਅੰਕਾ ਪਤਨੀ ਸਵ. ਸ੍ਰੀ ਰਵੀ ਕੁਮਾਰ ਦੇ ਕਾਨੂੰਨੀ ਵਾਰਸਾਂ ਰਾਹੀ) # 809, ਨਿਊ ਅਬਾਦੀ ਅਕਾਲਗੜ੍ਹ, ਲੁਧਿਆਣਾ (2) ਸ੍ਰੀ ਤੇਜੇਸ਼ ਪੁੱਤਰ ਸਵ. ਸ੍ਰੀ ਰਵੀ ਕੁਮਾਰ (ਰਾਹੀਂ ਸਵ. ਸ੍ਰੀਮਤੀ ਉਮਾ ਦੇਵੀ ਅਤੇ ਸਵ. ਸ੍ਰੀ ਰਵੀ ਕੁਮਾਰ ਦੇ ਕਾਨੂੰਨੀ ਵਾਰਸਾਂ) ਰਾਹੀਂ ਇਸ ਦੇ ਸਰਬਰਾਹ ਸ੍ਰੀਮਤੀ ਪ੍ਰਿਅੰਕਾ ਪਤਨੀ ਸਵ. ਸ੍ਰੀ ਰਵੀ ਕੁਮਾਰ, # 809, ਨਿਊ ਅਬਾਦੀ ਅਕਾਲਗੜ੍ਹ, ਲੁਧਿਆਣਾ (3) ਸ੍ਰੀਮਤੀ ਸ਼ਿਵਾਨੀ ਪਤਨੀ ਸ੍ਰੀ ਵਿਨੋਦ (ਰਾਹੀਂ ਸਵ. ਸ੍ਰੀਮਤੀ ਉਮਾ ਦੇਵੀ ਦੇ ਕਾਨੂੰਨੀ ਵਾਰਸਾਂ), # ਮਕਾਨ ਨੰ. 117/5, ਸੰਤ ਲਾਲ ਰੋਡ, ਫਿਰੋਜ਼ਪੁਰ ਕੈਂਟ (4) ਸ੍ਰੀਮਤੀ ਗੌਰੀ ਵੈਸ਼ ਪਤਨੀ ਸ੍ਰੀ ਗੋਬਿੰਦ ਰਾਮ (ਰਾਹੀਂ ਸਵ. ਸ੍ਰੀਮਤੀ ਉਮਾ ਦੇਵੀ ਦੇ ਕਾਨੂੰਨੀ ਵਾਰਸਾਂ), ਪਿੰਡ ਤੇ ਡਾਕਖਾਨਾ ਉਭਾਵਾਲ, ਜ਼ਿਲ੍ਹਾ ਸੰਗਰੂਰ ਵੱਲੋਂ 04.12.2004 'ਤੇ ਬਕਾਇਆ ਰਕਮ ਰੁ. 2,69,051. 86/-(ਦੋ ਲੱਖ ਉਨੱਤਰ ਹਜ਼ਾਰ ਇਕਵੰਜਾ ਰੁਪਏ ਅਤੇ ਛਿਆਸੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ ਅਤੇ ਨਿਮਨਹਸਤਾਖਰੀ ਦੀਆਂ ਲਾਗਤਾਂ ਜਮ੍ਹਾਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਮਨਫੀ ਵਸੂਲੀ (ਜੇਕਰ ਕੋਈ ਹੈ) ਸਰਫੇਸੀ ਐਕਟ ਦੇ ਸੈਕਸ਼ਨ 13(2) ਤਹਿਤ 05.12.2024 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਜਿਨ੍ਹਾਂ ਸਕਿਉਰਡ ਐੱਸਟਸ ਦੀ ਵਿਕਰੀ ਕੀਤੀ ਜਾਣੀ ਹੈ, ਦੇ ਵੇਰਵੇ ਹੇਠਾਂ ਦਰਸਾਏ ਗਏ ਹਨ :

ਬੈਨਾਮਾ ਨੰ. 1645 ਮਿਤੀ 29.09.2017 ਅਨੁਸਾਰ ਸ੍ਰੀਮਤੀ ਉਮਾ ਦੇਵੀ ਪਤਨੀ ਸਵ. ਸ੍ਰੀ ਮੁਕੇਸ਼ ਕੁਮਾਰ ਦੇ ਨਾਂਅ 'ਤੇ ਜਾਇਦਾਦ ਰਕਬਾ 3 ਮਰਲੇ, 3 ਸਰਸਾਹੀ, ਜਮ੍ਹਾਂਬੰਦੀ ਸਾਲ 2011-12, ਲਕਸ਼ਮੀ ਨਰਾਇਣ ਮੰਦਰ ਵਾਸੀ ਗਲੀ, ਪਿੰਡ ਅਕਾਲਗੜ੍ਹ, ਤਹਿਸੀਲ ਰਾਏਕੋਟ, ਜ਼ਿਲ੍ਹਾ ਲੁਧਿਆਣਾ ਵਿਖੇ 1 ਮਰਲਾ, ਜੋ ਕੁਲ ਜ਼ਮੀਨ ਰਕਬਾ 0 ਕਨਾਲ 10 ਮਰਲੇ ਦਾ 1/10 ਹਿੱਸਾ ਹੈ, ਖਸਰਾ ਨੰ. 40//16/2/2 (0-10), ਖੱਤਾ ਨੰ. 66/71, 2 ਮਰਲੇ 3 ਸਰਸਾਹੀ, ਜੋ ਕੁੱਲ ਜ਼ਮੀਨ ਰਕਬਾ 8 ਕਨਾਲ 0 ਮਰਲੇ ਦਾ 7/480 ਹਿੱਸਾ ਹੈ, ਖਸਰਾ ਨੰ. 40//25 (8-0), ਖੱਤਾ ਨੰ. 67/72 ਹੱਦਾਂ : ਪੂਰਬ : ਗੁਆਂਢ 45'-00", ਪੱਛਮ : ਦੀਨ ਦਇਆਲ 45'-00", ਉੱਤਰ : ਇੰਦਰਜੀਤ ਸਿੰਘ 20'-00", ਦੱਖਣ : ਰਸਤਾ 20'-00"

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13(8) ਅਨੁਸਾਰ ਤੁਸੀਂ ਉਕਤ ਸਕਿਉਰਡ ਐੱਸਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :-

"ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐੱਸਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

ਸਕਿਉਰਡ ਕ੍ਰੈਡਿਟਰ ਵੱਲੋਂ (i) ਸਕਿਉਰਡ ਐੱਸਟਸ ਲੀਜ਼, ਇਕਰਾਰਨਾਮੇ ਜਾਣਕਾਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ (ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਉਰਡ ਐੱਸਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13(8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 04.12.2024 ਨੂੰ ਮੌਜੂਦਾ ਬਕਾਇਆ ਰਕਮ ਰੁ. 2,69,051.86/-(ਦੋ ਲੱਖ ਉਨੱਤਰ ਹਜ਼ਾਰ ਇਕਵੰਜਾ ਰੁਪਏ ਅਤੇ ਛਿਆਸੀ ਪੈਸੇ ਕੇਵਲ) ਸਮੇਤ ਅਗਲੇ ਵਿਆਜ, ਲਾਗਤ ਅਤੇ ਚਾਰਜਿਜ਼ ਅਦਾ ਕਰਕੇ ਉਕਟ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਡ ਐੱਸਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 3(1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਸਥਾਨ : ਲੁਧਿਆਣਾ
ਮਿਤੀ : 08.04.2025

ਅਧਿਕਾਰਤ ਅਫਸਰ
ਪੰਜਾਬ ਨੈਸ਼ਨਲ ਬੈਂਕ
ਸਕਿਉਰਡ ਕ੍ਰੈਡਿਟਰ

# ਵਿਜੀਲੈਂਸ ਬਿਊਰੋ ਵੱਲੋਂ ਆਰ ਟੀ ਏ ਦਫ਼ਤਰਾਂ, ਡਰਾਈਵਿੰਗ ਟੈਸਟ ਕੇਂਦਰਾਂ 'ਤੇ ਅਚਨਚੇਤ ਛਾਪੇਮਾਰੀ, 24 ਵਿਅਕਤੀ ਗ੍ਰਿਫ਼ਤਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਭਰ ਵਿੱਚ ਖੇਤਰੀ ਟਰਾਂਸਪੋਰਟ ਅਥਾਰਟੀ (ਆਰ.ਟੀ.ਏ.) ਦਫ਼ਤਰਾਂ ਅਤੇ ਡਰਾਈਵਿੰਗ ਟੈਸਟ ਕੇਂਦਰਾਂ 'ਤੇ ਅਚਨਚੇਤ ਛਾਪੇਮਾਰੀ ਕੀਤੀ, ਜਿਸ ਦੌਰਾਨ ਰਿਸ਼ਵਤਖੋਰੀ ਅਤੇ ਹੋਰ ਬੇਨਿਯਮੀਆਂ ਵਿੱਚ ਕਥਿਤ ਤੌਰ 'ਤੇ ਸ਼ਾਮਲ 24 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਕਾਰਵਾਈ ਦੌਰਾਨ ਕੁੱਲ 16 ਐਫ ਆਈ ਆਰ ਦਰਜ ਕੀਤੀਆਂ ਗਈਆਂ ਹਨ ਅਤੇ ਅਧਿਕਾਰੀਆਂ ਨੇ ਏਜੰਟਾਂ ਤੋਂ 40,900 ਰੁਪਏ ਜ਼ਬਤ ਕੀਤੇ ਹਨ ਜੋ ਡਰਾਈਵਿੰਗ ਲਾਇਸੈਂਸ, ਡਰਾਈਵਿੰਗ ਟੈਸਟ ਅਤੇ ਹੋਰ ਸੇਵਾਵਾਂ ਦੇਣ ਬਦਲੇ ਲੋਕਾਂ ਤੋਂ ਪੈਸੇ ਵਸੂਲਦੇ ਸਨ।ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਰਾਹੀਂ ਪ੍ਰਾਪਤ ਹੋਈਆਂ ਕਈ ਸ਼ਿਕਾਇਤਾਂ ਤੋਂ ਬਾਅਦ, ਫਲਾਇੰਗ ਸਕੁਐਡ ਅਤੇ ਆਰਥਿਕ ਅਪਰਾਧ ਸ਼ਾਖਾ (ਈਓਡਬਲਯੂ) ਸਮੇਤ ਵਿਜੀਲੈਂਸ ਬਿਊਰੋ ਰੇਂਜਾਂ ਵੱਲੋਂ ਛਾਪੇਮਾਰੀ ਕੀਤੀ ਗਈ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਮੋਹਾਲੀ ਦਾ ਇੱਕ ਪ੍ਰਾਈਵੇਟ ਏਜੰਟ ਸੁਖਵਿੰਦਰ ਸਿੰਘ ਵੀ ਸ਼ਾਮਲ ਸੀ, ਜਿਸਨੂੰ ਡਰਾਈਵਿੰਗ ਲਾਇਸੈਂਸ ਦੀ ਸਹੂਲਤ ਦੇਣ ਅਤੇ ਟੈਸਟ ਦੀ ਪ੍ਰਵਾਨਗੀ ਨੂੰ ਯਕੀਨੀ ਬਣਾਉਣ ਬਦਲੇ 5,000 ਰੁਪਏ ਦੀ ਰਿਸ਼ਵਤ ਦੇ ਹਿੱਸੇ ਵਜੋਂ 2,500 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ।ਫਤਿਹਗੜ੍ਹ ਸਾਹਿਬ ਵਿੱਚ, ਇੱਕ ਹੋਰ ਏਜੰਟ, ਪਰਮਜੀਤ ਸਿੰਘ, ਨੂੰ ਇਸੇ ਤਰ੍ਹਾਂ ਦੀਆਂ ਗੈਰ-ਕਾਨੂੰਨੀ ਸੇਵਾਵਾਂ ਲਈ 5,000 ਰੁਪਏ ਲੈਂਦੇ ਹੋਏ ਫੜਿਆ ਗਿਆ।ਬੁਲਾਰੇ ਨੇ ਅੱਗੇ ਦੱਸਿਆ ਕਿ ਲੁਧਿਆਣਾ ਵਿੱਚ, ਈ.ਓ.ਡਬਲਯੂ. ਯੂਨਿਟ ਨੇ ਤਿੰਨ ਵਿਅਕਤੀਆਂ-ਪੰਕਜ ਅਰੋੜਾ ਉਰਫ਼ ਸੰਨੀ, ਦੀਪਕ ਕੁਮਾਰ ਅਤੇ ਮਨੀਸ਼ ਕੁਮਾਰ ਨੂੰ 1,500 ਰੁਪਏ ਤੋਂ 3,500 ਰੁਪਏ ਤੱਕ ਦੀ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਹਿਰਾਸਤ ਵਿੱਚ ਲਿਆ ਹੈ। ਲੁਧਿਆਣਾ ਵਿਜੀਲੈਂਸ ਬਿਊਰੋ ਰੇਂਜ ਨੇ ਦੋ ਹੋਰ ਏਜੰਟਾਂ, ਤਾਇਸਿਫ਼ ਅਹਿਮਦ ਅੰਸਾਰੀ ਅਤੇ ਹਨੀ ਅਰੋੜਾ ਨੂੰ ਵੀ ਲਾਇਸੈਂਸ ਪ੍ਰਾਪਤ ਕਰਨ ਲਈ ਕ੍ਰਮਵਾਰ 7,000 ਰੁਪਏ ਅਤੇ 5,500 ਰੁਪਏ ਵਸੂਲਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ।ਜਲੰਧਰ ਵਿੱਚ, ਮੋਹਿਤ ਕੁਮਾਰ ਅਤੇ ਵਿਜੇ ਕੁਮਾਰ ਨੂੰ ਫਾਸਟ-ਟਰੈਕ ਡਰਾਈਵਿੰਗ ਟੈਸਟ ਅਪੁਇੰਟਮੈਂਟਾਂ ਲਈ 2,000 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ। ਹੁਸ਼ਿਆਰਪੁਰ ਵਿੱਚ, ਏਜੰਟ ਅਸ਼ੋਕ ਕੁਮਾਰ ਨੂੰ ਅਸਲ ਟਰਾਇਲਾਂ ਤੋਂ ਬਿਨਾਂ ਡਰਾਈਵਿੰਗ ਟੈਸਟ ਪਾਸ ਕਰਨ ਲਈ 5,000 ਰੁਪਏ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ। ਕਪੂਰਥਲਾ ਵਿੱਚ ਹੀ ਇੱਕ ਮਹੱਤਵਪੂਰਨ ਜ਼ਬਤੀ ਹੋਈ, ਜਿੱਥੇ ਇੱਕ ਏਜੰਟ ਸ਼ੇਰ ਅਮਰੀਕ ਸਿੰਘ ਨੂੰ 12,000 ਰੁਪਏ ਨਕਦੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ, ਜਿਸ ਨਾਲ ਆਰ.ਟੀ.ਏ. ਅਧਿਕਾਰੀਆਂ ਨਾਲ ਸ਼ੱਕੀ ਮਿਲੀਭੁਗਤ ਦਾ ਪਰਦਾਫਾਸ਼ ਹੋਇਆ।ਐਸਬੀਐਸ ਨਗਰ, ਵਿਜੀਲੈਂਸ ਬਿਊਰੋ ਟੀਮ ਨੇ ਦੋ ਆਰਟੀਏ ਕਰਮਚਾਰੀਆਂ - ਜਤਿੰਦਰ ਸਿੰਘ, ਜੂਨੀਅਰ ਸਹਾਇਕ ਅਤੇ ਮਨੀਸ਼ ਕੁਮਾਰ, ਡੇਟਾ ਐਂਟਰੀ ਆਪਰੇਟਰ ਦੇ ਨਾਲ-ਨਾਲ ਦੋ ਪ੍ਰਾਈਵੇਟ ਏਜੰਟਾਂ, ਕੇਵਲ ਕ੍ਰਿਸ਼ਨ ਅਤੇ ਕਮਲ ਕੁਮਾਰ ਨੂੰ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣ ਲਈ, ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਗਈ।ਸੰਗਰੂਰ ਵਿੱਚ ਵੀ ਵਿਜੀਲੈਂਸ ਬਿਊਰੋ ਨੇ ਲਵਪ੍ਰੀਤ ਸਿੰਘ, ਜਿਸਨੇ ਸ਼ਿਕਾਇਤਕਰਤਾ ਤੋਂ ਉਸਦੇ ਡਰਾਈਵਿੰਗ ਲਾਇਸੈਂਸ ਬਦਲੇ 7000 ਰੁਪਏ ਰਿਸ਼ਵਤ ਰੁਪਏ ਦੀ ਮੰਗ ਕੀਤੀ ਸੀ ਅਤੇ ਅਵਿਨਾਸ਼ ਗਰਗ ਡੇਟਾ ਐਂਟਰੀ ਆਪਰੇਟਰ ਪੰਜਾਬ ਸਟੇਟ ਟਰਾਂਸਪੋਰਟ ਸੋਸਾਇਟੀ, ਵਿਰੁੱਧ ਕਾਰਵਾਈ ਕੀਤੀ।ਇਸੇ ਤਰ੍ਹਾਂ ਤਰਨ ਤਾਰਨ ਵਿੱਚ, ਵਿਜੀਲੈਂਸ ਬਿਊਰੋ ਨੇ ਦੋਸ਼ੀ ਲਖਬੀਰ ਸਿੰਘ ਢਿਲੋਂ ਪ੍ਰਾਈਵੇਟ ਏਜੰਟ 'ਤੇ ਵੀ ਮੁਕੱਦਮਾ ਦਰਜ ਕੀਤਾ ਹੈ।ਜਿਸਨੇ ਸ਼ਿਕਾਇਤਕਰਤਾ ਤੋਂ ਡਰਾਈਵਿੰਗ ਲਾਇਸੈਂਸ ਬਣਾਉਣ ਲਈ 3500 ਰੁਪਏ ਰਿਸ਼ਵਤ ਮੰਗੀ ਸੀ। ਇਸੇ ਤਰ੍ਹਾਂ ਗੁਰਦਾਸਪੁਰ ਵਿੱਚ, ਵਿਜੀਲੈਂਸ ਬਿਊਰੋ ਕੋਲ ਦੋਸ਼ੀ ਕੁਲਬੀਰ ਸਿੰਘ ਅਤੇ ਇੰਦਰਾਸ (ਦੋਵੇਂ ਏਜੰਟ ਹਨ) ਵਿਰੁੱਧ ਰਿਕਾਰਡਿੰਗ ਦੇ ਸਪੱਸ਼ਟ ਸਬੂਤ ਹਨ ਜਿਨ੍ਹਾਂ ਨੇ ਐਮਵੀਆਈ ਅਧਿਕਾਰੀਆਂ ਲਈ 9000 ਰੁਪਏ ਦੀ ਮੰਗ ਕੀਤੀ ਸੀ।ਇਸ ਤੋਂ ਇਲਾਵਾ, ਵਿਜੀਲੈਂਸ ਬਿਊਰੋ ਨੇ ਕ੍ਰਿਸ਼ਨ ਲਾਲ, ਇੰਦਰਜੀਤ ਸਿੰਘ ਅਤੇ ਏਜੰਟ ਨਵੀਨ ਕੁਮਾਰ ਨੂੰ ਬਠਿੰਡਾ ਵਿੱਚ ਜਾਅਲੀ ਪਤੇ ਦੀ ਵਰਤੋਂ ਕਰਕੇ ਰਜਿਸਟਰੇਸ਼ਨ ਸਰਟੀਫਿਕੇਟ ਬਣਾਉਣ ਲਈ ਵੀ ਕੇਸ ਦਰਜ ਕੀਤਾ ਹੈ।

## ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਵਿਖੇ ਨਰਸਿੰਗ ਫਾਉਂਡੇਸ਼ਨ ਵਿਭਾਗ ਵੱਲੋਂ ਵਿਸ਼ਵ ਸਿਹਤ ਦਿਵਸ (ਵਰਲਡ ਹੈਲਥ ਡੇਅ) ਮਨਾਇਆ ਗਿਆ।ਮੁੱਖ ਮਹਿਮਾਨ ਡਾ. ਰਾਕੇਸ਼ ਗੌਰੀਆ ਰਜਿਸਟਰਾਰ ਬਾਬਾ ਫਰੀਦ ਮੈਡੀਕਲ ਸਾਇੰਸਸ ਯੂਨੀਵਰਸਿਟੀ ਸਨ।ਸਮਾਗਮ ਵਿੱਚ ਨਰਸਿੰਗ ਕਾਲਜ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਕਿਹਾ ਕਿ ਵਿਸ਼ਵ ਸਿਹਤ ਦਿਵਸ ਮਨਾਉਣ ਨਾਲ ਦੁਨੀਆ ਭਰ ਦੇ ਲੋਕਾਂ ਨੂੰ ਮੈਡੀਕਲ ਸਿਹਤ ਸਹੂਲਤਾਂ ਸਬੰਧੀ ਜਾਗਰੂਕ ਕਰਨਾ ਬਹੁਤ ਅਹਿਮ ਕਾਰਜ ਹੁੰਦਾ ਹੈ।ਡਾ.ਰਾਮ ਅਨੰਦ ਸਵਿਟਜ਼ਰਲੈਂਡ, ਰਮਨਦੀਪ ਕੌਰ ਕੰਗ ਵਾਈਸ ਪ੍ਰਿੰਸੀਪਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਰਮਨਦੀਪ ਕੌਰ ਕੰਗ ਵਾਈਸ ਪ੍ਰਿੰਸੀਪਲ ਨੇ ਵੀ ਵਿਚਾਰ ਸਾਂਝੇ ਕੀਤੇ। ਸਮਾਗਮ ਵਿਚ ਜੀ.ਐਨ.ਐਮ. ਪਹਿਲਾ ਸਾਲ, ਬੀ.ਐਸ.ਸੀ. ਪਹਿਲਾ ਅਤੇ ਜੀ.ਐਨ. ਐਮ. ਤੀਜਾ ਸਾਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਸਕਿਟ ਨੇ ਸਮੂਹ ਸਰੋਤਿਆ ਦਾ ਮਨ ਮੋਹ ਲਿਆ।ਇਸ ਮੌਕੇ ਜਗਜੀਤ ਸਿੰਘ ਸੋਢੀ, ਡਾ. ਜਸਦੀਪ ਸਿੰਘ ਸੈਣੀ, ਮਹਿੰਦਰਪਾਲ ਸਿੰਘ, ਮੈਡਮ ਵਨੀਤਾ ਚੋਟ, ਰਾਜਦੀਪ ਥਿਥਵਾੜ, ਮੈਡਮ ਦਵਿੰਦਰ ਕੌਰ, ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ, ਮੈਡਮ ਸੁਖਮਿੰਦਰ ਕੌਰ ਉੱਭੀ, ਮੈਡਮ ਵੰਦਨਾ ਬਸਰਾ, ਮੈਡਮ ਗੀਤੂ, ਮੁਹੰਮਦ ਯੂਨਸ ਵਾਨੀ, ਮੈਡਮ ਮਨਪ੍ਰੀਤ ਕੌਰ, ਮੈਡਮ ਸ਼ਿਵਾਨੀ ਭਾਰਦਵਾਜ, ਮੈਡਮ ਰਾਬੀਆ ਹਾਟਾ, ਮੈਡਮ ਰੁਪਿੰਦਰ ਸ਼ਰਮਾ, ਮੈਡਮ ਕਿਰਨ ਬੇਦੀ, ਗੁਰਮੀਤ ਸਿੰਘ ਤੋਂ ਇਲਾਵਾ ਟਰੱਸਟ ਅਧੀਨ ਚੱਲਦੇ ਅਦਾਰਿਆਂ ਦੇ ਮੁੱਖੀ, ਨਰਸਿੰਗ ਅਧਿਆਪਕਾਂ ਅਤੇ ਨਰਸਿੰਗ ਵਿਦਿਆਰਥੀ ਵੀ ਹਾਜ਼ਰ ਸਨ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਮਨਰੀਤ ਕੌਰ ਢਿੱਲੋਂ ਅਤੇ ਜੈਸਮੀਨ ਕੌਰ ਨੇ ਬਾਖੂਬੀ ਨਿਭਾਈ।

## ਬਲਕਾਰ ਸਿੰਘ ਵੱਲੋਂ ਤਿੰਨ ਸਰਕਾਰੀ ਸਕੂਲਾਂ 'ਚ 15.23 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ

**ਕਰਤਾਰਪੁਰ (ਹਰਮੇਸ਼ ਦੱਤ)**- ਸੂਬਾ ਸਰਕਾਰ ਦੀ ਪਹਿਲ 'ਪੰਜਾਬ ਸਿੱਖਿਆ ਕ੍ਰਾਂਤੀ ?' ਤਹਿਤ ਹਲਕਾ ਵਿਧਾਇਕ ਬਲਕਾਰ ਸਿੰਘ ਨੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 15.23 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ



ਬੇਮਿਸਾਲ ਬਦਲਾਅ ਲਿਆ ਰਹੀ ਹੈ।ਵਿਧਾਇਕ ਵੱਲੋਂ ਜਿਨ੍ਹਾਂ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ, ਉਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਜੰਡੂਸਿੰਘਾ (ਲੜਕੇ) ਵਿਖੇ 7.51 ਲੱਖ ਦੀ ਲਾਗਤ ਨਾਲ ਨਵਾਂ ਕਲਾਸ ਰੂਮ, ਸਰਕਾਰੀ ਪ੍ਰਾਇਮਰੀ ਸਕੂਲ ਜੰਡੂਸਿੰਘਾ (ਲੜਕੀਆਂ) ਵਿਖੇ 1.68 ਦੀ ਲਾਗਤ ਨਾਲ ਟਾਇਲਟਸ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਦਾਰ ਵਿਖੇ 6.04 ਲੱਖ ਰੁਪਏ ਦੀ ਲਾਗਤ ਨਾਲ ਚਾਰਦਿਵਾਰੀ ਤੇ ਹੋਰ ਵਿਕਾਸ ਕਾਰਜ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਉਪਰਾਲਿਆਂ ਸਦਕਾ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦਾ ਰੁਝਾਨ ਸਰਕਾਰੀ ਸਕੂਲਾਂ ਵੱਲ ਵਧਣ ਸਦਕਾ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਵਿੱਚ ਵੀ ਵਾਧਾ ਹੋਇਆ ਹੈ। ਉਨ੍ਹਾਂ ਇਸ ਮੌਕੇ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਪੜ੍ਹਾਉਣ ਦੀ ਅਪੀਲ ਵੀ ਕੀਤੀ।

## ਪ ਸ ਸ ਫ ਦੀ ਭਲਕ ਦੀ ਜਲੰਧਰ ਰੈਲੀ ਦੀਆਂ ਤਿਆਰੀਆਂ ਮੁਕੰਮਲ : ਬਾਸੀ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ (ਪ.ਸ.ਸ.ਫ). ਵੱਲੋਂ 10 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਇਸ ਰੈਲੀ ਤਿਆਰੀਆਂ ਸਾਰੇ ਪੰਜਾਬ ਵਿੱਚ



ਮੁਕੰਮਲ ਹੋ ਚੁੱਕੀਆ ਹਨ, ਜ਼ਿਲ੍ਹਾ ਆਗੂਆਂ ਅਤੇ ਵੱਖ-ਵੱਖ ਜੱਥੇਬੰਦੀਆਂ ਦੇ ਆਗੂਆਂ ਵਲੋਂ ਆਪਣੀਆਂ ਮੀਟਿੰਗਾਂ ਕਰਕੇ ਰੈਲੀ ਵਿੱਚ ਭਰਵੀਂ ਅਮੂਲੀਅਤ ਕਰਵਾਉਣ ਲਈ ਵਿਉਂਤਬੰਦੀ ਕੀਤੀ ਜਾ ਚੁੱਕੀ ਹੈ।ਇਸ ਰੈਲੀ ਦੀ ਸੂਚਨਾ ਹਿੱਤ ਜਾਣਕਾਰੀ ਪੁਲਸ ਕਮਿਸ਼ਨਰ ਅਤੇ ਡਿਪਟੀ ਕਮਿਸ਼ਨਰ ਜਨਰਲ ਨਵਦੀਪ ਸਿੰਘ ਨੂੰ ਮਿਲਕੇ ਸੂਚਨਾ ਪੱਤਰ ਸੌਂਪਿਆ ਗਿਆ।ਇਸ ਮੌਕੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਜ਼ਿਲ੍ਹਾ ਸਕੱਤਰ ਨਿਰਮੋਲਕ ਸਿੰਘ ਹੀਰਾ, ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰੈਸ ਸਕੱਤਰ ਵੇਦ ਰਾਜ ਅਤੇ ਪ ਸ ਸ ਫ ਜ਼ਿਲ੍ਹਾ ਜਲੰਧਰ ਦੇ ਸਾਬਕਾ ਕੈਸ਼ੀਅਰ ਕੁਲਦੀਪ ਸਿੰਘ ਕੌੜਾ ਆਦਿ ਆਗੂ ਵੀ ਹਾਜ਼ਰ ਸਨ।

## ਰਾਖਵੇਂਕਰਨ ਦਾ ਲਾਭ ਸਿਰਫ ਆਰਥਿਕ ਤੌਰ 'ਤੇ ਕਮਜ਼ੋਰ ਲੋਕਾਂ ਨੂੰ ਹੀ ਮਿਲੇ : ਫੁਗਲਾਣਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਇੱਕ ਬਿਆਨ ਜਾਰੀ ਕਰਦੇ ਹੋਏ ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਦੋਆਬਾ ਜਨਰਲ ਕੈਟੇਗਰੀ ਫਰੰਟ ਪੰਜਾਬ ਨੇ ਆਖਿਆ ਕਿ ਸਾਡੇ ਦੇਸ਼ ਨੂੰ ਅਜਾਦੀ ਮਿਲਣ ਤੋਂ ਬਾਅਦ ਬਣੀ ਸਰਕਾਰ ਵਲੋਂ ਸਮਾਜ ਦੇ ਪਿਛੜੇ ਦੀ ਹਾਲਤ ਵਿੱਚ ਲੋੜੀਂਦਾ ਸੁਧਾਰ ਕਰਨ ਅਤੇ ਉਨ੍ਹਾਂ ਨੂੰਸਮੇਂ ਦਾ ਹਾਣੀ ਬਣਾਉਣ ਲਈ ਦੇਸ਼ ਵਿੱਚ ਰਾਖਵਾਂਕਰਨ ਦੀ ਵਿਵਸਥਾ ਲਾਗੂ ਕੀਤੀ ਗਈ ਸੀ। ਜਿਸ ਦੇ ਤਹਿਤ ਦਲਿਤਾਂ ਅਤੇ ਸਮਾਜ ਦੇ ਪਿਛੜੇ ਵਰਗਾਂ ਨਾਲ ਸਬੰਧਤ ਲੋਕਾਂ ਨੂੰਰਾਖਵਾਂਕਰਨ ਦਾ ਫਾਇਦਾ ਦੇ ਕੇ ਤਰੱਕੀ ਦੇ ਲੋੜੀਂਦਾ ਮੌਕੇ ਮੁਹੱਈਆ ਕਰਵਾਉਣ ਦਾ ਅਮਲ ਅਰੰਭਿਆ ਗਿਆ ਸੀ। ਇਹ ਵਿਵਸਥਾ ਹੁਣ ਵੀ ਚੱਲ ਰਹੀ ਹੈ। ਪ੍ਰੰਤੂ ਸਮੇਂ ਦੇ ਨਾਲ ਨਾਲ ਇਹ ਗੱਲ ਸਾਹਮਣੇ ਆਉਂਦੀ ਰਹੀ ਹੈ ਕਿ ਰਾਖਵੇਂਕਰਨ ਦੀ ਮੌਜੂਦਾ ਵਿਵਸਥਾ ਆਪਣਾ ਅਸਲ ਮਨੋਰਥ ਹਾਸਿਲ ਨਹੀਂ ਕਰ ਸਕੀ ਅਤੇ ਅਜਾਦੀ ਦੇ 78 ਸਾਲ ਬਾਅਦ ਵੀ ਸਮਾਜ ਦੇ ਪਿਛੜੇ ਵਰਗਾਂ ਅਤੇ ਦਲਿਤਾਂ ਨੂੰ ਇਸਦਾ ਬਣਦਾ ਲਾਭ ਹਾਸਲ ਨਹੀਂ ਹੋ ਪਾਇਆ ਹੈ।ਇਸ ਦੌਰਾਨ ਸਮੇਂ ਦੇ ਨਾਲ ਸਮਾਜ ਦੇ ਬਾਕੀ ਵਰਗਾਂ ਦੀ ਹਾਲਤ ਵੀ ਬਦਲਦੀ ਗਈ ਅਤੇ ਜਨਰਲ ਵਰਗ ਨਾਲ ਸੰਬੰਧਤ ਲੋਕਾਂ ਦੀ ਆਰਥਿਕ ਸਥਿਤੀ ਬਦਹਾਲ ਹੋ ਜਾਣ ਤੇ ਜਨਰਲ ਵਰਗ ਵਲੋਂ ਵੀ ਰਾਖਵਾਂਕਰਨ ਦੀ ਮੰਗ ਜੋਰ ਫੜ ਰਹੀ ਹੈ। ਇਸ ਸਬੰਧੀ ਜਨਰਲ ਵਰਗ ਦੀਆਂ ਵੱਖ ਵੱਖ ਜਥੇਬੰਦੀਆ ਪਿਛਲੇ ਲੰਬੇ ਸਮੇਂ ਤੋਂ ਸਰਕਾਰਾਂ ਤੋਂ ਵਾਰ ਵਾਰ ਇਹ ਮੰਗ ਕੀਤੀ ਜਾ ਰਹੀ ਹੈ ਕਿ ਸਰਕਾਰੀ ਨੌਕਰੀਆਂ ਲਈ ਰਾਖਵਾਂਕਰਨ ਜਾਤੀ ਅਧਾਰ ਦੀ ਥਾਂ ਆਰਥਿਕ ਅਧਾਰ 'ਤੇ ਦਿੱਤਾ ਜਾਵੇ। ਕਿਉਂਕੀ ਪਛੜੇ ਵਰਗ ਅਤੇ ਦਲਿਤਾਂ ਵਿੱਚ ਅਜਿਹੇ ਬਹੁਤ ਲੋਕ ਹਨ ਜੋ ਆਰਥਿਕ ਪੱਖੋਂ ਕਾਫੀ ਮਜਬੂਤ ਹਨ ਅਤੇ ਕਰੋੜਾਂ ਦੀ ਜਾਇਦਾਦ ਦੇ ਮਾਲਿਕ ਹੋਣ ਦੇ ਬਾਵਜੂਦ ਰਾਖਵਾਂਕਰਨ ਦਾ ਲਗਾਤਾਰ ਲਾਭ ਲੈ ਰਹੇ ਹਨ ਅਤੇ ਦੂਜੇ ਪਾਸੇ ਜਨਰਲ ਵਰਗ ਨਾਲ ਸਬੰਧਤ ਗਰੀਬ ਲੋਕਾਂ ਨੂੰ ਅਜਿਹੀ ਕੋਈ ਸਹੂਲਤ ਨਹੀਂ ਮਿਲਦੀ। ਜਿਸ ਨਾਲ ਜਨਰਲ ਗਰੀਬ ਲੋਕਾਂ ਦੀਆਂ ਮਸ਼ਿਕਿਲਾਂ ਵਿੱਚ ਭਾਰੀ ਵਾਧਾ ਹੋ ਰਿਹਾ ਹੈ ਜੋ ਕਿ ਜਨਰਲ ਵਰਗ ਨਾਲ ਸਰਾਸਰ ਧੱਕਾ ਹੈ।



## ਪੰਜਾਬ ਦੀ ਕਾਨੂੰਨ ਵਿਵਸਥਾ ਦੀ ਮੂੰਹ ਬੋਲਦੀ ਤਸਵੀਰ : ਲੱਕੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਸ਼ਹੀਦ ਭਗਤ ਸਿੰਘ ਨਗਰ ਨੇ ਭਾਜਪਾ ਦੇ ਸੀਨੀਅਰ ਲੀਡਰ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗਰਨੇਡ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਬਜਾਏ ਅਫਗਾਨਿਸਤਾਨ ਬਣਾ ਕੇ ਰੱਖ ਦਿੱਤਾ, ਹਰ ਰੋਜ ਥਾਣਿਆਂ 'ਤੇ ਹਮਲੇ ਹੋ ਰਹੇ ਹਨ, ਪੰਜਾਬੀ ਆਪਣੇ-ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ।ਉਂਝਾ ਨੇ ਕਿਹਾ ਕਿ ਮਨੋਰੰਜਨ ਕਾਲੀਆ ਦੇ ਘਰ ਤੇ ਗਰਨੇਡ ਹਮਲਾ ਪੰਜਾਬ ਦੀ ਕਾਨੂੰਨ ਵਿਵਸਥਾ ਦੀ ਮੂੰਹ ਬੋਲਦੀ ਤਸਵੀਰ ਹੈ।ਉਹਨਾਂ ਕਿਹਾ ਆਮ ਭਗਵੰਤ ਮਾਨ ਸਰਕਾਰ ਭਾਜਪਾ ਆਗੂਆਂ ਦੀ ਸੁਰੱਖਿਆ ਯਕੀਨੀ ਬਣਾਵੇ ਤੇ ਹਮਲੇ ਦੇ ਦੋਸ਼ੀਆ ਵਿਰੁੱਧ ਸਖ਼ਤ ਕਾਰਵਾਈ ਕਰੇ।



## ਹਮਲਿਆਂ ਪਿੱਛੇ ਲਾਰੈਂਸ ਬਿਸ਼ਨੋਈ ਤੇ ਉਸ ਦੇ ਪਾਕਿਸਤਾਨੀ ਆਕਾਵਾਂ ਦਾ ਹੱਥ : ਮਹਿੰਦਰ ਭਗਤ



**ਜਲੰਧਰ, (ਸ਼ੈਲੀ ਐਲਬਰਟ)**
ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਵਿੱਚ ਵਾਪਰ ਰਹੀਆਂ ਘਟਨਾਵਾਂ ਪਿੱਛੇ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਉਸਦੇ ਪਾਕਿਸਤਾਨੀ ਆਕਾਵਾਂ ਦਾ ਹੱਥ ਹੈ।ਕੈਬਨਿਟ ਮੰਤਰੀ ਨੇ ਅਹਿਮਦਾਬਾਦ ਦੀ ਸਾਬਰਮਤੀ ਜੇਲ੍ਹ ਵਿੱਚ ਬਿਸ਼ਨੋਈ ਨੂੰ ਕਥਿਤ ਤੌਰ 'ਤੇ ਵੀ ਆਈ ਪੀ ਸੁਰੱਖਿਆ ਪ੍ਰਦਾਨ ਕਰਨ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਵੀ ਕੀਤੀ।ਸ੍ਰੀ ਭਗਤ ਨੇ ਇਹ ਟਿੱਪਣੀਆਂ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ ਦਾ ਦੌਰਾ ਕਰਨ ਦੌਰਾਨ ਕੀਤੀਆਂ।ਉਨ੍ਹਾਂ ਦੀ ਇਕ ਚੰਗੇ ਮਾਹੌਲ ਵਿੱਚ ਮਨੋਰੰਜਨ ਕਾਲੀਆ ਨਾਲ ਗੱਲਬਾਤ ਹੋਈ, ਜਿਸ ਦੌਰਾਨ ਸ੍ਰੀ ਭਗਤ ਨੇ ਉਨ੍ਹਾਂ ਦਾ ਹਾਲ-ਚਾਲ ਜਾਣਿਆ।ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਪੁਲਸ ਇਸ ਘਟਨਾ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।ਸ੍ਰੀ ਭਗਤ ਨੇ ਕਿਹਾ ਕਿ ਪੰਜਾਬ ਪੁਲਸ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕ ਰਹੀ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਪੰਜਾਬ ਸਰਕਾਰ ਕਿਸੇ ਨੂੰ ਵੀ ਸੂਬੇ ਦੀ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੀ ਇਜਾਜ਼ਤ ਨਹੀਂ ਦੇਵੇਗੀ।ਇਸ ਦੌਰਾਨ, ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਜੋ ਕੈਬਨਿਟ ਮੰਤਰੀ ਦੇ ਨਾਲ ਸਨ, ਨੇ ਵੀ ਪੰਜਾਬ ਵਿੱਚ ਅਜਿਹੇ ਹਮਲਿਆਂ ਲਈ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਉਸਦੇ ਪਾਕਿਸਤਾਨ ਸਥਿਤ ਆਕਾਵਾਂ ਦਾ ਹੱਥ ਹੋਣ 'ਤੇ ਚਿੰਤਾ ਜ਼ਾਹਿਰ ਕੀਤੀ।ਵਿਧਾਇਕ ਰਮਨ ਅਰੋੜਾ ਨੇ ਕਿਹਾ ਕਿ ਲਾਰੈਂਸ ਬਿਸ਼ਨੋਈ ਵਰਗੇ ਲੋਕ ਪੰਜਾਬ ਦਾ ਮਾਹੌਲ ਖ਼ਰਾਬ ਕਰਨਾ ਚਾਹੁੰਦੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਲੋਕਾਂ ਤੋਂ ਪੰਜਾਬ ਦੀ ਸ਼ਾਂਤੀ ਬਰਦਾਸ਼ਤ ਨਹੀਂ ਹੋ ਰਹੀ, ਜਿਸ ਕਰਕੇ ਸੂਬੇ ਦੇ ਅਮਨ ਨੂੰ ਲਾਂਬੂ ਲਾਉਣ ਲਈ ਇਸ ਤਰ੍ਹਾਂ ਦੀਆਂ ਕੋਝੀਆਂ ਸਾਜ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਨੇ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੱਤਾ।

## ਵਿਸ਼ਵ ਸਿਹਤ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਪਬਲਿਕ ਸਕੂਲ ਵਿਖੇ ਹੈਲਥ ਐਂਡ ਵੈਲਨਸ ਕਲੱਬ ਵੱਲੋਂ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆ ਨੂੰ ਦੱਸਿਆ ਗਿਆ ਕਿ ਚੰਗੀ ਸਿਹਤ ਸਭ ਤੋਂ ਵੱਡੀ ਵਰਦਾਨ ਹੈ।ਵਿਸ਼ਵ ਸਿਹਤ ਦਿਵਸ ਪੂਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ।ਇਸ ਮੌਕੇ ਸਕੂਲ ਅਧਿਆਪਕ ਗਗਨਦੀਪ ਸਿੰਘ ਵੱਲੋਂ ਭਾਸ਼ਣ ਦਿੱਤਾ ਗਿਆ।ਵਿਦਿਆਰਥੀਆ ਵੱਲੋਂ ਕਵਿਤਾਵਾਂ ਅਤੇ ਭਾਸ਼ਣ ਦੇ ਕੇ ਚੰਗੀ ਸਿਹਤ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ।ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਵਧੀਆ ਖਾਣਾ ਖਾਣ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਚਰਨ ਸਿੰਘ, ਸਤਨਾਮ ਸਿੰਘ, ਮੈਡਮ ਸੁਰਿੰਦਰ ਕੌਰ, ਮਨਦੀਪ ਕੌਰ, ਪਿਆਰਾ ਸਿੰਘ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।




## ਮੇਹਰ ਚੰਦ ਪੋਲੀਟੈਕਨਿਕ ਕਾਲਜ ਨੇ ਪੰਜਾਬ 'ਚ 47 ਸਥਾਨਾਂ 'ਤੇ ਮੱਲਾਂ ਮਾਰੀਆਂ

**ਜਲੰਧਰ (ਸ਼ੈਲੀ ਐਲਬਰਟ)**
ਪੰਜਾਬ ਸਟੇਟ ਤਕਨੀਕੀ ਸਿੱਖਿਆ ਬੋਰਡ ਵੱਲੋਂ ਲਈ ਪ੍ਰੀਖਿਆ ਵਿੱਚ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਵਿਦਿਆਰਥੀਆਂ ਨੇ ਮੱਲਾਂ ਮਾਰਦਿਆਂ ਸਮੁੱਚੇ ਪੰਜਾਬ ਵਿੱਚੋਂ ਵੱਖ-ਵੱਖ ਕੋਰਸਾਂ ਦੇ ਪਹਿਲੇ 47 ਮੈਰਿਟ ਸਥਾਨਾਂ 'ਤੇ ਕਬਜਾ ਕਰਦਿਆਂ ਆਪਣਾ ਪਰਚਮ ਲਹਿਰਾਇਆ ਹੈ।ਪ੍ਰਿੰਸੀਪਲ ਜਗਰੂਪ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਇਸ ਵਿੱਚੋਂ 5 ਪਹਿਲੇ ਸਥਾਨ, 1 ਦੂਜਾ ਸਥਾਨ ਅਤੇ 2 ਤੀਜੇ ਸਥਾਨ ਪ੍ਰਾਪਤ ਕੀਤੇ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਆਟੋਮੋਬਾਇਲ ਵਿਭਾਗ ਦੇ ਰਣਯੋਧ ਸਿੰਘ (ਚੌਥਾ ਸਮੈਸਟਰ) ਅਤੇ ਅਨਮੋਲਜੀਤ ਸਿੰਘ (ਛੇਵਾਂ ਸਮੈਸਟਰ), ਇਲੈਕਟ੍ਰੋਨਿਕਸ ਦੇ ਸ਼ਿਵਮ ਮਿਸ਼ਰਾ (ਛੇਵਾਂ ਸਮੈਸਟਰ), ਕੰਮਪਿਊਟਰ ਵਿਭਾਗ ਦੇ ਹਿਮਾਂਸ਼ੂ ਪਦਮ (ਛੇਵਾਂ ਸਮੈਸਟਰ) ਅਤੇ ਫਾਰਮੇਸੀ ਵਿਭਾਗ ਦੀ ਵੰਸ਼ਿਕਾ (ਦੂਸਰੇ ਸਾਲ ) ਪੰਜਾਬ ਭਰ ਵਿੱਚੋਂ ਪਹਿਲੇ ਸਥਾਨਾਂ 'ਤੇ ਰਹੇ ਅਤੇ ਕਾਲਜ ਦਾ ਨਾਂ ਰੋਸ਼ਨ ਕੀਤਾ।ਬਾਕੀ 39 ਵਿਦਿਆਰਥੀਆਂ ਨੇ ਚੌਥੇ ਤੋਂ ਲੈ ਕੇ ਵੀਹਵੇਂ ਰੈਂਕ ਤੱਕ ਵਖਰੋਂ-ਵਖਰੀਆਂ ਮੈਰਿਟ ਪੁਜੀਸ਼ਨਾਂ ਹਾਸਲ ਕੀਤੀਆਂ।ਪਹਿਲੇ ਪੰਜ ਸਥਾਨਾ ਵਿੱਚ ਕੁੱਲ 16 ਵਿਦਿਆਰਥੀਆਂ ਰਹੇ।ਉਹਨਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਇਸ ਪ੍ਰਾਪਤੀ ਦਾ ਸਿਹਰਾ ਵਿਦਿਆਰਥੀਆਂ ਦੀ ਅਣਥੱਕ ਮੇਹਨਤ ਅਤੇ ਮਿਹਨਤੀ ਤੇ ਅਨੁਭਵੀ ਸਟਾਫ ਨੂੰ ਜਾਂਦਾ ਹੈ।ਇਸ ਮੌਕੇ ਡਾ. ਸੰਜੇ ਬਾਸਲ, ਡਾ. ਰਾਜੀਵ ਭਾਟੀਆ, ਕਸ਼ਮੀਰ ਕੁਮਾਰ, ਪ੍ਰਿੰਸ ਮਦਾਨ, ਮੈਡਮ ਰਿਚਾ ਅਰੋੜਾ, ਸੁਧਾਂਸ਼ੂ ਨਾਗਪਾਲ, ਸੰਦੀਪ ਕੁਮਾਰ, ਕਪਿਲ ਉਹਰੀ, ਸਾਹਿਲ, ਅਮਿਤ ਖੰਨਾ, ਨਵਮ, ਮੈਡਮ ਗੀਤਾ ਅਤੇ ਮੈਡਮ ਦੇਵਿਕਾ ਹਾਜ਼ਿਰ ਸਨ।



## ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਉਣ ਸੰਬੰਧੀ ਸਮਾਗਮ ਅੱਜ



**ਅੱਡਾ ਸਰਾਂ (ਜਸਵੀਰ ਕਾਜਲ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਮਨਾਉਣ ਸੰਬੰਧੀ ਡਾ. ਬੀ ਆਰ ਅੰਬੇਡਕਰ ਯੂਥ ਕਲੱਬ ਰਜਿ. ਕੰਧਾਲਾ ਜੱਟਾਂ ਦੇ ਪ੍ਰਧਾਨ ਜਸਵੀਰ ਸਿੰਘ ਲੱਕੀ, ਉਪ ਪ੍ਰਧਾਨ ਸੁਮਨਦੀਪ ਸਿੰਘ ਸ਼ੰਮੀ ਅਤੇ ਸਰਪ੍ਰਸਤ ਚਰਨਜੀਤ ਪੜਬੱਗਾ ਦੀ ਅਗਵਾਈ ਅਤੇ ਨਗਰ ਨਿਵਾਸੀਆਂ ਦੇ ਮੌਜੂਦਗੀ ਵਿੱਚ ਸਮਾਗਮ ਅੱਜ ਹੋਵੇਗਾ।ਉਹਨਾਂ ਦੱਸਿਆ ਕਿ ਅੰਬੇਡਕਰੀ ਮਿਸ਼ਨਰੀ ਪ੍ਰਸਿੱਧ ਬੁਲਾਰੇ ਅਨਿਲ ਕੁਮਾਰ ਬਾਹਗਾ, ਪ੍ਰਧਾਨ ਅੰਬੇਡਕਰ ਫੋਰਸ ਪੰਜਾਬ, ਡਾ. ਗੁਗਲਾਨੀ ਜਨਰਲ ਸਕੱਤਰ ਵਾਲਮੀਕ ਆਸ਼ਰਮ ਅੰਮ੍ਰਿਤਸਰ, ਧਰਮਿੰਦਰ ਸਿੰਘ ਭੁੱਲਾਰਾਈ ਉੱਘੇ ਸਮਾਜ ਸੇਵੀ, ਮੈਡਮ ਪ੍ਰਤਿਭਾ ਸਮਾਜ ਸੇਵੀ ਅਤੇ ਹੋਰ ਬਹੁਤ ਸਾਰੇ ਬੁਲਾਰੇ ਪਹੁੰਚ ਕੇ ਬਾਬਾ ਸਾਹਿਬ ਦੇ ਜੀਵਨ ਅਤੇ ਸਮਾਜ ਹਿਤ ਕੀਤੇ ਕੰਮਾਂ 'ਤੇ ਝਾਤ ਪਾਉਣਗੇ।ਇਸ ਮੌਕੇ ਸਰਪੰਚ ਹਰਪ੍ਰੀਤ ਕੌਰ, ਸਮੂਹ ਗ੍ਰਾਮ ਪੰਚਾਇਤ ਕੰਧਾਲਾ ਜੱਟਾਂ, ਸੂਬੇਦਾਰ. ਬਖਸ਼ੀਸ਼ ਸਿੰਘ, ਅਮਰੀਕ ਸਿੰਘ ਮੀਕਾ, ਜਸਵਿੰਦਰ ਸਿੰਘ, ਅਮਰਜੀਤ ਸਿੰਘ ਹੀਰ, ਵਰਿੰਦਰ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।

## ਦੁਆਬਾ ਕਿਸਾਨ ਯੂਨੀਅਨ ਦੀ ਮੀਟਿੰਗ 'ਚ ਅਹਿਮ ਕਿਸਾਨੀ ਮੁੱਦਿਆਂ 'ਤੇ ਵਿਚਾਰ-ਚਰਚਾ

**ਮਹਿਤਪੁਰ (ਰਾਜਾ)**
ਦੁਆਬਾ ਕਿਸਾਨ ਯੂਨੀਅਨ ਮਹਿਤਪੁਰ, ਪੰਜਾਬ ਦੀ ਮੀਟਿੰਗ ਰਸ਼ਪਾਲ ਸਿੰਘ ਧੰਜੂ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਹੇਠ ਲਿਖੇ ਮੁੱਦਿਆਂ ਤੇ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਆਉਣ ਵਾਲੇ ਕਣਕ ਦੇ ਸੀਜ਼ਨ ਸਬੰਧ ਵਿੱਚ ਮੰਡੀਆਂ ਵਿੱਚ ਕਿਸਾਨਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਝੋਨੇ ਦੀ ਬਜਾਈ ਜੋ ਕਿ ਇਕ ਜੂਨ ਤੋਂ ਸ਼ੁਰੂ ਹੋਣੀ ਹੈ ਉਸ ਬਾਰੇ ਕਿ ਸਰਕਾਰ ਤੋਂ ਮੰਗ ਕੀਤੀ ਗਈ ਕਿ ਬਿਜਲੀ ਦੀਆਂ ਲਾਈਨਾਂ, ਟਰਾਂਸਫਾਰਮਰ ਅਤੇ ਹੋਰ ਸਾਜੋ ਸਮਾਨ ਦੀ ਰਿਪੇਅਰ ਸਮੇਂ ਸਿਰ ਕਰਾਉਣ ਦੀ ਮੰਗ ਕੀਤੀ ਗਈ ਤਾਂ ਜੋ ਝੋਨੇ ਦੇ ਸੀਜਨ ਵਿੱਚ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਸਕੇ। ਮੰਡੀਆਂ ਵਿੱਚ ਹੋ ਰਹੀ ਆਲੂ ਦੀ ਬੇਕਦਰੀ ਬਾਰੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਜਲਦੀ ਤੋਂ ਜਲਦੀ ਆਲੂਆਂ ਦੀ ਖਰੀਦ ਦਾ ਵਧੀਆ ਇੰਤਜਾਮ ਕੀਤਾ ਜਾਵੇ ਤਾਂ ਜੋ ਕਿਸਾਨ ਵੀਰਾਂ ਨੂੰ ਵਧੀਆ ਭਾਅ ਮਿਲ ਸਕੇ। ਮਹਿਤਪੁਰ ਵਿੱਚ ਜੋ ਸੀਵਰੇਜ ਸਿਸਟਮ ਕਰਕੇ ਸੜਕਾਂ ਪੱਟੀਆਂ ਗਈਆਂ ਸਨ ਉਹਨਾਂ ਨੂੰ ਬੜੇ ਲੰਮੇ ਸਮੇਂ ਤੋਂ ਰਿਪੇਅਰ ਨਹੀਂ ਕੀਤਾ ਗਿਆ। ਸਰਕਾਰ ਤੋਂ ਮੰਗ ਕੀਤੀ ਗਈ ਕਿ ਇਹਨਾਂ ਸੜਕਾਂ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ ਤਾਂ ਜੋ ਮਹਿਤਪੁਰ ਵਿੱਚ ਆਵਾਜਾਈ ਦਾ ਸਿਸਟਮ ਵਧੀਆ ਹੋ ਸਕੇ। ਮਹਿਤਪੁਰ ਤੋਂ ਰਾਜੋਵਾਲ ਤੱਕ ਮੇਨ ਸੜਕ ਬਿਲਕੁਲ ਕਚਰਾ ਹੋ ਚੁੱਕੀ ਹੈ ਇਸ ਦੀ ਜਲਦੀ ਰਿਪੇਅਰ ਬਾਰੇ ਸਰਕਾਰ ਵੱਲੋਂ ਲਾਰੇ ਲੱਪੇ ਲਾਏ ਜਾ ਰਹੇ ਹਨ ਸੋ ਇਸ ਸੜਕ ਦੀ ਜਲਦੀ ਰਿਪੇਅਰ ਕਰਾਉਣ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਮਹਿੰਦਰਪਾਲ ਸਿੰਘ ਟੁਰਨਾ, ਸਾਧੂ ਸਿੰਘ ਮਰੋਕ, ਗੁਰਨਾਮ ਸਿੰਘ ਮਹਿਸਮਪੁਰੀ, ਕਸ਼ਮੀਰੀ ਲਾਲ ਲੰਬੜਦਾਰ, ਦਲਜੀਤ ਸਿੰਘ ਬਾਜਵਾ, ਸਰਬਜੀਤ ਸਿੰਘ ਝੁੱਗੀਆਂ, ਦਿਲਬਾਗ ਸਿੰਘ ਚੰਦੀ ਪ੍ਰਧਾਨ, ਪਰਮਜੀਤ ਸਿੰਘ ਮੰਗਾ ਮਹਿਸਮਪੁਰ, ਗੁਰਮੁਖ ਸਿੰਘ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ, ਕੁਲਦੀਪ ਸਿੰਘ, ਪਰਮਜੀਤ ਸਿੰਘ, ਬਿਕਰਮਜੀਤ ਸਿੰਘ ਸ਼ਾਹਪੁਰ, ਕਿਰਪਾਲ ਸਿੰਘ, ਹਰਬੰਸ ਸਿੰਘ ਤੰਦਾਹੁਰਾ, ਸੁਰਿੰਦਰਪਾਲ ਸਿੰਘ ਨਕੋਦਰ ਅਤੇ ਗੋਰਾ ਸਿੰਘ ਹਾਜ਼ਰ ਸਨ।

## ਸੀਟੂ ਮਜ਼ਦੂਰਾਂ ਵੱਲੋਂ ਅੰਬੇਡਕਰ ਜੈਅੰਤੀ ਤੇ ਮਜ਼ਦੂਰ ਦਿਵਸ ਮਨਾਇਆ ਜਾਵੇਗਾ

**ਖਰੜ (ਹਰਨਾਮ ਸਿੰਘ ਡੱਲਾ)**-ਸਥਾਨਕ ਮਜ਼ਦੂਰ ਜਥੇਬੰਦੀ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਖਰੜ ਦੇ ਮਜ਼ਦੂਰਾਂ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਇੱਕ ਮਈ ਦਾ ਮਜ਼ਦੂਰ ਦਿਹਾੜਾ ਮਨਾਉਣ ਦਾ ਫੈਸਲਾ ਲਿਆ ਗਿਆ ਹੈ। ਸਾਥੀ ਸੁਰਿੰਦਰ ਸਿੰਘ ਬਡਾਲਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸ਼ਾਮਲ ਸਾਥੀ ਭਾਗ ਸਿੰਘ ਕਮਾਲੀ, ਅਮਰਜੀਤ ਸਿੰਘ ਭਾਗੂਮਾਜਰਾ, ਜਸਵੰਤ ਸਿੰਘ ਪੰਨੂੰਆਂ, ਸੇਵਾ ਸਿੰਘ ਖਾਨਪੁਰ, ਭੋਲਾ ਸਿੰਘ, ਜੈਮਲ ਸਿੰਘ, ਮੇਜਰ ਸਿੰਘ, ਰਣਧੀਰ ਸਿੰਘ ਰੜਿਆਲਾ ਅਤੇ ਹਰਨਾਮ ਸਿੰਘ ਡੱਲਾ ਨੇ ਭਾਗ ਲਿਆ।ਮੀਟਿੰਗ ਵਿੱਚ ਇਕੱਤਰ ਹੋਏ ਮਜ਼ਦੂਰਾਂ ਨੇ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੀ ਕੇਂਦਰੀ ਕਮੇਟੀ ਦੇ ਫੈਸਲਿਆਂ ਉੱਤੇ ਵਿਚਾਰ ਵਟਾਂਦਰਾ ਕੀਤਾ ਗਿਆ।

## ਬੱਚੇ ਪੜ੍ਹਾਈ ਦੇ ਨਾਲ ਖੇਡਾਂ ਵੱਲ ਵੀ ਧਿਆਨ ਦੇਣ : ਅਟਵਾਲ



**ਫਿਲੌਰ (ਬੀ ਐਸ ਕੈਨੈਡੀ)**- ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਲੜਕੇ ਦੀ ਗਰਾਊਂਡ 'ਚ ਫੁੱਟਬਾਲ ਅਕੈਡਮੀ ਵੱਲੋਂ ਛੋਟੇ ਬੱਚਿਆਂ ਦੇ ਕਰਵਾਏ ਟੂਰਨਾਮੈਂਟ ਵਿਚ ਵਿਸ਼ੇਸ਼ ਤੌਰ 'ਤੇ ਆਏ ਕਾਂਗਰਸੀ ਆਗੂ ਰਾਜਪਾਲ ਸਿੰਘ ਅਟਵਾਲ ਨੇ ਟੂਰਨਾਮੈਂਟ ਦਾ ਉਦਘਾਟਨ ਕਰਦੇ ਹੋਏ ਕਿਹਾ ਬੱਚੇ ਦੇਸ਼ ਦਾ ਭਵਿੱਖ ਹਨ ਇਨਾਂ ਬੱਚਿਆਂ ਪੜ੍ਹ ਲਿਖ ਕੇ ਵੱਡੇ ਅਫ਼ਸਰ ਬਣਨਾ ਹੈ। ਉਨ੍ਹਾਂ ਬੱਚਿਆਂ ਨੂੰ ਕਿਹਾ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਉਜਾਗਰ ਰਾਏ, ਸੁਰਜੀਤ ਸਿੰਘ ਬਾਸੀ, ਪੰਮਾ ਸਿੰਘ ਤੂਰ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

## ਜ਼ਿਲ੍ਹਾ ਹਸਪਤਾਲ ਵਿਖੇ ਮਨਾਇਆ 'ਵਿਸ਼ਵ ਸਿਹਤ ਦਿਵਸ'

**ਨਵਾਂਸ਼ਹਿਰ, (ਮਨੋਜ ਲਾਡੀ, ਕੁਲਵਿੰਦਰ ਦੁਰਗਾਪੁਰੀਆ)**-'ਵਿਸ਼ਵ ਸਿਹਤ ਦਿਵਸ' ਮੌਕੇ ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਡਾ. ਨਿਰਮਲ ਮੈਡੀਸਨ ਸਪੈਸ਼ਲਿਸਟ, ਡਾ. ਕ੍ਰਿਸ਼ਨ ਰਾਏ ਛਾਤੀ ਦੇ ਰੋਗਾਂ ਦੇ ਮਾਹਿਰ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਤਰਸੇਮ ਲਾਲ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਕਿਸੇ ਵਿਅਕਤੀ ਦੇ ਜੀਵਨ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਉਸਦੀ ਸਿਹਤ ਹੈ, ਜੋ ਉਸਦੇ ਜੀਵਨ ਦੀ ਗੁਣਵੱਤਾ ਨੂੰ ਨਿਰਧਾਰਤ ਕਰਦੀ ਹੈ।ਇਸਦੇ ਮੱਦੇਨਜ਼ਰ ਹੀ ਸਿਹਤ ਵਿਭਾਗ ਵੱਲੋਂ 'ਵਿਸ਼ਵ ਸਿਹਤ ਦਿਵਸ' ਹਰ ਸਾਲ ਲੋਕਾਂ ਨੂੰ ਤੰਦਰੁਸਤੀ ਅਤੇ ਸਿਹਤਮੰਦ ਜੀਵਨ ਪ੍ਰਤੀ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਮਨਾਇਆ ਜਾਂਦਾ ਹੈ।ਇਸ ਮੌਕੇ ਹਰਜੀਤ ਸਿੰਘ ਐਮ. ਐਲ. ਟੀ, ਗੁਰਤੇਜ ਸਿੰਘ ਏਂ ਐਸ਼ ਆਈ, ਸਤਨਾਮ ਸਿੰਘ ਏ ਐਸ ਆਈ, ਬੂਟਾ ਸਿੰਘ, ਕੁਲਵਿੰਦਰ ਕੁਮਾਰ ਸਮੂਹ ਸਟਾਫ ਅਤੇ ਆਏਂ ਹੋਏ ਮਰੀਜ਼ਾਂ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ।



## ਪ੍ਰਾਚੀਨ ਸ਼ਿਵ ਮੰਦਰ 'ਚ ਸ੍ਰੀ ਰਾਮ ਨੌਮੀ ਦਾ ਉਤਸਵ ਮਨਾਇਆ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**
ਬ੍ਰਹਮਲੀਨ ਮਹੰਤ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਤੇ ਪ੍ਰਾਚੀਨ ਸ਼ਿਵ ਮੰਦਿਰ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਮਹਾਰਾਜ ਦੇ ਅਸ਼ੀਰਵਾਦ ਨਾਲ ਮੰਦਿਰ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਦਿਵਯ ਜਯੋਤੀ ਜਾਗ੍ਰਿਤੀ ਸੰਸਥਾ ਦੇ ਮੁੱਖ ਪ੍ਰਵਕਤਾ ਸੋਮਿਆ ਭਾਰਤੀ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਮੰਦਿਰ ਵਿੱਚ ਪਹੁੰਚੇ ਤੇ ਸਮੂਹ ਸੰਗਤਾਂ ਵੱਲੋਂ ਉਹਨਾਂ ਦਾ ਸਵਾਗਤ ਕੀਤਾ ਗਿਆ ਦਿਵਯ ਜਯੋਤੀ ਜਾਗ੍ਰਿਤੀ ਸੰਸਥਾ (ਨੂਰਮਹਿਲ) ਵੱਲੋਂ ਭਜਨ ਕੀਰਤਨ ਕੀਤਾ ਗਿਆ।ਸੰਸਥਾ ਦੇ ਮੁੱਖ ਪ੍ਰਵਕਤਾ ਸੋਮਿਆ ਭਾਰਤੀ ਨੇ ਆਪਣੇ ਵਿਚਾਰਾਂ ਸਾਂਝੇ ਕਰਦੇ ਹੋਏ ਮਰਯਾਦਾ ਪੁਰਸ਼ੋਤਮ ਸ਼੍ਰੀ ਰਾਮਚੰਦਰ ਜੀ ਦੇ ਜਨਮ ਬਾਰੇ ਦੱਸਿਆ ਗਿਆ ਤੇ ਉੱਥੇ ਹੀ ਮਾਤਾ ਕੌਸ਼ਲਿਆ, ਸੁਮਿੱਤਰਾ ਅਤੇ ਕੈਕੇਈ ਦੇ ਜੀਵਨ ਬਾਰੇ ਵੀ ਵਿਸਥਾਰ ਪੂਰਵਕ ਦੱਸਿਆ ਗਿਆ ਤੇ ਦੁਨੀਆਂ ਵਿੱਚ ਸਭ ਤੋਂ ਉੱਚਾ ਸਨਾਤਨ ਧਰਮ ਮੰਨਿਆ ਗਿਆ ਹੈ। ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਮਹਾਰਾਜ ਬਾਰੇ ਦੱਸਦੇ ਹੋਏ ਕਿਹਾ ਪਿਛਲੇ ਕਈ ਸਾਲਾਂ ਤੋਂ ਮਹਾਰਾਜ ਜੀ ਵੱਲੋਂ ਹਿੰਦੂ-ਸਿੱਖਾਂ ਨੂੰ ਇੱਕਜੁੱਟ ਕਰਨ ਦੀ ਆਪਣੀ ਪੂਰੀ ਕੋਸ਼ਿਸ਼ ਕਰ ਰਹੇ ਹਨ ਤੇ ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਮਹਾਰਾਜ ਵੱਲੋਂ ਹਰ ਵਾਰੀ ਸੰਦੇਸ਼ ਦਿੱਤਾ ਜਾਂਦਾ ਹੈ ਕਿ ਜੋ ਵੀ ਪਰਮਾਤਮਾ ਨੇ ਤੁਹਾਨੂੰ ਧਰਮ ਦਿੱਤਾ ਹੈ ਉਸ ਧਰਮ ਨੂੰ ਕਦੀ ਨਹੀਂ ਬਦਲਣਾ ਚਾਹੀਦਾ। ਇਸ ਮੌਕੇ ਮੰਦਿਰ 'ਚ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆਂ ਤੇ ਉਹਨਾਂ ਨੇ ਕੀਰਤਨ ਦਾ ਆਨੰਦ ਮਾਨਿਆ। ਇਸ ਮੌਕੇ ਮਾਤਾ ਕਮਲੇਸ਼ ਵਿਸ਼ੇਸ਼ ਤੌਰ 'ਤੇ ਮੰਦਿਰ ਵਿੱਚ ਹਾਜ਼ਿਰ ਹੋਏ ਤੇ ਕੀਰਤਨ ਉਪਰੰਤ ਸੋਮਿਆ ਭਾਰਤੀ ਤੇ ਉਹਨਾਂ ਦੀ ਟੀਮ ਨੂੰ ਇੱਕ ਯਾਦਗਾਰ ਚਿੰਨ੍ਹ ਭੇਂਟ ਕੀਤਾ ਗਿਆ। ਲੰਗਰ ਅਟੁੱਟ ਵਰਤਾਇਆ ਗਿਆ।



## ਇਨੋਸੈਂਟ ਹਾਰਟਸ ਸਕੂਲਾਂ 'ਚ ਮਨਾਇਆ ਵਰਲਡ ਹੈਲਥ-ਡੇ

**ਜਲੰਧਰ (ਸ਼ੈਲੀ ਐਲਬਰਟ)**
ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਏ ਜਾ ਰਹੇ ਦਿਸ਼ਾ- ਐਨ ਇਨੀਸ਼ੀਏਟਿਵ ਦੇ ਤਹਿਤ, ਇਨੋਸੈਂਟ ਹਾਰਟਸ ਸਕੂਲ ਦੀਆਂ ਪੰਜਾਂ ਸ਼ਾਖਾਵਾਂ-ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਛਾਉਣੀ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ ਵਿੱਚ ਵਿਸ਼ਵ ਸਿਹਤ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਵਿਦਿਆਰਥੀਆਂ ਵਿੱਚ ਸਿਹਤ, ਸਫਾਈ ਅਤੇ ਤੰਦਰੁਸਤੀ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਅਤੇ ਵਿਦਿਅਕ ਗਤੀਵਿਧੀਆਂ ਕੀਤੀਆਂ ਗਈਆਂ।ਪਹਿਲੀ ਜਮਾਤ ਲਈ ਸਫਾਈ ਅਤੇ ਪਾਣੀ ਬਚਾਉਣ ਦੀ ਮਹੱਤਤਾ ਨੂੰ ਦਰਸਾਉਣ ਲਈ ਸਾਫ਼ ਹੱਥਾਂ ਦੀ ਸ਼ਕਤੀ ਗਤੀਵਿਧੀ ਕਰਵਾਈ ਗਈ। ਦੂਜੀ ਅਤੇ ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਸਿਹਤ ਅਤੇ ਤੰਦਰੁਸਤੀ ਕਲੱਬ ਦੀ ਅਗਵਾਈ ਹੇਠ ਪੌਸ਼ਟਿਕ ਭੋਜਨ ਤੇ ਇੱਕ ਜਾਗਰੂਕਤਾ ਭਾਸ਼ਣ ਵਿੱਚ ਹਿੱਸਾ ਲਿਆ। ਚੌਥੀ ਜਮਾਤ ਵਿੱਚ, ਈਕੋ ਕਲੱਬ ਦੇ ਅੰਬੈਸਡਰਾਂ ਨੇ ਸਕੂਲ ਦੇ ਆਲੇ ਦੁਆਲੇ ਸਫਾਈ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਫਾਈ ਮੁਹਿੰਮ ਦੀ ਅਗਵਾਈ ਕੀਤੀ।ਪੰਜਵੀਂ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ, ਸਪੋਰਟਸ ਐਂਡ ਵੈਲਨੈੱਸ ਕਲੱਬ ਦੁਆਰਾ ਇੱਕ ਯੋਗਾਲੇਟਸ ਸੈਸ਼ਨ ਕਰਵਾਇਆ ਗਿਆ। ਇਸ ਤੋਂ ਇਲਾਵਾ, ਭਾਸ਼ਾਈ ਕਲੱਬ ਨੇ ਇੱਕ ਹੈਲਥ ਜਰਨਲ ਗਤੀਵਿਧੀ ਦਾ ਵੀ ਆਯੋਜਨ ਕੀਤਾ, ਜਿੱਥੇ ਵਿਦਿਆਰਥੀਆਂ ਨੇ ਆਪਣੇ ਰੋਜ਼ਾਨਾ ਦੇ ਰੁਟੀਨ, ਜਿਸ ਵਿੱਚ ਭੋਜਨ ਦਾ ਸੇਵਨ, ਕਸਰਤ, ਨੀਂਦ ਅਤੇ ਸਫਾਈ ਸ਼ਾਮਲ ਹੈ, ਨੂੰ ਰਿਕਾਰਡ ਕੀਤਾ।




## ਕੰਮ ਕਰ ਰਹੇ ਮੇਟਾਂ ਨੂੰ ਗੈਰ-ਕਨੂੰਨੀ ਢੰਗ ਨਾਲ ਨਾ ਹਟਾਇਆ ਜਾਵੇ : ਬੈਂਸ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜਦੂਰ ਮੋਰਚਾ ਅਤੇ ਪਰਮਿੰਦਰ ਬੈਂਸ ਆਗੂ ਮਨਰੇਗਾ ਅਧਿਕਾਰ ਅੰਦੋਲਨ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਕੰਮ ਕਰ ਰਹੇ ਮਨਰੇਗਾ ਮੇਟਾਂ ਨੂੰ ਬਿਨਾ ਕਿਸੇ ਢੋਸ ਕਰਨ ਕੰਮ ਤੋਂ ਨਾ ਹਟਾਇਆ ਜਾਵੇ। ਕਿਉਂਕਿ ਅਜਿਹਾ ਗੈਰ ਕਾਨੂੰਨੀ ਕਾਰਜ ਪਿੰਡਾਂ ਵਿਚ ਧੜੇ ਬੰਦੀ ਪੈਦਾ ਕਰਦਾ ਹੈ ਜਿਸ ਨਾਲ ਪਿੰਡ ਦੇ ਵਿਕਾਸ 'ਤੇ ਮਾੜਾ ਅਸਰ ਪੈਂਦਾ ਹੈ। ਜੇ ਸਰਕਾਰ ਨੇ ਇਸ ਤਰ੍ਹਾਂ ਦੀ ਗੈਰ ਕਾਨੂੰਨੀ ਕਾਰਵਾਈ ਕਰਕੇ ਕਿਸੇ ਵੀ ਮੇਟ ਨੂੰ ਹਟਾਇਆ ਤਾਂ ਉਸ ਵਿਰੁੱਧ ਜ਼ੋਰਦਾਰ ਸੰਘਰਸ਼ ਕੀਤਾ ਜਾਵੇਗਾ। ਉਨਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪਿੰਡ ਵਿੱਚ ਧੜੇਬੰਦੀ ਨਾ ਪੈਦਾ ਹੋਣ ਦੇਣ ਤਾਂ ਕਿ ਵਿਕਾਸ ਦੇ ਕੰਮ ਲਗਾਤਾਰ ਚਲਦੇ ਰਹਿਣ।



## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਖਿਆਲਾ ਜਲੰਧਰ 'ਚ ਅਦੀਵਾ ਫੈਸ਼ਨ ਸ਼ੋਅ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ 'ਚ ਅਦੀਵਾ ਫੈਸ਼ਨ ਸ਼ੋਅ ਦਾ ਅਯੋਜਨ ਕੀਤਾ ਗਿਆ।ਇਹ ਫੈਸ਼ਨ ਸ਼ੋਅ ਇੰਸਟੀਚਿਊਟ ਆਫ ਫੈਸ਼ਨ ਡਿਜਾਈਨਿੰਗ ਵੱਲੋਂ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਆਡੀਟੋਰੀਅਮ ਵਿੱਚ ਆਯੋਜਿਤ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਗੁਰਮਤਿ ਸ਼ਬਦ ਗਾਇਨ ਨਾਲ ਹੋਈ। ਇਸ ਤੋਂ ਬਾਅਦ ਸ਼ਮ੍ਹਾ ਰੌਸ਼ਨ ਕੀਤੀ ਗਈ।ਇਸ ਫੈਸ਼ਨ ਸ਼ੋਅ ਵਿਚ ਪਹਿਰਾਵਿਆਂ ਦੇ ਰੰਗ-ਰੂਪ, ਪਰੰਪਰਾਵਾਂ ਅਤੇ ਆਧੁਨਿਕਤਾ ਦਾ ਸੁੰਦਰ ਸੰਯੋਜਨ ਵੇਖਣ ਨੂੰ ਮਿਲਿਆ।ਵਿਦਿਆਰਥੀਆਂ ਨੇ ਆਧੁਨਿਕ, ਟ੍ਰੈਡੀਸ਼ਨਲ 'ਤੇ ਆਧਾਰਿਤ ਡ੍ਰੈਸਿਜ਼ ਪਹਿਨ ਕੇ ਰੈਂਪ 'ਤੇ ਕਦਮ ਮਿਲਾਏ। ਸਮਾਗਮ ਦੇ ਅੰਤ ਵਿਚ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਵਿਕਾਸ ਸ਼ਰਮਾ, ਡਾ. ਵਿਜੈ ਧੀਰ (ਡੀਨ ਅਕਾਦਮਿਕਸ), ਰੂਪ ਸਿੰਘ (ਡਿਪਟੀ ਰਜਿਸਟਰਾਰ) ਵੱਖ-ਵੱਖ ਵਿਭਾਗਾਂ ਦੇ ਡੀਨ ਪ੍ਰੋਫੈਸਰ ਸਹਿਬਾਨ ਵੀ ਹਾਜ਼ਰ ਸਨ। ਇਹ ਸਮਾਗਮ ਸਹਾਇਕ ਪ੍ਰੋ. ਮਨਦੀਪ ਕੌਰ. ਰਾਜਵੀਰ ਕੌਰ. ਰਿੰਕੀ ਅਤੇ ਰੁਪਿੰਦਰ ਕੌਰ ਦੀ ਨਿਗਰਾਨੀ ਹੇਠ ਹੋਇਆ ਜਿਸ ਵਿਚ ਡਾ. ਸਿਮ੍ਰਿਤੀ ਠਾਕੁਰ ਸਹਾਇਕ ਪ੍ਰੋ. ਪਰਮਜੀਤ ਕੌਰ. ਡਾ. ਸੁਰਿੰਦਰ ਕੁਮਾਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।

## ਧੀਆਂ ਦੀ ਖੁਸ਼ੀ ਨੂੰ ਪੁੱਤਰਾਂ ਵਾਂਗ ਮਨਾਇਆ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** -ਸਥਾਨਕ ਹੈਪੀ ਮਾਡਲ ਸਕੂਲ ਰਾਹੋਂ ਵਿੱਚ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਦੀ ਭੂਮਿਕਾ ਸਕੂਲ ਦੇ ਐਮ ਡੀ ਜਗੀਰ ਸਿੰਘ ਅਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਨਿਭਾਈ। ਸਕੂਲ ਦੇ ਵਿਦਿਆਰਥੀਆਂ ਵੱਲੋਂ ਗਿੱਧਾ ਭੰਗੜਾ ਆਦਿ ਪੇਸ਼ ਕੀਤਾ ਗਿਆ ਅਤੇ ਸਕੂਲ ਦੇ ਬੱਚਿਆਂ ਵੱਲੋਂ ਔਰਤਾਂ ਤੋਂ ਦੂਰ ਰਹਿਣ ਲਈ ਕੋਰੀਓਗ੍ਰਾਫੀ ਪੇਸ਼ ਕੀਤੀ ਗਈ ਅਤੇ ਭਰੂਣ ਹੱਤਿਆ ਰੋਕਣ ਅਤੇ ਧੀਆਂ ਨੂੰ ਸਤਿਕਾਰ ਦੇਣ ਲਈ ਨਾਟਕ ਆਦਿ ਪੇਸ਼ ਕੀਤੇ ਗਏ। ਐਮ ਡੀ ਜਗੀਰ ਸਿੰਘ ਨੇ ਕਿਹਾ ਅੱਜ ਧੀਆਂ ਅਤੇ ਪੁੱਤਰ ਸਿੱਖਿਆ ਪ੍ਰਾਪਤ ਕਰਕੇ ਆਪਣੇ ਮਾਪਿਆਂ ਦਾ ਮਾਣ ਵਧਾ ਰਹੇ ਹਨ। ਸਾਨੂੰ ਪੁੱਤਰਾਂ ਅਤੇ ਧੀਆਂ ਦੀ ਖੁਸ਼ੀ ਇਕੱਠੇ ਮਨਾਉਣੀ ਚਾਹੀਦੀ ਹੈ। ਇਸ ਮੌਕੇ ਪ੍ਰਿੰਸੀਪਲ ਰਣਜੀਤ ਕੌਰ ਨੇ ਵੀ ਸਕੂਲ ਦੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਨਰੇਸ਼ ਕੁਮਾਰੀ, ਕਾਂਤਾ ਰਾਣੀ, ਹਰਵਿੰਦਰ ਮਾਨ, ਪਰਮਜੀਤ ਕੌਰ, ਸੋਨੀਆ ਰਾਣੀ, ਨੀਸ਼ੂ, ਮਨਪ੍ਰੀਤ ਕੌਰ, ਰਮਨਦੀਪ ਕੌਰ, ਮਨੀਸ਼ਾ ਰਾਣੀ, ਕਲਵਿੰਦਰ ਕੌਰ ਨੀਰੂ, ਰਜਨੀ, ਅੰਜਲੀ ਆਦਿ ਹਾਜ਼ਰ ਸਨ।

## ਹੀਰਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਨਿਯੁਕਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਮਾਜ ਸੇਵੀ ਆਗੂ ਹਰਵਿੰਦਰ ਸਿੰਘ ਹੀਰਾ ਪਿਛਲੇ ਸਮੇਂ ਸਿਮਰਨਜੀਤ ਸਿੰਘ ਮਾਨ ਦੀਆਂ ਮਾਨਵਤਾਵਾਦੀ ਅਤੇ ਪੰਜਾਬ ਦੇ ਹੱਕਾਂ ਪ੍ਰਤੀ ਨੀਤੀਆਂ ਨੂੰ ਦੇਖਦੇ ਹੋਏ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਲ ਹੋ ਗਏ ਸਨ। ਉਨ੍ਹਾਂ ਨੂੰ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਡਾਕਟਰ ਹਰਜਿੰਦਰ ਸਿੰਘ ਜੱਖੂ ਪਾਰਟੀ ਦੇ ਮੁੱਖ ਬੁਲਾਰੇ ਅਤੇ ਦੁਆਬਾ ਇੰਚਾਰਜ ਵੱਲੋਂ ਗੁਰਨਾਮ ਸਿੰਘ ਸਿੰਗੜੀਵਾਲਾ ਜਿਲ੍ਹਾ ਪ੍ਰਧਾਨ ਤੇ ਮਾਸਟਰ ਕੁਲਦੀਪ ਸਿੰਘ ਜਿਲ੍ਹਾ ਕਾਰਜਕਾਰੀ ਪ੍ਰਧਾਨ ਦੀ ਹਾਜ਼ਰੀ ਵਿੱਚ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਤੋਂ ਇੰਚਾਰਜ ਨਿਯੁਕਤ ਕਰਦੇ ਹੋਏ ਨਿਯੁਕਤੀ ਪੱਤਰ ਦਿੱਤਾ ਅਤੇ ਆਸ ਪ੍ਰਗਟਾਈ ਕਿ ਉਹ ਪਾਰਟੀ ਦੀਆਂ ਨੀਤੀਆਂ ਅਨੁਸਾਰ ਤਨਦੇਹੀ ਨਾਲ ਮਿਹਨਤ ਕਰਨਗੇ। ਇਸ ਸਮੇਂ ਹਰਵਿੰਦਰ ਸਿੰਘ ਹੀਰਾ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਨਿਯੁਕਤ ਕਰਨ ਤੇ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ, ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ, ਜਥੇਦਾਰ ਰਜਿੰਦਰ ਸਿੰਘ ਫੌਜੀ, ਮਾਸਟਰ ਕੁਲਦੀਪ ਸਿੰਘ, ਸੰਦੀਪ ਸਿੰਘ ਖਾਲਸਾ ਟਾਂਡਾ, ਮਹਿਤਾਬ ਸਿੰਘ ਹੁੰਦਲ, ਪਰਮਿੰਦਰ ਸਿੰਘ ਮਕੇਰੀਆਂ, ਕਰਨੈਲ ਸਿੰਘ ਲਵਲੀ, ਬੀਬੀ ਰਾਜਵਿੰਦਰ ਕੌਰ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ, ਜਸਵੰਤ ਸਿੰਘ ਫੌਜੀ ਮੁੱਖ ਬੁਲਾਰਾ ਤੇ ਦੁਆਬਾ ਇੰਚਾਰਜ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਸਮੇਂ ਹਰਵਿੰਦਰ ਸਿੰਘ ਹੀਰਾ ਨੇ ਪਾਰਟੀ ਆਗੂਆਂ ਨੂੰ ਵਿਸ਼ਵਾਸ ਦਵਾਇਆ ਕਿ ਉਹ ਪਾਰਟੀ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਦਿਨ ਰਾਤ ਸਖਤ ਮਿਹਨਤ ਕਰਨਗੇ।



## ਨੰਬਰਦਾਰਾਂ ਦੀਆਂ ਮੰਗਾਂ ਸੰਬੰਧੀ ਯੂਨੀਅਨ ਦਾ ਵਫਦ ਮੁੰਡੀਆਂ ਨੂੰ ਮਿਲਿਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**
ਨੰਬਰਦਾਰ ਯੂਨੀਅਨ ਰਜਿ 643 ਪੰਜਾਬ ਦੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੀ ਅਗਵਾਈ ਵਿੱਚ ਨੰਬਰਦਾਰਾਂ ਦਾ ਇੱਕ ਵਫਦ ਹਰਦੀਪ ਸਿੰਘ ਮੁੰਡੀਆਂ ਮਾਲ ਮੰਤਰੀ ਪੰਜਾਬ ਨੂੰ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਵਾਉਣ ਲਈ ਲੁਧਿਆਣਾ ਉਹਨਾਂ ਦੀ ਕੋਠੀ ਵਿਖੇ ਮਿਲਿਆ।ਇਸ ਮੌਕੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਨੇ ਮੰਤਰੀ ਨੂੰ ਨੰਬਰਦਾਰਾਂ ਦੀਆਂ ਮੰਗਾਂ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਤੁਸੀਂ ਵਿਧਾਨ ਸਭਾ ਦੀਆਂ ਚੋਣਾਂ ਸਮੇਂ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਤੋਂ ਤੁਰੰਤ ਬਾਅਦ ਨੰਬਰਦਾਰਾਂ ਦੀਆਂ ਦੋ ਮੰਗਾਂ ਮਾਣ ਭੱਤਾ ਦੁੱਗਣਾ ਕਰਨਾ ਅਤੇ ਨੰਬਰਦਾਰੀ ਜੱਦੀ ਪੁਸ਼ਤੀ ਕਰਨਾ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰ ਦਿੱਤਾ ਜਾਵੇਗਾ, ਪਰੰਤੂ ਅੱਜ ਸਰਕਾਰ ਬਣੀ ਨੂੰ ਵੀ ਤਿੰਨ ਸਾਲ ਹੋ ਚੁੱਕੇ ਹਨ ਪਰੰਤੂ ਸਾਡੀ ਕੋਈ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ ਅਸੀਂ ਅਨੇਕਾਂ ਵਾਰ ਮੁੱਖ ਮੰਤਰੀ ਪੰਜਾਬ ਅਤੇ ਵੱਖ ਵੱਖ ਕੈਬਨਿਟ ਮੰਤਰੀਆਂ ਨੂੰ ਮਿਲਕੇ ਮੰਗ ਪੱਤਰ ਦੇ ਚੁੱਕੇ ਹਾਂ, ਪਰ ਸਾਨੂੰ ਸਿਵਾਏ ਲਾਰਿਆਂ ਦੇ ਕੁੱਝ ਵੀ ਨਹੀਂ ਦਿੱਤਾ ਗਿਆ।ਇਸ ਮੌਕੇ ਮਾਲ ਮੰਤਰੀ ਮੁੰਡੀਆਂ ਨੇ ਨੰਬਰਦਾਰ ਯੂਨੀਅਨ ਪੰਜਾਬ ਦੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਬਹੁਤ ਜ਼ਲਦੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਕਰਕੇ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ।ਇਸ ਮੌਕੇ ਯੂਨੀਅਨ ਦੇ ਵਫਦ ਵਿੱਚ ਹਰਕੰਵਲ ਸਿੰਘ ਮੁੱਧ ਜਿਲ੍ਹਾ ਪ੍ਰਧਾਨ ਨੰਬਰਦਾਰ ਯੂਨੀਅਨ ਜਲੰਧਰ ਦਿਹਾਤੀ, ਵਰਿੰਦਰ ਕੁਮਾਰ ਚੌਧਰੀ ਜਿਲ੍ਹਾ ਪ੍ਰਧਾਨ ਨੰਬਰਦਾਰ ਯੂਨੀਅਨ ਰੋਪੜ, ਨੰਬਰਦਾਰ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਜਸਵੰਤ ਸਿੰਘ ਰੰਧਾਵਾ, ਅਤੇ ਪਿਆਰਾ ਸਿੰਘ ਲੁਧਿਆਣਾ ਆਦਿ ਆਗੂ ਹਾਜ਼ਰ ਸਨ।



ਫਿਲੌਰ ਵਿਖੇ ਰਾਮ ਨੌਮੀ ਦਾ ਤਿਉਹਾਰ ਸ਼ਰਧਾਪੂਰਵਕ ਹਨੂੰਮਾਨ ਮੰਦਰ ਫਿਲੌਰ ਵਿਖੇ ਮਨਾਇਆ ਗਿਆ। ਹਵਨ ਯੱਗ ਮੌਕੇ ਡਾ. ਰਾਕੇਸ਼ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ, ਡਾ. ਵੈਭਵ ਸ਼ਰਮਾ ਕੌਂਸਲਰ, ਰਵੀ ਕਾਂਤ, ਕੇਵਲ ਕ੍ਰਿਸ਼ਨ, ਸਨੀ ਤਰਿਖਾ, ਸਤਨਾਮ, ਕਾਲਾ, ਨਰੇਸ਼ ਸ਼ਰਮਾ, ਡਾ. ਪੂਰਨ ਚੰਦ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ। (ਫੋਟੋ ਤੇ ਵੇਰਵਾ : ਬੀ ਐਸ ਕੈਨੈਡੀ, ਫਿਲੌਰ)

# ਬੀਬੀ ਮਾਨ ਨੇ ਸਰਕਾਰੀ ਹਾਈ ਸਕੂਲ 'ਚ ਨਵੇਂ ਬਣੇ ਸਮਾਰਟ ਕਮਰਿਆਂ ਦਾ ਕੀਤਾ ਉਦਘਾਟਨ

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)**

ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਹਲਕਾ ਨਕੋਦਰ ਦੇ ਐਮ ਐਲ ਏ ਬੀਬੀ ਇੰਦਰਜੀਤ ਕੌਰ ਮਾਨ ਨੇ ਸਰਕਾਰੀ ਹਾਈ ਸਕੂਲ ਪਿੰਡ ਆਧੀ ਵਿਖੇ ਗ੍ਰਾਂਟ ਨਾਲ ਬਣੇ ਨਵੇਂ ਸਮਾਰਟ ਕਮਰਿਆ ਦਾ ਉਦਘਾਟਨ ਕੀਤਾ। ਲੋਕਾਂ ਦੇ ਇਕੱਠ, ਸਕੂਲ ਦੇ ਬੱਚਿਆਂ ਤੇ ਸਟਾਫ ਨੂੰ ਸੰਬੋਧਨ ਕਰਦਿਆਂ ਬੀਬੀ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਵਿਚ ਲੋਕਾਂ ਨੂੰ ਬਿਹਤਰ ਸਿਹਤ ਤੇ ਸਹੂਲਤਾਂ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਤੇ ਹੋਰ ਕਲੀਨਿਕ ਖੋਲ੍ਹੇ ਜਾਣਗੇ।ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ 92 ਸੀਟਾਂ ਦੇ ਕੇ ਵਿਸ਼ਵਾਸ਼ ਪ੍ਰਗਟ ਕੀਤਾ ਸੀ, ਉਸ ਤੋਂ ਬਾਅਦ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਸੁਧਾਰਨਾ ਸ਼ੁਰੂ ਕਰ ਦਿੱਤਾ ਹੈ। ਤਿੰਨ ਸਾਲਾਂ ਦੇ ਥੋੜ੍ਹੇ ਜਿਹੇ ਸਮੇਂ ਹੀ ਪੰਜਾਬ ਦੇ ਖਸਤਾਹਾਲ ਸਿਖਿਆ ਸਿਸਟਮ ਨੂੰ ਸੁਧਾਰ ਕੇ ਹਰ ਗਲੀ ਮੁਹੱਲੇ ਤੱਕ ਸਿਖਿਆ ਕ੍ਰਾਂਤੀ ਦੀ ਲਹਿਰ ਚਲਾ ਦਿੱਤੀ।ਹਰ ਇਕ ਕਲਾਸ ਵਿੱਚ ਗ੍ਰੀਨ ਬੋਰਡ, ਹਰੇਕ ਸਕੂਲ ਵਿੱਚ ਪੀਣ ਵਾਲੇ ਪਾਣੀ ਲਈ ਫਿਲਟਰ, ਅਧੁਨਿਕ ਲੈਬਾਂ,ਸਰਕਾਰ ਨੇ ਤਿੰਨ ਸਾਲ ਵਿੱਚ



ਵੱਖ ਵੱਖ ਸਕੂਲਾਂ ਨੂੰ 27 ਲੱਖ ਰੁਪਏ ਗ੍ਰਾਂਟਾ ਦਿੱਤੀਆਂ। ਉਨ੍ਹਾਂ ਕਿਹਾ ਕਿ 17000 ਸਕੂਲਾਂ 'ਚ ਵਾਈ ਫਾਈ ਕੁਨੈਕਸ਼ਨ ਦਿੱਤੇ ਗਏ। ਸਰਕਾਰੀ ਹਾਈ ਸਕੂਲ ਦੇ ਹੈਡਮਾਸਟਰ ਕੁਲਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਸਕੂਲ ਦੀ ਨੁਹਾਰ ਬਦਲਣ ਵਿਚ ਐਨ ਆਰ ਆਈ ਵੀਰਾਂ ਦਾ ਬਹੁਤ ਵੱਡਾ ਯੋਗਦਾਨ ਹੈ। ਉਨ੍ਹਾਂ ਦੱਸਿਆ ਕਿ ਸਾਲ 2024-25 ਲਈ 600 ਸਕੂਲਾਂ ਵਿਚੋਂ ਬੈਸਟ ਸਕੂਲ ਪੁਰਸਕਾਰ ਮਿਲਿਆ ਤੇ ਸਰਕਾਰ ਨੇ ਇਨਾਮ ਵਜੋਂ ਸਾਢੇ ਸੱਤ ਲੱਖ ਰੁਪਏ ਦੀ ਰਾਸ਼ੀ ਵੀ ਪ੍ਰਦਾਨ ਕੀਤੀ। ਸਟੇਜ ਦੀ ਕਾਰਵਾਈ ਮਾਸਟਰ ਸਤੀਸ਼ ਕੁਮਾਰ ਨੇ ਬਾਖੂਬੀ ਨਿਭਾਈ। ਇਸ ਮੌਕੇ 'ਤੇ ਸਰਪੰਚ ਮਨਜੀਤ ਰਾਣੀ ਪਤੀ ਬਲਦੇਵ ਕੁਮਾਰ, ਅਮਰਜੀਤ ਕੌਰ ਪੰਚ ਮੈਡਮ ਸਵੀਟੀ, ਮੈਡਮ ਬਲਜਿੰਦਰ ਕੌਰ ਮੈਡਮ ਜੋਇਆ ਕਾਲੜਾ, ਮੈਡਮ ਅਭਿਲਾਸ਼ਾ ਅਰੋੜਾ, ਮਹਿੰਦਰਪਾਲ ਸਿੰਘ ਸਤਵੰਤ ਰਾਏ, ਨੌਜਵਾਨ ਆਗੂ ਦਲਜੀਤ ਸਿੰਘ ਨਿੱਕੂ, ਬਲਵੀਰ ਸਿੰਘ, ਹਰਨੇਕ ਸਿੰਘ, ਰਣਬੀਰ ਸਿੰਘ ਨੂਰਾ, ਗੁਰਬਿੰਦਰ ਕੌਰ ਪੰਚ,ਕੈਪਟਨ ਚਰਨ ਸਿੰਘ, ਰਜਿੰਦਰ ਸਿੰਘ ਪੰਚ ਰਸ਼ਪਾਲ ਸਿੰਘ ਪੰਚ ਪਲਵਿੰਦਰ ਸਿੰਘ, ਲਖਵੀਰ ਸਿੰਘ ਲੱਖੀ, ਬਲਵੀਰ ਸਿੰਘ, ਜਸਵਿੰਦਰ ਸਿੰਘ, ਗਗਨਦੀਪ ਸਿੰਘ, ਗੁਰਮੇਲ ਸਿੰਘ, ਆਸ਼ੂ ਪੰਡਿਤ, ਅਮਨਦੀਪ ਕੌਰ, ਗੁਰਮੇਜ ਸਿੰਘ, ਸੁਨੀਲ ਕੁਮਾਰ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਹਰਿਆਣਾ 'ਚ ਹਰ 10 ਕਿਲੋਮੀਟਰ 'ਤੇ ਹੋਵੇਗਾ ਮਾਡਲ ਸੰਸਕ੍ਰਿਤੀ ਸਕੂਲ : ਅਨੁਰਾਗ ਰਸਤੋਗੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਿੱਜੀ ਅਤੇ ਸਰਕਾਰੀ ਸਕੂਲਾਂ ਵਿੱਚ ਪੜਾਈ ਦੀ ਗੁਣਵੱਤਾ ਦੇ ਅੰਤਰ ਨੂੰ ਦੂਰ ਕਰਨ ਲਈ ਮਾਡਲ ਸੰਸਕ੍ਰਿਤੀ ਤੇ ਸਾਰਥਕ ਮਾਡਲ ਸਕੂਲਾਂ 'ਤੇ ਧਿਆਨ ਕੇਂਦ੍ਰਿਤ ਕੀਤਾ ਹੈ। ਇਸੀ ਲੜੀ ਵਿੱਚ ਸਰਕਾਰ ਦੀ ਯੋਜਨਾ 25 ਹੋਰ ਨਵੇਂ ਮਾਡਲ ਸੰਸਕ੍ਰਿਤੀ ਸਕੂਲ ਖੋਲਣ ਦੀ ਹੈ। ਸੂਬਾ ਸਰਕਾਰ ਸੂਬੇ ਵਿੱਚ ਹਰ 10 ਕਿਲੋਮੀਟਰ 'ਤੇ ਇੱਕ ਮਾਡਲ ਸੰਸਕ੍ਰਿਤੀ ਸਕੂਲ ਖੋਲਣ ਲਈ ਯਤਨਸ਼ੀਲ ਹੈ।ਮੁੱਖ ਸਕੱਤਰ ਨੇ ਇਹ ਗੱਲ ਜ਼ਿਲ੍ਹਾ ਪੰਚਕੂਲਾ ਦੇ ਬਰਵਾਲਾ ਬਲਾਕ ਦੇ ਪਿੰਡ ਬਤੌੜ ਵਿੱਚ ਪੀਐਮ ਸ਼੍ਰੀ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੇਂਡਰੀ ਸਕੂਲ ਵਿੱਚ 12ਵੀਂ ਦੇ ਵਿਦਿਆਰਥੀਆਂ ਦੇ ਨਾਲ ਆਪਸੀ ਸੰਵਾਦ ਪ੍ਰੋਗ੍ਰਾਮ ਵਿੱਚ ਬਤੌਰ ਮੁੱਖ ਮਹਿਮਾਨ ਬੋਲਦੇ ਹੋਏ ਕਹੀ। ਉਨ੍ਹਾਂ ਨੇ ਇਸ ਮੌਕੇ 'ਤੇ ਨਵਾਚਾਰ ਸਬੰਧੀ ਗਤੀਵਿਧੀਆਂ ਨੂੰ ਪ੍ਰੋਤਸਾਹਨ ਦੇਣ ਦੇ ਉਦੇਸ਼ ਨਾਲ ਪੀਐਮ ਸ਼੍ਰੀ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੇਂਡਰੀ ਸਕੂਲ, ਬਤੌੜ ਨੂੰ ਆਪਣੇ ਤਨਖਾਹ ਤੋਂ 51 ਹਜਾਰ ਰੁਪਏ ਦੇਣ ਦਾ ਵੀ ਐਲਾਨ ਕੀਤਾ।ਉਨ੍ਹਾਂ ਨੇ ਕਿਹਾ ਕਿ ਕਈ ਵਾਰ ਕਮਜ਼ੋਰ ਆਰਥਕ ਸਥਿਤੀ ਦੇ ਕਾਰਨ ਬੱਚੇ ਨਿੱਜੀ ਸਕੂਲਾਂ ਵਿੱਚ ਪੜ੍ਹ ਨਹੀਂ ਪਾਉਂਦੇ ਅਤੇ ਉਨ੍ਹਾਂ ਦੀ ਪ੍ਰਤਿਭਾ ਦੱਬੀ ਰਹਿ ਜਾਂਦੀ ਹੈ। ਸਰਕਾਰ ਨੇ ਉਸ ਪ੍ਰਤਿਭਾ ਨੂੰ ਨਿਖਾਰਣ ਲਈ ਹੋਰ ਬੱਚਿਆਂ ਨੂੰ ਸਿਖਿਆ ਦਾ ਚੰਗਾ ਪਲੇਟਫਾਰਮ ਦੇਣ ਲਈ ਮਾਡਲ ਸੰਸਕ੍ਰਿਤੀ ਤੇ ਸਾਰਥਕ ਮਾਡਲ ਸਕੂਲਾਂ ਦਾ ਨਿਰਮਾਣ ਕੀਤਾ ਹੈ ਤਾਂ ਜੋ ਬੱਚੇ ਪ੍ਰਾਈਵੇਟ ਸਕੂਲਾਂ ਦੀ ਥਾਂ ਸਰਕਾਰੀ ਸਕੂਲਾਂ ਵਿੱਚ ਆ ਕੇ ਆਪਣਾ ਭਵਿੱਖ ਬਣਾ ਸਕਣ।ਰਸਤੋਗੀ ਨੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਆਪਣੇ ਦਫਤਰ ਵਿੱਚ ਬੁਲਾ ਕੇ ਉਨ੍ਹਾਂ ਨਾਲ ਗਲਬਾਤ ਕਰਨ ਅਤੇ ਪ੍ਰੇਰਿਤ ਕਰਨ ਤਾਂ ਜੋ ਉਨ੍ਹਾਂ ਵਿੱਚ ਆਤਮਵਿਸ਼ਵਾਸ ਵਧੇ ਅਤੇ ਉਹ ਬਿਨ੍ਹਾ ਹਿਚਕਚਾਹਟ ਦੇ ਆਪਣੇ ਮਨ ਦੀ ਗੱਲ ਅਧਿਆਪਕਾਂ ਨਾਲ ਸਾਂਝਾ ਕਰ ਸਕਣ।ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ ਨਿਸ਼ਾ ਯਾਦਵ, ਸਿਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ, ਪੀਐਮ ਸ਼੍ਰੀ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੇਂਡਰੀ ਸਕੂਲ ਦੇ ਪ੍ਰਿੰਸੀਪਲ ਜਿਤੇਂਦਰ ਸ਼ਰਮਾ, ਬਰਵਾਲਾ ਦੇ ਸਰਪੰਚ ਓਮ ਸਿੰਘ ਰਾਣਾ ਸਮੇਤ ਬਰਵਾਲਾ ਬਲਾਕ ਦੇ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲ ਵੀ ਮੌਜੂਦ ਸਨ।

## ਸਰਕਾਰ ਸਕੂਲਾਂ ਦਾ ਮਿਆਰ ਉੱਚਾ ਚੁੱਕਣ ਲਈ ਵਚਨਬੱਧ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)**- ਪਿੰਡ ਗੁਣਾਚੌਰ ਵਿਖੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਚੇਅਰਮੈਨ ਕਨਵੇਅਰ ਕੈਬਨਿਟ ਮੰਤਰੀ ਰੈਂਕ ਪੰਜਾਬ ਵੱਲੋਂ ਪਿੰਡ ਦੇ ਸਰਕਾਰੀ ਹਾਈ ਸਕੂਲ ਵਿਖੇ ਸਾਇੰਸ ਲੈਬ, ਸਕੂਲ ਦੀ ਚਾਰਦਵਾਰੀ, ਬੈਡਮਿੰਟਨ ਗਰਾਊਂਡ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ। ਡਾ. ਸੁੱਖੀ ਨੇ ਕਿਹਾ ਕਿ ਪੰਜਾਬ ਸਰਕਾਰ ਸਕੂਲਾਂ ਦਾ ਮਿਆਰ ਉੱਚਾ ਚੁੱਕਣ ਲਈ ਵਚਨਬੱਧ ਹੈ। ਇਸ ਮੌਕੇ ਉਹਨਾਂ ਦੇ ਨਾਲ ਸੋਹਣ ਲਾਲ ਢੰਡਾ ਬੀਡੀਪੀਓ ਹੇਮਰਾਜ ,ਪੰਚਾਇਤ ਸੈਕਟਰੀ ਰਕੇਸ਼, ਬੀਪੀਓ ਮੁਕੰਦਪੁਰ ਗੁਰਪਾਲ ਸਿੰਘ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਅਮਰਜੀਤ ਖਟਕੜ , ਸੀਤਾ ਦੇਵੀ ਸੈਂਟਰ ਹੈਡ ਟੀਚਰ ਹਰਵਿੰਦਰ ਕੌਰ ਐਚ ਟੀ,ਪ੍ਰਿੰਸੀਪਲ ਅਮਨਪ੍ਰੀਤ ਸਿੰਘ ਜੌਹਲ ,ਅਵਤਾਰ ਸਿੰਘ ,ਗੁਰਵਿੰਦਰ ਸਿੰਘ ,ਕੁਲਦੀਪ ਸਿੰਘ ,ਰਾਜਵੀਰ ਸਿੰਘ, ਰਾਜਕੁਮਾਰ, ਹਰਪਿੰਦਰ ਕੌਰ , ਬਲਾਕ ਪ੍ਰਧਾਨ ਪਵਨਜੀਤ ਸਿੰਘ ਸਿੱਧੂ, ਸਰਪੰਚ ਤਲਵਿੰਦਰ ਸਿੰਘ ਸ਼ੇਰਗਿੱਲ ,ਸਾਬਕਾ ਸਰਪੰਚ ਪਰਮਜੀਤ ਸਿੰਘ, ਅਸ਼ੋਕ ਕੁਮਾਰ ਆਦਿ ਹਾਜਰ ਸਨ।

## ਸੇਵਾ-ਮੁਕਤੀ 'ਤੇ ਦਿੱਤੀ ਵਿਦਾਇਗੀ ਪਾਰਟੀ



**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)** - ਸਹਿਕਾਰੀ ਸਭਾ ਦੀ ਯੱਕੋਪੁਰ ਖੁਰਦ ਕੋਆਪਰੇਟਿਵ ਸੁਸਾਇਟੀ ਲੋਹੀਆਂ ਖਾਸ ਵਿੱਚ ਬਤੌਰ ਸਕੱਤਰ ਸੇਵਾਵਾਂ ਸੇਵਾ ਨਿਭਾਅ ਰਹੇ ਅੰਮੀ ਚੰਦ ਨੂੰ ਸਫਰ ਮੁਕੰਮਲ ਕਰਨ ਉਪਰੰਤ ਕੋਆਪਰੇਟਿਵ ਸੁਸਾਇਟੀ ਵੱਲੋਂ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਬਲਾਕ ਲੋਹੀਆਂ ਖਾਸ ਸਭਾਵਾਂ ਦੇ ਕਰਮਚਾਰੀਆਂ ਨੇ ਰਲ ਕੇ ਅੰਮੀ ਚੰਦ ਨੂੰ ਵਿਦਾਇਗੀ ਪਾਰਟੀ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਇੰਸਪੈਕਟਰ ਰਜਿੰਦਰ ਸਿੰਘ, ਇੰਸਪੈਕਟਰ ਕਰਨਵੀਰ ਸਿੰਘ ਤੇ ਪਰਮਜੀਤ ਸਿੰਘ ਲੋਹੀਆਂ ਖਾਸ, ਸੁਖਵੰਤ ਸਿੰਘ ਸੋਢੀ, ਹਰਵਿੰਦਰ ਸਿੰਘ, ਸਰਬਜੀਤ ਸਿੰਘ, ਅਮਰੀਕ ਸਿੰਘ, ਗੁਰਵਿੰਦਰ ਸਿੰਘ, ਜਤਿੰਦਰ ਸਿੰਘ ਸੁੱਖਾ, ਹਰਜਿੰਦਰ ਸਿੰਘ, ਮਨਜੀਤ ਸਿੰਘ, ਪੂਨੀਆ, ਰਨਦੀਪ ਚੌਹਾਨ, ਸੁਨੀਲ ਚੌਹਾਨ, ਮਨਪ੍ਰੀਤ ਸਿੰਘ, ਕੰਵਲਜੀਤ ਸਿੰਘ, ਗੁਰਪ੍ਰੀਤ ਸਿੰਘ, ਸਰੰਗ ਚੌਹਾਨ ਹਾਜ਼ਰ ਸਨ।

# ਡਾ. ਚੱਬੇਵਾਲ ਵੱਲੋਂ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਪੰਜਾਬ ਵਿੱਚ ਸਿੱਖਿਆ ਦੇ ਖੇਤਰ ਵਿੱਚ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਕਰਦਿਆਂ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ 'ਸਿੱਖਿਆ ਕ੍ਰਾਂਤੀ ਉਤਸਵ' ਦੇ ਤਹਿਤ ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸਰਕਾਰੀ ਹਾਈ ਸਕੂਲ ਬਾੜੀਆਂ ਕਲਾਂ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਭੂੰਨਾਂ ਵਿੱਚ 31 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਕਲਾਸਰੂਮ, ਵਾਸ਼ਰੂਮ ਅਤੇ ਬਾਊਂਡਰੀ ਵਾਲ ਦਾ ਉਦਘਾਟਨ ਕੀਤਾ ਇਸ ਮੌਕੇ ਉੱਤੇ ਆਯੋਜਿਤ ਸਮਾਰੋਹ ਵਿੱਚ ਡਾ. ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਜਿਸ ਤਰ੍ਹਾਂ ਭਾਰਤ ਵਿੱਚ ਸਾਂਸਕ੍ਰਿਤਿਕ, ਧਾਰਮਿਕ ਅਤੇ ਸਮਾਜਿਕ ਉਤਸਵ ਮਨਾਏ ਜਾਂਦੇ ਹਨ, ਹੁਣ ਸਿੱਖਿਆ ਦੇ ਖੇਤਰ ਵਿੱਚ ਵੀ ਇੱਕ ਨਵਾਂ ਉਤਸਵ 'ਸਿੱਖਿਆ ਕ੍ਰਾਂਤੀ ਦਾ ਉਤਸਵ' ਵਜੋਂ ਜੋੜਿਆ ਗਿਆ ਹੈ। ਉਨ੍ਹਾਂ ਨੇ ਇਸ ਨੂੰ ਪੰਜਾਬ ਸਰਕਾਰ ਦੀ ਦੂਰਦਰਸ਼ੀ ਸੋਚ ਅਤੇ ਸਿੱਖਿਆ ਨੂੰ ਤਰਜੀਹ ਦੇਣ ਵਾਲੀ ਨੀਤੀ ਦਾ ਨਤੀਜਾ ਦੱਸਿਆ।ਡਾ. ਚੱਬੇਵਾਲ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸਰਾਹਣਾ ਕੀਤੀ।ਉਨ੍ਹਾਂ ਇਹ ਵੀ ਜ਼ਿਕਰ ਕੀਤਾ ਕਿ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਈਸ਼ਾਂਕ ਦਿਨ-ਰਾਤ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾਂ ਦੀ ਮਿਹਨਤ ਅਤੇ ਸੰਕਲਪ ਕਾਰਨ ਇਹ ਸੰਭਵ ਹੋਇਆ ਹੈ ਕਿ ਸਰਕਾਰੀ ਸਕੂਲਾਂ ਵਿੱਚ ਅਧਾਰਭੂਤ ਢਾਂਚੇ ਨੂੰ ਮਜ਼ਬੂਤ ਬਣਾਇਆ ਜਾ ਰਿਹਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਵਧੀਆ ਮਾਹੌਲ ਅਤੇ ਸੁਵਿਧਾਵਾਂ ਮਿਲ ਸਕਣ। ਇਸ ਸਮਾਰੋਹ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਲਲਿਤਾ ਅਰੋੜਾ ਨੇ ਵੀ ਹਾਜ਼ਰੀਨ ਨੂੰ ਸੰਬੋਧਨ ਕੀਤਾ। ਉਨ੍ਹਾਂ ਸਿੱਖਿਆ ਵਿੱਚ ਸੁਧਾਰ ਲਈ



ਕੀਤੇ ਜਾ ਰਹੇ ਉੱਦਮਾਂ ਉੱਤੇ ਰੋਸ਼ਨੀ ਪਾਈ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਗੁਣਵੱਤਾਪੂਰਨ ਸਿੱਖਿਆ ਦੇ ਮਹੱਤਵ ਉੱਤੇ ਜ਼ੋਰ ਦਿੱਤਾ।ਸਮਾਰੋਹ ਵਿੱਚ ਸਥਾਨਕ ਨਾਗਰਿਕਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਾਰਿਆਂ ਨੇ ਇੱਕ ਸੁਰ ਵਿੱਚ ਇਸ ਪਹਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਨਾਲ ਨਾ ਸਿਰਫ਼ ਬੱਚਿਆਂ ਨੂੰ ਚੰਗੀ ਸਿੱਖਿਆ ਮਿਲੇਗੀ, ਸਗੋਂ ਸਮਾਜ ਦਾ ਵੀ ਸਮੁੱਚਾ ਵਿਕਾਸ ਹੋਵੇਗਾ। 'ਸਿੱਖਿਆ ਕ੍ਰਾਂਤੀ ਦਾ ਉਤਸਵ' ਹੁਣ ਕੇਵਲ ਇੱਕ ਕਾਰਜਕ੍ਰਮ ਨਹੀਂ, ਸਗੋਂ ਇੱਕ ਅੰਦੋਲਨ ਬਣਦਾ ਜਾ ਰਿਹਾ ਹੈ, ਜੋ ਪੰਜਾਬ ਨੂੰ ਵਿਦਿਆਵਾਨ, ਸ਼ਕਤਿਸ਼ਾਲੀ ਅਤੇ ਚਮਕਦਾਰ ਭਵਿੱਖ ਵੱਲ ਲੈ ਕੇ ਜਾ ਰਿਹਾ ਹੈ।ਇਸ ਮੌਕੇ 'ਤੇ ਜ਼ਿਲ੍ਹਾ ਸਮਾਰਟ ਕਲਾਸਰੂਮ ਕੋਆਰਡੀਨੇਟਰ ਸਤੀਸ਼ ਕੁਮਾਰ ਸ਼ਰਮਾ, ਪ੍ਰਿੰਸੀਪਲ ਮਨਜੀਤ ਸਿੰਘ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ , ਕਰਮਜੀਤ ਕੌਰ ਹੈੱਡ ਟੀਚਰ, ਸਰਪੰਚ ਦਲਜੀਤ ਸਿੰਘ, ਪਰਮਜੀਤ ਸਿੰਘ ਭੂੰਨਾਂ, ਕੈਪਟਨ ਰੇਸ਼ਮ ਚੰਦ, ਸਰਬਜੀਤ ਕੌਰ, ਦਲਜੀਤ ਸਿੰਘ ਸਹੋਤਾ, ਬਾਬਾ ਬਲਬੀਰ ਸਿੰਘ, ਮਨਜੀਤ ਕੌਰ, ਰਾਜਵੀਰ ਕੌਰ ਆਦਿ ਹਾਜ਼ਰ ਸਨ।

# ਪੁਲਸ ਨੇ ਅਜੇ ਮੰਗੂਪੁਰ ਨੂੰ ਘਰ 'ਚ ਕੀਤਾ ਨਜ਼ਰਬੰਦ

**ਬਲਾਚੌਰ (ਜਸਵਿੰਦਰ ਬੈਂਸ)**

ਬੀਤੇ ਦਿਨੀਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਸ਼ਹੀਦ ਭਗਤ ਸਿੰਘ ਨਗਰ ਵਿਖੇ "ਸਕੂਲ ਆਫ ਐਮੀਨੈਂਸ" ਦਾ ਉਦਘਾਟਨ ਕਰਨ ਲਈ



ਪਹੁੰਚੇ, ਜਿਸ 'ਤੇ ਅਜੇ ਮੰਗੂਪੁਰ ਨੇ ਕਿਹਾ ਕਿ ਇਹ ਸਕੂਲ ਪਿਛਲੀ ਕਾਂਗਰਸ ਸਰਕਾਰ ਵੇਲੇ ਤੋਂ ਚੱਲ ਰਿਹਾ ਹੈ ਅਤੇ ਇਸ ਲਈ ਲੋੜੀਂਦੇ ਫੰਡਸ ਵੀ ਕਾਂਗਰਸ ਸਰਕਾਰ ਵੇਲੇ ਹੀ ਪਾਸ ਹੋ ਚੁੱਕੇ ਸਨ. ਫਿਰ ਭਗਵੰਤ ਮਾਨ ਕਿਸ ਚੀਜ ਦਾ ਉਧਘਾਟਨ ਕਰਨ ਲਈ ਇੱਥੇ ਪਹੁੰਚ ਰਹੇ ਹਨ। ਉਨ੍ਹਾਂ ਆਖਿਆ ਕਿ ਸ਼ਹੀਦ ਭਗਤ ਸਿੰਘ ਨਗਰ ਵਿੱਚ ਜੋ ਸਕੂਲ ਅਪਗ੍ਰੇਡ ਕੀਤੇ ਗਏ ਸਨ ਉਹ ਸੱਤਾ ਵਿੱਚ ਆਉਂਦਿਆ ਹੀ ਆਪ ਸਰਕਾਰ ਨੇ ਰੱਦ ਕਰ ਦਿੱਤੇ। ਸਰਕਾਰੀ ਸਕੂਲਾਂ ਵਿੱਚ ਸਟਾਫ ਦੀ ਕਮੀ ਬਰਕਰਾਰ ਹੈ ਜਿਸ ਕਰਕੇ ਬੱਚਿਆਂ ਦਾ ਸਿੱਖਿਆ ਦਾ ਪੱਧਰ ਨੀਵਾਂ ਹੁੰਦਾ ਜਾ ਰਿਹੈ। ਜ਼ਿਲ੍ਹੇ ਵਿੱਚ ਸੜਕਾਂ ਦਾ ਬੁਰਾ ਹਾਲ ਹੈ, ਪਸਸ਼ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਹੈ, ਇਨ੍ਹਾਂ ਸਾਰਿਆਂ ਸਵਾਲਾਂ ਦੇ ਜਵਾਬ ਲੈਣ ਲਈ ਜਦੋਂ ਅਜੇ ਮੰਗੂਪੁਰ ਵੱਲੋਂ 7 ਅਪ੍ਰੈਲ ਨੂੰ ਭਗਵੰਤ ਮਾਨ ਨੂੰ ਮਿਲਣ ਦੀ ਕੋਸ਼ਿਸ਼ ਕੀਤੀ ਗਈ ਤਾਂ ਪੁਲਸ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਘਰ ਵਿੱਚ ਹੀ ਨਜਰਬੰਦ ਕਰ ਦਿੱਤਾ ਗਿਆ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਵੀ ਮਿਲਣ ਤੋਂ ਜਬਰਨ ਰੋਕਿਆ ਗਿਆ। ਅਜੇ ਮੰਗੂਪੁਰ ਨੇ ਇਸ ਨੂੰ ਤਾਨਾਸ਼ਾਹੀ ਰਾਜ ਦੱਸਦਿਆਂ ਭਗਵੰਤ ਮਾਨ ਨੂੰ ਫਜ਼ੂਲ ਉਦਘਾਟਨਾਂ ਉੱਤੇ ਸਰਕਾਰੀ ਫੰਡਾਂ ਦੀ ਦੁਰਵਰਤੋਂ ਕਰਨ ਨਾਲੋਂ ਬੱਚਿਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਸਿੱਖਿਆ ਦੇ ਖੇਤਰ ਵਿੱਚ ਇਨ੍ਹਾਂ ਫੰਡਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਮਸਹੂਰੀਆਂ ਵਾਲੀ ਸਰਕਾਰ ਕੋਲ ਬਹੁਤ ਥੋੜਾ ਸਮਾਂ ਹੀ ਬਾਕੀ ਰਹਿ ਗਿਆ ਹੈ, ਪੰਜਾਬ ਦੇ ਲੋਕਾਂ ਨੇ ਆਪ ਸਰਕਾਰ ਦੀਆਂ ਧੱਕੇਸ਼ਾਹੀਆ ਦਾ ਜਵਾਬ ਵੋਟਾਂ ਵੇਲੇ ਦੇਣੈ।

## ਮਾਤਾ ਗੰਗਾ ਖਾਲਸਾ ਪਬਲਿਕ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ

**ਜਲੰਧਰ (ਇਕਬਾਲ ਸਿੰਘ ਉਭੀ)**- ਮਾਤਾ ਗੰਗਾ ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਾਕੀ ਪਿੰਡ, ਰਾਮਾ ਮੰਡੀ ਦੀ ਅਠਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਦੇ ਐੱਮ ਡੀ ਰਾਮ ਸਿੰਘ ਬੋਲੀਨਾ ਅਤੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਸਾਰੇ ਵਿਦਿਆਰਥੀ ਜਿਥੇ ਚੰਗੇ ਨੰਬਰ ਲੈ ਕੇ ਪਾਸ ਹੋਏ ਉਥੇ ਸਕੂਲ ਦੀ ਵਿਦਿਆਰਥਣ ਐਲਵਿਨਜੋਤ ਕੌਰ ਨੇ 92 ਫੀਸਦੀ ਨੰਬਰ ਲੈ ਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ। ਪ੍ਰਿੰਸੀਪਲ ਨੇ ਸਮੂਹ ਸਕੂਲ ਸਟਾਫ਼ ਨੂੰ ਮੁਬਾਰਕ ਦਿੱਤੀ ਅਤੇ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਰੀਜਨ ਭਾਰਤੀ ਦੀ ਇੰਡੀਅਨ ਫੋਰਸ 'ਚ ਬਤੌਰ ਗੋਲਕੀਪਰ ਚੋਣ

**ਮੋਹਾਲੀ, (ਗੁਰਜੀਤ ਬਿੱਲਾ)**- ਕੋਚਿੰਗ ਸੈਂਟਰ (ਹੈਂਡਬਾਲ) ਸ ਸ ਸ ਸਕੂਲ 3ਬੀ1 ਮੋਹਾਲੀ ਦੇ ਖਿਡਾਰੀ (ਰੀਜਨ ਭਾਰਤੀ) ਪੁੱਤਰ ਗੋਰੇ ਲਾਲ ਦੀ ਚੋਣ ਇੰਡੀਅਨ ਫੋਰਸ ਵਿੱਚ ਬਤੌਰ ਗੋਲਕੀਪਰ ਸਪੋਰਟਸ ਕੋਟੇ ਅਧੀਨ ਹੋਈ ਹੈ।ਇਸ ਖਿਡਾਰੀ ਵੱਲੋਂ ਸਾਲ 2024-25 ਵਿੱਚ ਸੀਨੀਅਰ ਨੈਸ਼ਨਲ ਹੈਂਡਬਾਲ ਚੈਂਪੀਅਨਸ਼ਿਪ ਵਿੱਚ ਜੋ ਕਿ ਰਾਂਚੀ (ਝਾਰਖੰਡ) ਵਿਖੇ ਆਯੋਜਿਤ ਹੋਈ ਸੀ, ਵਿੱਚ ਟੀਮ ਦੀ ਪ੍ਰਤੀਨਿਧਤਾ ਕਰਦੇ ਹੋਏ ਪੰਜਾਬ ਦੀ ਝੋਲੀ ਬਰੌਂਜ



ਮੈਡਲ ਪੁਆਇਆ ਗਿਆ।ਇਸ ਦੇ ਨਾਲ ਹੀ ਜੂਨੀਅਰ ਨੈਸ਼ਨਲ ਹੈਂਡਬਾਲ ਚੈਂਪੀਅਸ਼ਿਪ ਜੋ ਕਿ ਜਹਾਨਾਬਾਦ (ਬਿਹਾਰ) ਵਿਖੇ ਕਰਵਾਈ ਗਈ, ਵਿੱਚ ਪੰਜਾਬ ਦੀ ਟੀਮ ਨੇ ਗੋਲਡ ਮੈਡਲ ਜਿੱਤਿਆ ਅਤੇ ਇਹ ਖਿਡਾਰੀ ਇਸ ਟੂਰਨਾਮੈਂਟ ਵਿੱਚ ਬੈਸਟ ਗੋਲਕੀਪਰ ਚੁਣਿਆ ਗਿਆ।ਰੁਪੇਸ਼ ਕੁਮਾਰ ਬੇਗੜਾ ਜ਼ਿਲ੍ਹਾ ਖੇਡ ਅਫਸਰ, ਰਾਕੇਸ਼ ਕੁਮਾਰ ਸ਼ਰਮਾ ਹੈਂਡਬਾਲ ਕੋਚ ਅਤੇ ਸਾਰੇ ਕੋਚਿੰਗ ਅਤੇ ਦਫਤਰੀ ਸਟਾਫ ਵੱਲੋ ਖਿਡਾਰੀ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਨਮਾਨਿਤ ਕੀਤਾ ਗਿਆ।

# 1800 ਕਰੋੜ ਨਾਲ ਮੰਡੀ ਬੋਰਡ ਦੀਆਂ ਸੜਕਾਂ ਤੇ ਮੰਡੀਆਂ ਦੀ ਕੀਤੀ ਜਾਵੇਗੀ ਕਾਇਆ-ਕਲਪ : ਬਰਸਟ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਨਾਬਾਰਡ ਤੋਂ 1800 ਕਰੋੜ ਰੁਪਏ ਦਾ ਕਰਜ਼ਾ ਲੈ ਰਿਹਾ ਹੈ, ਜਿਸ ਵਿੱਚੋਂ 200 ਕਰੋੜ ਰੁਪਏ ਸੂਬਾ ਸਰਕਾਰ ਵੱਲੋਂ ਅਤੇ 492 ਕਰੋੜ ਰੁਪਏ ਮਾਰਕੀਟ ਕਮੇਟੀਆਂ ਵੱਲੋਂ ਪਾਏ ਜਾਣਗੇ। ਇਹ ਫੰਡ ਕੇਂਦਰ ਸਰਕਾਰ ਵੱਲੋਂ ਰੋਕੇ 7500 ਕਰੋੜ ਰੁਪਏ ਦੇ ਪੇਂਡੂ ਵਿਕਾਸ ਫੰਡ ਦੇ ਬਦਲ ਵਜੋਂ ਲਿਆ ਜਾ ਰਿਹਾ ਹੈ, ਜਿਸ ਰਾਹੀਂ ਸੂਬੇ ਦੀਆਂ ਪੇਂਡੂ ਸੜਕਾਂ ਦੀ ਮੁਰੰਮਤ ਅਤੇ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਕੀਤਾ ਜਾਵੇਗਾ।ਬਰਸਟ ਡੇਰਾਬੱਸੀ ਮਾਰਕੀਟ ਕਮੇਟੀ 5 ਸਾਲਾਂ ਬਾਅਦ ਨਵ-ਨਿਯੁਕਤ ਚੇਅਰਮੈਨ ਕੁਲਦੀਪ ਸਿੰਘ ਡੇਰਾਬੱਸੀ ਮੀਆਂਪੁਰ ਵਿੱਚ ਹੋਏ ਤਾਜਪੋਸ਼ੀ ਸਮਾਗਮ ਵਿੱਚ ਸ਼ਿਰਕਤ ਕਰਨ ਪੁੱਜੇ ਸਨ। ਉਨ੍ਹਾਂ ਨੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨਾਲ ਮਿਲ ਕੇ ਕੁਲਦੀਪ ਸਿੰਘ ਨੂੰ ਚੇਅਰਮੈਨ ਦਾ ਚਾਰਜ ਸੌਂਪਣ ਦੀ ਰਸਮ ਅਦਾ ਕੀਤੀ। ਰੰਧਾਵਾ ਨੇ ਕਿਹਾ ਕਿ ਸਥਾਨਕ ਨੁਮਾਇੰਦੇ ਨੂੰ ਚੇਅਰਮੈਨ ਬਣਾਉਣ ਨਾਲ ਕਮਿਸ਼ਨ ਏਜੰਟਾਂ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੋਰ ਬਾਰੀਕੀ ਨਾਲ ਸਮਝਿਆ ਜਾਵੇਗਾ ਅਤੇ ਉਨ੍ਹਾਂ ਦਾ ਹੱਲ ਵੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਜਾ ਸਕੇਗਾ। ਰੰਧਾਵਾ ਨੇ ਕਿਹਾ ਕਿ ਅੱਜ ਤੱਕ ਗੁਰਜਰ ਭਾਈਚਾਰੇ ਦੇ ਕਿਸੇ ਵਿਅਕਤੀ ਨੂੰ ਮਾਰਕੀਟ ਕਮੇਟੀ ਵਿੱਚ ਚੇਅਰਮੈਨ ਦਾ ਅਹੁਦਾ ਨਹੀਂ ਮਿਲਿਆ ਪਰ ਕੁਲਦੀਪ ਸਿੰਘ ਗੁਰਜਰ ਨੂੰ ਚੇਅਰਮੈਨ ਬਣਾ ਕੇ ਆਮ ਆਦਮੀ ਪਾਰਟੀ ਨੇ ਹਰ ਵਰਗ ਨੂੰ ਨੁਮਾਇੰਦਗੀ ਦੇਣ ਦਾ ਕੰਮ ਕੀਤਾ ਹੈ। ਤਾਜਪੋਸ਼ੀ ਸਮਾਗਮ ਵਿੱਚ ਸਾਬਕਾ ਚੇਅਰਮੈਨ ਧਨਵੰਤ ਸਿੰਘ, ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ, ਗੁਰਸਹਿਜ ਰੰਧਾਵਾ, ਡੀਐਮਓ ਅਜੈਪਾਲ ਬਰਾੜ, ਸਕੱਤਰ ਪ੍ਰਭਜੋਤ ਸਿੰਘ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ,ਸਰਪੰਚ ਤੇ ਸਾਰੀ ਟੀਮ ਮੌਜੂਦ ਰਹੀ।

## ਚਰਖੀ ਦਾਦਰੀ 'ਚ ਯਾਤਰਾ ਪੂਰਾ ਕਰ ਮਹੇਂਦਰਗੜ੍ਹ ਲਈ ਰਵਾਨਾ ਹੋਈ ਸਾਈਕਲੋਥਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਵੱਲੋਂ ਨੌਜੁਆਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਚਲਾਇਆ ਗਿਆ ਸਾਈਕਲੋਥਾਨ ਪ੍ਰੋਗਰਾਮ ਵਿੱਚ ਲੋਕ ਵੱਧ-ਚੜ੍ਹ ਕੇ ਹਿੱਸਾ ਲੈ ਰਹੇ ਹਨ ਅਤੇ ਇਹ ਪ੍ਰੋਗਰਾਮ ਇੱਕ ਮੁਹਿੰਮ ਦਾ ਰੂਪ ਲੈ ਚੁੱਕੀ ਹੈ। ਨੌਜੁਆਨ, ਬਜੁਰਗ, ਮਹਿਲਾਵਾਂ ਸਾਰੇ ਨਸ਼ੇ ਦੇ ਖਿਲਾਫ਼ ਲੜਾਈ ਲੜ੍ਹ ਰਹੇ ਹਨ।ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸੀ ਸੋਚ ਦੇ ਨਾਲ ਸੂਬਾ ਸਰਕਾਰ ਨਸ਼ੇ ਦੇ ਖਿਲਾਫ ਕੰਮ ਕਰ ਰਹੀ ਹੈ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਡਰੱਗ ਫਰੀ ਹਰਿਆਣਾ ਸਾਈਕਲੋਥਾਨ ਦੇ ਦੂਜੇ ਏਡੀਸ਼ਨ ਨੂੰ ਚਲਾਈ ਜਾ ਰਹੀ ਹੈ। ਜ਼ਿਲ੍ਹਾ ਚਰਖੀ ਦਾਦਰੀ ਵਿੱਚ ਦੋ ਦਿਨਾਂ ਤੱਕ ਜਾਗਰੁਕਤਾ ਮੁਹਿੰਮ ਚਲਾਉਣ ਦੇ ਬਾਅਦ ਸਾਈਕਲੋਥਾਨ ਯਾਤਰਾ ਸੋਮਵਾਰ ਨੂੰ ਚਿੜਿਆ ਪਿੰਡ ਦੇ ਰਸਤੇ ਮਹੇਂਦਰਗੜ੍ਹ ਜ਼ਿਲ੍ਹਾ ਵਿੱਚ ਦਾਖਲ ਕਰ ਗਈ।ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਦਾ ਇਸ ਯਾਤਰਾ ਰਾਹੀਂ ਬਹੁਤ ਵੱਡਾ ਉਦੇਸ਼ ਹੈ ਅਤੇ ਇਹ ਉਦੇਸ਼ ਸਾਰਥਕ ਹੋਣਾ ਜਰੂਰੀ ਹੈ। ਤਾਂ ਹੀ ਹਰਿਆਣਾ ਸੂਬੇ ਦੇ ਨੌਜੁਆਨਾਂ ਨੂੰ ਨਸ਼ਾ ਤੋਂ ਬਾਹਰ ਕੱਢਿਆ ਜਾ ਸਕਦਾ ਹੈ। ਯਾਤਰਾ ਰਾਹੀਂ ਹਰਿਆਣਾ ਨੂੰ ਡਰੱਗ ਫਰੀ ਬਨਾਉਣ ਲਈ ਨੌਜੁਆਨਾਂ ਦੇ ਨਾਲ-ਨਾਲ ਹਰ ਨਿਾਗਰਿਕ ਨੂੰ ਜਾਗਰੂਕ ਕਰਨਾ ਹੋਵੇਗਾ।

# ਸਰਕਾਰੀ ਸਿਹਤ ਸੰਸਥਾਵਾਂ 'ਚ ਮਨਾਇਆ ਵਿਸ਼ਵ ਸਿਹਤ ਦਿਵਸ





**ਮੋਹਾਲੀ,(ਗੁਰਜੀਤ ਬਿੱਲਾ)**- ਵਿਸ਼ਵ ਸਿਹਤ ਦਿਵਸ ਮੌਕੇ ਜ਼ਿਲ੍ਹੇ ਦੀਆਂ ਵੱਖ ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਸਰਗਰਮੀਆਂ ਕੀਤੀਆਂ ਗਈਆਂ ਅਤੇ ਮਰੀਜ਼ਾਂ ਨੂੰ ਵੱਖ ਵੱਖ ਬੀਮਾਰੀਆਂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਦਸਿਆ ਗਿਆ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਹਰ ਸਾਲ 7 ਅਪ੍ਰੈਲ ਨੂੰ ਇਹ ਦਿਨ ਮਨਾਇਆ ਜਾਂਦਾ ਹੈ ਜੋ ਸਾਨੂੰ ਚੰਗੀ ਸਿਹਤ ਦੀ ਅਹਿਮੀਅਤ ਦਾ ਅਹਿਸਾਸ ਕਰਾਉਂਦਾ ਹੈ। ਡਾ. ਜੈਨ ਨੇ ਕਿਹਾ ਕਿ ਇਹ ਦਿਨ ਹਰ ਸਾਲ ਖ਼ਾਸ ਨਾਹਰੇ ਨਾਲ ਮਨਾਇਆ ਜਾਂਦਾ ਹੈ ਤੇ ਇਸ ਵਾਰ ਦਾ ਵਿਸ਼ਾ-ਵਸਤੂ ਹੈ, ਸਿਹਤਮੰਦ ਸ਼ੁਰੂਆਤ, ਆਸਵੰਦ ਭਵਿੱਖ ਜੋ ਨਵਜਨਮੇ ਬੱਚਿਆਂ ਅਤੇ ਮਾਵਾਂ ਦੀ ਸਿਹਤ ਨਾਲ ਜੁੜਿਆ ਹੈ। ਉਨ੍ਹਾਂ ਕਿਹਾ ਕਿ ਜੇ ਜੱਚਾ ਅਤੇ ਬੱਚਾ ਦੀ ਸਿਹਤ ਠੀਕ ਹੋਵੇਗੀ ਤਾਂ ਦੇਸ਼ ਦੀ ਅਗਲੀ ਪੀੜ੍ਹੀ ਵੀ ਤੰਦਰੁਸਤ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਜੱਚਾ ਅਤੇ ਬੱਚਾ ਨੂੰ ਉੱਚ ਪੱਧਰ ਦੀਆਂ ਜਾਂਚ, ਇਲਾਜ ਤੇ ਜਣੇਪਾ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਗਰਭਵਤੀ ਔਰਤਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਣੇਪਾ ਕਰਾਉਣ ਦੀ ਅਪੀਲ ਕੀਤੀ। ਸਿਹਤ ਸੰਬੰਧੀ ਕਿਸੇ ਵੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਸੜਕ ਕਿਨਾਰੇ ਡਿੱਗਿਆ ਸੁੱਕਾ ਦਰੱਖਤ ਹਾਦਸੇ ਦੀ ਉਡੀਕ 'ਚ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਅੱਡਾ ਪਾਲਦੀ ਦੇ ਨਜਦੀਕ ਮਾਹਿਲਪੁਰ-ਫਗਵਾੜਾ ਸੜਕ ਦੇ ਕਿਨਾਰੇ ਉਤੇ ਪਿਛਲੇ 3 ਮਹੀਨੇ ਤੋਂ ਭੰਗ ਵਿਚ ਪਏ ਸੁੱਕੇ ਦਰੱਖਤ ਨੂੰ ਨਾ ਚੁਕਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਹ ਦਰੱਖਤ ਕਦੇ ਵੀ ਕਿਸੇ ਦੀ ਮੌਤ ਦਾ ਕਾਰਨ ਬਣ ਸਕਦਾ ਹੈ।ਇਸੇ ਤਰ੍ਹਾਂ ਸੜਕਾਂ ਕਿਨਾਰੇ ਅਨੇਕਾਂ ਖਸਤਾ ਹਾਲਤ ਵਿਚ ਸੁੱਕੇ ਦਰੱਖਤ ਖੜੇ ਹਨ ,ਜੋ ਕਦੇ ਵੀ ਡਿੱਗ ਸਕਦੇ ਹਨ।ਵਣ



ਵਿਭਾਗ ਨੂੰ ਸੁੱਕੇ ਡਿੱਗੇ ਦਰਖਤ ਤੁਰੰਤ ਚੁੱਕ ਕੇ ਵਿਕਰੀ ਕਰਕੇ ਪੈਸੇ ਸਰਕਾਰੀ ਖਜਾਨੇ ਵਿਚ ਜਮ੍ਹਾਂ ਕਰਵਾਉਣੇ ਚਾਹੀਦੇ ਹਨ ਤਾਂ ਕਿ ਉਨ੍ਹਾਂ ਪੈਸਿਆਂ ਦੀ ਸਹੀ ਵਰਤੋਂ ਹੋ ਸਕੇ।ਉਨ੍ਹਾਂ ਸਰਕਾਰ ਨੂੰ ਲਿਖਿਆ ਹੈ ਕਿ ਸਰਕਾਰ ਵਣ ਵਿਭਾਗ ਦਾ ਤੁਰੰਤ ਓਵਰ ਹਾਲ ਕਰੇ ਤਾਂ ਕਿ ਵਰਕ ਕਲਚਰ ਮੁੜ ਬਹਾਲ ਹੋ ਸਕੇ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਡਿਊਟ ਵਿਚ ਕੁਤਾਹੀ ਕਰਨ ਵਾਲਿਆਂ ਦੇ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ ਅਤੇ ਸੜਕਾਂ ਦੇ ਆਲੇ ਦੁਆਲੇ ਡਿੱਗੇ ਸੁੱਕੇ ਦਰਖਤ ਤੁਰੰਤ ਕੱਟੇ ਜਾਣ ਤਾਂ ਕਿ ਆਵਾਜਾਈ ਸੁੱਰਖਿਅਤ ਹੋ ਸਕੇ।ਅਗਰ ਇਸ ਥਾਂ ਉਤੇ ਕੋਈ ਵੀ ਕਿਸੇ ਦਾ ਵੀ ਐਕਸੀਡੈਂਟ ਹੁੰਦਾ ਹੈ ਤਾਂ ਵਣ ਵਿਭਾਗ ਦੇ ਅਧਿਕਾਰੀ ਜੁੰਮੇਵਾਰ ਹੋਣਗੇ।

# ਕੁਲਵੰਤ ਸਿੰਘ ਵੱਲੋਂ ਮੋਹਾਲੀ ਦੇ ਫੇਜ਼-7 ਤੇ ਫੇਜ਼-2 ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਪੰਜਾਬ ਮੁਹਿੰਮ ਤਹਿਤ ਸੂਬੇ ਦੇ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਪਰਾਲੇ ਵੱਜੋਂ ਐਸ ਏ ਐਸ ਨਗਰ, ਮੋਹਾਲੀ ਸ਼ਹਿਰ ਦੇ ਫ਼ੇਜ਼- 7 ਅਤੇ ਫ਼ੇਜ਼- 2 ਵਿਖੇ ਸਥਿਤ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪੰਜਾਬ ਸਰਕਾਰ ਦੇ ਮੌਜੂਦਾ ਕਾਰਜਕਾਲ ਦੌਰਾਨ ਹੋਏ ਵਿਕਾਸ ਦੇ ਕੰਮਾਂ ਦੇ ਉਦਘਾਟਨ ਕੁਲਵੰਤ ਸਿੰਘ, ਹਲਕਾ ਵਿਧਾਇਕ ਦੁਆਰਾ ਕੀਤੇ ਗਏ। ਫ਼ੇਜ਼- 7 ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 15 ਲੱਖ ਰੁਪਏ ਦੀ ਲਾਗਤ ਨਾਲ ਆਧੁਨਿਕ ਤਰੀਕੇ ਅਤੇ ਹਰ ਤਰ੍ਹਾਂ ਦੀ ਸੁਵਿਧਾ ਨਾਲ ਲੈਸ ਕਲਾਸ ਰੂਮਾਂ ਦਾ ਅਤੇ ਫ਼ੇਜ਼-2 ਵਿਖੇ 2.55 ਲੱਖ ਰੁਪਏ ਦੀ ਲਾਗਤ ਨਾਲ ਪਹਿਲਾਂ ਤੋਂ ਬਣੇ ਹੋਏ ਕਮਰਿਆਂ ਦਾ ਨਵੀਨੀਕਰਨ ਕਰਕੇ ਆਧੁਨਿਕ ਸਹੂਲਤਾਂ ਜਿਵੇਂ ਕਿ ਪ੍ਰੋਜੈਕਟਰ ਅਤੇ ਐਲ ਈ ਡੀ ਟੀ ਵੀ ਮੁਹੱਈਆ ਕਰਵਾਏ ਗਏ ਹਨ।ਇਸ ਮੌਕੇ ਬੋਲਦੇ ਹੋਏ ਵਿਧਾਇਕ ਨੇ ਕਿਹਾ ਕਿ ਕੋਈ ਵੀ ਸਮਾਜ ਤਾਂ ਹੀ ਖੁਸ਼ਹਾਲ ਹੋ ਸਕਦਾ ਹੈ, ਜੇਕਰ ਉੱਥੋਂ ਦੇ ਨਿਵਾਸੀ ਸਿਹਤਮੰਦ ਹੋਣ ਅਤੇ ਪੜ੍ਹੇ-ਲਿਖੇ ਹੋਣ।ਇਸ ਮਕਸਦ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਪੰਜਾਬ ਵਿਖੇ 881 ਆਮ ਆਦਮੀ ਕਲੀਨਿਕ ਖ਼ੋਲੇ ਗਏ ਹਨ ਅਤੇ ਸਕੂਲਾਂ ਵਿੱਚ ਅਧਿਆਪਕਾਂ ਦੀ ਭਰਤੀ ਕਰਨ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਵਾਂਗ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਲਈ ਕਿਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਉਨ੍ਹਾਂ ਵੱਲੋਂ ਸਕੂਲਾਂ ਦੇ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਉਨ੍ਹਾਂ ਦਾ ਦਰਜਾ ਬੱਚਿਆਂ ਦੇ ਮਾਂ-ਬਾਪ ਦੇ ਬਰਾਬਰ ਹੋਣ ਕਾਰਨ ਉਹ ਬੱਚਿਆਂ ਦੀ ਪੜ੍ਹਾਈ ਦਾ ਉਨ੍ਹਾਂ ਹੀ ਖਿਆਲ ਰੱਖਣ ਜਿੰਨਾ ਉਹ ਆਪਣੇ ਬੱਚਿਆਂ ਦਾ ਰੱਖਦੇ ਹਨ।

## ਪ੍ਰਦੂਸ਼ਤ ਪਾਣੀ ਦੀ ਰੋਕਥਾਮ ਲਈ ਉਪਰਾਲੇ ਜ਼ਰੂਰੀ : ਭਾਰਟਾ




**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**-ਦਿਨੋ-ਦਿਨ ਘੱਟਦਾ ਜਾ ਰਿਹਾ ਪਾਣੀ ਦਾ ਪੱਧਰ ਜਿਥੇ ਚਿੰਤਾ ਦਾ ਵਿਸ਼ਾ ਹੈ, ਉੱਥੇ ਹੋ ਰਿਹਾ ਪ੍ਰਦੂਸ਼ਿਤ ਪਾਣੀ ਖ਼ਤਰੇ ਦੀ ਘੰਟੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲੋਕ ਭਲਾਈ ਸੇਵਾ ਸੁਸਾਇਟੀ ਦੇ ਸਰਪ੍ਰਸਤ ਸਮਾਜ ਸੇਵੀ ਅਤੇ ਵਾਤਾਵਰਨ ਪ੍ਰੇਮੀ ਕੁਲਵਿੰਦਰ ਸਿੰਘ ਭਾਰਟਾ ਨੇ ਆਪਣੇ ਸਾਥੀਆਂ ਸਮੇਤ ਕੀਤਾ। ਉਨ੍ਹਾਂ ਕਿਹਾ ਕਿ ਪਾਣੀ ਦਾ ਪੱਧਰ ਦਿਨੋ-ਦਿਨ ਘੱਟ ਰਿਹਾ ਹੈ। ਜਿਸ ਦਾ ਮੁੱਖ ਕਾਰਨ ਰੁੱਖਾਂ ਦੀ ਹੋ ਰਹੀ ਲਗਾਤਾਰ ਕਟਾਈ ਹੈ। ਆਓ ਸਾਰੇ ਵੱਧ ਤੋਂ ਵੱਧ ਰੁੱਖ ਲਗਾਈਏ ਤਾਂ ਜੋ ਪਾਣੀ ਦਾ ਪੱਧਰ ਵੱਧ ਸਕੇ ਨਹੀਂ ਤਾਂ ਉਹ ਦਿਨ ਦੂਰ ਨਹੀ ਜਦੋਂ ਪੰਜਾਬ ਰੇਗਿਸਤਾਨ ਬਣ ਜਾਵੇਗਾ। ਦੂਸਰੀ ਵੱਡੀ ਚਿੰਤਾ ਲਗਾਤਾਰ ਹੋ ਰਿਹਾ ਪ੍ਰਦੂਸ਼ਿਤ ਪਾਣੀ ਹੈ। ਜਿਸ ਕਾਰਨ ਕਈ ਭਿਆਨਕ ਬਿਮਾਰੀਆਂ ਦੇ ਫੈਲਣ ਦਾ ਖਦਸ਼ਾ ਹੈ। ਇਸ ਮੌਕੇ ਸੀਨੀਅਰ ਕੌਂਸਲਰ ਚੇਤ ਰਾਮ ਰਤਨ, ਇੰਸਪੈਕਟਰ ਵਰਿੰਦਰ ਕੁਮਾਰ, ਰਾਮ ਕੁਮਾਰ, ਹਰਮਿੰਦਰ ਸਿੰਘ, ਗੁਰਚਰਨ ਸਿੰਘ, ਕੁਲਦੀਪ ਸਿੰਘ ਪਾਬਲਾ, ਗਗਨਦੀਪ, ਡਾ. ਦੀਪਕ ਪਾਂਡੇ ਆਦਿ ਹਾਜ਼ਰ ਸਨ।

# ਡਾ. ਕਰੀਮਪੁਰੀ ਨੂੰ ਮਿਲ ਰਹੀਆਂ ਧਮਕੀਆਂ ਦੀ ਬਸਪਾ ਅਹੁਦੇਦਾਰਾਂ ਵੱਲੋਂ ਨਿੰਦਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਬਹੁਜਨ ਸਮਾਜ ਪਾਰਟੀ ਹਲਕਾ ਨਕੋਦਰ ਦੇ ਜਿੰਮੇਵਾਰ ਵਰਕਰਾਂ ਦੀ ਵਿਸ਼ੇਸ਼ ਮੀਟਿੰਗ ਗੁਰਮੇਲ ਚੁੰਬਰ ਇੰਚਾਰਜ ਜ਼ਿਲ੍ਹਾ ਜਲੰਧਰ ਅਤੇ ਕਪੂਰਥਲਾ ਦੀ ਅਗਵਾਈ ਹੇਠ ਹੋਈ,ਜਿਸ ਵਿਚ ਫਿਲੌਰ ਅਤੇ ਬਟਾਲਾ ਵਿਖੇ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਨਾਲ ਕੀਤੀ ਗਈ ਬੇਹੁਰਮਤੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਪੰਜਾਬ ਸਰਕਾਰ ਨੂੰ ਆਗਾਹ ਕੀਤਾ ਕਿ ਜਿਹੜੇ ਲੋਕ ਕਿਸੇ ਖਾਸ ਫ਼ਿਰਕੇ ਦੀ



ਆੜ ਵਿੱਚ ਪੰਜਾਬ ਅਤੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਮਜੋਰ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਨੇ ਉਹਨਾਂ ਤੇ ਕਨੂੰਨ ਮੁਤਾਬਕ ਸਖ਼ਤ ਤੋਂ ਸਖ਼ਤ ਧਰਾਵਾਂ ਲਗਾ ਕੇ ਜੇਲ੍ਹਾਂ ਵਿਚ ਬੰਦ ਕਰਨਾ ਚਾਹੀਦਾ ਹੈ ਤਾਂ ਕਿ ਕੋਈ ਵੀ ਦੇਸ਼ ਅਤੇ ਪ੍ਰਾਂਤ ਵਿਰੋਧੀ ਅਨਸਰ ਇਸ ਤਰ੍ਹਾਂ ਦੀਆਂ ਘਿਨਾਉਣੀਆਂ ਹਰਕਤਾਂ ਨਾ ਕਰ ਸਕੇ।ਇਸ ਦੇ ਨਾਲ ਹੀ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੂੰ ਜਾਨੋ ਮਾਰਨ ਦੀਆਂ ਜੋ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਉਹ ਅਤਿਨਿੰਦਣਯੋਗ ਹੈ,ਅੱਜ ਜੇ ਕੋਈ ਪਾਰਟੀ ਜਾਂ ਜਥੇਬੰਦੀ ਦੇਸ਼ ਵਿਚ ਭਾਈਚਾਰਕ ਸਾਂਝ ਨੂੰ ਕਾਇਮ ਰੱਖ ਦੀ ਗੱਲ ਕਰਦੀ ਉਹ ਸਿਰਫ ਤੇ ਸਿਰਫ ਬਸਪਾ ਹੈ।ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਕਰੀਮਪੁਰੀ ਦੀ ਸੁਰੱਖਿਆ ਦਾ ਪ੍ਰਬੰਧ ਕਰੇ। ਇਸ ਸਮੇਂ ਜਗਦੀਸ਼ ਸ਼ੇਰਪੁਰੀ ਪ੍ਰਧਾਨ ਜ਼ਿਲ੍ਹਾ ਜਲੰਧਰ ਦਿਹਾਤੀ,ਦੇਵਰਾਜ ਸੁਮਨ ਪ੍ਰਧਾਨ ਵਿਧਾਨ ਸਭਾ ਨਕੋਦਰ, ਵਿਜੈ ਮੜਾਸ ਸ਼ਹਿਰੀ ਪ੍ਰਧਾਨ ਨਕੋਦਰ,ਕੁਲਦੀਪ ਦੀਪਾ ਨੂਰਮਹਿਲ, ਰਮੇਸ਼ ਬੰਗੜ, ਰਾਜਾ ਸਿਧਮ, ਮੰਗਤ ਸਿੰਘ ਮਿੰਟੂ, ਰਵੀ ਪੰਡੋਰੀ, ਰੌਸ਼ਨ ਨਕੋਦਰ, ਬੱਬੂ ਬਾਠ, ਰਕੇਸ਼ ਨਵੀਂ ਆਬਾਦੀ,ਸੁਦੇਸ਼ ਚਾਹਲ, ਵਲਾਇਤੀ ਰਾਮ ਐਮ. ਸੀ, ਦਲਵੀਰ ਕਦੋ ਐਮ.ਸੀ, ਰਾਣਾ ਤਲਵਣ, ਸੋਮ ਲਾਲ ਥਾਣਾ, ਜਗਨਨਾਥ ਪੰਚ, ਕਸ਼ਮੀਰੀ ਲਾਲ ਸਾਬਕਾ ਸਰਪੰਚ, ਮਲਕੀਤ ਚੁੰਬਰ,ਮਨਜੀਤ ਸਿਧਮ, ਦੇਸਰਾਜ ਬੰਗੜ, ਅਮਰੀਕ ਬੰਗੜ ਸਰਪੰਚ, ਪਰਮਜੀਤ ਨਾਹਲ,ਸਤਪਾਲ ਮੈਂਬਰ ਬਲਾਕ ਸੰਮਤੀ ਆਦਿ ਮੌਜੂਦ ਸਨ।

## ਸਰਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸ਼ਤਰਕਾ ਨੇ ਅੱਵਲ ਰਹਿ ਕੇ ਜਿੱਤਿਆ ਸਟੇਟ ਐਵਾਰਡ

ਮਹਿਤਪੁਰ (ਰਾਜਾ)- ਇਲਾਕੇ ਵਿੱਚ ਉਸ ਸਮੇਂ ਖੁਸ਼ੀ ਦਾ ਮਾਹੌਲ ਬਣਿਆ ਜਦੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਖਹਿਰਾ ਮੁਸ਼ਤਰਕਾ ਨੂੰ 'ਉੱਤਮ ਸਕੂਲ ਪੁਰਸਕਾਰ' (ਸਟੇਟ ਅਵਾਰਡ) ਲਈ ਚੁਣਿਆ ਗਿਆ। ਮੁੱਖ ਅਧਿਆਪਕ ਲਖਵਿੰਦਰ ਸਿੰਘ ਨੇ ਦੱਸਿਆ ਕਿ ਜਲੰਧਰ ਜ਼ਿਲ੍ਹੇ ਵਿਚੋਂ ਸਿਰਫ ਇੱਕ ਸਕੂਲ ਨੂੰ ਹੀ ਚੁਣਿਆ ਜਾਣਾ ਸੀ ਜੋ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਹਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਦੇ 940 ਸਕੂਲਾਂ ਵਿਚੋਂ ਸਭ ਤੋਂ ਮੋਹਰੀ ਰਹਿ ਕੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਖਹਿਰਾ ਮੁਸ਼ਤਰਕਾ ਨੇ ਇਹ ਮਾਣ ਹਾਸਲ ਕੀਤਾ। ਇਹ ਸਕੂਲ ਜਲੰਧਰ ਜ਼ਿਲ੍ਹੇ ਦਾ ਆਖਰੀ ਸਕੂਲ ਹੈ ਜੋ ਸਤਲੁਜ ਦਰਿਆ ਦੇ ਬਿਲਕੁੱਲ ਕੰਢੇ 'ਤੇ ਹੈ।ਇਹ ਸਕੂਲ ਜਲੰਧਰ ਜਿਲ੍ਹੇ ਦਾ ਨੰਬਰ ਇੱਕ ਸਕੂਲ ਬਣ ਗਿਆ ਹੈ। ਇਸ ਪ੍ਰਾਪਤੀ ਲਈ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਚੰਡੀਗੜ੍ਹ ਬੁਲਾ ਕੇ ਸਕੂਲ ਦੇ ਮੁੱਖ ਅਧਿਆਪਕ ਲਖਵਿੰਦਰ ਸਿੰਘ ਨੂੰ ਸਨਮਾਨਿਤ ਕੀਤਾ। ਇਸ ਪ੍ਰਾਪਤੀ ਲਈ ਸਕੂਲ ਨੂੰ ਹੋਰ ਬਿਹਤਰ ਬਣਾਉਣ ਲਈ 250000/- ਰੁ: ਦੀ ਰਾਸ਼ੀ ਜਾਰੀ ਕੀਤੀ ਗਈ। ਉਨ੍ਹਾਂ ਕਿਹਾ ਕਿ ਸਿਹਰਾ ਸਟਾਫ਼ ਮੈਡਮ ਦਵਿੰਦਰ ਕੌਰ, ਨਿਰਮਲ ਸਿੰਘ, ਮੈਡਮ ਗਗਨਦੀਪ ਕੌਰ, ਐਨ. ਆਰ. ਆਈ ਵੀਰ, ਪਿੰਡ ਦੇ ਪਤਵੰਤੇ ਸੱਜਣ, ਐੱਸ .ਐੱਮ. ਸੀ ਕਮੇਟੀ, ਪੀ. ਟੀ. ਏ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਿਰ ਜਾਂਦਾ ਹੈ।

# ਸਿੱਖਿਆ ਮੰਤਰੀ ਬੈਂਸ ਨੇ ਸਿੱਖਿਆ ਕ੍ਰਾਂਤੀ ਦਾ ਕੀਤਾ ਆਗਾਜ਼



**ਡੇਰਾਬੱਸੀ, (ਵਿਨੈ ਕੁਮਾਰ ਜੈਨ)**

'ਸਿੱਖਿਆ ਕ੍ਰਾਂਤੀ' ਦੇ ਪਹਿਲੇ ਦਿਨ ਡੇਰਾਬੱਸੀ ਦੇ ਸਵਰਗਵਾਸੀ ਗੁਰਨਾਮ ਸਿੰਘ ਸੈਣੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਦੀ ਹਾਜ਼ਰੀ ਵਿੱਚ 1.70 ਕਰੋੜ ਰੁਪਏ ਦੀ ਲਾਗਤ ਨਾਲ ਮੁਰੰਮਤ ਕੀਤੇ ਬਲਾਕ ਏ ਅਤੇ ਸੀ ਅਤੇ 10 ਲੱਖ ਰੁਪਏ ਦੀ ਲਾਗਤ ਨਾਲ ਸਥਾਪਿਤ ਇੱਕ ਅਤਿ-ਆਧੁਨਿਕ ਮਿੰਨੀ ਸਾਇੰਸ ਸੈਂਟਰ ਦਾ ਉਦਘਾਟਨ ਕੀਤਾ। ਆਧੁਨਿਕ ਸਿਖਲਾਈ ਸਾਧਨਾਂ ਨਾਲ ਲੈਸ ਇਹ ਸਾਇੰਸ ਸੈਂਟਰ ਸਟੈਮ ਸਿੱਖਿਆ ਲਈ ਜਨੂੰਨ ਪੈਦਾ ਕਰੇਗਾ। ਇਸ ਤੋਂ ਇਲਾਵਾ 5.65 ਲੱਖ ਰੁਪਏ ਦੀ ਲਾਗਤ ਨਾਲ ਲੜਕੀਆਂ ਲਈ ਇੱਕ ਨਵੇਂ ਬਣੇ ਟਾਇਲਟ ਬਲਾਕ ਦਾ ਵੀ ਉਦਘਾਟਨ ਕੀਤਾ ਗਿਆ। ਉਨ੍ਹਾਂ ਆਪਣੇ ਸੰਬੋਧਨ ਚ ਆਖਿਆ ਕਿ 54 ਦਿਨ ਚੱਲਣ ਵਾਲੇ ਇਸ ਤਿਉਹਾਰ ਦੌਰਾਨ ਸੂਬੇ ਭਰ ਦੇ 12,000 ਸਰਕਾਰੀ ਸਕੂਲਾਂ ਵਿੱਚ 2,000 ਕਰੋੜ ਰੁਪਏ ਦੀ ਲਾਗਤ ਵਾਲੇ ਨਵੇਂ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਲੜੀਵਾਰ ਉਦਘਾਟਨ ਅਤੇ ਸਮਰਪਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਵਿਆਪਕ ਬੁਨਿਆਦੀ ਢਾਂਚਾ ਵਿਕਾਸ ਪ੍ਰੋਗਰਾਮ ਆਧੁਨਿਕ ਸਿੱਖਿਆ ਸਹੂਲਤਾਂ ਨਾਲ ਲੈਸ ਕਰਨ ਦੇ ਉਦੇਸ਼ ਨਾਲ ਸਰਕਾਰੀ ਸਕੂਲਾਂ ਵਿੱਚ ਨਵੇਂ ਕਮਰਿਆਂ ਦੀ ਉਸਾਰੀ ਅਤੇ ਨਵੀਆਂ ਵਿੱਦਿਅਕ ਤਕਨੀਕਾਂ 'ਤੇ ਕੇਂਦਰਿਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਜਿੱਥੇ ਸਕੂਲਾਂ ਵਿੱਚ ਕੈਂਪਸ ਮੈਨੇਜਰ ਅਤੇ ਸੁਰੱਖਿਆ ਗਾਰਡ ਨਿਯੁਕਤ ਕੀਤੇ ਗਏ ਹਨ ਅਤੇ ਵਿਦਿਆਰਥੀਆਂ ਲਈ ਬੱਸ ਸੇਵਾ ਸ਼ੁਰੂ ਕੀਤੀ ਗਈ ਹੈ। ਬੈਂਸ ਨੇ ਕਿਹਾ ਕਿ 'ਸਿੱਖਿਆ ਕ੍ਰਾਂਤੀ' ਦੇ ਪਹਿਲੇ ਦਿਨ, ਕੈਬਨਿਟ ਮੰਤਰੀਆਂ ਅਤੇ ਹੋਰ ਪਤਵੰਤਿਆਂ ਵੱਲੋਂ 350 ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ ਹੈ।ਇਨ੍ਹਾਂ ਸਕੂਲਾਂ ਵਿੱਚ ਸਾਰੇ ਵਿਦਿਅਕ ਵਿਸ਼ਿਆਂ ਸਬੰਧੀ ਸਿੱਖਿਆ ਦੇਣੀ ਸ਼ੁਰੂ ਕੀਤੀ ਗਈ ਹੈ। ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਹਥਿਆਰਬੰਦ ਬਲਾਂ ਵਿੱਚ ਨੌਕਰੀ ਲਈ ਤਿਆਰੀ, ਨੀਟ, ਜੇ.ਈ.ਈ., ਸੀ.ਐਲ.ਏ.ਟੀ., ਐਨ.ਆਈ.ਐਫ.ਟੀ. ਆਦਿ ਵਰਗੀਆਂ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਆਨਲਾਈਨ/ਆਫਲਾਈਨ ਕੋਚਿੰਗ ਵੀ ਪ੍ਰਦਾਨ ਕੀਤੀ ਜਾ ਰਹੀ ਹੈ।

## ਸਰਕਾਰ ਨੇ ਬਜਟ ਦਾ 12 ਫੀਸਦੀ ਹਿੱਸਾ ਸਿੱਖਿਆ ਖੇਤਰ ਲਈ ਰੱਖਿਆ : ਚੱਬੇਵਾਲ


**ਫਗਵਾੜਾ, (ਡਾ. ਰਮਨ)**

ਪੰਜਾਬ ਸਰਕਾਰ ਵਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੀ ਕਾਇਆ ਕਲਪ ਦੇ ਨਾਲ-ਨਾਲ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲੇ ਦੀ ਸਿੱਖਿਆ ਦੇਣ ਲਈ ਪੰਜਾਬ ਸਰਕਾਰ ਵੱਲੋਂ ਬਜਟ ਵਿੱਚ 12 ਫੀਸਦੀ ਰਾਸ਼ੀ ਰਾਖਵੀਂ ਰੱਖੀ ਗਈ ਹੈ ਜੋ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ।ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਵਿਖੇ ਸਕੂਲ ਆਫ ਐਮੀਨੈਂਸ ਫਗਵਾੜਾ ਵਿਖੇ 43 ਲੱਖ ਰੁਪੈ ਨਾਲ ਸਕੂਲ ਦਾ ਮੁਕੰਮਲ ਨਵੀਨੀਕਰਨ ਤੇ 8 ਲੱਖ ਰੁਪੈ ਨਾਲ ਨਵੀਂ ਚਾਰਦੀਵਾਰੀ ਦਾ ਉਦਘਾਟਨ ਕਰਨ ਮੌਕੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਪਹਿਲ ਦਿੱਤੀ ਗਈ ਹੈ , ਜਿਸ ਨਾਲ ਸਰਕਾਰੀ ਸਕੂਲਾਂ ਅੰਦਰ ਸਿੱਖਿਆ ਦਾ ਪੱਧਰ ਉੱਚਾ ਹੋਇਆ ਹੈ। ਸਰਕਾਰੀ ਸਕੂਲ (ਲੜਕੀਆਂ) ਫਗਵਾੜਾ ਵਿਖੇ ਵੀ 2 ਲੱਖ ਰੁਪੈ ਨਾਲ ਚਾਰਦੀਵਾਰੀ ਹੋਵੇਗੀ ।ਉਨ੍ਹਾਂ ਕਿਹਾ ਕਿ 425 ਪ੍ਰਾਇਮਰੀ ਸਕੂਲਾਂ ਨੂੰ ਸਕੂਲ ਆਫ਼ ਹੈਪੀਨੈਸ ਵਿੱਚ ਬਦਲਿਆ ਜਾ ਰਿਹਾ ਹੈ ਤਾਂ ਜੋ ਹਵਾਦਾਰ ਕਲਾਸਰੂਮਾਂ, ਖੇਡ ਦੇ ਖੇਤਰਾਂ ਅਤੇ ਗਤੀਵਿਧੀ ਕਾਰਨਰਾਂ ਦੇ ਨਾਲ ਚੰਗਾ ਵਾਤਾਵਰਣ ਸਿਰਜਿਆ ਜਾ ਸਕੇ। ਇਸ ਤੋਂ ਇਲਾਵਾ ਪੰਜਾਬ ਯੰਗ ਐਂਟਰਪ੍ਰੀਨਿਓਰ ਪ੍ਰੋਗਰਾਮ ਵਰਗੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਨਵੀਨਤਾ ਅਤੇ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨਗੀਆਂ।ਚੱਬੇਵਾਲ ਨੇ ਇਹ ਵੀ ਕਿਹਾ ਕਿ ਬਿਜਲੀ ਦੀਆਂ ਲਾਗਤਾਂ ਨੂੰ ਘਟਾਉਣ ਅਤੇ ਸਾਫ਼ ਊਰਜਾ ਨੂੰ ਉਤਸ਼ਾਹਿਤ ਕਰਨ ਲਈ, 4,098 ਸਰਕਾਰੀ ਸਕੂਲਾਂ ਵਿੱਚ ਪਹਿਲਾਂ ਹੀ ਸੋਲਰ ਪੈਨਲ ਲਗਾਏ ਜਾ ਚੁੱਕੇ ਹਨ ਅਤੇ ਹੋਰ ਵਿਸਥਾਰ ਕਰਨ ਦੀ ਯੋਜਨਾ ਹੈ।ਬੁਨਿਆਦੀ ਢਾਂਚੇ ਦੇ ਨਵੀਨੀਕਰਨ, ਨਾਲ ਜਿਸ ਵਿੱਚ ਚਾਰਦੀਵਾਰੀ ਅਤੇ ਰੱਖ-ਰਖਾਅ ਗ੍ਰਾਂਟਾਂ ਸ਼ਾਮਲ ਹਨ, ਖਾਸ ਕਰ ਕੇ ਵਿਦਿਆਰਥਣਾਂ ਲਈ ਸੁਰੱਖਿਅਤ ਅਤੇ ਚੰਗੀ ਸਾਂਭ-ਸੰਭਾਲ ਵਾਲੇ ਸਕੂਲ ਯਕੀਨੀ ਬਣਾਏ ਜਾਣਗੇ।ਸੰਸਦ ਮੈਂਬਰ ਨੇ ਮਾਪਿਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲੇ ਦਿਵਾਉਣ ਕਿਉਂ ਜੋ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਕੂਲਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਸਿੱਖਿਆ ਲਈ ਤਿਆਰ ਕੀਤਾ ਗਿਆ ਹੈ ।ਇਸ ਮੌਕੇ ਸਾਬਕਾ ਮੰਤਰੀ ਤੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ , ਮੇਅਰ ਰਾਮਪਾਲ ਉੱਪਲ, ਵਧੀਕ ਡਿਪਟੀ ਕਮਿਸ਼ਨਰ ਡਾ ਅਕਸ਼ਿਤਾ ਗੁਪਤਾ, ਆਮ ਆਦਮੀ ਪਾਰਟੀ ਦੇ ਬੁਲਾਰੇ ਹਰਜੀ ਮਾਨ, ਐਸ ਡੀ ਐਮ ਜਸ਼ਨਜੀਤ ਸਿੰਘ ਤੇ ਹੋਰ ਹਾਜ਼ਰ ਸਨ।

# ਸੀ ਐੱਚ ਸੀ ਬੜਾ ਪਿੰਡ 'ਚ ਵਿਸ਼ਵ ਸਿਹਤ ਦਿਵਸ ਮਨਾਇਆ

**ਫਿਲੌਰ, (ਨਿਰਮਲ)**

ਸਿਵਲ ਸਰਜਨ ਡਾ: ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕੰਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਸਾਲ ਦਾ ਵਿਸਵ ਸਿਹਤ ਦਿਵਸ ਸਿਹਤਮੰਦ ਸ਼ੁਰੂਆਤ ਸਿਹਤਮੰਦ ਜੀਵਨ ਦੇ ਵਿਸ਼ੇ ਉਪਰ ਅਧਾਰਿਤ ਹੈ। ਸੀਨੀਅਰ ਮੈਡੀਕਲ ਅਫਸਰ ਡਾ: ਅਮੀਤਾ ਲੂਨਾ ਨੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਨੂੰ ਪੂਰੇ ਸੰਸਾਰ ਵਿੱਚ ਚੰਗੀ ਸਿਹਤ ਸਬੰਧੀ ਜਾਣਕਾਰੀ ਦੇਣ ਲਈ ਮਨਾਇਆ ਜਾਂਦਾ ਹੈ। ਇਸ ਦਿਨ 7 ਅਪ੍ਰੈਲ 1948 ਨੂੰ ਵਿਸ਼ਵ ਸਿਹਤ ਸੰਗਠਨ ਦੀ ਸਥਾਪਨਾ ਹੋਈ ਸੀ। ਡਾ: ਅਮਿਤਾ ਨੇ ਸਿਹਤ ਪੱਖੋ ਲੋਕਾ ਨੂੰ ਆਉਦੇ ਦਰਪੇਸ਼ ਵਿਸ਼ਿਆ ਉਪਰ ਚਰਚਾ ਕੀਤੀ। ਉਨਾ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੀ ਸਮੱਸਿਆ ਉੱਤੇ ਚਿੰਤਾ ਜਾਹਿਰ ਕੀਤੀ ਗਈ। ਡਾ: ਲੂਨਾ ਨੇ ਕਿਹਾ ਕਿ ਨਸ਼ੇ ਸਾਡੀ ਨੌਜਵਾਨ ਪੀੜ੍ਹੀ ਨੂੰ ਬਰਬਾਦ ਕਰ ਰਹੇ ਹਨ ਅਤੇ ਇਹ ਸਮਾਜ ਦੀ ਸਿਹਤ ਲਈ ਗੰਭੀਰ ਚੁਣੌਤੀ ਹੈ। ਉਨ੍ਹਾਂ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਅਤੇ ਨਸਾ ਛੁਡਾਉ ਕੇਂਦਰਾਂ ਦੀ ਸਹਾਇਤਾ ਲੈਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਡਾ: ਅਮਿਤਾ ਲੂਨਾ ਨੇ ਪੰਜਾਬ ਵਿੱਚ ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਕਿ ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਦਿਲ ਦੀਆਂ ਬਿਮਾਰੀਆਂ ਦੀ ਵੱਧ ਰਹੀ ਗਿਣਤੀ ਉਪਰ ਚਿੰਤਾ ਜਾਹਿਰ ਕੀਤੀ। ਇਹਨਾਂ ਬਿਮਾਰੀਆਂ ਦਾ ਇਲਾਜ ਲੰਬੇ ਸਮੇਂ ਤੱਕ ਚੱਲਣ ਵਾਲਾ ਹੁੰਦਾ ਹੈ ਇਹ ਅਤੇ ਗਲਤ ਲਾਈਫਸਟਾਈਲ ਕਾਰਨ ਹੁੰਦੀਆਂ ਹਨ। ਮੈਡੀਕਲ ਅਫਸਰ ਡਾ: ਮਮਤਾ ਗੌਤਮ ਨੇ ਕਿਹਾ ਕਿ ਸਾਨੂੰ ਨਿਯਮਤ ਕਸਰਤ ਅਤੇ ਸੰਤੁਲਿਤ ਡਾਈਟ ਰਾਹੀਂ ਆਪਣਾ ਵਜਨ ਨਿਯੰਤਰਿਤ ਰੱਖਣਾ ਚਾਹੀਦਾ ਹੈ। ਉਨਾਂ ਤਮਾਕੂ,



ਸ਼ਰਾਬ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਇਸ ਦੇ ਨਾਲ ਹੀ ਉਨਾਂ ਨਿਯਮਤ ਤੌਰ 'ਤੇ ਸਿਹਤ ਜਾਂਚ ਕਰਵਾਉਣ, ਦਿਲ ਅਤੇ ਸ਼ੂਗਰ ਦੇ ਮਰੀਜ ਨੂੰ ਦਵਾਈਆਂ ਨਿਯਮਤ ਲੈਣ ਲਈ, ਮਨੋਵਿਗਿਆਨਕ ਤਨਾਅ ਤੋਂ ਬਚਣ ਲਈ ਯੋਗ ਅਤੇ ਧਿਆਨ ਵਰਗੀਆਂ ਵਿਧੀਆਂ ਅਪਨਾਉਣ ਦੀ ਸਲਾਹ ਦਿੱਤੀ। ਇਸ ਮੌਕੇ 'ਤੇ ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ, ਹੈਲਥ ਸੁਪਰਵਾਈਜਰ ਸਤਨਾਮ, ਐਲ ਐਚ ਵੀ ਕੁਲਵਿੰਦਰ ਕੌਰ ਤੇ ਸਮੂਹ ਸਟਾਫ ਮੌਜੂਦ ਸੀ।

## ਪੈਰਾਡਾਈਜ਼ ਸਕੂਲ 'ਚ ਮਨਾਇਆ ਵਿਸ਼ਵ ਸਿਹਤ ਦਿਵਸ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਨੇ ਵਿਦਿਆਰਥੀਆਂ ਵਿੱਚ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨ ਤੇ ਜਾਗਰੂਕਤਾ ਪੈਦਾ ਕਰਨ ਲਈ ਵਿਸ਼ਵ ਸਿਹਤ ਦਿਵਸ ਮਨਾਇਆ।ਇਸ ਦੀ ਸ਼ੁਰੂਆਤ ਵਿਦਿਆਰਥੀਆਂ ਦੁਆਰਾ ਦਿੱਤੇ ਗਏ ਪ੍ਰੇਰਨਾਦਾਇਕ ਭਾਸ਼ਣ ਨਾਲ ਹੋਈ, ਜਿਨ੍ਹਾਂ ਵਿੱਚ ਰੋਜ਼ਾਨਾ ਜੀਵਨ ਵਿੱਚ ਸਿਹਤ ਤੇ ਤੰਦਰੁਸਤੀ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ।ਇਸ ਤੋਂ ਬਾਅਦ ਚੰਗੀਆਂ ਆਦਤਾਂ ਤੇ ਮਾਨਸਿਕ ਤੰਦਰੁਸਤੀ ਦੀ ਮਹੱਤਤਾ ਦਰਸਾਉਂਦੀਆਂ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ ਗਈ। ਸਮਾਗਮ ਦੀ ਸਮਾਪਤੀ ਮੌਕੇ ਸਾਰੇ ਵਿਦਿਆਰਥੀਆਂ ਨੇ ਇੱਕ ਸਿਹਤਮੰਦ ਰੁਟੀਨ ਅਪਣਾਉਣ ਤੇ ਬਣਾਈ ਰੱਖਣ, ਪੌਸ਼ਟਿਕ ਭੋਜਨ ਦੀ ਚੋਣ ਕਰਨ ਤੇ ਨਿਯਮਤ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦਾ ਸਮੂਹਕ ਪ੍ਰਣ ਲਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਵਿਦਿਆਰਥੀਆਂ ਤੇ ਸਟਾਫ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਸਾਰਿਆਂ ਨੂੰ ਇੱਕ ਅਨੁਸ਼ਾਸਤ ਰੁਟੀਨ ਤੇ ਸੰਤੁਲਿਤ ਖੁਰਾਕ ਦੀ ਪਾਲਣਾ ਕਰਨ ਦੀ ਅਪੀਲ ਕੀਤੀ, ਜੋ ਕਿ ਇੱਕ ਸਿਹਤਮੰਦ ਜੀਵਨ ਦੀ ਨੀਂਹ ਲਈ ਜ਼ਰੂਰੀ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੰਗੀ ਸਿਹਤ ਇੱਕ ਖੁਸ਼ਹਾਲ ਤੇ ਸਫਲ ਭਵਿੱਖ ਦੀ ਕੁੰਜੀ ਹੈ।

## ਸਰਕਾਰੀ ਕੰਨਿਆ ਸਕੂਲ ਵਿਖੇ ਕਲਾਸ ਰੂਮ ਉਦਘਾਟਨ



ਜਗਰਾਉਂ (ਅਮਿਤ ਖੰਨਾ)-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਗਰਾਉਂ ਵਿਖੇ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੇ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਕਰਕੇ ਵਿਦਿਆਰਥਣਾਂ ਨੂੰ ਸਮਰਪਤ ਕੀਤਾ।ਉਨ੍ਹਾਂ ਉਸੇ ਕਲਾਸ ਰੂਮ ਵਿੱਚ ਬੈਠ ਕੇ ਵਿਦਿਆਰਥਣਾਂ ਨੂੰ ਸੰਬੋਧਨ ਕੀਤਾ ਤੇ ਪੜ੍ਹਾਈ ਲਈ ਉਤਸ਼ਾਹਤ ਕੀਤਾ। ਇਸ ਮੌਕੇ ਪ੍ਰਿੰਸੀਪਲ ਗੁਰਵਿੰਦਰ ਕੌਰ ਗਿੱਲ, ਕੋਆਰਡੀਨੇਟਰ ਪਰਮਿੰਦਰ ਸਿੰਘ, ਸਿੱਖਿਆ ਕੋਆਰਡੀਨੇਟਰ ਲਵਲੀਨ ਕੌਰ, ਕੌਂਸਲਰ ਅਮਰਜੀਤ ਸਿੰਘ ਮਾਲਵਾ, ਕੌਂਸਲਰ ਕਵਰਪਾਲ ਸਿੰਘ, ਆਪ ਆਗੂ ਨੋਨੀ ਸੈਂਭੀ, ਸਾਜਨ ਮਲਹੋਤਰਾ, ਕਰਮਜੀਤ ਸਿੰਘ ਕੈਂਥ, ਵਿਦਿਆਰਥਣਾਂ, ਉਨ੍ਹਾਂ ਦੇ ਮਾਪੇ, ਸਮੂਹ ਸਟਾਫ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਵਨੀਤ ਜਿੰਦਲ ਬਣੇ ਅਗਰਵਾਲ ਸਭਾ ਦੇ ਪ੍ਰਧਾਨ



ਗਿੱਦੜਬਾਹਾ (ਜਸਵੰਤ ਗਿੱਲ ਛੌਤਿਆਣਾ)-ਅਗਰਵਾਲ ਸਭਾ ਪੰਜਾਬ ਦੇ ਪ੍ਰਧਾਨ ਸਰੂਪ ਸਿੰਗਲਾ ਤੇ ਜ਼ਿਲ੍ਹਾ ਪ੍ਰਧਾਨ ਦਿਨੇਸ਼ ਸਿੰਗਲਾ ਬੱਬੀ ਵੱਲੋਂ ਵਨੀਤ ਜਿੰਦਲ ਮੋਟੀ ਨੂੰ ਅਗਰਵਾਲ ਸਭਾ ਗਿੱਦੜਬਾਹਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸਭਾ ਦੀ ਅੱਜ ਹੋਈ ਮੀਟਿੰਗ ਵਿੱਚ ਅਗਰਵਾਲ ਸਭਾ ਦੇ ਪ੍ਰਭਾਰੀ ਸੁਰੇਸ਼ ਗੁਪਤਾ ਰਾਮਪੁਰਾ ਵੱਲੋਂ ਵਨੀਤ ਜਿੰਦਲ ਮੋਟੀ ਨੂੰ ਪੱਗੜੀ ਪਹਿਨਾਈ ਗਈ।ਇਸ ਮੌਕੇ ਨਵਨਿਯੁਕਤ ਪ੍ਰਧਾਨ ਵਨੀਤ ਜਿੰਦਲ ਮੋਟੀ ਨੇ ਕਿਹਾ ਕਿ ਉਹ ਅਗਰਵਾਲ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਪਹਿਲ ਦੇ ਆਧਾਰ 'ਤੇ ਖਤਮ ਕਰਨਗੇ ਤੇ ਅਗਰਵਾਲ ਸਮਾਜ ਦੀ ਬਿਹਤਰੀ ਲਈ ਕੰਮ ਕਰਨਗੇ।ਉਨ੍ਹਾਂ ਦੱਸਿਆ ਕਿ ਸਭਾ ਦੇ ਬਾਕੀ ਅਹੁਦੇਦਾਰਾਂ ਦੀ ਚੋਣ ਜਲਦੀ ਹੀ ਕੀਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਿਨੇਸ਼ ਸਿੰਗਲਾ ਬੱਬੀ ਤੋਂ ਇਲਾਵਾ ਜ਼ਿਲ੍ਹਾ ਕੋਆਰਡੀਨੇਟਰ ਕਵਿਤਾ ਬਾਂਸਲ, ਐਡਵੋਕੇਟ ਕੁਲਦੀਪ ਜਿੰਦਲ, ਮਨੀਸ਼ ਬਾਂਸਲ, ਸੰਜੀਵ ਬਾਂਸਲ, ਸ਼ਾਮ ਸੁੰਦਰ ਡਿੱਕੀ, ਸੰਜੀਵ ਕੁਮਾਰ ਬਬਲੂ ਤੇ ਰਾਜੂ ਫੈਸ਼ਨ ਆਦਿ ਮੌਜੂਦ ਸਨ।

## ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



ਮਾਨਸਾ (ਆਤਮਾ ਸਿੰਘ ਪਮਾਰ)-ਦੀ ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਚਰਨਜੀਤ ਸਿੰਘ ਅੱਕਾਂਵਾਲੀ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮਾਨਸਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਮੀਟਿੰਗ ਦੇ ਸ਼ੁਰੂ 'ਚ ਜਨ. ਸਕੱਤਰ ਅਜੈਬ ਸਿੰਘ ਅਲੀਸ਼ੇਰ ਨੇ ਸਾਰੇ ਪੈਨਸ਼ਨਰਜ਼ ਸਾਥੀਆਂ ਨੂੰ ਜੀ ਆਇਆਂ ਕਿਹਾ।ਇਸ ਉਪਰੰਤ ਫਾਨੀ ਸੰਸਾਰ ਤੋਂ ਰੁਖ਼ਸਤ ਹੋ ਗਏ ਸਾਥੀ ਹਰਨੇਕ ਸਿੰਘ ਜੋਗਾ ਨੂੰ ਸਾਰੇ ਪੈਨਸ਼ਨਰਜ਼ ਸਾਥੀਆਂ ਵੱਲੋਂ ਮੋਨ ਧਾਰ ਕੇ ਸ਼ਰਧਾਂਜਲੀ ਅਰਪਿਤ ਕੀਤੀ।ਸਿਕੰਦਰ ਸਿੰਘ ਘਰਾਂਗਣਾਂ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਕਹਿੰਦਿਆਂ ਚਰਨਜੀਤ ਸਿੰਘ ਅੱਕਾਂਵਾਲੀ ਦਾ ਪੈਨਸ਼ਨਰਜ਼ ਭਵਨ ਵਿਖੇ ਲਾਇਬ੍ਰੇਰੀ ਖੋਲ੍ਹਣ ਲਈ ਪੰਜ ਲੱਖ ਦੀ ਗ੍ਰਾਂਟ ਜਾਰੀ ਕਰਨ ਲਈ ਸਮੂਹੀ ਐਸੋਸੀਏਸ਼ਨ ਵੱਲੋਂ ਧੰਨਵਾਦ ਕੀਤਾ ਗਿਆ।ਇਸ ਸਮੇਂ ਸੰਬੋਧਨ ਕਰਦਿਆਂ ਅੱਕਾਂਵਾਲੀ ਨੇ ਕਿਹਾ ਕਿ ਸਿੱਖਿਆ ਤੇ ਸਿਹਤ ਨਾਲ ਉਨ੍ਹਾਂ ਦਾ ਵਿਸ਼ੇਸ਼ ਲਗਾਅ ਤੇ ਰੁਚੀ ਹੈ।ਅਜਿਹੇ ਕਾਰਜ ਕਰਦਿਆਂ ਮੈਨੂੰ ਧੁਰ ਅੰਦਰੋਂ ਸਕੂਨ ਦੀ ਪ੍ਰਾਪਤੀ ਹੁੰਦੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਆਪ ਦੀ ਸਰਕਾਰ ਨੂੰ ਪਾਰਦਰਸ਼ੀ ਢੰਗ ਨਾਲ ਖਰਚ ਕੀਤਾ ਜਾਵੇਗਾ ਤੇ ਭਵਿੱਖ 'ਚ ਵੀ ਭਲਾਈ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।ਇਸ ਸਮੇਂ ਐਸੋਸੀਏਸ਼ਨ ਵੱਲੋਂ ਕੰਮ ਪੂਰੀ ਤਰ੍ਹਾਂ ਮੁਕੰਮਲ ਕਰਨ ਲਈ ਕੁੱਝ ਹੋਰ ਰਾਸ਼ੀ ਦੀ ਮੰਗ ਕੀਤੀ ਗਈ, ਜਿਸ 'ਤੇ ਚਰਨਜੀਤ ਸਿੰਘ ਅੱਕਾਂਵਾਲੀ ਨੇ ਕਿਹਾ ਕਿ ਪੈਸੇ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਸਮੇਂ ਜੀਤ ਸਿੰਘ ਭੁੱਲਰ, ਪਿਰਥੀ ਸਿੰਘ ਮਾਨ, ਬਾਦਸ਼ਾਹ ਸਿੰਘ, ਸੇਠੀ ਸਿੰਘ ਸਰਾਂ, ਆਤਮਾ ਸਿੰਘ ਪਮਾਰ, ਪਰਮਜੀਤ ਮਾਨਸਾ, ਲੱਖਣ ਲਾਲ, ਜਗਸੀਰ ਸਿੰਘ, ਮਨੋਹਰ ਸਿੰਘ ਖਜ਼ਾ ਸਿੰਘ, ਜੀਤ ਸਿੰਘ ਸੰਧੂ, ਮਨਜੀਤ ਸਿੰਘ ਉੱਭਾ, ਦਰਸ਼ਨ ਸਿੰਘ ਢਿੱਲੋਂ, ਗੋਰਾ ਲਾਲ ਤੇ ਭੂਰਾ ਸਿੰਘ ਕੋਟਲੱਲੂ ਅਤੇ ਸੁਖਚਰਨ ਸਿੰਘ ਸੱਦੇਵਾਲੀਆ ਆਦਿ ਪੈਨਸ਼ਨਰਜ਼ ਸਾਥੀਆਂ ਨੇ ਮੀਟਿੰਗ ਨੂੰ ਸੰਬੋਧਨ ਕੀਤਾ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਿਹਤ ਦਿਵਸ ਮਨਾਇਆ



ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਐੱਨ.ਸੀ.ਸੀ. ਯੂਨਿਟ ਵੱਲੋਂ ਵਿਸ਼ਵ ਸਿਹਤ ਦਿਵਸ ਮਨਾਉਂਦਿਆਂ ਸਿਹਤ ਜਾਗਰੂਕਤਾ ਮੁਹਿੰਮ ਚਲਾਈ ਗਈ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ 19 ਪੰਜਾਬ ਬਟਾਲੀਅਨ ਐੱਨ ਸੀ ਸੀ ਦੇ ਕਮਾਂਡਿੰਗ ਅਫ਼ਸਰ ਲੈਫ਼ਟੀਨੈਂਟ ਕਰਨਲ ਫ਼ੈਜਨ ਜ਼ਾਹੂਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਸ਼ਵ ਸਿਹਤ ਦਿਵਸ 2025 ਦੇ ਥੀਮ 'ਸਿਹਤਮੰਦ ਸ਼ੁਰੂਆਤ, ਸ਼ਾਨਦਾਰ ਭਵਿੱਖ' ਅਧੀਨ ਐੱਨ.ਸੀ.ਸੀ. ਕੈਡਿਟ ਲੜਕੀਆਂ ਨੇ ਵਾਰਡ ਨੰ. 8 ਦੋਰਾਹਾ ਦੀ ਬਾਜ਼ੀਗਰ ਬਸਤੀ ਵਿੱਚ ਔਰਤਾਂ ਨੂੰ ਸਿਹਤ ਸੰਬੰਧੀ ਜਾਗਰੂਕ ਕੀਤਾ ਤੇ ਸੈਨੇਟਰੀ ਨੈਪਕਿਨ ਵੰਡੇ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਔਰਤਾਂ ਵਿੱਚ ਸੈਨੇਟਰੀ ਨੈਪਕਿਨਾਂ ਦੀ ਵਰਤੋਂ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਸੈਨੇਟਰੀ ਨੈਪਕਿਨਾਂ ਦੇ ਸੁਰੱਖਿਅਤ ਨਿਪਟਾਰੇ ਨੂੰ ਵਾਤਾਵਰਣ ਦੇ ਅਨੁਕੂਲ ਢੰਗ ਨਾਲ ਯਕੀਨੀ ਬਣਾਉਣਾ ਸੀ।ਇਸ ਮੌਕੇ ਵਿਦਿਆਰਥੀਆਂ ਨੂੰ ਵਿਸ਼ਵ ਸਿਹਤ ਦਿਵਸ ਦੇ ਮਹੱਤਵ ਬਾਰੇ ਦੱਸਦਿਆਂ ਕੈਡਿਟਾਂ ਤਮਨਪ੍ਰੀਤ ਕੌਰ ਤੇ ਗੁਰਸਿਮਰ ਕੌਰ ਬਰਾੜ ਨੇ ਆਪਣੇ ਵਿਚਾਰ ਸਾਂਝੇ ਕੀਤੇ।ਏ ਐੱਨ ਓ ਪ੍ਰੋ. ਸੰਦੀਪ ਸਿੰਘ ਹੁੰਦਲ ਦੀ ਅਗਵਾਈ ਹੇਠ ਇਸ ਮੁਹਿੰਮ ਦੌਰਾਨ ਕੈਡਿਟ ਸਾਕਸ਼ੀ ਨਿਥਾਨੀ, ਜਸਪ੍ਰੀਤ ਕੌਰ, ਤਮਨਪ੍ਰੀਤ ਕੌਰ, ਤਰਨਵੀਰ ਕੌਰ, ਗੁਰਸਿਮਰ ਕੌਰ ਬਰਾੜ ਨੇ ਮੁੱਖ ਭੂਮਿਕਾ ਨਿਭਾਈ।ਇਸ ਮੌਕੇ ਪ੍ਰੋ. ਜਸਪ੍ਰੀਤ ਕੌਰ ਤੇ ਪ੍ਰੋ. ਹਰਸ਼ਪ੍ਰੀਤ ਸਿੰਘ ਹਾਜ਼ਰ ਸਨ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਕੁਪੋਸ਼ਣ ਦੀ ਸਮੱਸਿਆ ਨਾਲ ਨਜਿੱਠਣ ਲਈ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਦੇ ਹੁਕਮਾਂ ਤੇ ਡਾ ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਨੇ ਬੱਚਿਆਂ 'ਚ ਕੁਪੋਸ਼ਣ ਦੀ ਸਮੱਸਿਆ ਨਾਲ ਨਜਿੱਠਣ ਲਈ ਪੋਸ਼ਣ ਪੰਦਰਵਾੜੇ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ।ਸਿਵਲ ਸਰਜਨ ਡਾ. ਚੰਦਰ ਸ਼ੇਖਰ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਬੱਚਿਆਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਤੇ ਪੋਸ਼ਣ ਨੂੰ ਇਕ ਜਨ ਲਹਿਰ ਦਾ ਰੂਪ ਵਿੱਚ ਮੁਹਿੰਮ ਸ਼ੁਰੂ ਕੀਤੀ ਜਾਵੇ।ਪੰਦਰਵਾੜੇ ਦਾ ਮੁੱਖ ਉਦੇਸ਼ ਇਲਾਜ ਪ੍ਰਬੰਧਨ ਰਾਹੀਂ ਕੁਪੋਸ਼ਿਤ ਬੱਚਿਆਂ ਦੀ ਮੌਤ ਦਰ ਘਟਾਉਣਾ ਹੈ, ਬੱਚਿਆਂ 'ਚ ਕੁਪੋਸ਼ਣ ਦੀ ਪਛਾਣ ਕਰਨਾ ਤੇ ਕਮਿਊਨਿਟੀ ਨੂੰ ਬੱਚਿਆਂ ਵਿਚ ਪੋਸ਼ਣ ਦੀ ਕਮੀ ਨੂੰ ਦੂਰ ਕਰਨ ਲਈ ਸੰਤੁਲਿਤ ਆਹਾਰ ਬਾਰੇ ਜਾਗਰੂਕ ਕਰਨਾ ਹੈ।ਸਿਵਲ ਸਰਜਨ ਨੇ ਦੱਸਿਆ ਕਿ 23 ਅਪ੍ਰੈਲ ਤੱਕ ਪੋਸ਼ਣ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਬੱਚਿਆਂ ਚ ਅਨੀਮੀਆ ਨੂੰ ਰੋਕਣ ਲਈ ਉਪਰਾਲੇ ਕੀਤੇ ਜਾਣਗੇ। ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਆਂਗਣਵਾੜੀ ਸੈਂਟਰਾਂ 'ਚ ਆਂਗਣਵਾੜੀ ਵਰਕਰਾਂ ਨਾਲ ਤਾਲਮੇਲ ਕਰਕੇ ਹਰ ਰੋਜ਼ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣਗੀਆਂ, ਜਿਸ 'ਚ ਨਿੱਜੀ ਸਫਾਈ, ਹੱਥ ਧੋਣ ਦੀ ਵਿਧੀ, ਮਾਂ ਦੇ ਦੁੱਧ ਦੀ ਮਹੱਤਤਾ, ਸਮੇਂ ਸਿਰ ਟੀਕਾਕਰਨ, 10 ਤੋਂ 18 ਸਾਲ ਦੀਆਂ ਕਿਸ਼ੋਰ ਲੜਕੀਆਂ ਨੂੰ ਮਹਾਵਾਰੀ ਦੌਰਾਨ ਸਾਫ਼-ਸਫ਼ਾਈ ਰੱਖਣ ਸਬੰਧੀ ਸਿਹਤ ਸਿੱਖਿਆ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਇਸ ਪ੍ਰੋਗਰਾਮ ਤਹਿਤ ਗੰਭੀਰ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਦੀ ਸਕ੍ਰੀਨਿੰਗ ਕਰਕੇ ਉਨ੍ਹਾਂ ਨੂੰ ਸਿਵਲ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਨੂੰ ਦਿਖਾਇਆ ਜਾਵੇਗਾ।

# 'ਜੁੜੇਗਾ ਬਲਾਕ, ਜਿੱਤੇਗੀ ਕਾਂਗਰਸ' ਮੁਹਿੰਮ ਤਹਿਤ ਵਿਸ਼ਾਲ ਰੈਲੀ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ) ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ 'ਜੁੜੇਗਾ ਬਲਾਕ, ਜਿੱਤੇਗੀ ਕਾਂਗਰਸ' ਤਹਿਤ ਇੱਥੇ ਹਲਕਾ ਇੰਚਾਰਜ ਕਾਮਿਲ ਅਮਰ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਵਰਕਰ ਮਿਲਣੀ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਈ।ਇਸ ਮੌਕੇ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੋਂ ਇਲਾਵਾ ਸੰਸਦ ਮੈਂਬਰ ਡਾ. ਅਮਰ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਮੀਟਿੰਗ ਦੌਰਾਨ ਵੱਡੀ ਗਿਣਤੀ 'ਚ ਪੁੱਜੇ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ 2027 ਚੋਣਾਂ ਜਿੱਤਣ ਲਈ ਜਿੱਥੇ ਕਾਂਗਰਸ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨਾ ਪਵੇਗਾ, ਉੱਥੇ ਹਰੇਕ ਕਾਂਗਰਸੀ ਵਰਕਰ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਪੂਰਾ ਕਰਨਾ ਪਵੇਗਾ।ਇਸ ਮੌਕੇ ਉਨ੍ਹਾਂ ਮੀਟਿੰਗ 'ਚ ਪੁੱਜੇ ਵਰਕਰਾਂ ਤੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਸੁਝਾਅ ਵੀ ਮੰਗੇ।ਆਪਣੇ ਭਾਸ਼ਣ ਦੌਰਾਨ ਪ੍ਰਧਾਨ ਰਾਜਾ ਵੜਿੰਗ, ਜਿੱਥੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਹਮਲਾਵਰ ਦਿਖਾਈ ਦਿੱਤੇ, ਉੱਥੇ ਦੂਜੇ ਪਾਸੇ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਨਿਸ਼ਾਨੇ 'ਤੇ ਸੂਬਾ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਹੇ।ਸ੍ਰ. ਬਾਜਵਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੂੰ ਨਸ਼ਾ ਮੁਕਤ ਕਰਨ ਤੋਂ ਪਹਿਲਾਂ ਆਪ ਖੁਦ ਨਸ਼ਾ ਮੁਕਤ ਹੋਣ।ਉਨ੍ਹਾਂ ਪੰਜਾਬ ਪੁਲਸ 'ਤੇ ਵਰ੍ਹਦਿਆਂ ਕਿਹਾ ਕਿ ਸੂਬੇ ਵਿੱਚ ਪੰਜਾਬ ਪੁਲਸ ਦੀ ਸਰਪ੍ਰਸਤੀ ਹੇਠ ਨਸ਼ਾ ਵਿਕ ਰਿਹਾ ਹੈ। ਹਲਕਾ ਇੰਚਾਰਜ ਕਾਮਿਲ ਅਮਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਆਏ ਹੋਏ ਕਾਂਗਰਸ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਉਹ ਕਾਂਗਰਸ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ।

ਅੰਤ ਵਿੱਚ ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਪਾਰਟੀ ਪ੍ਰਧਾਨ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਓਵਰਸੀਜ਼ ਕਾਂਗਰਸ ਦੇ ਪ੍ਰਧਾਨ ਕਮਲ ਧਾਲੀਵਾਲ, ਮਨਜੀਤ ਸਿੰਘ ਹੰਬੜਾਂ, ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ, ਬਲਾਕ ਪ੍ਰਧਾਨ ਰਾਏਕੋਟ ਹਰਪ੍ਰੀਤ ਸਿੰਘ ਬੋਪਾਰਾਏ, ਜਗਦੀਪ ਸਿੰਘ ਬਿੱਟੂ ਬਲਾਕ ਪ੍ਰਧਾਨ ਸੁਧਾਰ, ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਜੋਸ਼ੀ, ਸ਼ਹਿਰੀ ਪ੍ਰਧਾਨ ਗੁਰਜੰਟ ਸਿੰਘ, ਜ਼ਿਲ੍ਹਾ ਜਨ. ਸਕੱਤਰ ਹਰਵਿੰਦਰ ਸਿੰਘ ਰਾਜਾ ਬਰਾੜ, ਯੂਥ ਆਗੂ ਪ੍ਰਦੀਪ ਗਰੇਵਾਲ, ਨਿਰੰਜਣ ਸਿੰਘ ਕਾਲਾ ਜਲਾਲਦੀਵਾਲ, ਨਰੈਣ ਦੱਤ ਕੌਸ਼ਿਕ, ਪ੍ਰਭਦੀਪ ਸਿੰਘ ਨਾਰੰਗਵਾਲ ਬਲਜੀਤ ਸਿੰਘ ਹਲਵਾਰਾ, ਓ.ਐੱਸ.ਡੀ. ਜਗਪ੍ਰੀਤ ਸਿੰਘ ਬੁੱਟਰ, ਸੰਦੀਪ ਸਿੱਧੂ, ਚੇਅਰਮੈਨ ਅਵਤਾਰ ਸਿੰਘ ਗਿੱਲ, ਹਰਨੇਕ ਸੁਧਾਰ ਸਾਬਕਾ ਚੇਅਰਮੈਨ ਸੁਧਾਰ, ਕੌਂਸਲਰ ਗੁਰਜੰਟ ਸਿੰਘ, ਸੂਬੇਦਾਰ ਅਮਰਜੀਤ ਸਿੰਘ, ਭੁਪਿੰਦਰ ਕੌਰ ਬੁਰਜ ਹਰੀ ਸਿੰਘ, ਕੌਂਸਲਰ ਜਸਵੀਰ ਕੌਰ ਤੋਂ ਇਲਾਵਾ ਹੋਰ ਕਈ ਹਾਜ਼ਰ ਸਨ।

## ਅਰਵਿੰਦਰਪਾਲ ਸਿੰਘ ਚਾਹਲ ਨੂੰ ਸਦਮਾ, ਪਿਤਾ ਦਾ ਦੇਹਾਂਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਰਬੱਤ ਦਾ ਭਲਾ ਚੈਰੀਟੇਬਲ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਅਰਵਿੰਦਰਪਾਲ ਸਿੰਘ ਚਾਹਲ ਨੂੰ ਡੂੰਘਾ ਸਦਮਾ ਲੱਗਾ ਹੈ, ਉਨ੍ਹਾਂ ਦੇ ਪਿਤਾ ਸ੍ਰ. ਹਰਨੇਕ ਸਿੰਘ ਚਹਿਲ ਦੀ ਅਚਾਨਕ ਮੌਤ ਹੋ ਗਈ। ਇਸ ਮੌਕੇ ਉਨ੍ਹਾਂ ਨਾਲ ਡਾਕਟਰ ਐੱਸ ਪੀ ਸਿੰਘ ਓਬਰਾਏ, ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ, ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਸੁਖਜਿੰਦਰ ਸਿੰਘ ਅਮ੍ਰਿਤਸਰ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਪੰਜਾਬ, ਅਮਰਜੀਤ ਕੌਰ ਛਾਬੜਾ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਫਿਰੋਜ਼ਪੁਰ, ਨਿਰੰਜਨ ਸਿੰਘ ਰੱਖੜਾ ਪ੍ਰਧਾਨ ਆਲ ਇੰਡੀਆ ਟਾਂਕ ਕਸ਼ੱਤਰੀ ਸਭਾ, ਮਿੰਕਲ ਬਜਾਜ ਸਪੋਕਸਮੈਨ ਭਾਰਤੀ ਜਨਤਾ ਪਾਰਟੀ ਪੰਜਾਬ, ਭਰਪੂਰ ਸਿੰਘ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਫ਼ਰੀਦਕੋਟ, ਤਰਸੇਮ ਸਿੰਘ ਜੋਧਾ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਤਰਨਤਾਰਨ ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸੇਵਾਦਾਰਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਸਰਕਾਰ ਵਚਨਬੱਧ : ਡਾ. ਸਿੰਗਲਾ

### ਫਫੜੇ ਭਾਈਕੇ ਦੇ ਸਕੂਲਾਂ 'ਚ 21 ਲੱਖ ਦੇ ਪ੍ਰੋਜੈਕਟਾਂ ਦਾ ਉਦਘਾਟਨ



ਮਾਨਸਾ (ਆਤਮਾ ਸਿੰਘ ਪਮਾਰ)-ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਤੇ ਸਮੇਂ ਦੇ ਹਾਣੀ ਬਣਾਉਣ ਲਈ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਚਨਬੱਧ ਹੈ ਅਤੇ ਬੱਚਿਆਂ ਦੇ ਭਵਿੱਖ ਨੂੰ ਸੰਵਾਰਨਾ ਅਤੇ ਸ਼ਿੰਗਾਰਨਾ ਸਰਕਾਰ ਦੀ ਮੁੱਖ ਤਰਜੀਹ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਮਾਨਸਾ ਸਬ-ਡਵੀਜ਼ਨ ਦੇ ਪਿੰਡ ਫਫੜੇ ਭਾਈਕੇ ਵਿਖੇ ਸਰਕਾਰੀ ਸੈਕੰਡਰੀ ਸਮਾਰਟ ਸਕੂਲ (ਲੜਕੀਆਂ) ਫਫੜੇ ਭਾਈਕੇ ਤੇ ਭਾਈ ਬਹਿਲੋ ਸਰਕਾਰੀ ਸੈਕੰਡਰੀ ਸਮਾਰਟ ਸਕੂਲ ਫਫੜੇ ਭਾਈਕੇ ਵਿਖੇ ਕਰੀਬ 21 ਲੱਖ ਦੀ ਲਾਗਤ ਨਾਲ ਬਣੇ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਸਿੱਖਿਆ ਦੇ ਖਸਤਾਹਾਲ ਸਿਸਟਮ ਨੂੰ ਸੁਧਾਰ ਕੇ ਗਲੀ-ਮੁਹੱਲੇ ਵਿੱਚ ਸਿੱਖਿਆ ਕ੍ਰਾਂਤੀ ਦੀ ਲਹਿਰ ਪੈਦਾ ਕੀਤੀ ਹੈ।ਉਨ੍ਹਾਂ ਨਾਲ ਹੀ ਕਿਹਾ ਕਿ ਹੁਣ ਹਰ ਸਕੂਲ ਵਿੱਚ ਵਿਦਿਆਰਥੀਆਂ ਦੇ ਬੈਠਣ ਲਈ ਵਧੀਆ ਫਰਨੀਚਰ, ਗਰੀਨ ਬੋਰਡ, ਪੀਣ ਵਾਲਾ ਸਾਫ਼ ਪਾਣੀ, ਪੜ੍ਹਾਉਣ ਵਾਲੇ ਵਧੀਆ ਅਧਿਆਪਕ ਤੋਂ ਇਲਾਵਾ ਹੋਰ ਵੀ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਚੇਅਰਮੈਨ ਮਾਰਕਿਟ ਕਮੇਟੀ ਭੀਖੀ ਵਰਿੰਦਰ ਸੋਨੀ, ਸਰਪੰਚ ਫਫੜੇ ਭਾਈਕੇ ਸ੍ਰੀਮਤੀ ਜਸਵੀਰ ਕੌਰ, ਸਰਪੰਚ ਚਕੇਰੀਆਂ ਜਗਵੀਰ ਸਿੰਘ, ਸਰਪੰਚ ਦਲੇਲ ਸਿੰਘ ਵਾਲਾ ਹਰਦੀਪ ਸਿੰਘ, ਹਲਕਾ ਕੋਆਰਡੀਨੇਟਰ ਸ੍ਰੀ ਅਜੈਬ ਸਿੰਘ ਬੁਰਜ ਹਰੀ, ਸੁਖਵੀਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਸਿੰਘ ਭੋਗਲ, ਇੰਚਾਰਜ ਪ੍ਰਿੰਸੀਪਲ ਕੁਲਦੀਪ ਸਿੰਘ, ਪ੍ਰਿੰਸੀਪਲ ਕੁਲਦੀਪ ਸਿੰਘ ਚਹਿਲ, ਹੈੱਡ ਮਾਸਟਰ ਮੁਨੀਸ਼ ਕੁਮਾਰ, ਡਾ. ਭਰਪੂਰ ਸਿੱਧੂ, ਰਜਿੰਦਰ ਸਿੰਘ, ਗੁਰਜੰਟ ਸਿੰਘ, ਗੁਰਜੀਤ ਸਿੰਘ, ਜਗਸੀਰ ਸਿੰਘ ਖਿੱਲਣ, ਗਗਨਦੀਪ ਸਿੰਘ, ਜਗਤਾਰ ਸਿੰਘ, ਅਮਨਦੀਪ ਸਿੰਘ, ਸ਼ਿੰਦਰਪਾਲ ਕੌਰ ਤੋਂ ਇਲਾਵਾ ਸਕੂਲ ਸਟਾਫ਼, ਵਿਦਿਆਰਥੀ ਤੇ ਪਿੰਡ ਦੇ ਮੋਹਤਬਰ ਵਿਅਕਤੀ ਮੌਜੂਦ ਸਨ।

## ਕੁੱਟਮਾਰ ਕਰਨ ਦੇ ਦੋਸ਼ 'ਚ ਨਾਮਜ਼ਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਜੈ ਮਾਂ ਸਰਸਵਤੀ ਇਨਕਲੇਵ ਵਿਖੇ ਇਕ ਵਿਅਕਤੀ ਨਾਲ ਗਾਲੀ ਗਲੋਚ ਕਰਕੇ ਉਸ ਦੇ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਅੰਕਜ ਪੁੱਤਰ ਸੁਰਿੰਦਰ ਵਾਸੀ ਜੈ ਮਾਂ ਸਰਸਵਸੀ ਇਨਕਲੇਵ ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਉਹ ਸ਼ਾਮ 7.50 ਪੀ ਐੱਮ ਨੂੰ ਗਲੀ ਵਿੱਚ ਬੈਠਾ ਸੀ ਤਾਂ ਨਿਰਮਲ ਸਿੰਘ ਪੁੱਤਰ ਸੁਮਿਤਰ ਸਿੰਘ ਵਾਸੀ ਜੈ ਮਾਂ ਸਰਸਵਸੀ ਇਨਕਲੇਵ ਫਿਰੋਜ਼ਪੁਰ ਸ਼ਹਿਰ ਨੇ ਉਸ ਨਾਲ ਗਾਲੀ ਗਲੋਚ ਕਰਕੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸਰਕਾਰੀ ਸਕੂਲ ਢੰਡਿਆਲ ਦਾ ਨਤੀਜਾ ਸ਼ਾਨਦਾਰ

### ਖੁਸ਼ਪ੍ਰੀਤ ਕੌਰ ਨੇ ਪੰਜਾਬ 'ਚੋਂ ਤੀਜਾ ਸਥਾਨ ਪ੍ਰਾਪਤ ਕੀਤਾ



ਦਿੜ੍ਹਬਾ (ਜਸਵੀਰ ਲਾਡੀ)-ਇੱਥੋਂ ਨੇੜਲੇ ਪਿੰਡ ਢੰਡਿਆਲ ਦੇ ਸਰਕਾਰੀ ਹਾਈ ਸਕੂਲ ਦੀ ਅੱਠਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੀਆਂ ਦੋ ਵਿਦਿਆਰਥਣਾਂ ਨੇ ਪੰਜਾਬ ਦੀ ਮੈਰਿਟ ਲਿਸਟ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸਕੂਲ ਦੇ ਅਧਿਆਪਕਾਂ ਦੀ ਲਾਜਵਾਬ ਮਿਹਨਤ ਦਾ ਸਬੂਤ ਦੇ ਕੇ ਇਲਾਕੇ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ। ਅੱਠਵੀਂ ਕਲਾਸ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ 600 'ਚੋਂ 598 ਅੰਕ ਹਾਸਲ ਕਰ ਕੇ ਪੰਜਾਬ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ ਹੈ ਤੇ ਜ਼ਿਲ੍ਹਾ ਸੰਗਰੂਰ ਵਿੱਚੋਂ ਸਭ ਤੋਂ ਮੋਹਰੀ ਰਹੀ ਹੈ। ਵਿਦਿਆਰਥਣ ਏਕਮਜੋਤ ਕੌਰ ਨੇ 600 'ਚੋਂ 589 ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ ਆਪਣੀ ਥਾਂ ਬਣਾਈ ਹੈ। ਮੁੱਖ ਅਧਿਆਪਕਾ ਜਗਮੀਤ ਕੌਰ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਬੇਹੱਦ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਸਰਕਾਰੀ ਹਾਈ ਸਕੂਲ ਢੰਡਿਆਲ ਦੇ ਵਿਦਿਆਰਥੀਆਂ ਦੀ ਇਸ ਮਾਣਮੱਤੀ ਪ੍ਰਾਪਤੀ ਨੂੰ ਮਿਹਨਤ ਤੇ ਅਧਿਆਪਕਾਂ ਦੀ ਲਗਨ ਦਾ ਫਲ ਦੱਸਿਆ। ਉਨ੍ਹਾ ਦੱਸਿਆ ਕਿ ਸਮੁੱਚੀ ਜਮਾਤ ਦਾ ਨਤੀਜਾ 100% ਰਿਹਾ। ਇਸ ਮੌਕੇ ਗ੍ਰਾਮ ਪੰਚਾਇਤ ਢੰਡਿਆਲ ਵੱਲੋਂ ਮੈਰਟ ਹੋਲਡਰ ਵਿਦਿਆਰਥੀਆਂ ਨੂੰ ਤੋਹਫੇ ਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਸੁਸ਼ੀਲ ਕੁਮਾਰ ਗੋਇਲ ਦੀ ਮੌਤ 'ਤੇ ਦੁੱਖ ਪ੍ਰਗਟ

ਚੀਮਾ ਮੰਡੀ (ਰਵਿੰਦਰ ਚੀਮਾ)



ਸੁਸ਼ੀਲ ਕੁਮਾਰ ਗੋਇਲ, ਜੋ ਸ: ਸੁਖਦੇਵ ਸਿੰਘ ਢੀਂਡਸਾ ਦੇ ਨਿੱਜੀ ਸਲਾਹਕਾਰ ਰਹੇ ਹਨ, ਉਨ੍ਹਾਂ ਦਾ ਦੇਹਾਂਤ ਹੋ ਗਿਆ ਹੈ। ਸੁਸ਼ੀਲ ਕੁਮਾਰ ਸੁਲਝੇ ਹੋਏ ਤੇ ਬੇਦਾਗ ਇਨਸਾਨ ਸਨ, ਜਿਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ ਆਪਣਾ ਕੰਮ ਕਾਜ ਪੂਰਾ ਇਮਾਨਦਾਰੀ ਨਾਲ ਕੀਤਾ ਹੈ। ਉਨ੍ਹਾਂ ਦੀ ਬੇਵਕਤੀ ਮੌਤ ਦੀ ਖਬਰ ਮਿਲਦੇ ਸਾਰ ਹੀ ਮਿੱਤਰਾਂ ਦੋਸਤਾਂ ਤੇ ਸਮੂਹ ਇਲਾਕਾ ਨਿਵਾਸੀਆਂ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ। ਵਰਨਣਯੋਗ ਹੈ ਕਿ ਉਹ ਇਸ ਸਮੇਂ ਆਸਟ੍ਰੇਲੀਆ ਵਿਖੇ ਆਪਣੇ ਪੁੱਤਰ ਨੂੰ ਮਿਲਣ ਗਏ ਹੋਏ ਸੀ ਤੇ ਉਨ੍ਹਾਂ ਦਾ ਦਿਲ ਦਾ ਦੌਰਾ ਪੈਣ ਕਰਕੇ ਅਚਾਨਕ ਮੌਤ ਹੋ ਗਈ।

# ਸਿੱਖਿਆ ਕ੍ਰਾਂਤੀ ਦਾ ਮਕਸਦ ਸਰਕਾਰੀ ਸਕੂਲਾਂ ਦਾ ਬਹੁਪੱਖੀ ਵਿਕਾਸ ਕਰਨਾ : ਜਗਦੀਪ ਗੋਲਡੀ

### ਸਰਕਾਰੀ ਸਕੂਲ ਅਲਿਆਣਾ ਤੇ ਘਟਿਆਂ ਵਾਲੀ ਬੋਦਲਾ 'ਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ



ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ) ਪੰਜਾਬ ਸਰਕਾਰ ਵੱਲੋਂ ਉਲੀਕੇ ਪ੍ਰੋਜੈਕਟ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਹਲਕਾ ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ ਨੇ ਜਲਾਲਾਬਾਦ ਹਲਕੇ ਅਧੀਨ ਆਉਂਦੇ ਸਰਕਾਰੀ ਪ੍ਰਾਇਮਰੀ ਸਕੂਲ ਅਲਿਆਣਾ, ਸਰਕਾਰੀ ਹਾਈ ਸਕੂਲ ਅਲਿਆਣਾ ਤੇ ਸਰਕਾਰੀ ਪ੍ਰਾਇਮਰੀ ਸਕੂਲ ਘਟਿਆਂ ਵਾਲੀ ਬੋਦਲਾ ਵਿਖੇ ਕੁੱਲ 37 ਲੱਖ ਦੀ ਲਾਗਤ ਨਾਲ ਸਮਾਰਟ ਕਲਾਸ ਰੂਮ, ਨਵੇਂ ਪਖਾਨੇ, ਸਕੂਲਾਂ ਦੀ ਚਾਰਦੀਵਾਰੀ, ਲਾਇਬ੍ਰੇਰੀ, ਸਾਇੰਸ ਲੈਬ, ਕੰਪਿਊਟਰ ਲੈਬ, ਖੇਡ ਦਾ ਸਾਮਾਨ ਆਦਿ ਰਿਪੇਅਰਿੰਗ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਉਨ੍ਹਾਂ ਨਾਲ ਸਿੱਖਿਆ ਕੋਆਰਡੀਨੇਟਰ ਦੇਵਰਾਜ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫਸਰ ਸਤੀਸ਼ ਕੁਮਾਰ, ਮੁੱਖ ਅਧਿਆਪਕਾ ਜਯੋਤੀ ਸੇਤੀਆ ਤੇ ਸਿਮਰਜੀਤ ਕੌਰ, ਮੁੱਖ ਅਧਿਆਪਕ ਅਸ਼ਵਨੀ ਕਟਾਰੀਆ ਆਦਿ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ ਨੇ ਸਿੱਖਿਆ ਕ੍ਰਾਂਤੀ ਪ੍ਰੋਜੈਕਟ ਸਕੂਲਾਂ ਦਾ ਉਦੇਸ਼ ਸਮਝਾਉਂਦਿਆਂ ਦੱਸਿਆ ਕਿ ਸਰਕਾਰੀ ਸਕੂਲਾਂ ਦਾ ਬਹੁਪੱਖੀ ਵਿਕਾਸ ਕਰਨਾ ਹੈ ਤੇ ਸਕੂਲਾਂ ਅੰਦਰ ਸਿੱਖਿਆ ਨੂੰ ਲੈ ਕੇ ਨਵੀ ਕ੍ਰਾਂਤੀ ਲਿਆਉਣੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਕੂਲ ਅਲਿਆਣਾ ਵਿਖੇ 15 ਲੱਖ ਦੀ ਲਾਗਤ ਨਾਲ 2 ਸਮਾਰਟ ਕਲਾਸ ਰੂਮ, 1 ਨਵਾਂ ਪਖਾਨਾ 2 ਲੱਖ ਰੁਪਏ ਦੀ ਲਾਗਤ ਨਾਲ ਤੇ 2 ਪਖਾਨਿਆਂ (ਲੜਕਾ ਤੇ ਲੜਕੀ) ਦੀ ਰਿਪੇਅਰਿੰਗ 1 ਲੱਖ ਰੁਪਏ ਦੀ ਲਾਗਤ ਨਾਲ ਕਰਵਾਈ ਗਈ ਹੈ। ਸਰਕਾਰੀ ਹਾਈ ਸਕੂਲ ਅਲਿਆਣਾ ਵਿਖੇ 3 ਲੱਖ 10 ਹਜ਼ਾਰ ਰੁਪਏ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ, 2 ਲੱਖ 10 ਹਜ਼ਾਰ ਰੁਪਏ ਦੀ ਲਾਗਤ ਨਾਲ ਛੱਤਾਂ ਦੀ ਰਿਪੇਅਰਿੰਗ ਤੇ 50 ਹਜ਼ਾਰ ਦੀ ਲਾਗਤ ਨਾਲ ਪਖਾਨਿਆਂ ਦੀ ਰਿਪੇਅਰਿੰਗ ਦਾ ਕੰਮ ਮੁਕੰਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਘਟਿਆਂ ਵਾਲੀ ਬੋਦਲਾ ਵਿਖੇ ਸਾਢੇ ਸੱਤ ਲੱਖ ਦੀ ਲਾਗਤ ਨਾਲ ਇਕ ਕਲਾਸ ਰੂਮ, 2 ਲੱਖ 35 ਹਜ਼ਾਰ ਨਾਲ ਸਕੂਲ ਦੀ ਚਾਰਦੀਵਾਰੀ, 1 ਲੱਖ 35 ਹਜ਼ਾਰ ਨਾਲ ਨਵਾਂ ਪਖਾਨਾ ਤੇ 2 ਲੱਖ 79 ਹਜ਼ਾਰ ਨਾਲ ਰਿਪੇਅਰਿੰਗ ਦੇ ਵਿਕਾਸ ਕਾਰਜਾਂ ਨਾਲ ਸਕੂਲ ਦੀ ਨੁਹਾਰ ਬਦਲੀ ਹੈ। ਉਨ੍ਹਾ ਇਲਾਕੇ ਦੇ ਲੋਕਾਂ ਨੂੰ ਕਿਸਮਤ ਵਾਲਾ ਕਹਿੰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਜਲਾਲਾਬਾਦ ਹਲਕੇ ਨੂੰ 2 ਸਕੂਲ ਆਫ ਐਮੀਨੈਂਸ ਦਿੱਤੇ ਹਨ, ਜੋ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਹਨ। ਇਸ ਮੌਕੇ ਸਕੂਲ ਪ੍ਰਿੰਸੀਪਲ ਹੰਸ ਰਾਜ, ਬਲਾਕ ਪ੍ਰਧਾਨ ਅਰਨੀਵਾਲਾ ਸਾਜਨ ਖੇੜਾ, ਸਰਪੰਚ ਗੁਰਜੀਤ ਸਿੰਘ, ਸਕੂਲ ਸਟਾਫ ਰਤਨ ਸਿੰਘ, ਕੋਮਲ ਆਹੂਜਾ, ਪ੍ਰਿਅੰਕਾ ਰਾਣੀ, ਸ਼ਕੁੰਤਲਾ ਰਾਣੀ, ਸ਼ਿਮਲਜੀਤ ਸਿੰਘ, ਨਿਸ਼ਾਂਤ, ਸੁਨੀਲ ਕੁਮਾਰ, ਮੀਨੂ ਬਾਲਾ, ਰਮਨ ਕੁਮਾਰ ਆਦਿ ਪਤਵੰਤੇ ਸੱਜਣ ਮੌਜੂਦ ਸਨ।

# ਸਰਕਾਰ ਨੇ ਸਿੱਖਿਆ ਬਜਟ 'ਚ 12 ਫੀਸਦੀ ਵਾਧਾ ਕਰਕੇ ਇਤਿਹਾਸ ਸਿਰਜਿਆ : ਰਾਏ

### ਹਲਕੇ ਦੇ ਚਾਰ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਹੋਈ ਸਿੱਖਿਆ ਕ੍ਰਾਂਤੀ ਨਾਲ ਸੂਬੇ ਦੇ 12 ਹਜ਼ਾਰ ਸਰਕਾਰੀ ਸਕੂਲਾਂ ਵਿੱਚ ਅੱਜ ਤੋਂ ਇਤਿਹਾਸਕ ਇਨਕਲਾਬ ਦੀ ਸ਼ੁਰੂਆਤ ਹੋਈ ਹੈ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿੱਖਿਆ ਦੇ ਖੇਤਰ ਵਿੱਚ 12 ਫੀਸਦੀ ਬਜਟ ਦਾ ਵਾਧਾ ਕਰਕੇ ਇਤਿਹਾਸ ਸਿਰਜਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕੇ ਦੇ 4 ਸਕੂਲਾਂ ਸਰਕਾਰੀ ਐਲੀਮੈਂਟਰੀ ਸਕੂਲ ਡੇਰਾ ਮੀਰ ਮੀਰਾਂ, ਸਰਕਾਰੀ ਮਿਡਲ ਸਮਾਰਟ ਸਕੂਲ ਜੰਡਾਲੀ, ਸਰਕਾਰੀ ਪ੍ਰਾਇਮਰੀ ਸਕੂਲ ਜੰਡਾਲੀ ਤੇ ਸਰਕਾਰੀ ਮਿਡਲ ਸਕੂਲ ਖਾਨਪੁਰ ਵਿਖੇ ਤਕਰੀਬਨ 33 ਲੱਖ ਦੀ ਲਾਗਤ ਨਾਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਫੈਸਲੇ ਕੀਤੇ ਗਏ ਹਨ ਤੇ ਇਨ੍ਹਾਂ ਫੈਸਲਿਆਂ ਦੀ ਬਦੌਲਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਅਤਿ ਆਧੁਨਿਕ ਸਹੂਲਤਾਂ ਨਾਲ ਪੜ੍ਹਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਪੂਰੀ ਕਰਨ ਲਈ ਕਰੀਬ 20 ਹਜ਼ਾਰ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਤੇ ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਆਈ.ਏ.ਐੱਸ., ਆਈ.ਪੀ.ਐੱਸ., ਪੀ.ਸੀ.ਐੱਸ. ਤੇ ਆਈ.ਆਈ.ਟੀ. ਆਦਿ ਉੱਚ ਵਿਸ਼ਿਆਂ ਸਬੰਧੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਉੱਜਵਲ ਬਣਾਇਆ ਜਾ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸੰਜੀਵ ਗੌਤਮ, ਉੱਪ-ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਦੀਦਾਰ ਸਿੰਘ ਮਾਂਗਟ, ਕੁਲਵਿੰਦਰ ਸਿੰਘ ਡੇਰਾ, ਬਲਵੀਰ ਸਿੰਘ ਸੋਢੀ, ਸਰਬਜੀਤ ਸਿੰਘ ਝਿੰਜਰ, ਹਰਦੇਵ ਸਿੰਘ ਮਾਵੀ, ਖਾਨਪੁਰ ਦੇ ਸਰਪੰਚ ਬਲਜਿੰਦਰ ਸਿੰਘ ਆਦਿ ਹਾਜ਼ਰ ਸਨ।

## ਨੰਨ੍ਹੇ-ਮੁੰਨੇ ਬੱਚਿਆਂ ਨੂੰ ਮੂੰਹ ਤੇ ਦੰਦਾਂ ਦੀ ਸਫ਼ਾਈ ਬਾਰੇ ਜਾਣੂ ਕਰਾਇਆ



ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ 'ਚ ਨੰਨ੍ਹੇ-ਮੁੰਨੇ ਬੱਚਿਆਂ ਨੂੰ ਮੂੰਹ ਤੇ ਦੰਦਾਂ ਦੀ ਸਫਾਈ ਬਾਰੇ ਜਾਣੂ ਕਰਾਇਆ।ਅਧਿਆਪਕਾਵਾਂ ਨੇ ਬੱਚਿਆਂ ਨੂੰ ਦੱਸਿਆ ਕਿ ਸਰੀਰ ਨੂੰ ਤੰਦਰੁਸਤ ਰੱਖਣ ਲਈ ਦਿੰਦਾ ਤੇ ਮੂੰਹ ਦੀ ਸੰਭਾਲ ਬਹੁਤ ਜ਼ਰੂਰੀ ਹੈ ।ਸਮੇਂ ਸਿਰ ਦੰਦਾਂ ਦੀ ਸੰਭਾਲ ਨਾ ਕਰਨ ਕਾਰਨ ਦੰਦਾਂ ਨੂੰ ਅਨੇਕਾਂ ਕਿਸਮ ਦੀਆਂ ਬਿਮਾਰੀਆਂ ਲੱਗ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਤੰਦਰੁਸਤ ਦੰਦਾਂ ਲਈ ਦਿਨ ਵਿੱਚ ਦੋ ਵਾਰ ਬਰੁਸ਼ ਕਰੋ, ਸਿਹਤਮੰਦ ਭੋਜਨ ਦਾ ਸੇਵਨ ਕਰੋ, ਚਿਪਚਿਪਾ ਤੇ ਮਿੱਠਾ ਖਾਣ ਤੋਂ ਪ੍ਰਹੇਜ਼ ਕਰੋ, ਖਾਣਾ ਚੰਗੀ ਤਰ੍ਹਾਂ ਚਬਾ ਕੇ ਖਾਓ।ਵਿਟਾਮਿਨ ਤੇ ਖਣਿਜ ਪਦਾਰਥਾਂ ਭਰਪੂਰ ਭੋਜਨ ਦਾ ਸੇਵਨ ਕਰੋ।ਹਰੇਕ ਛੇ ਮਹੀਨੇ ਬਾਅਦ ਆਪਣੇ ਦੰਦਾਂ ਦੇ ਡਾਕਟਰ ਦੀ ਸਲਾਹ ਲਓ।ਭੋਜਨ ਕਰਨ ਤੋਂ ਬਾਅਦ ਆਪਣੇ ਦੰਦਾਂ ਨੂੰ ਬੁਰਸ਼ ਨਾਲ ਸਾਫ ਕਰੋ ਤਾਂ ਕਿ ਦੰਦਾਂ ਉੱਤੇ ਜੰਮੀ ਪੇਪੜੀ ਨੂੰ ਦੂਰ ਕੀਤਾ ਜਾ ਸਕੇ।ਰਾਤ ਨੂੰ ਸੌਣ ਤੋਂ ਪਹਿਲਾਂ ਬੁਰਸ਼ ਜ਼ਰੂਰ ਕੀਤਾ ਜਾਵੇ।ਇਸ ਸਮੇਂ ਦੰਦਾਂ ਦੇ ਬੁਰਸ਼ ਕਰਨ ਦੀ ਸਹੀ ਤਕਨੀਕ ਬਾਰੇ ਵੀ ਦੱਸਿਆ।

## ਰਾਮਪੁਰ ਸਹਿਕਾਰੀ ਸੁਸਾਇਟੀ ਦੇ ਰਾਜਿੰਦਰ ਸਿੰਘ ਗੁਨੀ ਚੁਣੇ ਪ੍ਰਧਾਨ



ਦੋਰਾਹਾ (ਹਰਮਿੰਦਰ ਸੇਠ)-ਪਿਛਲੇ ਦਿਨੀਂ ਸਰਬਸੰਮਤੀ ਨਾਲ ਪਿੰਡ ਰਾਮਪੁਰ ਦੀ ਸਹਿਕਾਰੀ ਖੇਤੀਬਾੜੀ ਸੁਸਾਇਟੀ ਦੀ ਪਿਛਲੇ ਦਿਨੀਂ ਚੋਣ ਕੀਤੀ ਗਈ, ਜਿਸ ਵਿੱਚ ਵਿਰੋਧੀ ਧਿਰ ਦੇ ਨਦਾਰਦ ਰਹਿਣ ਕਰਕੇ ਸਰਬਸੰਮਤੀ ਨਾਲ ਮੈਂਬਰਾਂ ਦੀ ਚੋਣ ਸੰਪੰਨ ਹੋਈ ਸੀ।ਸਹਿਕਾਰਤਾ ਦੇ ਵਿਧੀ ਵਿਧਾਨ ਮੁਤਾਬਿਕ ਸਭਾ ਦੇ ਪ੍ਰਧਾਨ ਦੀ ਚੋਣ ਸਬੰਧੀ ਵਿਸ਼ੇਸ਼ ਮੀਟਿੰਗ ਬੁਲਾਈ ਗਈ। ਸਭਾ ਦੇ ਸਕੱਤਰ ਮਨਦੀਪ ਸਿੰਘ ਮਾਂਗਟ ਦੀ ਹਾਜ਼ਰੀ ਵਿੱਚ ਕਾਰਵਾਈ ਗਈ ਇਸ ਚੋਣ ਵਿੱਚ ਸਾਬਕਾ ਸਰਪੰਚ ਰਾਜਿੰਦਰ ਸਿੰਘ ਗੁਨੀ, ਸੰਦੀਪ ਸਿੰਘ, ਕੁਲਵੰਤ ਸਿੰਘ, ਅਮਰੀਕ ਸਿੰਘ, ਇੰਦਰਜੀਤ ਸਿੰਘ, ਇਕਬਾਲ ਸਿੰਘ ਮਾਂਗਟ, ਸੁਖਵਿੰਦਰ ਸਿੰਘ, ਬਲਰਾਜ ਸਿੰਘ ਮਾਂਗਟ, ਸ੍ਰੀਮਤੀ ਮਨਪ੍ਰੀਤ ਕੌਰ ਤੇ ਸ੍ਰੀਮਤੀ ਜਸਵੀਰ ਕੌਰ ਆਦਿ ਕਮੇਟੀ ਮੈਂਬਰ ਹਾਜ਼ਰ ਹੋਏ।ਮੀਟਿੰਗ ਦੌਰਾਨ ਪ੍ਰਧਾਨ ਦੀ ਚੋਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਉਪਰੰਤ ਮੈਂਬਰ ਕੁਲਵੰਤ ਸਿੰਘ ਨੇ ਪ੍ਰਧਾਨ ਦੇ ਅਹੁਦੇ ਲਈ ਸਾਬਕਾ ਸਰਪੰਚ ਰਾਜਿੰਦਰ ਸਿੰਘ ਗੁਨੀ ਦਾ ਨਾਮ ਤਾਈਦ ਕੀਤਾ ਗਿਆ, ਜਿਸ 'ਤੇ ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਜਿਤਾਉਂਦਿਆਂ ਸਾਬਕਾ ਸਰਪੰਚ ਰਾਜਿੰਦਰ ਸਿੰਘ ਗੁਨੀ ਨੂੰ ਅਗਲੇ ਸਮੇਂ ਲਈ ਪ੍ਰਧਾਨ ਚੁਣ ਲਿਆ ਗਿਆ।ਇਸ ਤੋਂ ਇਲਾਵਾ ਸੰਦੀਪ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਕੁਲਵੰਤ ਸਿੰਘ ਨੂੰ ਜੂਨੀਅਰ ਮੀਤ ਪ੍ਰਧਾਨ ਚੁਣਿਆ ਗਿਆ।ਅਮਰੀਕ ਸਿੰਘ, ਇੰਦਰਜੀਤ ਸਿੰਘ, ਇਕਬਾਲ ਸਿੰਘ ਮਾਂਗਟ, ਸੁਖਵਿੰਦਰ ਸਿੰਘ, ਬਲਰਾਜ ਸਿੰਘ ਮਾਂਗਟ, ਮਨਪ੍ਰੀਤ ਕੌਰ ਤੇ ਜਸਵੀਰ ਕੌਰ ਨੂੰ ਪ੍ਰਬੰਧਕੀ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ।ਪ੍ਰਧਾਨ ਚੁਣੇ ਜਾਣ ਤੋਂ ਬਾਅਦ ਸਾਬਕਾ ਸਰਪੰਚ ਰਜਿੰਦਰ ਸਿੰਘ ਗੁਨੀ ਨੇ ਹਲਕਾ ਵਿਧਾਇਕ ਇੰਜੀਨੀਅਰ ਮਲਵਿੰਦਰ ਸਿੰਘ ਗਿਆਸਪੁਰਾ, ਪਿੰਡ ਵਾਸੀਆਂ ਤੇ ਗ੍ਰਾਮ ਪੰਚਾਇਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੁਸਾਇਟੀ ਦੀ ਬਿਹਤਰੀ ਲਈ ਤਨਦੇਹੀ ਨਾਲ ਜ਼ਿੰਮੇਵਾਰੀ ਨਿਭਾਉਣਗੇ।ਇਸ ਮੌਕੇ ਸਰਪੰਚ ਜਸਵੰਤ ਸਿੰਘ ਕਾਲਾ, ਭੂਪਿੰਦਰ ਸਿੰਘ ਬਾਹਰੀ, ਜਗਰੂਪ ਸਿੰਘ ਸਾਬਕਾ ਪੰਚ, ਧਰਮਜੀਤ ਸਿੰਘ ਪੰਚ, ਸਤਵੀਰ ਸਿੰਘ ਸਾਬਕਾ ਮੈਂਬਰ, ਲੱਖੀ ਰਾਮਪੁਰ, ਅਮਨਦੀਪ ਸਿੰਘ, ਜਤਿੰਦਰ ਸਿੰਘ ਨੀਟਾ, ਮੇਜਰ ਸਿੰਘ ਕਟਾਣਾ ਸਾਹਿਬ ਤੇ ਹਰਮਿੰਦਰ ਸਿੰਘ ਫ਼ੌਜੀ ਕਟਾਣਾ ਸਾਹਿਬ ਆਦਿ ਹਾਜ਼ਰ ਸਨ।

## ਨਾਇਬ ਤਹਿਸੀਲਦਾਰ ਅਰਮਾਨਦੀਪ ਸਿੰਘ ਨੇ ਚਾਰਜ ਸੰਭਾਲਿਆ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਨਾਇਬ ਤਹਿਸੀਲਦਾਰ ਅਰਮਾਨਦੀਪ ਸਿੰਘ ਚੀਮਾ ਨੇ ਸਮਾਣਾ ਵਿਖੇ ਅਹੁਦਾ ਸੰਭਾਲਣ ਉਪਰੰਤ ਦਫਤਰੀ ਕੰਮ ਕਾਜ ਸ਼ੁਰੂ ਕਰ ਦਿੱਤਾ ਹੈ।ਉਨ੍ਹਾਂ ਤਹਿਸੀਲ ਵਿੱਚ ਕੰਮ ਕਰਵਾਉਣ ਆਉਣ ਵਾਲਿਆਂ ਨੂੰ ਕਿਹਾ ਕਿ ਉਹ ਕਿਸੇ ਵੀ ਦਫਤਰੀ ਕੰਮ ਲਈ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।ਦਲਾਲਾਂ ਨੂੰ ਵਿੱਚ ਪਾਉਣ ਦੀ ਲੋੜ ਨਹੀਂ ਹੈ।ਤਹਿਸੀਲ ਕੰਪਲੈਕਸ ਵਿੱਚ ਸਾਫ ਸੁਥਰਾ ਤੇ ਪਾਰਦਰਸ਼ੀ ਕੰਮ ਹੁੰਦਾ ਹੈ।ਤਹਿਸੀਲ ਕੰਪਲੈਕਸ ਵਿੱਚ ਕੰਮ ਕਰਾਉਣ ਲਈ ਕੋਈ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਨ੍ਹਾਂ ਦੇ ਨੋਟਿਸ ਵਿੱਚ ਲਿਆਂਦਾ ਜਾਵੇ।ਰਿਸ਼ਵਤ ਮੰਗਣ ਵਾਲਾ ਸਰਕਾਰੀ ਮੁਲਾਜ਼ਮ ਹੋਵੇ ਜਾਂ ਪ੍ਰਾਈਵੇਟ ਵਿਅਕਤੀ ਹੋਵੇ, ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਦੇ ਸਾਬਕਾ ਮੀਤ ਪ੍ਰਧਾਨ ਐਡਵੋਕੇਟ ਹਰਤੇਜ ਸਿੰਘ ਸੰਧੂ, ਐਡਵੋਕੇਟ ਸੁਭਾਸ਼ ਠਾਕੁਰ, ਐਡਵੋਕੇਟ ਸੁਰਿੰਦਰ ਸਿੰਘ ਹਰਿਆਉ, ਐਡਵੋਕੇਟ ਬਲਰਾਜ ਸਿੰਘ ਨਰਾਇਣ, ਸੁਖਚੈਨ ਸਿੰਘ, ਗੁਰਪਿਆਰ ਸਿੰਘ ਬੱਲ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਤੇ ਸਮਾਣਾ ਵਿਖੇ ਨਇਬ ਤਹਿਸੀਲਦਾਰ ਲੱਗਣ ਲਈ ਮੁਬਾਰਕਬਾਦ ਦਿੱਤੀ।

## ਢਿੱਲੋਂ ਵੱਲੋਂ ਭਾਰੂ ਤੇ ਮਧੀਰ ਦੇ ਸਕੂਲਾਂ 'ਚ ਵਿਕਾਸ ਕੰਮਾਂ ਦਾ ਉਦਘਾਟਨ



ਮੁਕਤਸਰ/ਗਿੱਦੜਬਾਹਾ (ਸ਼ਮਿੰਦਰਪਾਲ/ਪੂਜਾ/ਜਸਵੰਤ ਗਿੱਲ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਸਹੂਲਤਾਂ ਨੂੰ ਆਧੁਨਿਕ ਤਰੀਕੇ ਨਾਲ ਲਾਗੂ ਕਰਨ ਦੇ ਮੰਤਵ ਨਾਲ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਗਿੱਦੜਬਾਹਾ ਦੇ ਪਿੰਡ ਭਾਰੂ ਤੇ ਮਧੀਰ ਵਿਖੇ ਸਰਕਾਰੀ ਸਕੂਲਾਂ ਵਿੱਚ ਕੰਮਾਂ ਦੀ ਸ਼ੁਰੂਆਤ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਉੱਪ-ਮੰਡਲ ਮੈਜਿਸਟ੍ਰੇਟ ਗਿੱਦੜਬਾਹਾ ਜਸਪਾਲ ਸਿੰਘ ਤੇ ਮਾਰਕਿਟ ਕਮੇਟੀ ਗਿੱਦੜਬਾਹਾ ਦੇ ਚੇਅਰਮੈਨ ਹਰਦੀਪ ਸਿੰਘ ਭੰਗਾਲ ਹਾਜ਼ਰ ਰਹੇ।ਇਸ ਮੌਕੇ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਨੂੰ ਸਿੱਖਿਆ ਕ੍ਰਾਂਤੀ ਵੱਲ ਲੈ ਕੇ ਜਾ ਰਹੇ ਹਾਂ।ਪੰਜਾਬ ਸਰਕਾਰ ਵੱਲੋਂ ਲਗਾਤਾਰ ਸਿੱਖਿਆ ਖੇਤਰ ਵਿੱਚ ਵਾਧਾ ਕਰਦਿਆਂ ਉੱਚ ਕੋਟੀ ਦੇ ਕੰਮ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਲਗਾਤਾਰ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਤੇ ਇਨ੍ਹਾਂ ਫੰਡਾਂ ਦੀ ਸਹਾਇਤਾ ਨਾਲ ਸਕੂਲਾਂ ਵਿੱਚ ਨਵੇਂ ਸਮਾਰਟ ਕਲਾਸ ਰੂਮਜ਼, ਲੈਬਸ, ਲਾਇਬ੍ਰੇਰੀ, ਬਾਥਰੂਮ, ਚਾਰ ਦੀਵਾਰੀ, ਆਧੁਨਿਕ ਫਰਨੀਚਰ ਆਦਿ ਸਹੂਲਤਾਂ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਸਕੂਲਾਂ ਵਿੱਚ ਚਾਰਦੀਵਾਰੀ ਹੋਣ ਨਾਲ ਵਿਦਿਆਰਥੀ ਸਕੂਲਾਂ ਵਿੱਚ ਆਪਣੇ-ਆਪ ਨੂੰ ਸੁਰੱਖਿਅਤ ਮਹਿਸੂਸ ਕਰਦੇ ਹਨ।ਇਸ ਮੌਕੇ ਸਕੂਲ ਦੀ ਐੱਸ.ਐੱਮ.ਸੀ. ਕਮੇਟੀ ਦੇ ਚੇਅਰਮੈਨ ਜਸਬੀਰ ਸਿੰਘ, ਗੋਪੀ ਰਾਮ, ਬਲਰਾਜ ਸਿੰਘ, ਪਿੰਡ ਦੇ ਸਰਪੰਚ ਤੇ ਪੰਚਾਂ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਸਨ।

## ਡਾ. ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਸਲੇਮਪੁਰਾ 'ਚ ਸਮਾਗਮ



ਹਠੂਰ/ਜਗਰਾਉਂ (ਨਛੱਤਰ ਸੰਧੂ)-ਡਾ. ਭੀਮ ਰਾਓ ਅੰਬੇਦਕਰ ਦੇ ਜਨਮ ਦਿਹਾੜੇ ਨੂੰ ਸਮਰਪਤ, ਬਲਾਕ ਸਿੱਧਵਾਂ ਬੇਟ ਅਧੀਨ ਪਿੰਡ ਸਲੇਮਪੁਰਾ 'ਚ ਸਮਾਗਮ ਆਯੋਜਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ 'ਆਪ' ਹਲਕਾ ਇੰਚਾਰਜ ਕੇ.ਐਨ.ਐਸ.ਕੰਗ, ਪਿੰਡ ਦੇ ਸਰਪੰਚ ਦਵਿੰਦਰ ਸਿੰਘ ਸਲੇਮਪੁਰੀ ਤੋਂ ਇਲਾਵਾ ਹੋਰ ਉੱਘੀਆਂ ਸ਼ਖ਼ਸੀਅਤਾਂ ਵੀ ਮੌਜੂਦ ਸਨ।ਇਸ ਮੌਕੇ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਕਿਹਾ ਕਿ ਡਾ. ਭੀਮ ਰਾਓ ਅੰਬੇਦਕਰ ਤੇ ਸਾਥੀਆਂ ਨੇ ਭਾਰਤੀ ਸੰਵਿਧਾਨ ਦਾ ਨਿਰਮਾਣ ਕਰਕੇ ਸਾਰੇ ਦੇਸ਼ ਨੂੰ ਇਕ ਸੂਤਰ ਵਿੱਚ ਪਰੋਇਆ ਹੈ ਤੇ ਉਨ੍ਹਾਂ ਭਾਰਤ ਦੇ ਹਰੇਕ ਨਾਗਰਿਕ ਨੂੰ ਸੰਵਿਧਾਨ ਰਾਹੀਂ ਬਰਾਬਰਤਾ ਦੇ ਹੱਕ ਪ੍ਰਦਾਨ ਕਰਾਏ।ਉਨ੍ਹਾਂ ਸੰਵਿਧਾਨ ਦੀ ਰਚਨਾ ਕਰਕੇ ਦੇਸ਼ ਦੀ ਤਰੱਕੀ ਵਿੱਚ ਵੱਡਾ ਯੋਗਦਾਨ ਪਾਇਆ ਹੈ। ਸਿੱਟੇ ਵਜੋਂ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਅੱਗੇ ਵਧਣ ਦਾ ਮੌਕਾ ਮਿਲਿਆ ਹੈ।ਸਾਡੇ ਸਿਰ 'ਤੇ ਪੱਗ, ਧੀਆਂ-ਭੈਣਾਂ ਦੇ ਸਿਰ 'ਤੇ ਚੁੰਨੀਆਂ, ਸਾਡਾ ਮਾਣ ਸਤਿਕਾਰ ਬਾਬਾ ਸਾਹਿਬ ਦੀ ਦੇਣ ਹਨ, ਹਰ ਤਰ੍ਹਾਂ ਦੇ ਵਿਤਕਰੇ ਤੋਂ ਰਹਿਤ ਸਿੱਖਿਆ ਤੇ ਰੁਜ਼ਗਾਰ ਦਾ ਅਧਿਕਾਰ ਦਿੱਤਾ ਤੇ ਉਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਇਹ ਕਿ ਜਿੱਥੇ ਸਾਡਾ ਸੰਵਿਧਾਨ ਸਾਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਦਾ ਹੈ, ਉੱਥੇ ਸਾਨੂੰ ਆਪਣੇ ਸੰਵਿਧਾਨਕ ਫ਼ਰਜ਼ਾਂ ਪ੍ਰਤੀ ਸੁਚੇਤ ਹੋਣ ਦੀ ਵੀ ਲੋੜ ਹੈ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇਸ਼ ਦੇ ਲੋਕਾਂ ਲਈ ਹਮੇਸ਼ਾ ਮਾਰਗ ਦਰਸ਼ਕ ਤੇ ਪ੍ਰੇਰਣਾ ਸਰੋਤ ਬਣੇ ਰਹਿਣਗੇ।ਉਨ੍ਹਾਂ ਪਿੰਡ ਸਲੇਮਪੁਰਾ ਦੇ ਸਟੱਡੀ ਸੈਂਟਰ ਤੇ ਡਾਕਟਰ ਅੰਬੇਡਕਰ ਫੋਰਸ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਬੱਚਿਆਂ ਵੱਲੋਂ ਸਮਾਜਿਕ ਚੇਤਨਾ ਵਾਲੇ ਨਾਟਕ ਤੇ ਕੋਰੀਓਗ੍ਰਾਫ਼ੀ ਦੀ ਪੇਸ਼ਕਾਰੀ ਵੀ ਦਿੱਤੀ ਗਈ।

## ਦਇਆਨੰਦ ਮਾਡਲ ਹਾਈ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪੰਜਾਬ ਸਕੂਲ਼ ਸਿੱਖਿਆ ਬੋਰਡ ਵਲੋਂ ਜਾਰੀ ਕੀਤੇ ਸਕੂਲ਼ ਦਾ ਪੰਜਵੀਂ ਕਲਾਸ ਦਾ ਨਤੀਜਾ 100% ਰਿਹਾ। ਸਕੂਲ਼ ਦੇ104 ਵਿਦਿਆਰਥੀਆਂ ਨੇ ਪੰਜਵੀਂ ਕਲਾਸ ਦੇ ਪੇਪਰ ਦਿੱਤੇ ਸਨ, ਜਿਨ੍ਹਾਂ ਵਿੱਚੋਂ 10 ਵਿਦਿਆਰਥੀਆਂ ਹੇਜ਼ਲ ਰਾਣੀ ਹਰਗੁਣਪ੍ਰੀਤ, ਜਨਤਜੋਤ, ਜਸ਼ਨ ਮਹਿਰਾ, ਜਸਕੀਰਤ ਸਿੰਘ, ਜੀਆ, ਕੁਸਮ ਰਾਣੀ, ਪਲਕ ਧੀਮਾਨ, ਪ੍ਰਿਯੰਕਾ ਤੇ ਰਾਜੇਸ਼ ਕੁਰਿਹਲ ਨੇ 500 ਵਿਚੋਂ 500 ਅੰਕ ਪ੍ਰਾਪਤ ਕੀਤੇ।ਦਯਾਨੰਦ ਮਾਡਲ ਹਾਈ ਸਕੂਲ ਦੇ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਦਾ ਨਤੀਜਾ 100%ਰਿਹਾ।ਸਕੂਲ਼ ਦੇ ਪ੍ਰਧਾਨ ਯਸ਼ਪਾਲ ਸਿੰਗਲਾ ਤੇ ਪ੍ਰਿੰਸੀਪਲ ਅੰਜੂ ਡੈਂਬਲਾ ਨੇ ਦੱਸਿਆ ਕਿ ਦਯਾਨੰਦ ਮਾਡਲ ਹਾਈ ਸਕੂਲ ਦੇ 93 ਵਿਦਿਆਰਥੀਆਂ ਨੇ ਅੱਠਵੀ ਕਲਾਸ ਦੇ ਪੇਪਰ ਦਿੱਤੇ ਸਨ, ਜਿਨ੍ਹਾਂ ਵਿਚੋਂ 16 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।ਕ੍ਰਿਸ਼ਨਾ ਨੇ 600 ਵਿਚੋਂ 576 (96%)ਅੰਕ ਪ੍ਰਾਪਤ ਕਰਕੇ ਸਕੂਲ਼ ਪਹਿਲਾ ਸਥਾਨ ਪ੍ਰਾਪਤ ਕੀਤਾ। ਤਾਨਿਆ ਨੇ 566 (94%) ਅੰਕ ਪ੍ਰਾਪਤ ਕਰਕੇ ਦੂਜਾ ਤੇ ਐਸ਼ਦੀਪ ਨੇ 565 (94%) ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਪ੍ਰਧਾਨ ਯਸ਼ਪਾਲ ਸਿੰਗਲਾ ਤੇ ਪ੍ਰਿੰਸੀਪਲ ਅੰਜੂ ਡੈਬਲਾ ਨੇ ਕਿਹਾ ਕਿ ਇਹ ਸਾਰੇ ਬੱਚੇ ਭਵਿੱਖ ਵਿੱਚ ਵੀ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ਼ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੇ।



## ਪੰਜਾਬ ਸਰਕਾਰ ਨੇ ਝੋਨੇ ਦੀ ਪੂਸਾ 44 ਤੇ ਹਾਈਬ੍ਰਿਡ ਕਿਸਮਾਂ 'ਤੇ ਲਗਾਈ ਪਾਬੰਦੀ : ਮੁੱਖ ਖੇਤੀਬਾੜੀ ਅਫ਼ਸਰ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵਲੋਂ ਪੱਕਣ ਵਿਚ ਵੱਧ ਸਮਾਂ ਲੈਣ ਵਾਲੀ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਕਰਨ 'ਤੇ ਲਗਾਈ ਪਾਬੰਦੀ ਕਾਰਨ ਕੋਈ ਵੀ ਬੀਜ ਵਿਕਰੇਤਾ ਗੈਰ ਪ੍ਰਮਾਣਤ ਕਿਸਮਾਂ ਦੇ ਬੀਜ ਦੀ ਵਿਕਰੀ ਨਾ ਕਰਨ। ਜੇਕਰ ਕੋਈ ਵੀ ਬੀਜ ਵਿਕਰੇਤਾ ਪਾਬੰਦੀਸ਼ੁਦਾ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਬੀਜ ਵਿਚ ਕੀਤੀ ਜਾਵੇਗੀ। ਸਥਾਨਕ ਬੀਜ ਵਿਕਰੇਤਾਵਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਝੋਨੇ ਦੀ ਖੇਤੀ ਕਰਨ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਵਿਚ ਲਗਾਤਾਰ ਗਿਰਾਵਟ ਆ ਰਹੀ ਹੈ ਅਤੇ ਇਸ ਗਿਰਾਵਟ ਨੂੰ ਰੋਕਣ ਲਈ ਪੰਜਾਬ ਸਰਕਾਰ ਵਲੋਂ ਪੱਕਣ ਵਿਚ ਲੰਮਾ ਸਮਾਂ ਲੈਣ ਵਾਲੀਆਂ ਕਿਸਮਾਂ ਜਿਵੇਂ ਪੂਸਾ 44, ਪੀਲੀ ਪੂਸਾ ਅਤੇ ਡੋਗਰ ਪੂਸਾ ਕਿਸਮਾਂ ਦੀ ਬਿਜਾਈ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ। ਇਨ੍ਹਾਂ ਕਿਸਮਾਂ ਤੋਂ ਇਲਾਵਾ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਬਿਜਾਈ 'ਤੇ ਵੀ ਪਾਬੰਦੀ ਲਗਾਈ ਗਈ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਸ ਵਾਰ ਪੰਜਾਬ ਅੰਦਰ ਝੋਨੇ ਦੀ ਲਵਾਈ ਦਾ ਸਮਾਂ 1 ਜੂਨ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ ਜੋ ਕਿ ਪੰਜਾਬ ਵਿੱਚ ਚਾਰ ਪੜਾਵਾਂ ਵਿੱਚ ਪੂਰਾ ਹੋਵੇਗਾ। ਉਨ੍ਹਾਂ ਸਮੂਹ ਬੀਜ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਹਰੇਕ ਕਿਸਾਨ ਨੂੰ ਬੀਜ ਦੀ ਵਿਕਰੀ ਕਰਨ ਉਪਰੰਤ ਬਿੱਲ ਹਰ ਹਾਲਤ ਵਿੱਚ ਕੱਟ ਕੇ ਦਿੱਤਾ ਜਾਵੇ ਅਤੇ ਜੇਕਰ ਕੋਈ ਬੀਜ ਵਿਕਰੇਤਾ ਬਿੱਲ ਦੇਣ ਤੋਂ ਬਗੈਰ ਬੀਜ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਜਿਸ ਵਿਚ ਲਾਇਸੈਂਸ ਰੱਦ ਵੀ ਕੀਤਾ ਜਾ ਸਕਦਾ । ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪੰਜਾਬ ਯੂਨੀਵਰਸਿਟੀ ਲੁਧਿਆਣਾ ਅਤੇ ਖੇਤੀਬਾੜੀ ਵਿਭਾਗ ਵਲੋਂ ਪ੍ਰਵਾਨਿਤ ਪੀ ਆਰ 126,127,128,129,130,131 ਅਤੇ 132 ਕਿਸਮਾਂ ਦੀ ਬਿਜਾਈ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਸ਼ੈਲਰ ਮਾਲਕਾਂ ਨੇ ਵੀ ਕਿਹਾ ਹੈ ਕਿ ਪੀ ਆਰ 126 ਝੋਨੇ ਦੀ ਕਿਸਮ ਤੋਂ ਕੋਈ ਦਿੱਕਤ ਨਹੀਂ ਹੈ ਅਤੇ ਇਸ ਕਿਸਮ ਦੀ ਖਰੀਦ ਆਮ ਕਿਸਮਾਂ ਵਾਂਗ ਹੀ ਹੋਵੇਗੀ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ, ਡਾ. ਮਨਪ੍ਰੀਤ ਸਿੰਘ, ਡਾ. ਗਗਨਦੀਪ ਸਿੰਘ ਖੇਤੀਬਾੜੀ ਅਫ਼ਸਰ, ਨਰੇਸ਼ ਸਰਦਾਨਾ, ਰਾਜੇਸ਼ ਗੁਪਤਾ ਸਮੇਤ ਵੱਡੀ ਗਿਣਤੀ ਵਿਚ ਬੀਜ ਵਿਕਰੇਤਾ ਹਾਜ਼ਰ ਸਨ।

## ਖੇਤੀਬਾੜੀ ਵਿਭਾਗ ਵੱਲੋਂ ਬਟਾਲਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਨਾਲ ਅੱਜ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਸਿਖਲਾਈ ਦੇਣ ਲਈ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਦੀ ਅਗਵਾਈ ਹੇਠ ਬਟਾਲਾ ਦੀ ਦਾਣਾ ਮੰਡੀ ਵਿਖੇ ਇੱਕ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਗਾਇਆ ਗਿਆ। ਇਸ ਮੇਲੇ ਵਿੱਚ ਹਲਕਾ ਬਟਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ ਜਦੋਂ ਕਿ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਗੁਰਦਾਸਪੁਰ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਹਰਜਿੰਦਰ ਸਿੰਘ ਬੇਦੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਇਸ ਦੇ ਨਾਲ ਹੀ ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਕ ਮਹਿਤਾ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸੇਵਾ ਮੁਕਤ ਖੇਤੀਬਾੜੀ ਅਫਸਰ ਮੁੱਖਵਿੰਦਰ ਸਿੰਘ ਨਾਗਰਾ, ਬਲਬੀਰ ਸਿੰਘ ਬਿੱਟੂ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਹਲਕਿਆਂ ਤੋਂ ਉੱਘੇ ਆਗੂ ਉਚੇਚੇ ਤੌਰ 'ਤੇ ਮੌਜੂਦ ਰਹੇ।ਇਸ ਕਿਸਾਨ ਮੇਲੇ ਵਿੱਚ ਖੇਤੀਬਾੜੀ ਨਾਲ ਸੰਬੰਧਤ ਵੱਖ-ਵੱਖ ਅਦਾਰਿਆਂ ਅਤੇ ਸੈਲਫ ਹੈਲਪ ਗਰੁੱਪਾਂ ਵੱਲੋਂ ਵੱਖ-ਵੱਖ ਖੇਤੀ ਉਤਪਾਦਾਂ ਅਤੇ ਮਸ਼ੀਨਰੀ ਨਾਲ ਸੰਬੰਧਤ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਮੱਕੀ ਦਾ ਰੇਟ 17500 ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਅਤੇ ਸ਼ੁੱਧ ਵਾਤਾਵਰਣ ਬਚਾਉਣ ਲਈ ਅੱਜ ਸਾਨੂੰ ਸਾਰਿਆਂ ਨੂੰ ਜ਼ਿੰਮੇਵਾਰੀ ਨਿਭਾਉਣ ਦੀ ਲੋੜ ਹੈ। ਉਹਨਾਂ ਕਿਹਾ ਕਿ ਜ਼ਿਲ੍ਹੇ ਦੇ ਕਿਸਾਨ ਬੇਹੱਦ ਵਧਾਈ ਦੇ ਪਾਤਰ ਹਨ ਜਿਨ੍ਹਾਂ ਨੇ ਖੇਤਾਂ ਵਿੱਚ ਅੱਗ ਲਾਉਣ ਦੀਆਂ ਘਟਨਾਵਾਂ ਵਿੱਚ 48 ਫੀਸਦੀ ਗਿਰਾਵਟ ਲਿਆਂਦੀ ਹੈ। ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਖੁਸ਼ਹਾਲੀ ਲਈ ਵੱਡੇ ਯਤਨ ਕਰ ਰਹੀ ਹੈ। ਸਰਕਾਰ ਵੱਲੋਂ ਇਸ ਸਾਲ ਝੋਨੇ ਦੀ ਲਵਾਈ 15 ਜੂਨ ਦੀ ਬਜਾਏ 1 ਜੂਨ ਤੋਂ ਕਰਨ ਦਾ ਵੱਡਾ ਫੈਸਲਾ ਲਿਆ ਗਿਆ ਹੈ।ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਰਾਹਤ ਦੇਣ ਲਈ ਸੂਬੇ ਅੰਦਰ 15 ਹਜ਼ਾਰ ਕਿਲੋਮੀਟਰ ਖਾਲ ਅਤੇ ਨਾਲਿਆਂ ਦੀ ਰਿਪੇਅਰ ਕਰਵਾ ਕੇ ਟੇਲਾਂ ਤੱਕ ਪਾਣੀ ਪਹੁੰਚਾਇਆ ਹੈ।ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਕ ਮਹਿਤਾ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮਾਰਕੀਟ ਕਮੇਟੀ ਅਧੀਨ ਆਉਂਦੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਫਸਲ ਦੇ ਮੰਡੀਕਰਨ ਦੌਰਾਨ ਕੋਈ ਵੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ, ਖੇਤੀਬਾੜੀ ਅਫਸਰ ਡਾਕਟਰ ਸ਼ਾਹਬਾਜ਼ ਸਿੰਘ ਚੀਮਾ, ਡਾ. ਸਰਬਜੀਤ ਸਿੰਘ ਔਲਖ, ਡਾ. ਹਰਪ੍ਰੀਤ ਸਿੰਘ, ਡਿਜੀ ਰਵਿੰਦਰ ਸਿੰਘ ਛੀਨਾ, ਡਾ. ਸੁਰਿੰਦਰ ਸਿੰਘ, ਡਾ. ਸੁਨੀਲ ਕੁਮਾਰ, ਡਾ. ਜੀਵਨ ਜੋਤ ਕੌਰ, ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਨੇ ਵੀ ਵਿਚਾਰ ਰੱਖੇ ।ਇਸ ਕਿਸਾਨ ਮੇਲੇ ਦੌਰਾਨ ਅਗਾਂਹਵਧੂ ਕਿਸਾਨਾਂ ਅਤੇ ਖੇਤੀਬਾੜੀ ਵਿਭਾਗ ਅੰਦਰ ਚੰਗੀ ਕਾਰਗੁਜ਼ਾਰੀ ਕਰਨ ਵਾਲੇ ਵੱਖ-ਵੱਖ ਅਧਿਕਾਰੀਆਂ ਕਰਮਚਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।



## ਸਿੱਖਿਆ ਕ੍ਰਾਂਤੀ ਸਹਾਇਕ ਅਧਿਆਪਕ ਫਾਕੇ ਕੱਟਣ ਲਈ ਮਜਬੂਰ : ਕੈਰੋਂ, ਵਲਟੋਹਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਤਰਨ ਤਾਰਨ ਜ਼ਿਲ੍ਹੇ ਦੇ ਸਹਾਇਕ ਅਧਿਆਪਕ ਜੋ ਵੀਹ ਇੱਕੀ ਹਜ਼ਾਰ ਰੁਪਏ ਮਹੀਨਾ ਤਨਖਾਹ ਲੈਂਦੇ ਹਨ, ਪਿਛਲੇ ਤਿੰਨ ਚਾਰ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਫਾਕੇ ਕੱਟਣ ਲਈ ਮਜਬੂਰ ਹਨ। ਇਸ ਸਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਰਜ ਸਿੰਘ ਕੈਰੋਂ ਅਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸੂਬਾਈ ਸਲਾਹਕਾਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਦੇ ਦਾਅਵੇ ਕਰਦੀ ਨਹੀਂ ਥੱਕਦੀ, ਉੱਥੇ ਇਸ ਮਹਿੰਗਾਈ ਦੇ ਜ਼ਮਾਨੇ ਵਿੱਚ ਮਾਮੂਲੀ ਤਨਖਾਹ ਪ੍ਰਾਪਤ ਕਰਨ ਵਾਲੇ ਸਹਾਇਕ ਅਧਿਆਪਕਾਂ ਵਿੱਚੋਂ ਜ਼ਿਲ੍ਹੇ ਦੇ ਕੁੱਝ ਬਲਾਕਾਂ ਵਿੱਚੋਂ ਦੇ ਬਲਾਕਾਂ ਵਿੱਚ ਪਿਛਲੇ ਚਾਰ ਮਹੀਨਿਆਂ ਤੋਂ ਤੇ ਬਾਕੀ ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਤੰਗੀਆਂ ਝੱਲ ਰਹੇ ਹਨ । ਉਹਨਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਹਕੀਕਤ ਪਹਿਲਾਂ ਨਾਲੋਂ ਵੀ ਮਾੜੀ ਹੈ। ਉਹਨਾਂ ਮੰਗ ਕੀਤੀ ਕਿ ਤਨਖਾਹ ਨੂੰ ਤਰਸ ਰਹੇ ਇਹਨਾਂ ਅਧਿਆਪਕਾਂ ਨੂੰ ਤੁਰੰਤ ਸਾਰੀ ਤਨਖਾਹ ਮੁਹੱਈਆ ਕਰਵਾਈ ਜਾਵੇ। ਅੱਗੇ ਤੋਂ ਇਸ ਗੱਲ ਦੀ ਗਾਰੰਟੀ ਕੀਤੀ ਜਾਵੇ ਕਿ ਕੋਈ ਵੀ ਅਧਿਆਪਕ ਤਨਖਾਹ ਨੂੰ ਨਾ ਤਰਸੇ।

## ਭਾਰਤੀ ਜੀਵਨ ਬੀਮਾ ਨਿਗਮ ਦੇ ਕਰਮਚਾਰੀਆਂ ਦੀ ਮੀਟਿੰਗ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਭਾਰਤੀ ਜੀਵਨ ਬੀਮਾ ਨਿਗਮ ਦੇ ਸੇਵਾਮੁਕਤ ਕਰਮਚਾਰੀਆਂ ਦੀ ਇੱਕ ਮੀਟਿੰਗ ਜੀ.ਐਸ. ਬਾਜਵਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਵਿੱਚ ਹਾਜ਼ਰ ਮੈਂਬਰਾਂ ਵੱਲੋਂ, ਹਰਦਿਆਲ ਸਿੰਘ ਸੇਖੋਂ, ਸੇਵਾਮੁਕਤ ਵਿਕਾਸ ਅਧਿਕਾਰੀ ਅਤੇ ਸੁਰਿੰਦਰ ਕੌਰ ਜਿਨ੍ਹਾਂ ਦਾ ਹਾਲ ਹੀ ਵਿੱਚ ਦੇਹਾਂਤ ਹੋ ਗਿਆ ਸੀ, ਨੂੰ ਸ਼ਰਧਾਂਜਲੀ ਦੇਣ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ । ਜਨਰਲ ਸਕੱਤਰ ਦੀ ਭੂਮਿਕਾ ਮਹਿੰਦਰ ਪਾਲ ਕਲੋਤਰਾ ਨੇ ਨਿਭਾਈ। ਜੇ.ਐਸ. ਗੋਰਾਇਆ, ਸੰਤੋਖ ਸਿੰਘ ਬਾਜਵਾ, ਮਹਿੰਦਰ ਸਿੰਘ, ਕੇਵਲ ਕ੍ਰਿਸ਼ਨ, ਹੀਰਾ ਲਾਲ, ਹੰਸ ਰਾਜ ਆਦਿ ਨੇ ਸਾਰਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਬੱਚਿਆਂ ਦਾ ਵਿਆਹ ਦਾਜ ਲੈਣ-ਦੇਣ ਤੋਂ ਬਿਨਾਂ ਕਰਵਾਉਣ ਦੀ ਸਹੁੰ ਚੁੱਕੀ ਤੇ ਸਮਾਜ ਦੇ ਲੋਕਾਂ ਨੂੰ ਇਸ ਬਾਰੇ ਜਾਗਰੂਕ ਵੀ ਕੀਤਾ। ਇਸ ਮੌਕੇ ਸੁਰਿੰਦਰ ਜੀਤ ਸਿੰਘ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਮੌਜੂਦ ਸਨ। ਮੀਟਿੰਗ ਵਿੱਚ ਸ਼ੇਰਬੀਰ ਸਿੰਘ, ਗੋਪਾਲ, ਕੁਲਜੀਤ ਆਦਿ ਮੌਜੂਦ ਸਨ ।

## ਲਾਭਪਾਤਰੀ ਕਿਸਾਨਾਂ ਦੀ ਆਈ ਕੇ ਵਾਈ ਸੀ ਕਰਨ ਲਈ ਕੱਲ੍ਹ ਤੋਂ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ: ਮੁੱਖ ਖੇਤੀਬਾੜੀ ਅਫ਼ਸਰ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਜ਼ਿਲ੍ਹਾ ਗੁਰਦਾਸਪੁਰ ਅੰਦਰ ਇਕ ਲੱਖ ਸੈਂਤਰ ਹਜ਼ਾਰ ਲਾਭਪਾਤਰੀ ਕਿਸਾਨ ਹਨ ਜਿਨ੍ਹਾਂ ਦੇ ਖਾਤਿਆਂ ਵਿਚ ਹਰ ਸਾਲ 6000 ਤਿੰਨ ਬਰਾਬਰ ਕਿਸ਼ਤਾਂ ਵਿਚ ਆ ਰਹੇ ਹਨ। ਤਕਰੀਬਨ 32000 ਲਾਭ ਪਾਤਰੀ ਅਜਿਹੇ ਹਨ ਜੋ ਈ ਕੇ ਵਾਈ ਸੀ ਜਾਂ ਹੋਰਨਾਂ ਕਾਰਨਾਂ ਕਰਕੇ 2000 ਦੀ ਕਿਸ਼ਤ ਲੈਣ ਤੋਂ ਵਾਂਝੇ ਰਹਿ ਰਹੇ ਹਨ। ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਇਸ ਸਕੀਮ ਤਹਿਤ ਲਾਭ ਲੈਣ ਤੋਂ ਵਾਂਝੇ ਰਹਿ ਰਹੇ ਕਿਸਾਨਾਂ ਦੀ ਈ ਕੇ ਵਾਈ ਸੀ, ਅਧਾਰ ਸੀਡਿੰਗ ਅਤੇ ਲੈਂਡ ਸੀਡਿੰਗ ਕਰਨ ਲਈ 15 ਦਿਨਾਂ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ 9 ਅਪ੍ਰੈਲ ਤੋਂ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਤਹਿਤ ਕੰਮ ਵਾਲੇ ਹਰੇਕ ਦਿਨ 94 ਪਿੰਡਾਂ ਵਿਚ ਖ਼ੇਤੀਬਾੜੀ ਵਿਭਾਗ ਦੇ ਅਧਿਕਾਰੀ / ਕਰਮਚਾਰੀ ਜਾ ਕੇ ਈ ਕੇ ਵਾਈ ਸੀ ਦੇ ਕੰਮ ਨੂੰ ਮੁਕੰਮਲ ਕਰਨਗੇ। ਉਨ੍ਹਾਂ ਦੱਸਿਆ ਕਿ ਇਹ ਕੈਂਪ ਕਿਸੇ ਸਾਂਝੀ ਜਗ੍ਹਾ ਤੋਂ ਇਲਾਵਾ ਕਾਮਨ ਸਰਵਿਸ ਸੈਂਟਰ ਜਾਂ ਸਾਂਝੇ ਸੇਵਾ ਕੇਂਦਰਾਂ ਵਿਖੇ ਹੀ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦੌਰਾਨ ਪਾਏ ਗਏ ਅਯੋਗ ਲਾਭਪਾਤਰੀ ਜਿਵੇਂ ਕਿ ਜਿਨਾਂ ਦੀ ਮੌਤ ਹੋ ਚੁੱਕੀ ਹੈ, ਜੋ ਭਾਰਤ ਦੇਸ਼ ਤੋਂ ਬਾਹਰ ਰਹਿੰਦੇ ਹਨ ਜਾਂ ਜੋ ਇਸ ਸਕੀਮ ਦੀਆਂ ਗਾਈਡਲਾਈਨਾਂ ਅਨੁਸਾਰ ਆਯੋਗ ਹਨ ਉਹਨਾਂ ਦੇ ਖਾਤੇ ਬੰਦ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲਾਭਪਾਤਰੀਆਂ ਦੀ ਮੌਤ ਹੋ ਚੁੱਕੀ ਹੈ ਉਨ੍ਹਾਂ ਦੇ ਵਾਰਸਾਂ ਨੂੰ ਚਾਹੀਦਾ ਹੈ ਕਿ ਮ੍ਰਿਤਕ ਦਾ ਮੌਤ ਦਾ ਸਰਟੀਫਿਕੇਟ ਜਾਂ ਸਰਪੰਚ /ਨੰਬਰਦਾਰ ਦੁਆਰਾ ਲਿਖਿਆ ਪੱਤਰ ਅਤੇ ਖਾਤਾ ਬੰਦ ਕਰਨ ਲਈ ਬਿਨੈਪੱਤਰ ਸਬੰਧਤ ਅਧਿਕਾਰੀ/ਕਰਮਚਾਰੀ ਕੋਲ ਜਮ੍ਹਾਂ ਕਰਵਾ ਦੇਣ। ਉਨ੍ਹਾਂ ਸਮੂਹ ਅਧਿਕਾਰੀ/ਕਰਮਚਾਰੀਆਂ ਨੂੰ ਹਦਾਇਤ ਜਾਰੀ ਕੀਤੀਆਂ ਕਿ ਕੈਂਪ ਲਗਾਉਣ ਤੋਂ ਇੱਕ ਦਿਨ ਪਹਿਲਾਂ ਗੁਰਦੁਆਰਾ ਸਾਹਿਬ, ਮੰਦਰ ਜਾਂ ਕਿਸੇ ਹੋਰ ਧਾਰਮਿਕ ਸਥਾਨ ਤੋਂ ਪਿੰਡਾਂ ਵਿਚ ਇਸ ਦੀ ਅਨਾਊਂਸਮੈਂਟ ਕਰਵਾਈ ਜਾਵੇ ਅਤੇ ਟੈਲੀਫੋਨ ਰਾਹੀਂ ਵੀ ਕਿਸਾਨਾਂ ਨੂੰ ਇਸ ਕੈਂਪ ਬਾਰੇ ਸੂਚਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇਸ ਕੰਮ ਵਿਚ ਡਾਕ ਵਿਭਾਗ ਅਤੇ ਸਾਂਝੇ ਸੇਵਾ ਕੇਂਦਰਾਂ ਦੇ ਸਟਾਫ਼ ਵੱਲੋਂ ਵੀ ਸਹਿਯੋਗ ਕੀਤਾ ਜਾਵੇਗਾ।



## ਗੁਰੂ ਅਮਰਦਾਸ ਇੰਸਟੀਚਿਊਟ ਦੇ ਵਿਦਿਆਰਥੀ ਧਾਰਮਿਕ ਸਿੱਖਿਆ ਦੇ ਇਮਤਿਹਾਨ 'ਚੋਂ ਅੱਵਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਪਿਛਲੇ ਵਿਦਿਅਕ ਵਰ੍ਹੇ 2024-2025 ਵਿੱਚ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਧਾਰਮਿਕ ਸਿੱਖਿਆ ਦੇ ਇਮਤਿਹਾਨ ਲਏ ਗਏ। ਜਿਨ੍ਹਾਂ ਵਿੱਚੋਂ ਸੰਸਥਾ ਦੇ 17 ਵਿਦਿਆਰਥੀਆਂ ਨੇ ਬਹਿਤਰੀਨ ਪ੍ਰਦਰਸ਼ਨ ਕਰਦਿਆਂ ਇਨਾਮ ਪ੍ਰਾਪਤ ਕੀਤੇ। ਇਹਨਾਂ ਵਿੱਚੋਂ ਤਿੰਨ ਵਿਦਿਆਰਥੀਆਂ ਨੇ ਪਹਿਲਾ ਗਰੇਡ, ਚਾਰ ਵਿਦਿਆਰਥੀਆਂ ਨੇ ਦੂਜਾ ਗਰੇਡ ਤੇ 10 ਵਿਦਿਆਰਥੀਆਂ ਨੇ ਤੀਜਾ ਗਰੇਡ ਪ੍ਰਾਪਤ ਕੀਤਾ। ਇਸ ਪ੍ਰਾਪਤੀ 'ਤੇ ਸਿੱਖ ਮਿਸ਼ਨਰੀ ਕਾਲਜ, ਲੁਧਿਆਣਾ ਵੱਲੋਂ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਤੇ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਵਧੀਆ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜਾਈ ਕਰਦੇ ਹੋਏ ਉਹਨਾਂ ਨੂੰ ਹੋਰ ਵੀ ਵੱਧ-ਚੜ੍ਹ ਕੇ ਧਾਰਮਿਕ ਸਿੱਖਿਆ ਦੇ ਵਿੱਦਿਅਕ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

## ਡਾ. ਅਸ਼ਵਨੀ ਕੁਮਾਰ ਨੇ ਬਤੌਰ ਪ੍ਰਿੰਸੀਪਲ ਅਹੁਦਾ ਸੰਭਾਲਿਆ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬ ਸਰਕਾਰ ਉਚੇਰੀ ਸਿੱਖਿਆ ਵਿਭਾਗ ਦੁਆਰਾ ਸਰਕਾਰੀ ਕਾਲਜਾਂ ਦਾ ਕੰਮ ਸੁਚਾਰੂ ਢੰਗ ਨਾਲ ਚਲਾਉਣ ਅਤੇ ਪ੍ਰਬੰਧਕੀ ਜ਼ਰੂਰਤਾਂ ਨੂੰ ਮੁੱਖ ਰੱਖਦੇ ਹੋਏ ਵੱਖ-ਵੱਖ ਸਰਕਾਰੀ ਕਾਲਜਾਂ 'ਚ ਪ੍ਰਿੰਸੀਪਲ ਨਿਯੁਕਤ ਕੀਤੇ ਗਏ, ਜਿਸ ਤਹਿਤ ਡਾ. ਅਸ਼ਵਨੀ ਕੁਮਾਰ ਨੇ ਬਤੌਰ ਪ੍ਰਿੰਸੀਪਲ ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਅਹੁਦਾ ਸੰਭਾਲ ਲਿਆ । ਇਸ ਮੌਕੇ ਉਨ੍ਹਾਂ ਨਾਲ ਆਏ ਪਰਵਾਰਕ ਮੈਂਬਰਾਂ ਦਾ ਪ੍ਰੇਮ ਤਲਵਾੜ, ਰਿਟਾ. ਪ੍ਰਿੰਸੀਪਲ ਅਵਤਾਰ ਸਿੰਘ ਸਿੱਧੂ, ਰਿਟਾ. ਪ੍ਰੋ. ਐੱਚ.ਐੱਚ.ਚਾਹਲ, ਐਡਵੋਕੇਟ ਪੁਸ਼ਕਰ ਨੰਦਾ, ਐਡਵੋਕੇਟ ਬਿਕਰਮ ਚੌਹਾਨ, ਡਾ. ਕਰਨਜੀਤ ਸ਼ਰਮਾ, ਡਾ. ਸਰਬਜੀਤ ਸਿੰਘ ਅਤੇ ਕਾਲਜ ਦੇ ਸਮੂਹ ਸਟਾਫ਼ ਮੈਂਬਰਾਂ ਵੱਲੋਂ ਫੁੱਲਾਂ ਦੇ ਹਾਰ ਤੇ ਗੁਲਦਸਤੇ ਦੇ ਕੇ ਨਿੱਘਾ ਸੁਆਗਤ ਕੀਤਾ ਗਿਆ ।



## ਜਗਦੀਸ਼ ਗਿਰੀ ਵੱਲੋਂ ਆਦਰਸ਼ ਬਿਰਧ ਆਸ਼ਰਮ 'ਚ ਧਾਰਮਿਕ ਪ੍ਰਵਚਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਆਦਰਸ਼ ਬਿਰਧ ਆਸ਼ਰਮ ਵਿਚ ਰਹਿ ਰਹੇ ਬਜ਼ੁਰਗਾਂ ਨੂੰ ਮਿਲਣ ਆਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਸੇਵਕ ਸ੍ਰੀ ਗੁਰੂ ਜਗਦੀਸ਼ ਗਿਰੀ ਮਹਾਰਾਜ ਨੇ ਆਸ਼ਰਮ ਵਿਚ ਰਹਿ ਰਹੇ ਬਜ਼ੁਰਗਾਂ ਨਾਲ ਸਤਸੰਗ ਕੀਤਾ। ਉਹਨਾਂ ਬਜ਼ੁਰਗਾਂ ਨੂੰ ਦੱਸਿਆ ਕਿ ਸਾਨੂੰ ਏਹ ਜੋ ਮਾਨਵ ਜਨਮ ਮਿਲਿਆ ਹੈ, ਇਸ ਜਨਮ ਨੂੰ ਵਿਅਰਥ ਨਹੀਂ ਗੁਆਉਣਾ ਚਾਹੀਦਾ। ਸਾਨੂੰ ਹਰ ਵਕਤ ਪ੍ਰਮਾਤਮਾ ਦਾ ਸਿਮਰਨ ਕਰਦੇ ਰਹਿਣਾ ਚਾਹੀਦਾ ਹੈ। ਸਾਨੂੰ ਇਸ ਜਨਮ ਦੀ ਕਦਰ ਅਤੇ ਸਮੇਂ ਦੀ ਕਦਰ ਕਰਨੀ ਚਾਹੀਦੀ ਹੈ। ਇਸ ਜਨਮ ਦੀ ਕਦਰ ਤਾਂ ਹੀ ਹੁੰਦੀ ਹੈ, ਜੇਕਰ ਅਸੀਂ ਪ੍ਰਮਾਤਮਾ ਦਾ ਨਾਮ ਸਿਮਰਨ ਕਰਦੇ ਹਾਂ। ਜੋ ਕੁਝ ਵੀ ਤੁਹਾਡੇ ਨਾਲ ਪਿੱਛੇ ਹੋਇਆ ਹੈ, ਤੁਸੀਂ ਉਸ ਨੂੰ ਭੁੱਲ ਜਾਓ। ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਓਹਨਾਂ ਦੇ ਪਿਤਾ ਪ੍ਰੀਤਮ ਚੰਦ, ਜੀਵਨ ਲਾਲ, ਸੋਮ ਰਾਜ, ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਦੀਨਾਗਰ ਤੋਂ ਮਾਸਟਰ ਭਗਵਾਨ ਦਾਸ ਅਤੇ ਹੋਰ ਸਮੂਹ ਸਟਾਫ ਸਵਿਤਾ, ਕਮਲੇਸ਼, ਪੂਜਾ ਦੇਵੀ, ਰਾਜ ਰਾਣੀ, ਰਮੇਸ਼ ਕੁਮਾਰ ਅਤੇ ਵਿਪਨ ਕੁਮਾਰ ਆਦਿ ਵੀ ਮੌਜੂਦ ਸਨ।



## ਪੁਲ ਦੀ ਉਸਾਰੀ ਤੁਰੰਤ ਮੁਕੰਮਲ ਕਰਨ ਨੂੰ ਲੈ ਕੇ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਆੜ੍ਹਤੀਆਂ ਵੱਲੋਂ ਝੋਨੇ ਦੇ ਕੱਟੇ ਪੈਸੇ ਵਾਪਸ ਕਰਾਉਣ, ਜਾਮਾਰਾਏ ਪੁਲ ਦੀ ਉਸਾਰੀ ਤਰੰਤ ਮਕੰਮਲ ਕਰਨ ਦੀ ਮੰਗ ਨੂੰ ਲੈ ਕੇ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਵਿਸਾਲ ਧਰਨਾ ਦਿਤਾ ਗਿਆ । ਇਸ ਦੀ ਅਗਵਾਈ ਰੇਸ਼ਮ ਸਿੰਘ ਫੇਲੋਕੇ, ਮਾ. ਹਰਭਜਨ ਸਿੰਘ ਚੂਸਲੇਵੜ, ਜਗੀਰ ਸਿੰਘ ਗੰਡੀਵਿੰਡ, ਜਸਪਾਲ ਸਿੰਘ ਝਬਾਲ, ਕੇਵਲ ਸਿੰਘ ਗੰਡੀਵਿੰਡ ਆਦਿ ਆਗੂਆਂ ਨੇ ਕੀਤੀ। ਧਰਨਾਕਾਰੀ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸੂਬਾ ਮੀਤ ਪ੍ਰਧਾਨ ਪਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਸਕੱਤਰ ਦਲਜੀਤ ਸਿੰਘ ਦਿਆਲਪੁਰਾ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ ਨੇ ਕਿਹਾ ਕੇ ਪੰਜਾਬ ਸਰਕਾਰ ਨੇ ਕਿਸਾਨੀ ਦਾ ਘਾਣ ਕਰਨ ਦਾ ਫੈਸਲਾ ਕਰ ਲਿਆ ਹੈ ਅਤੇ ਮੋਦੀ ਸਰਕਾਰ ਨਾਲ ਰਲੀ ਹੋਈ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਸਰਕਾਰ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਆੜ੍ਹਤੀਆ ਵੱਲੋਂ ਕਿਸਾਨਾਂ ਦੇ ਨਜਾਇਜ਼ ਪੈਸੇ ਕੱਟੇ ਗਏ ਹਨ । ਇਕੱਠ ਵਿੱਚ ਇਕ ਮਤੇ ਰਾਹੀਂ ਪੈਟਰੋਲ, ਡੀਜ਼ਲ, ਗੈਸ, ਖਾਦਾਂ ਦੇ ਰੇਟਾਂ ਵਿੱਚ ਵਾਧਾ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ । ਆਗੂਆਂ ਕਿਹਾ ਕਿ ਓਨਾ ਚਿਰ ਤੱਕ ਧਰਨਾ ਜਾਰੀ ਰਹੇਗਾ ਜਿੰਨਾ ਚਿਰ ਕਿਸਾਨਾਂ ਦੇ ਪੈਸੇ ਵਾਪਸ ਨਹੀਂ ਕਰਾਏ ਜਾਂਦੇ । ਖਬਰ ਲਿਖੇ ਜਾਣ ਤੱਕ ਧਰਨਾ ਚਲ ਰਿਹਾ ਸੀ ।

## ਚੇਅਰਮੈਨ ਰਮਨ ਬਹਿਲ ਵੱਲੋਂ ਤਿੰਨ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਯਤਨਾਂ ਸਦਕਾ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੇ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ। ਸਿੱਖਿਆ ਕ੍ਰਾਂਤੀ ਤਹਿਤ ਤਹਿਤ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਗੁਰਦਾਸਪੁਰ ਨਾਲ ਸੰਬੰਧਤ ਵੱਖ ਵੱਖ ਸਕੂਲਾਂ ਵਿੱਚ ਕਰੋੜਾਂ ਰੁਪਏ ਦੇ ਪ੍ਰਭਾਵਸ਼ਾਲੀ ਅਤੇ ਕ੍ਰਾਂਤੀਕਾਰੀ ਵਿਕਾਸ ਕਾਰਜ ਕਰਵਾਏ ਗਏ ਹਨ, ਜਿਨ੍ਹਾਂ ਦੇ ਉਦਘਾਟਨ ਕਰਨ ਅੱਜ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਕੀਤੇ ਗਏ। ਚੇਅਰਮੈਨ ਬਹਿਲ ਨੇ ਅੱਜ ਸਰਕਾਰੀ ਮਿਡਲ ਸਕੂਲ ਮੁਸਤਫਾਬਾਦ ਜੱਟਾਂ ਵਿਖੇ ਨਵੇਂ 8.91 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮਾਂ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੇ ਸਰਕਾਰੀ ਮਿਡਲ ਸਕੂਲ ਬਾਹੀਆਂ ਵਿਖੇ 4.32 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ। ਆਖ਼ਰ ਵਿੱਚ ਚੇਅਰਮੈਨ ਬਹਿਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਤਿੱਬੜ ਵਿਖੇ 24.59 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮਾਂ ਅਤੇ ਵਾਸ਼ਰੂਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹਾਜ਼ਰ ਵਿਦਿਆਰਥੀਆਂ ਦੇ ਮਾਪਿਆਂ ਅਤੇ ਪਿੰਡਾਂ ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਪੰਜਾਬ ਅੰਦਰ ਸਿੱਖਿਆ ਨੂੰ ਸਰਵੋਤਮ ਵਿੱਦਿਅਕ ਮਿਆਰਾਂ ਦੇ ਹਾਣੀ ਬਣਾਉਣ ਲਈ ਸਰਕਾਰੀ ਸਕੂਲਾਂ ਵਿੱਚ ਨਵੇਂ ਕਲਾਸ ਰੂਮ ਬਣਾਏ ਗਏ ਹਨ ਅਤੇ ਨਾਲ ਹੀ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਵੀ ਬਦਲ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਆਧੁਨਿਕ ਕਿਸਮ ਦੀ ਪੜ੍ਹਾਈ ਕਰਵਾਉਣ ਲਈ ਡਿਜੀਟਲ ਸਹੂਲਤਾਂ ਵੀ ਦਿੱਤੀਆਂ ਗਈਆਂ ਹਨ ਅਤੇ ਵੱਖ-ਵੱਖ ਸਕੂਲਾਂ ਨੂੰ ਹਾਈਟੈੱਕ ਕੀਤਾ ਗਿਆ ਹੈ। ਇਸੇ ਤਰ੍ਹਾਂ ਡਿਜੀਟਲ ਬੋਰਡ, ਲਾਇਬ੍ਰੇਰੀਆਂ, ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ, ਚਾਰ ਦਿਵਾਰੀਆਂ, ਖੇਡਾਂ ਦੇ ਮੈਦਾਨ ਅਤੇ ਸਮਾਨ, ਸਮਾਰਟ ਕਲਾਸ ਰੂਮ ਅਤੇ ਪ੍ਰੋਜੈਕਟਾਂ ਸਮੇਤ ਹਰ ਤਰ੍ਹਾਂ ਦੀ ਸਹੂਲਤ ਸਰਕਾਰੀ ਸਕੂਲਾਂ ਵਿੱਚ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਅੰਦਰ ਟਾਇਲਟ ਬਣਾਉਣ 'ਤੇ ਵੀ ਲੱਖਾਂ ਰੁਪਏ ਖ਼ਰਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਸੂਬੇ ਭਰ ਵਿੱਚ ਸਿੱਖਿਆ ਕ੍ਰਾਂਤੀ ਜ਼ਰੀਏ ਸਕੂਲਾਂ ਦੀ ਨੁਹਾਰ ਬਦਲਣ ਲਈ ਜਿੱਥੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ ਓਥੇ ਸਕੂਲਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਨਵੇਂ ਵਿਕਾਸ ਕਾਰਜ ਵੀ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਮਾਪਿਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਪਹਿਲ ਦੇਣ। ਇਸ ਮੌਕੇ ਅਸ਼ਵਨੀ ਕੁਮਾਰ, ਸਿੱਖਿਆ ਕੋਆਰਡੀਨੇਟਰ, ਸਤਨਾਮ ਸਿੰਘ ਸਰਪੰਚ ਮੁਸਤਫ਼ਾਬਾਦ ਜੱਟਾਂ, ਬਲਾਕ ਪ੍ਰਧਾਨ ਰਾਕੇਸ਼ ਕੁਮਾਰ ਬੱਬੇਹਾਲੀ, ਤਿੱਬੜ ਸਕੂਲ ਦੇ ਪ੍ਰਿੰਸੀਪਲ ਗੁਰਪਾਲ ਸਿੰਘ, ਬੀ.ਐੱਨ.ਓ. ਗੀਤਿਕਾ ਗੋਸਵਾਮੀ, ਪ੍ਰਿੰਸੀਪਲ ਬੱਬੇਹਾਲੀ ਸਕੂਲ ਰਵੀਕਾਂਤ, ਜ਼ਿਲ੍ਹਾ ਸਿੱਖਿਆ ਦਫ਼ਤਰ ਤੋਂ ਕਮਲਦੀਪ, ਮੈਡਮ ਗੀਤਿਕਾ, ਸੈਮੂਅਲ ਸਹੋਤਾ ਤੋਂ ਇਲਾਵਾ ਇਲਾਕੇ ਦੇ ਮੁਹਤਬਰ ਹਾਜ਼ਰ ਸਨ।



## ਬੀ.ਕਾਮ ਦੇ ਵਿਦਿਆਰਥੀਆਂ ਯੂਨੀਵਰਸਿਟੀ ਪ੍ਰੀਖਿਆਵਾਂ 'ਚ ਮਾਰੀਆਂ ਮੱਲਾਂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ .ਕਾਮ ਦੇ ਨਤੀਜੇ ਘੋਸ਼ਿਤ ਕੀਤੇ ਗਏ। ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਸਿਮਰਨਪ੍ਰੀਤ ਕੌਰ 70%, ਨਵਦੀਪ ਕੌਰ 68% ਅਤੇ ਜੈਸਮੀਨ ਕੌਰ 67% ਅੰਕ ਪ੍ਰਾਪਤ ਕਰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਨਵਨੀਤ ਕੌਰ, ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ, ਰੁਪਿੰਦਰ ਕੌਰ, ਮਨਜੀਤ ਕੌਰ, ਗੁਰਵਿੰਦਰ ਕੌਰ, ਸੁਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ।



## 17 ਨੂੰ ਰੋਸ਼ਨ ਲਾਲ ਮਿੱਠੂ ਆਉਣਗੇ ਅਜਨਾਲਾ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਅਜਨਾਲਾ ਪੰਜਾਬ ਐਨ ਐਫ ਐਸ ਏ ਡੀਪੂ ਹੋਲਡਰ ਯੂਨੀਅਨ ਪੰਜਾਬ ਦੇ ਪ੍ਰਧਾਨ ਰੋਸ਼ਨ ਲਾਲ ਮਿੱਠੂ ਘੈਂਟ 17 ਅਪ੍ਰੈਲ ਨੂੰ ਅਜਨਾਲਾ ਆਉਣਗੇ। ਬਲਵਿੰਦਰ ਸਿੰਘ ਫਾਤੇਵਾਲ ਨੇ ਦੱਸਿਆ ਕਿ ਡੀਪੂ ਹੋਲਡਰ ਯੂਨੀਅਨ ਅਜਨਾਲਾ ਵੱਲੋਂ 15 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਅੱਡਾ ਮਹਿਲ ਬੁਖ਼ਾਰੀ ਗੁਰਦੁਆਰਾ ਸਾਹਿਬ ਵਿਖੇ ਆਰੰਭ ਕਰਾਏ ਜਾਣਗੇ ਜਿਨ੍ਹਾਂ ਦੇ ਭੋਗ 17 ਅਪ੍ਰੈਲ ਸਵੇਰੇ 11 ਵਜੇ ਪੈਣਗੇ। ਇਸ ਅਖੰਡ ਪਾਠ ਸਾਹਿਬ ਦੇ ਭੋਗ 'ਤੇ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਪ੍ਰਧਾਨ ਰੋਸ਼ਨ ਲਾਲ ਮਿੱਠੂ ਕੈਂਟ ਪਹੁੰਚਣਗੇ। ਇਸ ਮੌਕੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਨਾਲ ਮਾਝਾ ਬਰਗੇਡ ਅੰਮ੍ਰਿਤਸਰ ਦੇ ਪ੍ਰਧਾਨ ਜੈਮਲ ਸਿੰਘ ਅਤੇ ਰਮਨ ਕੁਮਾਰ ਵੇਰਕਾ ਵਿਸ਼ੇਸ਼ ਤੌਰ 'ਤੇ ਪਹੁੰਚਣਗੇ। ਇਸ ਮੌਕੇ ਜੱਸ ਅਬੁਸੇਦ, ਬਲਵਿੰਦਰ ਫਤੇਵਾਲ, ਅਜੀਤ ਸਿੰਘ ਪ੍ਰਧਾਨ ਦੂਜੋਵਾਲ, ਸ਼ਮਸ਼ੇਰ ਸਿੰਘ ਭਗਵਾਨਪੁਰਾ, ਹਰਜਿੰਦਰ ਸਿੰਘ, ਰਜੇਸ਼ ਕੁਮਾਰ ਮੱਤੇ ਨੰਗਲ, ਕੁਲਬੀਰ ਸਿੰਘ ਮੰਦਰਾਂ ਵਾਲਾ, ਹਰਪਾਲ ਸਿੰਘ ਭੋਏਵਾਲੀ, ਰਿਪਸ ਸ਼ੀਨਾ, ਰੌਣਕੀ ਗਗੋਮਹਾਲ , ਰਵਿੰਦਰ ਸਿੰਘ ਗੁਜਰਪੁਰਾ, ਸਰਵਣ ਸਿੰਘ ਅਲੀਵਾਲ, ਬਲਵਿੰਦਰ ਸਿੰਘ ਹਰੜ ਕਲਾਂ, ਹਰਪਾਲ ਸਿੰਘ ਅਜਨਾਲਾ, ਅਵਤਾਰ ਸਿੰਘ ਆਦਿ ਹਾਜ਼ਰ ਸਨ।

## ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 6 ਵਜੇ ਤੱਕ ਕੰਬਾਈਨਾਂ ਨਾਲ ਕਣਕ ਦੀ ਕਟਾਈ ਕਰਨ 'ਤੇ ਪਾਬੰਦੀ

**ਗੁਰਦਾਸਪੁਰ (ਜਨਕ ਮਹਾਜਨ)**- ਸਾਲ 2025 ਦੌਰਾਨ ਕਣਕ (ਹਾੜ੍ਹੀ) ਦੀ ਫ਼ਸਲ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਕਈ ਵਾਰ ਕਣਕ ਕੱਟਣ ਲਈ ਕੰਬਾਈਨਾਂ 24 ਘੰਟੇ ਕੰਮ ਕਰਦੀਆਂ ਹਨ। ਕੰਬਾਈਨਾਂ ਰਾਤ ਵੇਲੇ ਸਿੱਲ੍ਹੀ ਅਤੇ ਨਮ ਕਣਕ ਕੱਟ ਦਿੰਦੀਆਂ ਹਨ, ਜਿਸ ਨਾਲ ਨਮੀ ਵਾਲੀ ਕਣਕ ਦੀ ਮਿਕਦਾਰ ਬਹੁਤ ਜ਼ਿਆਦਾ ਹੋ ਜਾਂਦੀ ਹੈ। ਜਦੋਂ ਇਹ ਸਿੱਲ੍ਹੀ ਕਣਕ ਮੰਡੀਆਂ ਵਿੱਚ ਵਿਕਣ ਲਈ ਲਿਆਂਦੀ ਜਾਂਦੀ ਹੈ ਤਾਂ ਨਮੀ ਪ੍ਰਵਾਨਿਤ ਹੱਦ ਨਾਲੋਂ ਜ਼ਿਆਦਾ ਹੋਣ ਕਾਰਨ ਖ਼ਰੀਦ ਏਜੰਸੀਆਂ ਖ਼ਰੀਦ ਕਰਨ ਤੋਂ ਇਨਕਾਰ ਕਰ ਦਿੰਦੀਆਂ ਹਨ। ਸਿੱਟੇ ਵਜੋਂ ਮੰਡੀਆਂ ਵਿੱਚ ਅਣਵਿਕੀ ਕਣਕ ਦੇ ਅੰਬਾਰ ਜਮ੍ਹਾਂ ਹੋ ਜਾਂਦੇ ਹਨ। ਕਣਕ ਸਮੇਂ-ਸਿਰ ਨਾ ਵਿਕਣ ਕਾਰਨ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ ਨੇ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 6 ਵਜੇ ਤੱਕ ਕੰਬਾਈਨਾਂ ਨਾਲ ਕਣਕ ਦੀ ਕਟਾਈ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ 2 ਜੂਨ 2025 ਤੱਕ ਲਾਗੂ ਰਹੇਗੀ।



## ਨਸ਼ਾ ਤਸਕਰਾਂ ਵਿਰੁੱਧ ਵੱਖ-ਵੱਖ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਨਸ਼ਿਆਂ ਖ਼ਿਲਾਫ਼ ਵਿੱਢੇ ਯੁੱਧ ਤਹਿਤ ਜ਼ਿਲ੍ਹਾ ਗੁਰਦਾਸਪੁਰ ਪੁਲਸ ਦੇ ਦਿਸ਼ਾ ਨਿਰਦੇਸ਼ਾਂ 'ਤੇ ਨਸ਼ਾ ਤਸਕਰਾਂ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ ਕੀਤੇ ਹਨ। ਥਾਣਾ ਭੈਣੀ ਮੀਆਂ ਖਾਂ ਦੇ ਏ.ਐਸ.ਆਈ. ਅਵਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪਿੰਡ ਮੁੱਲਾਂਵਾਲ ਰੈਂਪ ਤੋਂ ਸਾਹਿਬ ਸਿੰਘ ਸੈਫੀ ਪੁੱਤਰ ਤਰਸੇਮ ਸਿੰਘ ਵਾਸੀ ਫੁੱਲੜਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ, ਜਿਸ ਵਿਚੋਂ 4 ਗ੍ਰਾਮ 90 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਭੈਣੀ ਮੀਆਂ ਖਾਂ ਦੇ ਏ.ਐਸ.ਆਈ.ਜਗਦੀਸ਼ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਬਲਵੰਡਾ ਸੇਮ ਨਾਲਾ ਪੁਲੀ ਤੋਂ ਅਮਰੀਕ ਸਿੰਘ ਲਾਲੀ ਪੁੱਤਰ ਗੁਰਦੀਪ ਸਿੰਘ ਵਾਸੀ ਬਜਾੜ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਦੇ ਪਹਿਨੇ ਹੋਏ ਪਜਾਮੇ ਦੀ ਜੇਬ ਵਿਚੋਂ ਮੋਮੀ ਲਿਫਾਫਾ ਬਰਾਮਦ ਹੋਇਆ ਜਿਸ ਵਿੱਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਦੋਰਾਂਗਲਾ ਦੇ ਏ.ਐਸ.ਆਈ. ਭੁਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਹੈਡਲ ਪੁਲ ਤੋਂ ਪਿੰਡ ਚਿੱਟੀ ਨੂੰ ਜਾ ਰਹੇ ਸੀ ਤਾਂ ਦੇਖਿਆ ਕਿ ਅਰਜਨ ਕੁਮਾਰ ਰੈਬੋ ਪੁੱਤਰ ਕੇਵਲ ਕ੍ਰਿਸ਼ਨ ਵਾਸੀ ਮੁਗਲਾਨੀ ਚੱਕ ਧੁੱਸੀ ਬੰਨ੍ਹ ਦੇ ਕਿਨਾਰੇ ਝਾੜੀਆਂ ਵਿੱਚ ਲਕ ਛਿਪ ਕੇ ਬੈਠਾ ਦਿਖਾਈ ਦਿੱਤਾ ਜਿਸ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਚੈਕ ਕੀਤਾ ਜਿਸ ਪਾਸੋਂ ਇੱਕ ਅੱਗ ਜਲਾਉਣ ਵਾਲਾ ਲਾਇਟਰ, ਇੱਕ ਸਿਲਵਰ ਪੰਨੀ ਜਿਸ ਨਾਲ ਹੈਰੋਇਨ ਚਿਪਕੀ ਹੋਈ ਸੀ, ਇੱਕ 10 ਰੁਪਏ ਦੀ ਬਣੀ ਹੋਈ ਪਾਈਪ ਜਿਸ ਨਾਲ ਉਕਤ ਵਿਅਕਤੀ ਧੂੰਆਂ ਆਪਣੇ ਅੰਦਰ ਖਿੱਚ ਰਿਹਾ ਸੀ ਬਰਾਮਦ ਹੋਏ ਹਨ। ਇਸੇ ਤਰ੍ਹਾਂ ਥਾਣਾ ਪੁਰਾਣਾ ਸ਼ਾਲਾ ਪੁਲਸ ਦੇ ਏ.ਐਸ.ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪਿੰਡ ਬਹਾਦਰ ਨਹਿਰ ਦੀ ਪਟੜੀ ਤੋਂ ਵਿਨੋਦ ਕੁਮਾਰ ਭੂੰਡੀ ਪੁੱਤਰ ਤੀਰਥ ਰਾਮ ਵਾਸੀ ਕ੍ਰਿਸ਼ਨਾ ਨਗਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ, ਜਿਸ ਵਿਚੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਤਿੱਬੜ ਦੇ ਏ.ਐਸ.ਆਈ. ਮਹਿੰਦਰ ਪਾਲ ਨੇ ਸਮੇਤ ਪੁਲਸ ਪਾਰਟੀ ਪਿੰਡ ਹੁੰਦਲ ਤੋਂ ਜਸਟਿਨ ਪੁੱਤਰ ਜਸਬੀਰ ਮਸੀਹ ਵਾਸੀ ਬਾਹੀਆ ਨੂੰ 20 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਥਾਣਾ ਕਲਾਨੌਰ ਦੇ ਏ.ਐਸ.ਆਈ. ਬਲਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਅੱਡਾ ਖੁਸ਼ੀਪੁਰ ਤੋਂ ਮਨਦੀਪ ਕੁਮਾਰ ਪੁੱਤਰ ਮੋਹਨ ਲਾਲ ਵਾਸੀ ਨਵਾਂ ਕੱਟੜਾ ਕਲਾਨੌਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ । ਥਾਣਾ ਘੁੰਮਣ ਕਲਾ ਦੇ ਐਸ.ਐਚ.ਓ. ਜਗਦੀਸ਼ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪਲਸ ਪਾਰਟੀ ਅੱਡਾ ਖੁਸ਼ੀਪੁਰ ਤੋਂ ਮੇਜਰ ਮਸੀਹ ਪੁੱਤਰ ਸੁੱਖਾ ਮਸੀਹ ਵਾਸੀ ਸ਼ਾਹਪੁਰ ਅਮਰਗੜ੍ਹ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 4.85 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਬਹਿਰਾਮਪੁਰ ਦੇ ਏ.ਐਸ.ਆਈ. ਜਗੀਰ ਚੰਦ ਨੇ ਸਮੇਤ ਪੁਲਿਸ ਪਾਰਟੀ ਨੇ ਇਕ ਇਤਲਾਹ 'ਤੇ ਪਿੰਡ ਮੁੰਨਣਾਵਾਲੀ ਦੇ ਸ਼ਮਸ਼ਾਨਘਾਟ ਤੋਂ ਰਿੰਕੂ ਪੁੱਤਰ ਸੁਚੇਤ ਕੁਮਾਰ ਵਾਸੀ ਕੈਰੇ ਨੂੰ ਕਾਬੂ ਕਰਕੇ ਉਸ ਪਾਸੋਂ ਬਰਾਮਦ ਕੈਨ ਪਲਾਸਟਿਕ ਨੂੰ ਚੈਕ ਕੀਤਾ ਜਿਸ ਵਿੱਚੋਂ 22,500 ਐਮ.ਐਲ. ਨਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਫੜੇ ਗਏ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਪੁਲ ਤਿੱਬੜੀ ਤੋਂ ਮਾਨ ਚੋਪੜਾ ਤੇ ਡੱਲਾ ਗੋਰੀਆ ਨੂੰ ਜਾਣ ਵਾਲੀ ਸੰਪਰਕ ਸੜਕ ਦੀ ਹਾਲਤ ਬੇਹੱਦ ਖਸਤਾ

**ਗੁਰਦਾਸਪੁਰ (ਜਨਕ ਮਹਾਜਨ)**- ਪੁਲ ਤਿੱਬੜੀ ਨਹਿਰ ਅਪਰਬਾਰੀ ਦੁਆਬ ਕੰਡੇ ਜਾਣ ਵਾਲੀ ਸੰਪਰਕ ਸੜਕ ਦੀ ਹਾਲਤ ਬੇਹੱਦ ਖਸਤਾ ਹੋਈ ਪਈ ਹੈ ਅਤੇ ਸੰਬੰਧਤ ਵਿਭਾਗ ਇਸ ਪਾਸੇ ਧਿਆਨ ਨਾ ਦੇਣ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਲੇਖਕ ਥੰਮਣ ਸਿੰਘ ਸੈਣੀ ਅਤੇ ਹੋਰ ਪਿੰਡਾਂ ਦੇ ਸਰਪੰਚਾਂ, ਪੰਚਾਂ ਨੇ ਦੱਸਿਆ ਕਿ ਪੁਲ ਤਿੱਬੜੀ ਤੋਂ ਮਾਨ ਚੋਪੜਾ ਤੇ ਡੱਲਾ ਗੋਰੀਆ ਨੂੰ ਜਾਣ ਵਾਲੀ ਸੰਪਰਕ ਸੜਕ ਸਾਬਕਾ ਕੈਬਨਿਟ ਮੰਤਰੀ ਤੇ ਵਿਧਾਇਕ ਪ੍ਰਤਾਪ ਸਿੰਘ ਬਾਜਵਾ ਨੇ ਬਣਵਾਈ ਸੀ ਪਰ ਉਸ ਤੋਂ ਬਾਅਦ ਇਸ ਦੀ ਕੋਈ ਮੁਰੰਮਤ ਵਗੈਰਾ ਨਹੀਂ ਹੋਈ। ਉਨ੍ਹਾਂ ਦੱਸਿਆ ਕਿਸੇ ਸੜਕ 'ਤੇ 80 ਦਰਜਨਾਂ ਤੋਂ ਵੱਧ ਪਿੰਡ ਲੱਗਦੇ ਹਨ ਅਤੇ ਸੜਕ ਟੁੱਟੀ ਹੋਣ ਕਰਕੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਕਿਹਾ ਇਸੇ ਸੜਕ 'ਤੇ ਤਿੱਬੜੀ ਕੈਂਟ ਦੀ ਹੱਦ ਵੀ ਲੱਗਦੀ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਇਸ ਸੜਕ ਨੂੰ ਬਣਾਉਣ ਵਾਸਤੇ ਸੰਬੰਧਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ।

## ਡੀ ਆਰ ਹੈਰੀਟੇਜ ਪਬਲਿਕ ਸਕੂਲ 'ਚ ਵਿਸ਼ਵ ਸਿਹਤ ਦਿਵਸ ਮਨਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਬੀਤੇ ਦਿਨ ਬਟਾਲਾ ਦੇ ਡੀ.ਆਰ. ਹੈਰੀਟੇਜ ਪਬਲਿਕ ਸਕੂਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ । ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਸਮੂਹ ਅਧਿਆਪਕ ਅਤੇ ਵਿਦਿਆਰਥੀ ਸ਼ਾਮਲ ਸਨ। ਇਸ ਮੌਕੇ ਵਿਦਿਆਰਥੀਆਂ ਨੂੰ ਵਿਸ਼ਵ ਸਿਹਤ ਦਿਵਸ ਤੋਂ ਜਾਣੂ ਕਰਵਾਇਆ ਗਿਆ ।ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਅੱਜ ਕੱਲ੍ਹ ਖਾਣ-ਪੀਣ ਦੀਆਂ ਗਲਤ ਆਦਤਾਂ ਅਤੇ ਗੈਰ ਸਿਹਤਮੰਦ ਜੀਵਨ ਸ਼ੈਲੀ ਦੇ ਕਾਰਨ ਲੋਕ ਛੋਟੀ ਉਮਰ ਵਿੱਚ ਹੀ ਕਈ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਜਿਸ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ ।ਇਹ ਦਿਨ ਨਾ ਸਿਰਫ਼ ਡਾਕਟਰਾਂ ਜਾਂ ਸਿਹਤ ਕਰਮਚਾਰੀਆਂ ਲਈ ਸਗੋਂ ਸਾਡੇ ਸਾਰਿਆਂ ਲਈ ਖਾਸ ਸੰਦੇਸ਼ ਲੈ ਕੇ ਆਉਂਦਾ ਹੈ ਕਿ ਸਿਹਤ ਸਭ ਤੋਂ ਵੱਡੀ ਸੰਪਤੀ ਹੈ । ਇਸ ਮੌਕੇ ਵਿਦਿਆਰਥੀਆਂ ਨੂੰ ਚੰਗੀ ਸਿਹਤ ਦੇ ਸਬੰਧ ਵਿੱਚ ਸਵਸਥ ਭੋਜਨ ਅਤੇ ਫ਼ਾਸਟ ਫ਼ੀਡ ਬਾਰੇ ਇੱਕ ਐਕਟ ਕਰਵਾ ਕੇ ਸਵਸਥ ਭੋਜਨ ਦੇ ਫਾਇਦੇ ਅਤੇ ਫ਼ਾਸਟ ਫੂਡ ਦੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਉਪਰੰਤ ਵਿਦਿਆਰਥੀਆਂ ਨੂੰ ਯੋਗ ਅਤੇ ਸਾਈਕਲਿੰਗ ਵੀ ਕਰਵਾਈ ਗਈ। ਅੰਤ ਵਿੱਚ ਸਕੂਲ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਕਿ ਸਿਹਤ ਹੀ ਸਭ ਤੋਂ ਵੱਡਾ ਧਨ ਹੈ ।

## ਅੰਤਾਂ ਦੀ ਮਹਿੰਗਾਈ ਕਾਰਨ ਗਰੀਬ ਵਰਗ ਕੁਰਲਾ ਰਿਹਾ : ਕਾਮਰੇਡ ਜਸਪਾਲ

**ਝਬਾਲ (ਮੱਖਣ ਮਨੋਜ)**- ਨਰੇਗਾ ਕਾਮਿਆਂ ਦੀ ਵਿਸ਼ਾਲ ਮੀਟਿੰਗ ਪਿੰਡ ਚੀਮਾ ਸ਼ੁਕਰਚੱਕ ਵਿਖੇ ਜਰਨੈਲ ਸਿੰਘ ਰਸੂਲਪੁਰ, ਬਲਵਿੰਦਰ ਸਿੰਘ ਸੋਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਆਗੂ ਕਾਮਰੇਡ ਜਸਪਾਲ ਝਬਾਲ ਨੇ ਕੇਂਦਰ ਸਰਕਾਰ ਵੱਲੋਂ ਨਰੇਗਾ ਕਾਮਿਆਂ ਦੀ ਉਜਰਤ ਵਿਚ ਨਿਗੂਣਾ ਜਿਹਾ ਹੀ ਵਾਧਾ ਕਰਨ ਦੀ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ। ਅੰਤਾਂ ਦੀ ਮਹਿੰਗਾਈ ਕਾਰਨ ਗਰੀਬ ਵਰਗ ਕੁਰਲਾ ਰਿਹਾ ਹੈ। ਜਿਸ ਦੇ ਖਿਲਾਫ ਕਿਰਤੀ ਲੋਕਾਂ ਨੂੰ ਜਾਗਰੂਕ ਹੋ ਕੇ ਤਿੱਖੇ ਸੰਘਰਸ਼ਾਂ ਦੇ ਰਾਹ ਪੈਣ ਦਾ ਸੱਦਾ ਦਿਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਰਮਜੀਤ ਸਿੰਘ ਸੋਹਲ, ਸਾਹਿਬ ਸਿੰਘ, ਗੋਰਾ ਰਸੂਲਪੁਰ ਗੀਤਕਾਰ, ਅਕਾਸ਼ ਨੁਸ਼ਹਿਰਾ, ਅਮਨਦੀਪ ਕੌਰ ਲਹੀਆ, ਸੰਦੀਪ ਕੌਰ ਭੁੱਲਰ, ਨਰਿੰਦਰ ਕੌਰ ਰਸੂਲਪੁਰ ਆਦਿ ਆਗੂ ਹਾਜ਼ਰ ਸਨ।

## ਘੋਗਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਆਧੁਨਿਕ ਕਲਾਸ ਰੂਮ ਸਮਰਪਤ ਕੀਤਾ

**ਫ਼ਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਘੋਗਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਨੂੰ ਆਧੁਨਿਕ ਕਲਾਸ ਰੂਮ ਸਮਰਪਤ ਕੀਤਾ ਗਿਆ। ਇਸ ਮੌਕੇ ਕਰਵਾਏ ਸਮਾਰੋਹ ਵਿੱਚ ਚੇਅਰਮੈਨ ਬਲਬੀਰ ਸਿੰਘ ਪਨੂੰ ਦੇ ਪਿਤਾ ਤਾਰਾ ਸਿੰਘ, ਸਕੂਲ ਸਟਾਫ ਅਤੇ ਪਿੰਡ ਵਾਸੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਦਾ ਸੁਖਾਵਾਂ ਮਾਹੌਲ ਪ੍ਰਦਾਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਕੂਲਾਂ ਵਿੱਚ ਬੱਚਿਆਂ ਦੇ ਬੈਠਣ ਲਈ ਫਰਨੀਚਰ, ਸਕੂਲਾਂ ਵਿੱਚ ਵਾਈ ਫਾਈ ਦੀ ਕੁਨੈਕਟਿਵਟੀ, ਸਕੂਲਾਂ ਦੀ ਚਾਰਦੀਵਾਰੀ, ਵਾਸ਼ਰੂਮ ਅਤੇ ਨਵੇਂ ਕਮਰੇ ਬਣਾਉਣ ਆਦਿ ਦੇ ਵਿਕਾਸ ਕੰਮ ਕਰਵਾਏ ਗਏ ਹਨ। ਇਸ ਮੌਕੇ ਸਰਪੰਚ ਬਾਜ ਸਿੰਘ, ਮੈਂਬਰ ਗੁਰਦੀਪ ਸਿੰਘ, ਮੈਂਬਰ ਹਰਮਨ ਸਿੰਘ, ਮੈਂਬਰ ਕੇਵਲ ਸਿੰਘ ਰੰਧਾਵਾ, ਮੈਂਬਰ ਗੁਲਸ਼ਨ ਸਿੰਘ ਰੰਧਾਵਾ, ਕੈਪਟਨ ਅਰਜਨ ਸਿੰਘ, ਗੁਰਦੇਵ ਸਿੰਘ ਸੰਧੂ, ਪਲਵਿੰਦਰ ਸਿੰਘ ਹੀਰਾ, ਮਾਸਟਰ ਜਗਦੀਪ ਸਿੰਘ, ਮਾਸਟਰ ਰਜੀਵ ਸ਼ਰਮਾ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਕਰਮਜੀਤ ਸਿੰਘ ਪੀਏ, ਸਰਪੰਚ ਹਰਦੀਪ ਸਿੰਘ ਦਮੋਦਰ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਗੁਰਦੇਵ ਸਿੰਘ ਔਜਲਾ, ਕਰਨ ਬਾਠ ਅਤੇ ਗੁਰ ਪ੍ਰਤਾਪ ਸਿੰਘ ਆਦਿ ਹਾਜ਼ਰ ਸਨ।



## ਵਿਸ਼ਵ ਸਿਹਤ ਦਿਵਸ ਮੌਕੇ ਕੀਤਾ ਲੋਕਾਂ ਨੂੰ ਜਾਗਰੂਕ

**ਚੋਹਲਾ ਸਾਹਿਬ (ਰਮਨ ਚੱਡਾ)**- ਲੋਕਾਂ ਨੂੰ ਆਪਣੀ ਸਿਹਤ ਨੂੰ ਚੰਗੇਰਾ ਬਣਾਉਣ ਲਈ ਉਤਸ਼ਾਹਿਤ ਕਰਨ ਲਈ ਡਾ. ਰੇਖਾ ਭੱਟੀ ਸੀਨੀਅਰ ਮੈਡੀਕਲ ਅਫਸਰ ਦੇ ਦਿਸ਼ਾ ਨਿਰਦੇਸ਼ਾਂ, ਡਾ. ਅਭੈਜੀਤ ਸਿੰਘ ਦੀ ਰਹਿਨੁਮਾਈ ਹੇਠ ਬਲਾਕ ਫਿਰੋਜ਼ਸ਼ਾਹ ਵਿੱਚ ਵਿਸ਼ਵ ਸਿਹਤ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ ਲਗਾਏ ਗਏ। ਇਸ ਦੌਰਾਨ ਤਲਵੰਡੀ ਭਾਈ ਵਿਖੇ ਸੈਮੀਨਾਰ ਵਿੱਚ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਹਰਦੀਪ ਸਿੰਘ ਸੰਧੂ ਬਲਾਕ ਐਜੂਕੇਟਰ ਨੇ ਦੱਸਿਆ ਕਿ ਅੱਜ ਦੇ ਮਸ਼ੀਨੀ ਯੁੱਗ ਵਿੱਚ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਬਹੁਤ ਤਬਦੀਲੀ ਆ ਚੁੱਕੀ ਹੈ। ਹੁਣ ਲੋਕਾਂ ਕੋਲ ਸਹੂਲਤਾਂ ਹੋਣ ਕਾਰਨ ਹੱਥੀਂ ਕਿਰਤ ਕਰਨ ਦਾ ਰੁਝਾਨ ਬਹੁਤ ਘਟ ਗਿਆ ਹੈ, ਜਿਸ ਦਾ ਨੁਕਸਾਨ ਸਾਡੇ ਸਮਾਜ ਨੂੰ ਇਹ ਹੋਇਆ ਕਿ ਸਰੀਰਿਕ ਕਸਰਤ ਜਾਂ ਕੰਮ ਨਾ ਹੋਣ ਕਾਰਨ ਸਾਡੇ ਸਮਾਜ ਵਿੱਚ ਲੋਕਾਂ ਨੂੰ ਬਹੁਤ ਸਾਰੀਆਂ ਬਿਮਾਰੀਆਂ ਲੱਗਣ ਲੱਗ ਗਈਆਂ ਹਨ ਜੋ ਕਿ ਸਾਡੀ ਮਾੜੀ ਜੀਵਨ ਸ਼ੈਲੀ ਦਾ ਨਤੀਜਾ ਹੈ। ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸਾਡੀ ਮਾੜੀ ਜੀਵਨ ਸ਼ੈਲੀ ਕਰਕੇ ਬੀ ਪੀ, ਸ਼ੂਗਰ, ਦਿਲ ਦੀਆਂ ਬਿਮਾਰੀਆਂ ਤੇ ਹੋਰ ਅਜਿਹੇ ਬਹੁਤ ਸਾਰੇ ਰੋਗ ਹਨ ਜੋ ਲੋਕਾਂ ਨੂੰ ਹੋ ਰਹੇ ਹਨ। ਇਨਾਂ ਬਿਮਾਰੀਆਂ ਤੋਂ ਬਚਣ ਲਈ ਸਾਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਬਦਲਾਅ ਕਰਨ ਜਿਵੇਂ ਕਿ ਸਰੀਰਿਕ ਕਸਰਤ, ਯੋਗਾ, ਨਸ਼ਿਆਂ ਨੂੰ ਤਿਆਗਣਾ ਆਦਿ ਚੀਜ਼ਾਂ ਕਰਨ ਦੀ ਲੋੜ ਹੈ। ਇਸ ਵਾਰ ਸਿਹਤ ਦਿਵਸ ਦਾ ਥੀਮ 'ਸਿਹਤਮੰਦ ਸ਼ੁਰੂਆਤ ਆਸਵੰਦ ਭਵਿੱਖ' ਤਹਿਤ ਲੋਕਾਂ ਨੂੰ ਸਿਹਤ ਨੂੰ ਵਧੀਆ ਬਣਾਉਣ ਦਾ ਸੰਕਲਪ ਕੀਤਾ ਗਿਆ। ਉਨਾਂ ਦੱਸਿਆ ਕਿ ਇਸ ਥੀਮ ਤਹਿਤ ਨਵਜਨਮੇ ਬੱਚੇ ਨੂੰ ਸ਼ੁਰੂਆਤ ਵਿੱਚ ਹੀ ਚੰਗਾ ਪੋਸ਼ਣ ਜੋ ਕਿ ਸਿਰਫ ਮਾਂ ਦਾ ਦੁੱਧ ਹੈ ਉਹ ਦੇਣਾ ਚਾਹੀਦਾ ਹੈ, ਉਸ ਤੋਂ ਬਾਅਦ ਬੱਚੇ ਨੂੰ ਸੰਤੁਲਿਤ ਭੋਜਨ ਅਤੇ ਘਰ ਦੀਆਂ ਬਣੀਆਂ ਪੌਸ਼ਟਿਕ ਚੀਜ਼ਾਂ ਹੀ ਦੇਣੀਆਂ ਚਾਹੀਦੀਆਂ ਹਨ ਤਾਂ ਜੋ ਬੱਚੇ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਵਧੀਆ ਹੋਵੇ। ਉਹਨਾਂ ਨੇ ਲੋਕਾਂ ਨੂੰ ਆਪਣੇ ਬੱਚਿਆਂ ਦਾ ਸੰਪੂਰਨ ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਬੱਚਿਆਂ ਨੂੰ ਮਾਰੂ ਬਿਮਾਰੀਆਂ ਤੋਂ ਬਚਾਇਆ ਜਾ ਸਕੇ। ਲੋਕਾਂ ਨੂੰ ਸਿਹਤ ਵਿਭਾਗ ਤੇ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸਹੂਲਤਾਂ ਸਬੰਧੀ ਜਾਗਰੂਕ ਕੀਤਾ ਗਿਆ ਤੇ ਲੋਕਾਂ ਨੂੰ ਉਤਸ਼ਾਹਤ ਕੀਤਾ ਗਿਆ ਕਿ ਸਮੇਂ ਸਮੇਂ ਤੇ ਆਪਣੀ ਸਰੀਰਿਕ ਜਾਂਚ ਕਰਵਾਉਂਦੇ ਰਹਿਣ ਤਾਂ ਕਿ ਕੋਈ ਵੀ ਬਿਮਾਰੀ ਦਾ ਜਲਦੀ ਪਤਾ ਲਾ ਕੇ ਉਸ ਦਾ ਇਲਾਜ ਕੀਤਾ ਜਾ ਸਕੇ। ਇਸ ਮੌਕੇ ਜਗਜੀਤ ਕੌਰ ਐਲ ਐਚ ਵੀ, ਕਿਰਨਪ੍ਰੀਤ ਕੌਰ ਏ ਐੱਨ ਐੱਮ, ਕਸ਼ਮੀਰ ਸਿੰਘ ਹੈਲਥ ਵਰਕਰ, ਚਿਮਨ ਬੇਰੀ ਫਾਰਮੇਸੀ ਅਫਸਰ , ਵਿਰਾਨਿਕਾ, ਆਸ਼ਾ ਵਰਕਰਾਂ ਅਤੇ ਆਯੂਸ਼ਮਾਨ ਅਰੋਗਿਆ ਕੇਂਦਰ ਦਾ ਸਾਰਾ ਸਟਾਫ ਹਾਜ਼ਰ ਸੀ।



## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਵਰਲਡ ਹੈਲਥ ਡੇ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ (ਝਬਾਲ) ਵਿੱਚ ਵਰਲਡ ਹੈਲਥ ਡੇ ਮਨਾਇਆ ਗਿਆ। ਜਿਸ ਵਿੱਚ ਮੈਡਮ ਰਾਜਵਿੰਦਰ ਕੌਰ ਨੇ ਬੱਚਿਆਂ ਨੂੰ ਵਰਲਡ ਹੈਲਥ ਡੇ ਬਾਰੇ ਜਾਗਰੂਕ ਕੀਤਾ ਅਤੇ ਬੱਚਿਆਂ ਨੂੰ ਚੰਗੀ ਸੰਤੁਲਿਤ ਖੁਰਾਕ ਖਾਣ ਲਈ ਪ੍ਰੇਰਿਤ ਕਰਦਿਆਂ ਫਾਸਟ ਫੂਡ, ਜੰਕ ਫੂਡ ਦੇ ਮਾੜੇ ਪ੍ਰਭਾਵ ਬਾਰੇ ਦੱਸਿਆ ਤੇ ਬੱਚਿਆਂ ਨੂੰ ਵੱਧ ਤੋਂ ਵੱਧ ਫਲ਼, ਸਲਾਦ ਖਾਣ ਬਾਰੇ ਜਾਗਰੂਕ ਕੀਤਾ। ਸਕੂਲ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਬੱਚਿਆਂ ਨੂੰ ਚੰਗੇ ਆਹਾਰ ਬਾਰੇ ਦੱਸਦਿਆਂ ਰੋਜ਼ਾਨਾ ਕਸਰਤ ਕਰਨ ਅਤੇ ਚੰਗੀ ਖੁਰਾਕ ਖਾਣ ਲਈ ਪ੍ਰੇਰਿਆ।ਕੇ.ਜੀ. ਜਮਾਤ ਤੋਂ ਦੂਜੀ ਜਮਾਤ ਤੱਕ ਦੇ ਬੱਚਿਆਂ ਨੇ ਫਲ ਤੇ ਹਰੀਆਂ ਸਬਜ਼ੀਆਂ ਬਾਰੇ ਐਕਟੀਵਿਟੀ ਕਰਕੇ ਬਾਕੀ ਬੱਚਿਆਂ ਨੂੰ ਵੀ ਫਲ ਅਤੇ ਸਬਜ਼ੀਆਂ ਖਾਣ ਲਈ ਉਤਸ਼ਾਹਿਤ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ ਅਤੇ ਅਜੀਤਪਾਲ ਸਿੰਘ ਅਨੇਜਾ ਨੇ ਵਿਦਿਆਰਥੀਆਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਲਈ ਪ੍ਰੇਰਿਤ ਕੀਤਾ।

# ਵਿਸਾਖੀ ਦੇ ਤਿਓਹਾਰ ਤੇ ਭੀਖੀ ਵਿਸ਼ੇਸ਼ ਸਪਲੀਮੈਂਟ

ਜਿਨ੍ਹਾਂ ਤੇ ਸਾਨੂੰ ਮਾਣ ਹੈ ਮਹਾਨ ਸਖਸ਼ੀਅਤਾਂ
ਹਰਬੰਸ ਦਾਸ ਬਾਵਾ ਪ੍ਰਧਾਨ ਨੈਸ਼ਨਲ ਕਾਲਜ
ਡਾ. ਗਗਨਦੀਪ ਪ੍ਰਾਸ਼ਰ ਪ੍ਰਿੰਸੀਪਲ
ਡਾ. ਭਰਪੂਰ ਮੰਨਣ ਡੀ.ਐਮ.ਐਲ.ਟੀ.
ਭੁਪਿੰਦਰ ਫੌਜੀ ਸਾਹਿਤਕਾਰ

ਸਪਲੀਮੈਂਟ ਵਿੱਚ ਸਹਿਯੋਗ ਦੇਣ ਵਾਲੇ ਸਮੂਹ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ
ਵਿਸਾਖੀ ਦੀਆਂ ਮੁਬਾਰਕਾਂ
ਗੁਰਿੰਦਰ ਸਿੰਘ ਔਲਖ ਪੱਤਰਕਾਰ, ਭੀਖੀ 98557-75796
ਧਰਮਵੀਰ ਸ਼ਰਮਾ ਪੱਤਰਕਾਰ ਭੀਖੀ 9780888663
ਨਵਦੀਪ ਸਿੰਘ ਔਲਖ ਕੈਨੇਡਾ, ਭੀਖੀ

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ
ਸ਼ਿਕੰਦਰ ਸਿੰਘ ਚਹਿਲ ਬਲਾਕ ਪ੍ਰਧਾਨ, ਆਪ

ਵਿਸਾਖੀ ਦੇ ਤਿਓਹਾਰ ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ ਲੱਖ ਵਧਾਈਆਂ
ਜਗਦੇਵ ਸਿੱਧੂ ਕਾਂਗਰਸੀ ਆਗੂ
ਰਜਨੀਸ਼ ਸ਼ਰਮਾਂ (ਯੂਥ ਯੂਥ ਆਗੂ) ਭਾਰਤੀ ਅੰਬੇਡਕਰ ਮਿਸ਼ਨ
ਸੰਦੀਪ ਮਹਿਤਾ ਕਾਂਗਰਸੀ ਆਗੂ
ਬਲਜੀਤ ਸ਼ਰਮਾ ਜ਼ਿਲ੍ਹਾ ਪ੍ਰਧਾਨ ਕਿਸਾਨ ਕਾਂਗਰਸ
ਅਸ਼ੋਕ ਕੁਮਾਰ ਬੱਗਾ ਸਰਕਾਰੀ ਠੇਕੇਦਾਰ
ਸਰਵਰ ਕੁਰੈਸ਼ੀ ਜ਼ਿਲ੍ਹਾ ਇੰਚਾਰਜ ਬਸਪਾ
ਹਰਵਿੰਦਰ ਸ਼ਰਮਾ ਸਮਾਜਸੇਵੀ
ਕੁਲਸ਼ੇਰ ਰੂਬਲ ਯੂਥ ਅਕਾਲੀ ਆਗੂ
ਸੁਖਦੇਵ ਸਿੰਘ ਸਾਬਕਾ ਕੌਂਸਲਰ
ਗੁਰਇਕਬਾਲ ਸਿੰਘ ਬਾਲੀ ਮੋਹਰ ਸਿੰਘ ਵਾਲਾ ਸਮਾਜਸੇਵੀ
ਹਰਵਿੰਦਰ ਸਿੰਘ ਧਲੇਵਾਂ ਸਮਾਜਸੇਵੀ
ਪ੍ਰਸ਼ੋਤਮ ਗੋਇਲ ਬਿੱਲੂ ਸਮਾਜਸੇਵੀ
ਸੁਰੇਸ਼ ਕੁਮਾਰ (ਪ੍ਰਧਾਨ) ਆੜ੍ਹਤੀਆ ਐਸੋਸੀਏਸ਼ਨ ਭੀਖੀ
ਡਾ. ਗੁਰਤੇਜ ਸਿੰਘ ਚਹਿਲ ਸਾਬਕਾ ਸਰਪੰਚ ਸਮਾਉਂ ਫੈਪੀ ਮੰਡਲ ਪ੍ਰਧਾਨ ਭਾਜਪਾ

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਸੁਖਦੇਵ ਸਿੰਘ ਜ਼ਿਲ੍ਹਾ ਸਕੱਤਰ ਕਿਸਾਨ ਵਿੰਗ
ਰਜਿੰਦਰ ਸਿੰਘ ਜਾਫਰੀ ਆਪ ਆਗੂ
ਵੱਲੋਂ ਆਮ ਆਦਮੀ ਪਾਰਟੀ ਭੀਖੀ

ਉਪ ਮੰਡਲ ਅਫਸਰ, ਸਮੂਹ ਜੇ.ਈ. ਅਤੇ ਇੰਪਲਾਇਜ਼ ਫੈਡਰੇਸ਼ਨ (ਪਹਿਲਵਾਨ) ਸਬ ਡਵੀਜਨ ਭੀਖੀ
PSPCL BHIKHI
Punjab State Power Corporation Ltd.
ਵੱਲੋਂ ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ

ਇਲਾਕਾ ਨਿਵਾਸੀਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ
ਧਰਮਵੀਰ ਮਿੰਟਾ ਕਾਂਗਰਸੀ ਆਗੂ
ਅੰਕੁਸ਼ ਸਿੰਗਲਾ ਕੈਨੇਡਾ (ਭੀਖੀ)
ਦੀਪਾਲੀ ਮੈਰਿਜ ਪੈਲੇਸ, ਭੀਖੀ 9855011111

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਹਰਪ੍ਰੀਤ ਸਿੰਘ ਚਹਿਲ ਅਕਾਲੀ ਆਗੂ

ਜੀਵਨ ਬੀਮਾ ਕਰੇ ਕਮਾਲ, ਬੱਚਤ ਸੁਰੱਖਿਆ ਨਾਲੋ ਨਾਲ
LIC
ਭਾਰਤੀय ਜੀਵਨ ਬੀਮਾ ਨਿਗਮ LIFE INSURANCE CORPORATION OF INDIA
ਵੱਲੋਂ ਇਲਾਕਾ ਨਿਵਾਸੀਆਂ ਨੂੰ ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਗੁਰਪਿੰਦਰ ਸਿੰਘ ਮਠਾੜੂ ਬੀਮਾ ਸਲਾਹਕਾਰ
ਪ੍ਰਿਤਪਾਲ ਸ਼ਰਮਾਂ ਸਰਪੰਚ ਬੀਮਾ ਸਲਾਹਕਾਰ
ਵਿਕਾਸ ਬੀਮਾ ਸਲਾਹਕਾਰ
ਓਮ ਪ੍ਰਕਾਸ਼ ਸ਼ਰਮਾਂ ਬੀਮਾ ਸਲਾਹਕਾਰ
ਨਵਜੋਤ ਸਿੰਘ ਰੋਹੀ ਬੀਮਾ ਸਲਾਹਕਾਰ
ਹਰਦੀਪ ਸਿੰਘ ਬੀਮਾ ਸਲਾਹਕਾਰ

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਐਡਵੋਕੇਟ ਮਨੋਜ ਕੁਮਾਰ ਰੋਕੀ

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਰਕਸ਼ਾ ਦੇਵੀ, ਕੌਂਸਲਰ, ਭੀਖੀ

ਭੀਖੀ ਇੰਡੇਨ ਗੈਸ ਏਜੰਸੀ
ਨੇੜੇ ਪੁਲਿਸ ਸਟੇਸ਼ਨ, ਵਾਰਡ ਨੰ. 8, ਭੀਖੀ
Indane
ਨਵੇਂ ਕੁਨੈਕਸ਼ਨ ਲੈਣ ਅਤੇ ਦੂਸਰੀਆਂ ਏਜੰਸੀਆਂ ਦੇ ਚਲਦੇ ਕੁਨੈਕਸ਼ਨ ਬਦਲਾਉਣ ਲਈ ਸੰਪਰਕ ਕਰੋ:
ਸਬ ਆਫਿਸ : ਸਾਹਮਣੇ ਗੁਰਦੁਆਰਾ ਸਾਹਿਬ ਪਾ. ਨੌਵੀਂ, ਭੀਖੀ
ਕੁਲਵੰਤ ਰਾਏ (ਐਮ.ਡੀ.)
ਸੰਪਰਕ : 01652-275061, 275062
To Book Gas Cylinder on Whatsapp type
IVRS No. 77189-55555, Missed Call No. 84549-55555

CAREER POINT KOTA
An IT-Enabled School IN BHIKHI AT Code : 21252
ਦ ਹੈਰੀਟੇਜ ਇੰਟਰਨੈਸ਼ਨਲ ਸਕੂਲ
ਸਾਹਮਣੇ ਦਿਪਾਲੀ ਪੈਲੇਸ, ਸੁਨਾਮ ਰੋਡ, ਭੀਖੀ
91155-30119 (Principal), 70098-97141 (Cordinator), 90410-01519, 70091-77327
For Classes 11th & 12th
CAREER POINT KOTA
IIT-JEE/NEET
• ਰੈਗੂਲਰ ਆਨਲਾਈਨ ਕਲਾਸਾਂ
• ਰਿਕਾਰਡਿਡ ਵਿਡਿਓ ਲੈਕਚਰ
• ਡੂਮ ਡਾਊਟ ਕਲਾਸਿਜ਼
• ਰੈਗੂਲਰ ਟੈਸਟ
• ਕੈਰੀਅਰ ਪੁਆਇੰਟ, ਕੋਟਾ ਦੀ ਮੋਬਾਇਲ ਐਪਲੀਕੇਸ਼ਨ
10 ਅਪ੍ਰੈਲ ਤੋਂ ਕਲਾਸਾਂ ਸ਼ੁਰੂ
ਕੋਈ ਫੀਸ ਨਹੀਂ
ਬਿਲਕੁਲ ਫਰੀ ਕਲਾਸਾਂ

ADMISSIONS OPEN PLAYWAY TO 10+2
www.silvervatika.com
silvervatika2001@gmail.com
Session 2025-26
Affiliated to CBSE, New Delhi (1630531)
Medical, Non-Medical, Commerce, Arts
FULLY A.C. CLASSROOM
PHYSICS LAB
CHEMISTRY LAB
BIOLOGY LAB
LIBRARY
AI THE FUTURE EDUCATION
SILVER VATIKA SENIOR SECONDARY SCHOOL
Bhikhi-Barnala Road, SAMAON, 82880-40070, 71, 73

ਸੁਲਤਾਨ ਡੈਂਟਲ ਕਲੀਨਿਕ
ਨੇੜੇ ਦੀਪ ਮੈਡੀਕਲ ਸਟੋਰ ਵਾਲੀ ਗਲੀ, ਥਾਣਾ ਰੋਡ, ਭੀਖੀ
ਇੱਥੇ ਦੰਦਾਂ ਦੇ ਸੈਟ ਲਗਾਏ ਜਾਂਦੇ ਹਨ।
ਉਚੇ ਨੀਵੇਂ ਦੰਦ ਤਾਰ ਪਾ ਕੇ ਠੀਕ ਕੀਤੇ ਜਾਂਦੇ ਹਨ ਅਤੇ ਫਿਕਸ ਦੰਦ ਲਗਾਏ ਜਾਂਦੇ ਹਨ।
RCT ਦਾ ਕੰਮ ਬੜੀ ਤਸੱਲੀ ਬਖ਼ਸ਼ ਕੀਤਾ ਜਾਂਦਾ ਹੈ
ਨੋਟ : ਐਕਸਰੇ ਮਸ਼ੀਨ ਦਾ ਖਾਸ ਪ੍ਰਬੰਧ ਹੈ।
ਡਾ. ਸੁਲਤਾਨ ਬਾਜ B.D.S. 9872790014 | ਡਾ. ਮਨਿੰਦਰ ਕੌਰ B.D.S. (PB)

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
KRB RICE MILL
Budhlada Road, Bikhi
ਹਰਬੰਸ ਲਾਲ ਬਾਂਸਲ

Sh. Tara Chand Sarvhitkari Vidya Mandir (Sen.Sec.), Bhikhi
NEAR DERA BABA GUDHARSHAH JI, BHIKHI
To be affiliated with CBSE
ADMISSION OPEN 2025-26
Pre-Nursery To 10+2 (Arts/Commerce/ Medical/Non-Medical)
Cont: 99144-89908, 82880-94595
SH. TEJINDER PAUL JINDAL PRESIDENT
SH. AMRIT LAL MANAGER
SH. SANJEEV KUMAR PRINCIPAL

ਨਗਰ ਪੰਚਾਇਤ ਭੀਖੀ ਵੱਲੋਂ ਇਲਾਕਾ ਨਿਵਾਸੀਆਂ ਨੂੰ ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਸੁਖਪ੍ਰੀਤ ਕੌਰ ਪ੍ਰਧਾਨ
ਪੱਪੀ ਸਿੰਘ ਸੀਨੀਅਰ ਮੀਤ ਪ੍ਰਧਾਨ
ਪਰਵਿੰਦਰ ਗੋਰਾ ਜੂਨੀਅਰ ਮੀਤ ਪ੍ਰਧਾਨ
ਰਾਮ ਸਿੰਘ ਚਹਿਲ ਕੌਂਸਲਰ
ਪ੍ਰੇਮ ਕੁਮਾਰ ਕੌਂਸਲਰ
ਰਾਜਿੰਦਰ ਕੌਰ ਕੌਂਸਲਰ

ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ
ਕਰਨੈਲ ਸਿੰਘ ਮੰਡੀ ਸੁਪਰਵਾਈਜ਼ਰ
ਜਗਤਾਰ ਸਿੰਘ ਆਕਸ਼ਨ ਰਿਕਾਰਡਰ
ਵੱਲੋਂ ਮਾਰਕਿਟ ਕਮੇਟੀ ਭੀਖੀ

NATIONAL COLLEGE, BHIKHI (MANSA)
Near Kacharian, Dhalewan Road,
(Affiliated to Punjabi University, Patiala | Co-Education)
10+1, 10+2 (ALL STREAM) (P.S.E.B. Mohali)
B.A. B.Ed. (4 year Integrated Course)
Registration/ Admission Open Session 2025-26
B.A. | M.Sc. (Math) | M.Sc. (IT)
B.Com | M.A. (Pbi.) | M.Sc. (IT LE)
BCA | M.A. (Eng.) | PGDCA
B.Lib. | M.A. (Hist.) | PGDDDT
M.Lib | M.A. (Pol.Sc)
Contect. No. 98725-44402, 99882-75645, (Principal) 01652-275645, (Office)
email id : ncbprincipal@yahoo.com

ਸਰਵਹਿੱਤਕਾਰੀ ਵਿੱਦਿਆ ਮੰਦਰ
ਵੱਲੋਂ ਇਲਾਕਾ ਨਿਵਾਸੀਆਂ ਨੂੰ ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਸਰਵਹਿੱਤਕਾਰੀ ਵਿੱਦਿਆ ਮੰਦਰ, ਭੀਖੀ
SARVHITKARI VIDYA MANDIR, BHIKHI
ਮੂਲਾ ਸਿੰਘ ਵਾਲਾ ਰੋਡ, ਭੀਖੀ
C.B.S.E.
ਪ੍ਰਧਾਨ ਸਤੀਸ਼ ਕੁਮਾਰ
ਪ੍ਰਬੰਧਕ ਅੰਮ੍ਰਿਤ ਲਾਲ
ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ